24-OCT-PAGE-1.qxd 10/23/2025 11:01 PM Page 1

ਸ਼ੁੱਕਰਵਾਰ, 24 ਅਕਤੂਬਰ, 2025
8 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 143

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 24 OCTOBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12

# ਬਿਹਾਰ ਮਾ ਤੇਜਸਵੀ ਬਾ

## ਮਹਾਂ-ਗੱਠਬੰਧਨ ਨੇ ਮੁੱਖ ਮੰਤਰੀ ਦਾ ਚਿਹਰਾ ਐਲਾਨਿਆ, ਐੱਨ ਡੀ ਏ ਹੁਣ ਆਪਣਾ ਭਲਵਾਨ ਕੱਢੇ

**ਪਟਨਾ :** 'ਇੰਡੀਆ' ਗੱਠਜੋੜ ਨੇ ਵੀਰਵਾਰ ਰਾਸ਼ਟਰੀ ਜਨਤਾ ਦਲ (ਆਰ ਜੇ ਡੀ) ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਤੇਜਸਵੀ ਯਾਦਵ ਨੂੰ ਬਿਹਾਰ ਵਿਧਾਨ ਸਭਾ ਚੋਣਾਂ ਲਈ ਆਪਣਾ ਮੁੱਖ ਮੰਤਰੀ ਅਹੁਦੇ ਦਾ ਉਮੀਦਵਾਰ ਐਲਾਨ ਦਿੱਤਾ ਹੈ। ਸੀਨੀਅਰ ਕਾਂਗਰਸੀ ਆਗੂ ਅਸ਼ੋਕ ਗਹਿਲੋਤ ਨੇ 'ਇੰਡੀਆ' ਗਠਜੋੜ ਦੇ ਸਾਰੇ ਸਹਿਯੋਗੀਆਂ ਦੀ ਹਾਜ਼ਰੀ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਇਹ ਐਲਾਨ ਕੀਤਾ। ਗਹਿਲੋਤ ਨੇ ਕਿਹਾ ਕਿ ਇਹ ਫੈਸਲਾ ਉਨ੍ਹਾ ਦੀ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਸੀਨੀਅਰ ਆਗੂ ਰਾਹੁਲ ਗਾਂਧੀ ਦੀ ਸਹਿਮਤੀ ਨਾਲ ਲਿਆ ਗਿਆ ਹੈ। ਗਹਿਲੋਤ ਨੇ ਕਿਹਾ ਕਿ ਜੇਕਰ 'ਇੰਡੀਆ' ਗੱਠਜੋੜ ਬਿਹਾਰ ਵਿਚ ਅਗਲੀ ਸਰਕਾਰ ਬਣਾਉਂਦਾ ਹੈ ਤਾਂ ਵਿਕਾਸਸ਼ੀਲ ਇਨਸਾਨ ਪਾਰਟੀ (ਵੀ ਆਈ ਪੀ) ਦੇ ਮੁਖੀ ਮੁਕੇਸ਼ ਸਾਹਨੀ ਉਪ ਮੁੱਖ ਮੰਤਰੀ ਹੋਣਗੇ। ਉਨ੍ਹਾ ਕਿਹਾ ਕਿ ਸਾਹਨੀ ਦੇ ਨਾਲ ਪੱਛੜੇ ਵਰਗ ਦੇ ਇੱਕ ਹੋਰ ਨੇਤਾ ਨੂੰ ਵੀ ਉਪ ਮੁੱਖ ਮੰਤਰੀ ਦਾ ਅਹੁਦਾ ਦਿੱਤਾ ਜਾਵੇਗਾ। ਗਹਿਲੋਤ ਨੇ ਕਿਹਾ ਕਿ ਤੇਜਸਵੀ ਯਾਦਵ ਸਾਡੇ ਨੇਤਾ ਹਨ। ਉਨ੍ਹਾ ਕਿਹਾ ਐੱਨ ਡੀ ਏ ਨੂੰ ਇਹ ਐਲਾਨ ਕਰਨਾ ਚਾਹੀਦਾ ਹੈ ਕਿ ਉਨ੍ਹਾਂ ਦਾ ਮੁੱਖ ਮੰਤਰੀ ਚਿਹਰਾ ਕੌਣ ਹੋਵੇਗਾ। ਸਿਰਫ਼ ਇਹ ਕਹਿਣਾ ਕਿ ਅਸੀਂ ਨਿਤੀਸ਼ ਕੁਮਾਰ ਦੀ ਅਗਵਾਈ ਹੇਠ ਚੋਣਾਂ ਲੜਾਂਗੇ, ਕਾਫ਼ੀ ਨਹੀਂ ਹੋਵੇਗਾ। ਐਲਾਨ ਤੋਂ ਬਾਅਦ ਤੇਜਸਵੀ ਯਾਦਵ ਨੇ ਕਿਹਾ ਕਿ ਤੁਸੀਂ ਮੇਰੇ 'ਤੇ ਵਿਸ਼ਵਾਸ ਪ੍ਰਗਟ ਕੀਤਾ ਹੈ। ਮੈਂ ਦਿਲੋਂ ਸਾਰਿਆਂ ਦਾ ਧੰਨਵਾਦ ਕਰਦਾ ਹਾਂ। ਮੈਂ ਸਾਰਿਆਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਮੈਂ ਉਨ੍ਹਾਂ ਦੇ ਮੇਰੇ 'ਤੇ ਕੀਤੇ ਗਏ ਵਿਸ਼ਵਾਸ 'ਤੇ ਖਰਾ ਉਤਰਾਂਗਾ। ਮੈਂ 20 ਸਾਲ ਪੁਰਾਣੀ ਅਯੋਗ ਸਰਕਾਰ ਨੂੰ ਉਖਾੜ ਸੁੱਟਾਂਗਾ। ਮਹਾਂਗਠਜੋੜ ਦੀ ਸਾਂਝੀ ਪ੍ਰੈੱਸ ਕਾਨਫਰੰਸ 50 ਮਿੰਟ ਚੱਲੀ। 7 ਪਾਰਟੀਆਂ ਦੇ 14 ਆਗੂ ਇਸ ਵਿਚ ਸ਼ਾਮਿਲ ਹੋਏ। ਸਾਰੀਆਂ ਪਾਰਟੀਆਂ ਦੇ ਆਗੂਆਂ ਨੂੰ ਬੋਲਣ ਦਾ ਮੌਕਾ ਦਿੱਤਾ ਗਿਆ। ਆਪਣੇ ਭਾਸ਼ਣਾਂ ਵਿਚ ਹਰੇਕ ਨੇ ਮਹਾਂਗਠਜੋੜ ਦੇ ਅੰਦਰ ਏਕਤਾ ਬਾਰੇ ਗੱਲ ਕੀਤੀ।




# ਭਾਰਤ ਸਾਲ ਦੇ ਅਖੀਰ ਤੱਕ ਰੂਸੀ ਤੇਲ ਦੀ ਖਰੀਦ 'ਲੱਗਭੱਗ ਬੰਦ' ਕਰ ਦੇਵੇਗਾ, ਟਰੰਪ ਦਾ ਦਾਅਵਾ

## ਜੰਗਬੰਦੀ ਲਈ ਯੂਕਰੇਨ ਨੂੰ ਛੱਡਣਾ ਪੈ ਸਕਦਾ ਹੈ ਕੁਝ ਖੇਤਰ

**ਵਾਸ਼ਿੰਗਟਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੁੜ ਦਾਅਵਾ ਕੀਤਾ ਹੈ ਕਿ ਭਾਰਤ ਨੇ ਰੂਸ ਤੋਂ ਹੋਰ ਤੇਲ ਨਾ ਖਰੀਦਣ ਦੀ ਸਹਿਮਤੀ ਦਿੱਤੀ ਹੈ ਤੇ ਸਾਲ ਦੇ ਅਖੀਰ ਤੱਕ ਇਹ ਖਰੀਦ ਲੱਗਭੱਗ ਬੰਦ ਹੋ ਜਾਵੇਗੀ। ਹਾਲਾਂਕਿ ਟਰੰਪ ਨੇ ਕਿਹਾ ਕਿ ਇਹ ਇਕ ਅਮਲ ਹੈ, ਜਿਸ ਵਿਚ ਕੁਝ ਸਮਾਂ ਲੱਗੇਗਾ। ਟਰੰਪ ਨੇ ਕਿਹਾ ਕਿ ਉਹ ਚੀਨ ਨੂੰ ਵੀ ਅਜਿਹਾ ਕਰਨ ਲਈ ਮਨਾਉਣ ਦੀ ਕੋਸ਼ਿਸ਼ ਕਰਨਗੇ। ਚੀਨ ਅਤੇ ਭਾਰਤ ਰੂਸੀ ਕੱਚੇ ਤੇਲ ਦੇ ਦੋ ਸਭ ਤੋਂ ਵੱਡੇ ਖਰੀਦਦਾਰ ਹਨ। ਅਮਰੀਕੀ ਸਦਰ ਨੇ ਬੁੱਧਵਾਰ ਨੂੰ ਵ੍ਹਾਈਟ ਹਾਊਸ ਵਿਚ ਪੱਤਰਕਾਰਾਂ ਨੂੰ ਕਿਹਾ, "ਕੀ ਤੁਸੀਂ ਜਾਣਦੇ ਹੋ, ਭਾਰਤ ਨੇ ਮੈਨੂੰ ਦੱਸਿਆ ਹੈ ਕਿ ਉਹ (ਰੂਸੀ ਤੇਲ ਦੀ ਖਰੀਦ) ਬੰਦ ਕਰਨ ਜਾ ਰਹੇ ਹਨ... ਇਹ ਇੱਕ ਪ੍ਰਕਿਰਿਆ ਹੈ। ਤੁਸੀਂ ਕਿਸੇ ਨੂੰ ਬੱਸ ਏਦਾਂ ਹੀ ਨਹੀਂ ਰੋਕ ਸਕਦੇ... ਸਾਲ ਦੇ ਅਖੀਰ ਤੱਕ, ਉਨ੍ਹਾਂ ਕੋਲ ਲੱਗਭੱਗ ਸਿਰਫ ਕਰੀਬ 40 ਫੀਸਦ ਤੇਲ ਰਹਿ ਜਾਵੇਗਾ। ਕੱਲ੍ਹ ਪ੍ਰਧਾਨ ਮੰਤਰੀ (ਨਰਿੰਦਰ) ਮੋਦੀ ਨਾਲ ਗੱਲ ਕੀਤੀ। ਉਨ੍ਹਾਂ ਨੇ ਚੰਗਾ ਹੁੰਗਾਰਾ ਦਿੱਤਾ ਹੈ।" ਚੇਤੇ ਰਹੇ ਕਿ ਟਰੰਪ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਦਾਅਵਾ ਕਰ ਰਹੇ ਹਨ ਕਿ ਭਾਰਤ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਉਹ ਰੂਸ ਤੋਂ ਆਪਣੀ ਤੇਲ ਦਰਾਮਦ ਨੂੰ ਕਾਫ਼ੀ ਘਟਾ ਦੇਵੇਗਾ। ਅਮਰੀਕਾ ਦਾ ਮੰਨਣਾ ਹੈ ਕਿ ਭਾਰਤ ਰੂਸ ਤੋਂ ਕੱਚਾ ਤੇਲ ਖਰੀਦ ਕੇ ਯੂਕਰੇਨ ਖਿਲਾਫ਼ ਜੰਗ ਵਿਚ ਪੁਤਿਨ ਦੀ ਅਸਿੱਧੇ ਤੌਰ 'ਤੇ ਮਦਦ ਕਰ ਰਿਹਾ ਹੈ। ਨਵੀਂ ਦਿੱਲੀ ਤੇ ਵਾਸ਼ਿੰਗਟਨ ਦਰਮਿਆਨ ਰਿਸ਼ਤੇ ਉਦੋਂ ਤੋਂ ਗੰਭੀਰ ਤਣਾਅ ਵਿੱਚ ਹਨ, ਜਦੋਂ ਟਰੰਪ ਨੇ ਭਾਰਤੀ ਬਰਾਮਦ 'ਤੇ ਟੈਰਿਫ ਨੂੰ ਦੁੱਗਣਾ ਕਰਕੇ 50 ਫੀਸਦ ਕਰ ਦਿੱਤਾ ਸੀ। ਇਸ ਵਿੱਚ ਭਾਰਤ ਵੱਲੋਂ ਰੂਸੀ ਕੱਚੇ ਤੇਲ ਦੀ ਖਰੀਦ ਕਰਕੇ ਲਾਇਆ 25 ਫੀਸਦ ਦਾ ਜੁਰਮਾਨਾ ਵੀ ਸ਼ਾਮਲ ਹੈ। ਟਰੰਪ ਨੇ ਹੋਰ ਕਿਹਾ ਕਿ ਕੀਵ ਨੂੰ ਮਾਸਕੋ ਵੱਲੋਂ ਪਿਛਲੇ ਸਾਢੇ ਤਿੰਨ ਸਾਲਾਂ ਤੋਂ ਕੀਤੇ ਜਾ ਰਹੇ ਹਮਲਿਆਂ ਨੂੰ ਖਤਮ ਕਰਨ ਬਦਲੇ ਤੇ ਸ਼ਾਂਤੀ ਬਹਾਲੀ ਲਈ ਆਪਣਾ ਕੁਝ ਇਲਾਕਾ ਛੱਡਣਾ ਪੈ ਸਕਦਾ ਹੈ। ਟਰੰਪ ਨੇ ਫੌਕਸ ਨਿਊਜ਼ ਨੂੰ ਦਿੱਤੀ ਇੰਟਰਵਿਊ ਦੌਰਾਨ ਇਹ ਦਾਅਵਾ ਕੀਤਾ। ਟਰੰਪ ਨੇ ਕਿਹਾ ਕਿ ਯੂਕਰੇਨ ਨੂੰ ਸ਼ਾਂਤੀ ਲਈ ਜ਼ਮੀਨ ਛੱਡਣੀ ਪੈ ਸਕਦੀ ਹੈ। ਇੰਟਰਵਿਊ ਦੌਰਾਨ ਇਹ ਪੁੱਛੇ ਜਾਣ 'ਤੇ ਕਿ ਕੀ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ 'ਯੂਕਰੇਨ ਤੋਂ ਜ਼ਮੀਨ ਦਾ ਅਹਿਮ ਟੁਕੜਾ ਲਏ ਬਿਨਾਂ' ਜੰਗ ਖ਼ਤਮ ਕਰਨ ਲਈ ਸਹਿਮਤ ਹੋਣਗੇ ਤਾਂ ਟਰੰਪ ਨੇ ਜਵਾਬ ਦਿੱਤਾ : "ਖੈਰ, ਉਹ (ਰੂਸ) ਕੁਝ ਲੈਣ ਜਾ ਰਿਹਾ ਹੈ। ਉਹ ਲੜੇ ਅਤੇ ਉਸ ਕੋਲ ਬਹੁਤ ਸਾਰੀ ਜਾਇਦਾਦ ਹੈ। ਉਸ ਨੇ ਕੁਝ ਜ਼ਮੀਨ ਜਿੱਤੀ ਹੈ।" ਟਰੰਪ ਨੇ ਕਿਹਾ, "ਅਸੀਂ (ਅਮਰੀਕਾ) ਇਕਲੌਤਾ ਦੇਸ਼ ਹਾਂ, ਜੋ ਅੰਦਰ ਜਾਂਦਾ ਹੈ, ਜੰਗ ਜਿੱਤਦਾ ਹੈ ਅਤੇ ਫਿਰ ਚਲਾ ਜਾਂਦਾ ਹੈ।"

## ਟਰੰਪ ਰੂਸ ਨਾਲ ਜੰਗ ਦੇ ਰਾਹ ਪਿਆ : ਮੇਦਵੇਦੇਵ



**ਮਾਸਕੋ :** ਸਾਬਕਾ ਰੂਸੀ ਰਾਸ਼ਟਰਪਤੀ ਦਮਿਤਰੀ ਮੇਦਵੇਦੇਵ ਨੇ ਕਿਹਾ ਹੈ ਕਿ ਅਮਰੀਕਾ ਨੇ ਰੂਸ ਖਿਲਾਫ ਜੰਗ ਦਾ ਐਲਾਨ ਕਰ ਦਿੱਤਾ ਹੈ। ਉਨ੍ਹਾ ਕਿਹਾ, "ਅਮਰੀਕਾ ਸਾਡਾ ਦੁਸ਼ਮਣ ਹੈ ਅਤੇ 'ਅਮਨ ਕਰਾਉਣ ਦੀਆਂ ਫੜਾਂ' ਮਾਰਨ ਵਾਲਾ ਰੂਸ ਖਿਲਾਫ ਜੰਗ ਦੇ ਰਾਹ ਪੈ ਗਿਆ ਹੈ। ਉਸ ਵੱਲੋਂ ਲਏ ਗਏ ਫੈਸਲੇ ਰੂਸ ਖਿਲਾਫ ਜੰਗ ਦੀ ਕਾਰਵਾਈ ਹੈ। ਟਰੰਪ ਹੁਣ ਪਾਗਲ ਯੂਰਪ ਨਾਲ ਪੂਰੀ ਤਰ੍ਹਾਂ ਰਲ ਗਿਆ ਹੈ।" ਰੂਸੀ ਸਲਾਮਤੀ ਕੌਂਸਲ ਦੇ ਡਿਪਟੀ ਚੇਅਰਮੈਨ ਮੇਦਵੇਦੇਵ ਨੇ ਕਿਹਾ ਕਿ ਬੁਡਾਪੇਸਟ ਵਿੱਚ ਰੂਸੀ ਰਾਸ਼ਟਰਪਤੀ ਪੂਤਿਨ ਨਾਲ ਸਿਖਰ ਵਾਰਤਾ ਰੱਦ ਕਰਕੇ ਤੇ ਰੂਸ ਖਿਲਾਫ ਨਵੀਆਂ ਪਾਬੰਦੀਆਂ ਲਾ ਕੇ ਟਰੰਪ ਨੇ ਯੂਕਰੇਨ ਦੀ ਜੰਗ ਨੂੰ ਆਪਣੀ ਜੰਗ ਬਣਾ ਲਿਆ ਹੈ।

## ਰੂਸੀ ਕੰਪਨੀਆਂ 'ਤੇ ਅਮਰੀਕੀ ਪਾਬੰਦੀਆਂ ਦਾ ਰਿਲਾਇੰਸ 'ਤੇ ਅਸਰ

**ਨਵੀਂ ਦਿੱਲੀ :** ਰੂਸ ਦੀਆਂ ਦੋ ਸਭ ਤੋਂ ਵੱਡੀਆਂ ਤੇਲ ਕੰਪਨੀਆਂ ਵਿਰੁੱਧ ਅਮਰੀਕਾ ਦੀਆਂ ਪਾਬੰਦੀਆਂ ਨਾਲ ਰਿਲਾਇੰਸ ਇੰਡਸਟਰੀਜ਼ ਦੀ ਰੂਸ ਤੋਂ ਕੱਚੇ ਤੇਲ ਦੀ ਦਰਾਮਦ ਪ੍ਰਭਾਵਿਤ ਹੋਣ ਦੀ ਉਮੀਦ ਹੈ, ਜਦੋਂ ਕਿ ਸਰਕਾਰੀ ਰਿਫਾਇਨਰੀਆਂ ਫਿਲਹਾਲ ਵਿਚੋਲੇ ਵਪਾਰੀਆਂ ਰਾਹੀਂ ਖਰੀਦ ਜਾਰੀ ਰੱਖ ਸਕਦੀਆਂ ਹਨ। ਉਦਯੋਗਿਕ ਸੂਤਰਾਂ ਨੇ ਦੱਸਿਆ ਕਿ ਜਨਤਕ ਖੇਤਰ ਦੀਆਂ ਇਕਾਈਆਂ ਪਾਲਣਾ ਦੇ ਜੋਖਮਾਂ ਦਾ ਮੁਲਾਂਕਣ ਕਰ ਰਹੀਆਂ ਹਨ, ਪਰ ਉਹ ਤੁਰੰਤ ਰੂਸੀ ਕੱਚੇ ਤੇਲ ਦੇ ਵਹਾਅ ਨੂੰ ਰੋਕਣ ਦੀ ਸੰਭਾਵਨਾ ਨਹੀਂ ਰੱਖਦੀਆਂ, ਕਿਉਂਕਿ ਉਹ ਆਪਣੀਆਂ ਲੱਗਭੱਗ ਸਾਰੀਆਂ ਜ਼ਰੂਰਤਾਂ ਵਪਾਰੀਆਂ, ਖਾਸ ਕਰਕੇ ਯੂਰਪੀਅਨ ਵਪਾਰੀਆਂ (ਜੋ ਪਾਬੰਦੀਆਂ ਦੇ ਘੇਰੇ ਤੋਂ ਬਾਹਰ ਹਨ) ਤੋਂ ਖਰੀਦਦੀਆਂ ਹਨ। ਉਨ੍ਹਾ ਕਿਹਾ ਕਿ ਅਰਬਪਤੀ ਮੁਕੇਸ਼ ਅੰਬਾਨੀ ਦੀ ਰਿਲਾਇੰਸ ਇੰਡਸਟਰੀਜ਼ ਲਿਮਟਿਡ ਜੋ ਰੂਸੀ ਕੱਚੇ ਤੇਲ ਦੀ ਭਾਰਤ ਦੀ ਸਭ ਤੋਂ ਵੱਡੀ

• ਬਾਕੀ ਸਫਾ 2 'ਤੇ

## ਅਮਰੀਕਾ 'ਚ 3 ਮੌਤਾਂ, ਡਰਾਈਵਰ ਜਸ਼ਨਪ੍ਰੀਤ ਗ੍ਰਿਫ਼ਤਾਰ





**ਸੈਕਰਾਮੈਂਟੋ :** ਕੈਲੀਫੋਰਨੀਆ ਵਿਖੇ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ 3 ਵਿਅਕਤੀਆਂ ਦੀ ਮੌਤ ਹੋ ਗਈ। ਇਸ ਸੰਬੰਧੀ ਯੂਬਾ ਸਿਟੀ ਦੇ 21 ਸਾਲਾ ਭਾਰਤੀ ਮੂਲ ਦੇ ਡਰਾਈਵਰ ਜਸ਼ਨਪ੍ਰੀਤ ਸਿੰਘ ਨੂੰ ਕਥਿਤ ਤੌਰ 'ਤੇ ਨਸ਼ੇ ਦੇ ਪ੍ਰਭਾਵ ਹੇਠ ਗੱਡੀ ਚਲਾਉਣ ਤੇ ਇੱਕ ਜਾਨਲੇਵਾ ਹਾਦਸਾ ਕਰਨ ਦੇ ਦੋਸ਼ਾਂ ਤਹਿਤ ਗ੍ਰਿਫ਼ਤਾਰ ਕੀਤਾ ਹੈ। ਇਹ ਹਾਦਸਾ ਕੈਲੀਫੋਰਨੀਆ ਦੇ 10 ਫਰੀਵੇਅ 'ਤੇ ਓਂਟਾਰੀਓ ਵਿਖੇ ਵਾਪਰਿਆ। ਕੈਲੀਫੋਰਨੀਆ ਹਾਈਵੇਅ ਪੈਟਰੋਲ ਅਨੁਸਾਰ ਜਸ਼ਨ ਟਰੱਕ ਨੂੰ ਤੇਜ਼ ਰਫ਼ਤਾਰ ਨਾਲ ਚਲਾ ਰਿਹਾ ਸੀ ਅਤੇ ਉਹ ਬਰੇਕ ਲਗਾਉਣ ਵਿੱਚ ਅਸਫਲ ਰਿਹਾ। ਫੌਕਸ ਨਿਊਜ਼ ਦੇ ਰਿਪੋਰਟਰ ਬਿੱਲ ਮੇਲੁਗਿਨ ਨੇ ਸੂਤਰਾਂ ਦਾ ਹਵਾਲਾ ਦਿੰਦੇ ਹੋਏ ਦਾਅਵਾ ਕੀਤਾ ਹੈ ਕਿ ਜਸ਼ਨਪ੍ਰੀਤ ਸਿੰਘ ਭਾਰਤ ਤੋਂ ਇੱਕ ਗੈਰ-ਕਾਨੂੰਨੀ ਪਰਵਾਸੀ ਹੈ, ਜਿਸ ਨੂੰ 2022 ਵਿੱਚ ਸੰਘੀ ਅਧਿਕਾਰੀਆਂ ਵੱਲੋਂ ਰਿਹਾਅ ਕੀਤਾ ਗਿਆ ਸੀ। ਹਾਦਸੇ ਦੇ ਪੀੜਤਾਂ ਦੀ ਅਜੇ ਤੱਕ ਜਨਤਕ ਤੌਰ 'ਤੇ ਪਛਾਣ ਨਹੀਂ ਹੋ ਸਕੀ ਹੈ।

## ਮੁਸਤਫਾ ਦੇ ਪੁੱਤਰ ਦੀ ਮੌਤ ਦੀ ਜਾਂਚ ਸੀ ਬੀ ਆਈ ਨੂੰ ਸੌਂਪਣ ਦੀ ਤਿਆਰੀ

**ਚੰਡੀਗੜ੍ਹ :** ਹਰਿਆਣਾ ਸਰਕਾਰ ਪੰਜਾਬ ਦੇ ਸਾਬਕਾ ਡੀ ਜੀ ਪੀ ਮੁਹੰਮਦ ਮੁਸਤਫਾ ਦੇ ਪੁੱਤਰ ਅਕੀਲ ਅਖਤਰ ਦੀ ਮੌਤ ਦੀ ਜਾਂਚ ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਨੂੰ ਸੌਂਪਣ ਦੀ ਸਿਫ਼ਾਰਸ਼ ਕਰਨ ਜਾ ਰਹੀ ਹੈ। ਪੰਚਕੂਲਾ ਪੁਲੀਸ ਦੇ ਅਧਿਕਾਰੀਆਂ ਨੇ ਇਸ ਫੈਸਲੇ ਦੀ ਪੁਸ਼ਟੀ ਕੀਤੀ ਹੈ। ਸੂਤਰਾਂ ਅਨੁਸਾਰ ਇਸ ਕੇਸ ਦੀ ਸਿਫ਼ਾਰਸ਼ ਕਰਨ ਦਾ ਇੱਕ ਕਾਰਨ ਅੰਤਰ-ਰਾਜੀ ਅਧਿਕਾਰ ਖੇਤਰ ਵੀ ਹੈ। ਇਸ ਤੋਂ ਪਹਿਲਾਂ 20 ਅਕਤੂਬਰ ਨੂੰ ਹਰਿਆਣਾ ਪੁਲੀਸ ਨੇ ਮੁਹੰਮਦ ਮੁਸਤਫਾ , ਉਨ੍ਹਾਂ ਦੀ ਪਤਨੀ ਤੇ ਸਾਬਕਾ ਮੰਤਰੀ ਰਜ਼ੀਆ ਸੁਲਤਾਨਾ 'ਤੇ ਕਥਿਤ ਤੌਰ 'ਤੇ ਆਪਣੇ ਪੁੱਤਰ ਅਕੀਲ ਅਖਤਰ ਦੀ ਹੱਤਿਆ ਕਰਨ ਦੇ ਦੋਸ਼ਾਂ ਹੇਠ ਮਾਮਲਾ ਦਰਜ ਕੀਤਾ ਸੀ। ਇਸ ਕੇਸ ਵਿੱਚ ਅਖਤਰ ਦੀ ਪਤਨੀ ਅਤੇ ਭੈਣ ਦਾ ਨਾਮ ਵੀ ਸ਼ਾਮਲ ਹੈ। ਮਾਲੇਰਕੋਟਲਾ ਨਿਵਾਸੀ ਸ਼ਮਸੁੱਦੀਨ ਚੌਧਰੀ ਦੀ ਸ਼ਿਕਾਇਤ 'ਤੇ ਦਰਜ ਕੀਤੀ ਗਈ ਐੱਫ ਆਈ ਆਰ ਅਨੁਸਾਰ ਪੁਲੀਸ ਨੇ ਭਾਰਤੀ ਨਿਆ ਸੰਹਿਤਾ ਦੀ ਧਾਰਾ 103 (1) (ਕਤਲ ) ਅਤੇ ਧਾਰਾ 61 (ਅਪਰਾਧਿਕ ਸਾਜ਼ਿਸ਼ ਲਈ) ਲਗਾਈਆਂ ਹਨ।

## ਮਾਨ ਤੇ ਅਰੋੜਾ ਅੱਜ ਤਰਨ ਤਾਰਨ 'ਚ

**ਤਰਨ ਤਾਰਨ :** ਆਮ ਆਦਮੀ ਪਾਰਟੀ ਦੇ ਤਰਨ ਤਾਰਨ ਹਲਕੇ ਦੀ ਜ਼ਿਮਨੀ ਚੋਣ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਸ਼ੁੱਕਰਵਾਰ ਨੂੰ ਤਰਨ ਤਾਰਨ ਹਲਕੇ ਵਿੱਚ ਇੱਕ ਇਤਿਹਾਸਕ ਰੈਲੀ ਨੂੰ ਸੰਬੋਧਨ ਕਰਨਗੇ। ਸੰਧੂ ਨੇ ਕਿਹਾ ਕਿ ਇਹ ਰੈਲੀ ਨਾ ਸਿਰਫ਼ ਤਰਨ ਤਾਰਨ ਹਲਕੇ ਵਿੱਚ 'ਆਪ' ਦੀ ਸ਼ਾਨਦਾਰ ਜਿੱਤ ਦਾ ਸੂਚਕ ਹੋਵੇਗੀ, ਸਗੋਂ ਪੂਰੇ ਪੰਜਾਬ ਵਿੱਚ ਇੱਕ ਨਵੀਂ ਰਾਜਨੀਤਕ ਲਹਿਰ ਪੈਦਾ ਕਰੇਗੀ।

## ਭਾਰਤ ਵਨ ਡੇ ਸੀਰੀਜ਼ ਹਾਰਿਆ

**ਐਡੀਲੇਡ :** ਆਸਟ੍ਰੇਲੀਆ ਨੇ ਵੀਰਵਾਰ ਭਾਰਤ ਨੂੰ ਦੂਜੇ ਮੈਚ ਵਿੱਚ 2 ਵਿਕਟਾਂ ਨਾਲ ਹਰਾ ਕੇ ਤਿੰਨ ਇਕ ਦਿਨਾ ਮੈਚਾਂ ਦੀ ਲੜੀ ਜਿੱਤ ਲਈ। ਭਾਰਤ ਨੇ ਟਾਸ ਹਾਰ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ 50 ਓਵਰਾਂ ਵਿੱਚ 9 ਵਿਕਟਾਂ 'ਤੇ 264 ਦੌੜਾਂ ਬਣਾਈਆਂ ਸਨ। ਇਸ ਵਿੱਚ ਰੋਹਿਤ ਸ਼ਰਮਾ ਦਾ 73 ਤੇ ਸ਼੍ਰੇਯਸ ਅਈਅਰ ਦਾ 61 ਦੌੜਾਂ ਦਾ ਯੋਗਦਾਨ ਰਿਹਾ। ਵਿਰਾਟ ਕੋਹਲੀ ਦੂਜੇ ਮੈਚ ਵਿੱਚ ਵੀ ਜ਼ੀਰੋ 'ਤੇ ਆਊਟ ਹੋਇਆ। ਕਪਤਾਨ ਸ਼ੁਭਮਨ ਗਿੱਲ ਵੀ 9 ਦੌੜਾਂ ਹੀ ਬਣਾ ਸਕਿਆ। ਆਸਟ੍ਰੇਲੀਆ ਨੇ 46.2 ਓਵਰਾਂ ਵਿੱਚ 8 ਵਿਕਟਾਂ ਗੁਆ ਕੇ ਟੀਚਾ ਹਾਸਲ ਕਰ ਲਿਆ। ਮੈਥਿਊ ਸ਼ਾਰਟ ਨੇ ਸਭ ਤੋਂ ਵੱਧ 74 ਤੇ ਕੂਪਰ ਕੋਨੋਲੀ ਨੇ ਨਾਬਾਦ 61 ਦੌੜਾਂ ਬਣਾਈਆਂ।

## ਪੁਲਸ ਮੁਕਾਬਲੇ 'ਚ ਬਿਹਾਰ ਦੇ 4 ਬਦਮਾਸ਼ ਢੇਰ

**ਨਵੀਂ ਦਿੱਲੀ :** ਬਿਹਾਰ ਵਿਚ ਕਥਿਤ ਕਤਲ ਦੀਆਂ ਕਈ ਵਾਰਦਾਤਾਂ ਵਿਚ ਸ਼ਾਮਲ 4 ਲੋੜੀਂਦੇ ਗੈਂਗਸਟਰ ਰੋਹਿਨੀ ਵਿਚ ਦਿੱਲੀ ਤੇ ਬਿਹਾਰ ਪੁਲਸ ਦੀ ਸਾਂਝੀ ਟੀਮ ਨਾਲ ਹੋਏ ਮੁਕਾਬਲੇ ਵਿਚ ਮਾਰੇ ਗਏ। ਮੁਕਾਬਲਾ ਮੰਗਲਵਾਰ ਤੇ ਬੁੱਧਵਾਰ ਦੀ ਦਰਮਿਆਨੀ ਰਾਤ ਨੂੰ ਹੋਇਆ। ਪੁਲਸ ਦੀ ਸਾਂਝੀ ਟੀਮ ਨੇ ਗੈਂਗਸਟਰਾਂ ਦੀ ਪੈੜ ਨੱਪਣ ਲਈ ਅਪਰੇਸ਼ਨ ਵਿੱਢਿਆ ਸੀ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਕਿਹਾ ਕਿ ਇਹ ਗੈਂਗਸਟਰ ਪਿਛਲੇ ਕਈ ਦਿਨਾਂ ਤੋਂ ਦਿੱਲੀ ਵਿਚ ਲੁਕੇ ਹੋਏ ਸਨ। ਪੁਲਸ ਮੁਤਾਬਕ ਮਾਰੇ ਗਏ ਗੈਂਗਸਟਰਾਂ ਦੀ ਪਛਾਣ ਰੰਜਨ ਪਾਠਕ, ਵਿਮਲੇਸ਼ ਮਾਹਤੋ, ਮਨੀਸ਼ ਪਾਠਕ ਤੇ ਅਮਨ ਠਾਕੁਰ ਵਜੋਂ ਹੋਈ ਹੈ। ਇਹ ਸਾਰੇ ਬਿਹਾਰ ਦੇ ਵਸਨੀਕ ਸਨ ਅਤੇ ਕਤਲ ਤੇ ਫਿਰੌਤੀ ਦੀਆਂ ਵਾਰਦਾਤਾਂ ਲਈ ਲੋੜੀਂਦੇ ਸਨ।

## ਨੌਜਵਾਨਾਂ ਨੂੰ ਨੌਕਰੀਆਂ ਮੰਗਣ ਦੀ ਬਜਾਏ ਨੌਕਰੀਆਂ ਦੇਣ ਵਾਲੇ ਬਣਾਵਾਂਗੇ : ਮਾਨ




**ਮੋਰਿੰਡਾ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਦਾ ਭਵਿੱਖ ਸੁਨਹਿਰੀ ਬਣਾਉਣ ਲਈ ਨਿਰੰਤਰ ਯਤਨ ਕਰ ਰਹੀ ਹੈ, ਤਾਂ ਕਿ ਸਾਡੇ ਨੌਜਵਾਨਾਂ ਨੂੰ ਨੌਕਰੀਆਂ ਮੰਗਣ ਦੀ ਬਜਾਏ ਨੌਕਰੀਆਂ ਦੇਣ ਦੇ ਸਮਰੱਥ ਬਣਾਇਆ ਜਾ ਸਕੇ।ਮੁੱਖ ਮੰਤਰੀ ਇੱਥੇ ਸ਼ਹੀਦ ਸੂਬੇਦਾਰ ਮੇਵਾ ਸਿੰਘ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਮਿਲਣ ਪਹੁੰਚੇ। ਇਸ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ। ਇੱਕ ਪਾਸੇ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਬੇਮਿਸਾਲ ਕਦਮ ਚੁੱਕੇ ਗਏ ਹਨ, ਦੂਜੇ ਪਾਸੇ ਸੂਬੇ ਵਿੱਚ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਾਉਣ ਲਈ ਕਈ ਯਤਨ ਕੀਤੇ ਗਏ ਹਨ।ਉਨ੍ਹਾ ਕਿਹਾ ਕਿ ਸੂਬੇ ਵਿੱਚ ਕੁੱਲ 118 ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਜਾ ਰਹੇ ਹਨ, ਜਿਨ੍ਹਾਂ 'ਤੇ ਹੁਣ ਤੱਕ 231.74 ਕਰੋੜ ਰੁਪਏ ਖਰਚ ਹੋਏ ਹਨ। ਉਨ੍ਹਾ ਉਮੀਦ ਜ਼ਾਹਰ ਕੀਤੀ ਕਿ ਇਹ ਸਕੂਲ 'ਆਧੁਨਿਕ ਯੁੱਗ ਦੇ ਮੰਦਰ' ਵਜੋਂ ਮਿਆਰੀ ਸਿੱਖਿਆ ਮੁਹੱਈਆ ਕਰਵਾ ਕੇ ਹਜ਼ਾਰਾਂ ਵਿਦਿਆਰਥੀਆਂ ਦੇ ਜੀਵਨ ਨੂੰ ਰੌਸ਼ਨ ਕਰਨਗੇ। ਮਾਨ ਨੇ ਕਿਹਾ ਕਿ ਇਹ ਬਹੁਤ ਮਾਣ ਤੇ ਤਸੱਲੀ ਦੀ ਗੱਲ ਹੈ ਕਿ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀ ਹੁਣ ਇਨ੍ਹਾਂ ਸਕੂਲ ਆਫ਼ ਐਮੀਨੈਂਸ ਵਿੱਚ ਦਾਖਲਾ ਲੈ ਰਹੇ ਹਨ, ਜੋ ਇਸ ਮਾਡਲ ਦੀ ਸਫਲਤਾ ਨੂੰ ਦਰਸਾਉਂਦਾ ਹੈ।

## ਕੇਂਦਰ ਤੋਂ ਝੋਨੇ ਦੀ ਖਰੀਦ ਦੇ ਮਾਪਦੰਡਾਂ 'ਚ ਢਿੱਲ ਦੀ ਮੰਗ



**ਬੱਸੀ ਪਠਾਣਾ (ਪ੍ਰਮੋਦ ਭਾਰਦਵਾਜ)**

ਸੂਬੇ ਵਿੱਚ ਹੜ੍ਹਾਂ ਕਾਰਨ ਝੋਨੇ ਦੀ ਫਸਲ ਨੂੰ ਪਹੁੰਚੇ ਨੁਕਸਾਨ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਭਾਰਤ ਸਰਕਾਰ ਨੂੰ ਝੋਨੇ ਦੀ ਖਰੀਦ ਲਈ ਤੈਅ ਕੀਤੇ ਮਾਪਦੰਡਾਂ ਵਿੱਚ ਢਿੱਲ ਦੇਣ ਦੀ ਮੰਗ ਕੀਤੀ ਹੈ।ਬੱਸੀ ਪਠਾਣਾ ਅਤੇ ਮੋਰਿੰਡਾ ਦੀਆਂ ਦਾਣਾ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਭਿਆਨਕ ਹੜ੍ਹਾਂ ਨੇ ਕਿਸਾਨਾਂ ਦਾ ਬਹੁਤ ਵੱਡਾ ਨੁਕਸਾਨ ਕੀਤਾ ਹੈ। ਉਨ੍ਹਾ ਕਿਹਾ ਕਿ ਖਰਾਬ ਮੌਸਮ ਕਾਰਨ ਕਿਸਾਨਾਂ ਨੂੰ ਹੋਏ ਨੁਕਸਾਨ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤ ਸਰਕਾਰ ਨੂੰ ਝੋਨੇ ਦੀ ਖਰੀਦ ਲਈ ਨਿਰਧਾਰਤ ਮਾਪਦੰਡਾਂ ਵਿੱਚ ਢਿੱਲ ਦੇਣੀ ਚਾਹੀਦੀ ਹੈ, ਕਿਉਂਕਿ ਝੋਨੇ ਵਿੱਚ ਨਮੀ ਦੀ ਮਾਤਰਾ, ਖਰਾਬ ਤੇ ਬਦਰੰਗ ਹੋਏ ਦਾਣਿਆਂ ਦੀ ਮਾਤਰਾ ਵਧ ਗਈ ਹੈ।ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਦੱਸਿਆ ਕਿ ਅੱਜ ਤੱਕ ਸੂਬੇ ਦੀਆਂ ਮੰਡੀਆਂ ਵਿੱਚ 63.49 ਲੱਖ ਮੀਟ੍ਰਿਕ ਟਨ ਝੋਨਾ ਪਹੁੰਚਿਆ ਹੈ, ਜਿਸ ਵਿੱਚੋਂ 61.01 ਲੱਖ ਮੀਟ੍ਰਿਕ ਟਨ ਪਹਿਲਾਂ ਹੀ ਖਰੀਦਿਆ ਜਾ ਚੁੱਕਾ ਹੈ। ਝੋਨੇ ਦੀ ਖਰੀਦ ਦੇ ਬਦਲੇ ਕਿਸਾਨਾਂ ਨੂੰ ਕੁੱਲ 13073.07 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

## ਵੇਰਕਾ ਪਲਾਂਟ 'ਚ ਧਮਾਕਾ; ਇਕ ਮੌਤ, ਪੰਜ ਜ਼ਖ਼ਮੀ

**ਲੁਧਿਆਣਾ :** ਫਿਰੋਜ਼ਪੁਰ ਸੜਕ 'ਤੇ ਵੇਰਕਾ ਮਿਲਕ ਪਲਾਂਟ ਵਿੱਚ ਲੰਘੀ ਰਾਤ ਨੂੰ ਹੋਏ ਧਮਾਕੇ ਵਿਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਪੰਜ ਹੋਰ ਜ਼ਖਮੀ ਦੱਸੇ ਜਾਂਦੇ ਹਨ। ਧਮਾਕਾ ਉਦੋਂ ਹੋਇਆ ਜਦੋਂ ਇੱਕ ਬੁਆਇਲਰ ਦੀ ਮੁਰੰਮਤ ਦਾ ਕੰਮ ਚੱਲ ਰਿਹਾ ਸੀ। ਮ੍ਰਿਤਕ ਦੀ ਪਛਾਣ 42 ਸਾਲਾ ਕੁਨਾਲ ਜੈਨ ਵਜੋਂ ਹੋਈ ਹੈ। ਜ਼ਖਮੀਆਂ ਨੂੰ ਹਸਪਤਾਲ ਲਿਜਾਇਆ ਗਿਆ। ਜ਼ਖ਼ਮੀਆਂ ਦੀ ਪਛਾਣ ਕੁਲਵੰਤ ਸਿੰਘ, ਪੁਨੀਤ ਕੁਮਾਰ, ਅਜੀਤ ਸਿੰਘ, ਦਵਿੰਦਰ ਸਿੰਘ ਅਤੇ ਗੁਰਤੇਜ ਵਜੋਂ ਹੋਈ ਹੈ। ਸਹਾਇਕ ਪੁਲਸ ਕਮਿਸ਼ਨਰ ਰਾਜੇਸ਼ ਕੁਮਾਰ ਨੇ ਕਿਹਾ ਕਿ ਧਮਾਕੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ।

## 7 ਪੰਜਾਬੀ ਸੋਮਵਾਰ ਨੂੰ ਸੁਰੱਖਿਅਤ ਘਰ ਪਰਤਣਗੇ : ਸਾਹਨੀ

**ਨਵੀਂ ਦਿੱਲੀ :** ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਵੀਰਵਾਰ ਨੂੰ ਪੁਸ਼ਟੀ ਕੀਤੀ ਹੈ ਕਿ ਇੱਕ ਭਾਰਤੀ ਏਜੰਟ ਵੱਲੋਂ ਕਥਿਤ ਤੌਰ 'ਤੇ ਧੋਖਾ ਦੇਣ ਤੋਂ ਬਾਅਦ ਤਾਜਿਕਸਤਾਨ ਦੇ ਦੁਸ਼ਾਂਬੇ ਨੇੜੇ ਫਸੇ 7 ਪੰਜਾਬੀ ਨੌਜਵਾਨ ਸੋਮਵਾਰ ਨੂੰ ਸੁਰੱਖਿਅਤ ਭਾਰਤ ਪਰਤ ਆਉਣਗੇ। ਨੌਜਵਾਨਾਂ ਨੇ 19 ਅਕਤੂਬਰ ਨੂੰ ਇੱਕ ਮੁਸੀਬਤ 'ਚ ਫਸੇ ਹੋਣ ਦੀ ਵੀਡੀਓ ਜਾਰੀ ਕੀਤੀ ਸੀ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਉਨ੍ਹਾਂ ਨੂੰ ਰੋਗਨ ਕਸਬੇ ਵਿੱਚ ਗੰਭੀਰ ਬਦਸਲੂਕੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਾਹਨੀ ਨੇ ਤੁਰੰਤ ਜਵਾਬ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਨੌਜਵਾਨਾਂ ਦੀ ਸੁਰੱਖਿਆ ਅਤੇ ਜਲਦੀ ਵਾਪਸੀ ਨੂੰ ਯਕੀਨੀ ਬਣਾਉਣ ਲਈ ਤੁਰੰਤ ਤਾਜਿਕਸਤਾਨ ਵਿੱਚ ਭਾਰਤੀ ਦੂਤਾਵਾਸ ਨਾਲ ਸੰਪਰਕ ਕੀਤਾ, ਜਿਸ ਸਦਕਾ ਨੌਜਵਾਨਾਂ ਦੀ ਵਾਪਸੀ ਹੋ ਰਹੀ ਹੈ। ਸਾਹਨੀ ਨੇ ਉਨ੍ਹਾਂ ਧੋਖੇਬਾਜ਼ ਟਰੈਵਲ ਏਜੰਟਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਵੀ ਅਪੀਲ ਕੀਤੀ, ਜੋ ਵਿਦੇਸ਼ਾਂ ਵਿੱਚ ਨਕਲੀ ਨੌਕਰੀ ਦੇ ਵਾਅਦਿਆਂ ਨਾਲ ਨੌਜਵਾਨਾਂ ਨੂੰ ਗੁੰਮਰਾਹ ਕਰਦੇ ਹਨ।

## ਏਅਰ ਚੀਫ਼ ਪਵਿੱਤਰ ਜੋੜੇ ਸਾਹਿਬ ਨਗਰ ਕੀਰਤਨ 'ਚ ਸ਼ਾਮਲ



**ਨਵੀਂ ਦਿੱਲੀ :** ਭਾਰਤੀ ਹਵਾਈ ਸੈਨਾ ਮੁਖੀ ਅਮਰ ਪ੍ਰੀਤ ਸਿੰਘ ਗੁਰਦੁਆਰਾ ਮੋਤੀ ਬਾਗ ਤੋਂ ਸਜਾਏ ਗਏ ਨਗਰ ਕੀਰਤਨ ਵਿੱਚ ਸ਼ਾਮਲ ਹੋਏ, ਜਿੱਥੋਂ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਪਵਿੱਤਰ ਜੋੜੇ ਸਾਹਿਬ ਤਖ਼ਤ ਪਟਨਾ ਸਾਹਿਬ ਲਈ ਰਵਾਨਾ ਹੋਣਗੇ। ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦਾ ਪਰਵਾਰ, ਜੋ ਪਿਛਲੇ 300 ਸਾਲਾਂ ਤੋਂ ਇਨ੍ਹਾਂ ਪਵਿੱਤਰ ਜੋੜੇ ਸਾਹਿਬ ਦਾ ਸੇਵਾਦਾਰ ਰਿਹਾ ਹੈ, ਨੇ ਇਨ੍ਹਾਂ ਦੀ ਦੇਖਭਾਲ ਅਤੇ ਜ਼ਿੰਮੇਵਾਰੀ ਸਿੱਖ ਸੰਗਤ ਨੂੰ ਸੌਂਪ ਦਿੱਤੀ ਹੈ। ਇਹ ਪਵਿੱਤਰ ਜੋੜੇ ਕੱਲ੍ਹ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਿੱਤੇ ਗਏ ਸਨ ਅਤੇ ਸੰਗਤ ਦੇ ਦਰਸ਼ਨਾਂ ਲਈ ਮੋਤੀ ਬਾਗ ਗੁਰਦੁਆਰਾ ਵਿਖੇ ਸੁਸ਼ੋਭਿਤ ਕੀਤੇ ਗਏ ਸਨ। ਹਰਦੀਪ ਪੁਰੀ ਖੁਦ ਕੱਲ੍ਹ ਜੋੜੇ ਸਾਹਿਬ ਨੂੰ ਗੁਰਦੁਆਰਾ ਸਾਹਿਬ ਲੈ ਕੇ ਆਏ ਸਨ। ਇਹ ਪਵਿੱਤਰ ਜੋੜੇ ਸਾਹਿਬ ਦਿੱਲੀ ਤੋਂ ਪਟਨਾ ਤੱਕ 1500 ਕਿਲੋਮੀਟਰ ਦਾ ਸਫ਼ਰ ਤੈਅ ਕਰਦਿਆਂ ਕਈ ਸ਼ਹਿਰਾਂ ਵਿੱਚ ਨਗਰ ਕੀਰਤਨ ਦੇ ਰੂਪ ਵਿੱਚ ਜਾਣਗੇ। ਇਨ੍ਹਾਂ ਨੂੰ ਤਖ਼ਤ ਪਟਨਾ ਸਾਹਿਬ ਵਿਖੇ ਸੁਸ਼ੋਭਿਤ ਕੀਤਾ ਜਾਵੇਗਾ, ਜੋ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਅਸਥਾਨ ਹੈ।

## ਪੁਤਲੇ ਬਣਾਉਣ ਵਾਲੇ ਦੇ ਘਰ ਧਮਾਕਾ, 12 ਜ਼ਖ਼ਮੀ, 4 ਗੰਭੀਰ

**ਲੁਧਿਆਣਾ :** ਸਥਾਨਕ ਚੀਮਾ ਚੌਕ ਇੰਦਰਾ ਕਾਲੋਨੀ ਵਿਖੇ ਦੁਪਹਿਰ ਲੱਗਭੱਗ 3 ਵਜੇ ਹੋਏ ਇੱਕ ਵੱਡੇ ਧਮਾਕੇ ਵਿੱਚ ਕਰੀਬ 12 ਵਿਅਕਤੀ ਝੁਲਸ ਗਏ ਹਨ। ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ 4 ਵਿਅਕਤੀਆਂ ਨੂੰ ਪਟਿਆਲਾ ਦੇ ਰਜਿੰਦਰਾ ਮੈਡੀਕਲ ਹਸਪਤਾਲ ਭੇਜ ਦਿੱਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਘਰ ਇੱਕ ਅਜਿਹੇ ਵਿਅਕਤੀ ਦਾ ਹੈ, ਜੋ ਦੁਸਹਿਰੇ ਦੇ ਤਿਉਹਾਰ ਦੌਰਾਨ ਰਾਵਣ ਅਤੇ ਹੋਰ ਪੁਤਲੇ ਬਣਾਉਣ ਦਾ ਕੰਮ ਕਰਦਾ ਹੈ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਮਕਾਨ ਮਾਲਕ ਉਸਮਾਨ ਖਾਨ ਨੇ ਆਪਣੇ ਘਰ ਵਿੱਚ ਪੋਟਾਸ਼ ਰੱਖਿਆ ਹੋਇਆ ਸੀ, ਜਿਸ ਨੂੰ ਅੱਗ ਲੱਗਣ ਕਾਰਨ ਧਮਾਕਾ ਹੋਇਆ।

## ਅੱਜ-ਨਾਮਾ

ਜਾਂਦੇ ਕੇਸ ਕਚਹਿਰੀਆਂ ਵਿੱਚ ਮੁੜ-ਮੁੜ,
ਜਾਂਦੇ ਵੱਡੇ ਫਿਰ ਮੁਜਰਮ ਨੇ ਛੁੱਟ ਮੀਆਂ।
ਗਰੀਬ ਨੂੰ ਬਾਂਹੋਂ ਕਾਨੂੰਨ ਆ ਫੜ ਸਕਦਾ,
ਸਕਦਾ ਸੰਘੀ ਵੀ ਉਹਦੀ ਤਾਂ ਘੁੱਟ ਮੀਆਂ।
ਫਸਦਾ ਦੌਲਤੀਆ ਜਦੋਂ ਵੀ ਕੋਈ ਕਿਧਰੇ,
ਹਥਕੜੀ ਓਸ ਦਾ ਫੜੇ ਨਹੀਂ ਗੁੱਟ ਮੀਆਂ।
ਅੱਧੀ ਰਾਤੀਂ ਅਦਾਲਤ ਫਿਰ ਕੇਸ ਸੁਣਦੀ,
ਬੇਸ਼ੱਕ ਤਕੜੀ ਮਚਾਈ ਉਸ ਲੁੱਟ ਮੀਆਂ।
ਕਹਿੰਦਾ ਕਾਨੂੰਨ ਇਸ ਦੇਸ਼ ਦੇ ਲੋਕ ਸਾਰੇ,
ਸਭ ਬਰਾਬਰ ਆ ਕੋਈ ਨਾ ਫਰਕ ਮੀਆਂ।
ਕਰ-ਕਰ ਪਾਪ ਅਮੀਰ ਜੇ ਸਵਰਗ ਮਾਣੇ,
ਪਿਆ ਬੱਸ ਪੱਲੇ ਗਰੀਬ ਦੇ ਨਰਕ ਮੀਆਂ।

-ਤੀਸ ਮਾਰ ਖਾਂ

## ਭਾਜਪਾ ਵੱਲੋਂ ਮੁੱਖ ਮੰਤਰੀ ਦੀ ਕਿਰਦਾਰਕੁਸ਼ੀ ਦੀ ਬੇਸ਼ਰਮ ਕੋਸ਼ਿਸ਼ : ਬਲਤੇਜ ਪਨੂੰ





**ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)** ਆਮ ਆਦਮੀ ਪਾਰਟੀ ਪੰਜਾਬ ਦੇ ਆਗੂ ਬਲਤੇਜ ਪਨੂੰ ਨੇ ਵਿਰੋਧੀ ਧਿਰ ਦੀ ਨਿੰਦਾ ਕਰਦਿਆਂ ਦੋਸ਼ ਲਗਾਇਆ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਨਿਸ਼ਾਨਾ ਬਣਾ ਕੇ ਇੱਕ ਜਾਅਲੀ ਵੀਡੀਓ ਫੈਲਾ ਰਹੀ ਹੈ। ਉਨ੍ਹਾ ਇਸ ਨੂੰ ਚਰਿੱਤਰ ਹੱਤਿਆ ਦੀ ਬੇਸ਼ਰਮੀ ਤੇ ਬੇਚੈਨ ਕੋਸ਼ਿਸ਼ ਅਤੇ ਰਾਜਨੀਤਕ ਵਿਰੋਧੀਆਂ ਦੀ ਸਾਜ਼ਿਸ਼ ਦੱਸਿਆ, ਜੋ ਪੰਜਾਬ ਵਿੱਚ 'ਆਪ' ਦੇ ਲਗਭਗ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਭ੍ਰਿਸ਼ਟਾਚਾਰ ਜਾਂ ਗਲਤ ਕੰਮ ਦੀ ਇੱਕ ਵੀ ਉਦਾਹਰਣ ਨਹੀਂ ਲੱਭ ਸਕੇ।

ਵੀਰਵਾਰ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਪਨੂੰ ਨੇ ਖੁਲਾਸਾ ਕੀਤਾ ਕਿ ਮੁਹਾਲੀ ਅਦਾਲਤ ਨੇ ਵਾਇਰਲ ਵੀਡੀਓ ਨੂੰ ਸਪੱਸ਼ਟ ਤੌਰ 'ਤੇ ਜਾਅਲੀ ਘੋਸ਼ਿਤ ਕੀਤਾ ਹੈ ਅਤੇ ਨਿਰਦੇਸ਼ ਦਿੱਤਾ ਹੈ ਕਿ ਅਜਿਹੇ ਸਾਰੇ ਵੀਡੀਓ 24 ਘੰਟਿਆਂ ਦੇ ਅੰਦਰ ਹਰ ਪਲੇਟਫਾਰਮ (ਫੇਸਬੁਕ ਅਤੇ ਗੂਗਲ) ਤੋਂ ਹਟਾ ਦਿੱਤੇ ਜਾਣ। ਅਦਾਲਤ ਨੇ ਇਹ ਵੀ ਹੁਕਮ ਦਿੱਤਾ ਹੈ ਕਿ ਵੀਡੀਓ ਸਰਚ ਨਤੀਜਿਆਂ ਵਿੱਚ ਵੀ ਦਿਖਾਈ ਨਾ ਦੇਵੇ ਅਤੇ ਚੇਤਾਵਨੀ ਦਿੱਤੀ ਹੈ ਕਿ ਪਾਲਣਾ ਨਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਪਨੂੰ ਨੇ ਕਿਹਾ ਕਿ ਮੋਹਾਲੀ ਅਦਾਲਤ ਦਾ ਫੈਸਲਾ ਸਪੱਸ਼ਟ ਹੈ, ਵੀਡੀਓ ਨਕਲੀ, ਦੁਰਭਾਵਨਾਪੂਰਨ ਹੈ ਅਤੇ ਮੁੱਖ ਮੰਤਰੀ ਦੀ ਛਵੀ ਨੂੰ ਖਰਾਬ ਕਰਨ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਹੈ। ਉਨ੍ਹਾ ਕਿਹਾ ਕਿ ਇਸ ਜਾਅਲੀ ਸਮੱਗਰੀ ਨੂੰ ਫੈਲਾਉਣ ਲਈ ਜ਼ਿੰਮੇਵਾਰ ਵਿਅਕਤੀ ਕੈਨੇਡਾ ਵਿੱਚ ਰਹਿੰਦਾ ਹੈ ਅਤੇ ਪਹਿਲਾਂ ਹੀ ਧੋਖਾਧੜੀ ਦੇ ਕਈ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾ ਕਿਹਾ ਕਿ ਇਹ ਉਹੀ ਵਿਅਕਤੀ ਹੈ, ਜਿਸ ਨੇ ਪਹਿਲਾਂ ਇੱਕ ਕੇਂਦਰੀ ਮੰਤਰੀ ਵਿਰੁੱਧ ਇਸੇ ਤਰ੍ਹਾਂ ਦੀਆਂ ਚਾਲਾਂ ਦੀ ਕੋਸ਼ਿਸ਼ ਕੀਤੀ ਸੀ। ਉਸ ਘਟਨਾ ਦਾ ਨਤੀਜਾ ਸਭ ਨੂੰ ਪਤਾ ਹੈ, ਉਸ ਦੇ ਝੂਠ ਜਨਤਕ ਤੌਰ 'ਤੇ ਢਹਿ ਗਏ।

ਉਹਨਾ ਦੱਸਿਆ ਕਿ ਕਿਵੇਂ ਭਾਜਪਾ ਨਾਲ ਜੁੜੇ ਦਰਜਨਾਂ ਸੋਸ਼ਲ ਮੀਡੀਆ ਖਾਤਿਆਂ ਨੇ ਬਦਨਾਮ ਕਰਨ ਵਾਲੀ ਮੁਹਿੰਮ ਦੇ ਤਹਿਤ ਜਾਅਲੀ ਵੀਡੀਓ ਨੂੰ ਵਧਾਇਆ। ਉਨ੍ਹਾ ਖੁਲਾਸਾ ਕੀਤਾ ਕਿ ਵੀਡੀਓ ਸਾਂਝਾ ਕਰਨ ਵਾਲੇ ਖਾਤੇ ਜਾਂ ਤਾਂ ਸਿੱਧੇ ਤੌਰ 'ਤੇ ਭਾਜਪਾ ਦੇ ਅਹੁਦੇਦਾਰਾਂ ਦੁਆਰਾ ਪ੍ਰਬੰਧਿਤ ਕੀਤੇ ਜਾਂਦੇ ਹਨ ਜਾਂ ਸੀਨੀਅਰ ਭਾਜਪਾ ਨੇਤਾ ਦੁਆਰਾ ਫਾਲੋ ਕੀਤੇ ਜਾਂਦੇ ਹਨ, ਜਿਨ੍ਹਾਂ ਵਿੱਚ ਅਸ਼ਵਨੀ ਸ਼ਰਮਾ (ਪੰਜਾਬ ਭਾਜਪਾ ਕਾਰਜਕਾਰੀ ਪ੍ਰਧਾਨ), ਅਜੈ ਸਹਿਰਾਵਤ (ਭਾਜਪਾ ਦਿੱਲੀ ਬੁਲਾਰਾ), ਪਲਵੀ ਸੀ ਟੀ (ਪੀ ਐੱਮ ਮੋਦੀ ਦੁਆਰਾ ਫਾਲੋ), ਸੁਨੀਲ ਬਿਸ਼ਨੋਈ (ਭਾਜਪਾ ਸੋਸ਼ਲ ਮੀਡੀਆ ਇੰਚਾਰਜ, ਨਾਗੌਰ), ਕਪਿਲ ਮਿਸ਼ਰਾ (ਭਾਜਪਾ ਨੇਤਾ, ਦਿੱਲੀ), ਆਨੰਦ ਕ੍ਰਿਸ਼ਨਾ (ਭਾਜਪਾ ਮੈਂਬਰ), ਮਨੀਸ਼ ਕੁਮਾਰ (ਐਡਵੋਕੇਟ, ਰੇਲ ਮੰਤਰਾਲਾ), ਆਲੋਕ ਕੁਮਾਰ (ਸੋਸ਼ਲ ਮੀਡੀਆ ਅਤੇ ਆਈ ਟੀ ਸੈੱਲ ਇੰਚਾਰਜ, ਯੂ ਪੀ) ਸ਼ਾਮਲ ਹਨ।

ਉਨ੍ਹਾ ਭਾਜਪਾ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਸਖ਼ਤ ਨਿੰਦਾ ਕੀਤੀ, ਜਿਨ੍ਹਾ ਸਵਾਲ ਕੀਤਾ ਸੀ ਕਿ ਸੀ ਐੱਮ ਮਾਨ ਨੇ ਇਸ ਮੁੱਦੇ 'ਤੇ ਜਨਤਕ ਤੌਰ 'ਤੇ ਜਵਾਬ ਕਿਉਂ ਨਹੀਂ ਦਿੱਤਾ। ਪਨੂੰ ਨੇ ਕਿਹਾ ਕਿ ਅਦਾਲਤ ਦਾ ਫੈਸਲਾ ਕੱਲ੍ਹ ਹੀ ਆਇਆ ਸੀ। ਹੁਣ

• ਬਾਕੀ ਸਫਾ 2 'ਤੇ

## ਕਾਮਰੇਡ ਰਮੇਸ਼ ਰਤਨ ਦੇ ਪਿਤਾ ਰਾਮ ਰਤਨ ਨੂੰ ਸ਼ਰਧਾਂਜਲੀਆਂ



**ਲੁਧਿਆਣਾ (ਰੈਕਟਰ ਕਥੂਰੀਆ)**

ਸੀ ਪੀ ਆਈ ਪੰਜਾਬ ਦੇ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਕਾਮਰੇਡ ਰਮੇਸ਼ ਰਤਨ ਦੇ ਪਿਤਾ ਰਾਮ ਰਤਨ ਨੂੰ ਬੁੱਧਵਾਰ ਭਾਵਭਿੰਨੀਆਂ ਸ਼ਰਧਾਂਜਲੀਆਂ ਦਿੱਤੀਆਂ ਗਈਆਂ। ਉਨ੍ਹਾ ਫੌਜ ਦੇ ਇੰਜੀਨੀਅਰਿੰਗ ਵਿਭਾਗ 'ਚ ਸੇਵਾ ਕੀਤੀ ਸੀ। ਉਨ੍ਹਾ ਦੇ ਦੂਜੇ ਪੁੱਤਰ ਦੀਪਕ ਕੁਮਾਰ ਹਨ। ਸ਼ਰਧਾਂਜਲੀ ਦੇਣ ਵਾਲਿਆਂ ਵਿੱਚ ਸੀ ਪੀ ਆਈ ਪੰਜਾਬ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਲੁਧਿਆਣਾ ਤੋਂ ਰਾਜਿੰਦਰ ਪਾਲ ਸਿੰਘ ਔਲਖ, ਡਾਕਟਰ ਅਰੁਣ ਮਿੱਤਰਾ, ਨਰੇਸ਼ ਗੌੜ, ਉਘੇ ਚਿੰਤਕ ਸਤਨਾਮ ਚਾਨਾ, ਉਘੇ ਸਾਹਿਤਕਾਰ ਡਾਕਟਰ ਗੁਲਜ਼ਾਰ ਪੰਧੇਰ, ਉਘੇ ਸਨਅਤੀ ਉਦਮੀ ਗੁਰਵੰਤ ਸਿੰਘ, ਕਿਸਾਨ ਆਗੂ ਚਮਕੌਰ ਸਿੰਘ, ਸੀਨੀਅਰ

• ਬਾਕੀ ਸਫਾ 2 'ਤੇ

24-OCT-PAGE-1.qxd 10/23/2025 11:02 PM Page 2



# ਮੱਲ ਕੇ 'ਚ ਝੋਨੇ ਦੀ ਖਰੀਦ ਸ਼ੁਰੂ

**ਬਾਘਾ ਪੁਰਾਣਾ (ਮਨੀ ਸਿੰਗਲਾ)**: ਪਿੰਡ ਮੱਲ ਕੇ ਵਿੱਚ ਝੋਨੇ ਦੀ ਖਰੀਦ ਮੁਹਿੰਮ ਦੀ ਸ਼ੁਰੂਆਤ ਹੋਈ ਇਸ ਮੌਕੇ ਸਰਪੰਚ ਜਸਵਿੰਦਰ ਸਿੰਘ ਰਾਜਾ ਅਤੇ ਪ੍ਰਧਾਨ ਪਰਮਿੰਦਰ ਸਿੰਘ ਮੌਕੇ 'ਤੇ ਹਾਜ਼ਰ ਸਨ।ਇਸ ਮੌਕੇ ਕੁਲਦੀਪ



ਸਿੰਘ ਮੈਨੇਜਰ ਮਾਰਕਫੈਡ, ਜੱਜਬੀਰ ਸਿੰਘ, ਹਮੀਤ ਖਾਨ ਇੰਸਪੈਕਟਰ, ਗੁਰਪ੍ਰੀਤ ਸਿੰਘ ਸੁਪਰਵਾਈਜ਼ਰ ਮਾਰਕੀਟ ਕਮੇਟੀ, ਸੁਖਮੰਦਰ ਸਿੰਘ ਪੰਚ, ਗੁਰਮੀਤ ਸਿੰਘ ਪੰਚ ਅਤੇ ਹਰਮੀਤ ਸਿੰਘ ਆੜ੍ਹਤੀਆ ਸਮੇਤ ਹੋਰ ਆਗੂ ਮੌਜੂਦ ਸਨ।ਇਸ ਮੌਕੇ ਬੋਲਦੇ ਹੋਏ ਸਰਪੰਚ ਜਸਵਿੰਦਰ ਸਿੰਘ ਰਾਜਾ ਨੇ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਦੀ ਸੁਵਿਧਾ ਲਈ ਸਾਰੇ ਪ੍ਰਬੰਧ ਪੂਰੇ ਕੀਤੇ ਗਏ ਹਨ ਤਾਂ ਜੋ ਝੋਨੇ ਦੀ ਖਰੀਦ ਬਿਨਾਂ ਕਿਸੇ ਰੁਕਾਵਟ ਦੇ ਹੋ ਸਕੇ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਖਰੀਦ ਕੇਂਦਰਾਂ ਵਿੱਚ ਪਾਣੀ ਨਿਕਾਸ, ਤੋਲਣ ਅਤੇ ਭੁਗਤਾਨ ਦੀਆਂ ਸਹੂਲਤਾਂ ਸਹੀ ਤਰੀਕੇ ਨਾਲ ਮਿਲ ਰਹੀਆਂ ਹਨ।ਮੈਨੇਜਰ ਕੁਲਦੀਪ ਸਿੰਘ ਨੇ ਦੱਸਿਆ ਕਿ ਮਾਰਕਫੈਡ ਵੱਲੋਂ ਝੋਨੇ ਦੀ ਖਰੀਦ ਸਰਕਾਰੀ ਨਿਯਮਾਂ ਅਨੁਸਾਰ ਤੇਜ਼ੀ ਨਾਲ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦਾ ਭੁਗਤਾਨ ਸਮੇਂ ਸਿਰ ਬੈਂਕ ਖਾਤਿਆਂ ਵਿੱਚ ਭੇਜਿਆ ਜਾਵੇਗਾ।ਇਸ ਮੌਕੇ ਪਿੰਡ ਵਾਸੀਆਂ ਨੇ ਸਰਕਾਰ ਵੱਲੋਂ ਕੀਤੇ ਗਏ ਪ੍ਰਬੰਧਾਂ 'ਤੇ ਸੰਤੁਸ਼ਟੀ ਜਤਾਈ ਅਤੇ ਉਮੀਦ ਪ੍ਰਗਟਾਈ ਕਿ ਪੂਰੇ ਖਰੀਦ ਮੌਸਮ ਦੌਰਾਨ ਇਹ ਵਿਵਸਥਾ ਇੰਝ ਹੀ ਜਾਰੀ ਰਹੇਗੀ। ਪਿੰਡ ਮੱਲ ਕੇ ਦੇ ਸਰਪੰਚ ਜਸਵਿੰਦਰ ਸਿੰਘ ਰਾਜਾ ਨੇ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲਿਆਉਣ, ਤਾਂ ਜੋ ਖਰੀਦ ਪ੍ਰਕਿਰਿਆ ਵਿੱਚ ਕਿਸੇ ਤਰ੍ਹਾਂ ਦੀ ਰੁਕਾਵਟ ਜਾਂ ਪਰੇਸ਼ਾਨੀ ਨਾ ਆਵੇ। ਸਰਪੰਚ ਨੇ ਕਿਹਾ ਕਿ ਸਰਕਾਰ ਵੱਲੋਂ ਝੋਨੇ ਦੀ ਖਰੀਦ ਲਈ ਸਾਰੇ ਪ੍ਰਬੰਧ ਪੂਰੇ ਕੀਤੇ ਗਏ ਹਨ, ਪਰ ਜੇਕਰ ਕਿਸਾਨ ਗਿੱਲਾ ਜਾਂ ਨਮੀ ਵਾਲਾ ਝੋਨਾ ਲਿਆਉਣਗੇ ਤਾਂ ਤੋਲਣ ਤੇ ਸਟੋਰ ਕਰਨ ਵਿੱਚ ਮੁਸ਼ਕਲਾਂ ਆ ਸਕਦੀਆਂ ਹਨ, ਜਿਸ ਨਾਲ ਕਿਸਾਨਾਂ ਨੂੰ ਵਿਲੰਬ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਹਨਾਂ ਕਿਹਾ ਕਿ ਮਾਰਕਫੈਡ ਅਤੇ ਖੇਤੀਬਾੜੀ ਵਿਭਾਗ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਸੁੱਕਾ ਝੋਨਾ ਲਿਆਂਦੇ ਜਾਣ ਨਾਲ ਤੋਲਣ, ਖਰੀਦ ਅਤੇ ਭੁਗਤਾਨ ਦੀ ਪ੍ਰਕਿਰਿਆ ਤੇਜ਼ ਅਤੇ ਸੁਚਾਰੂ ਰਹੇਗੀ। ਸਰਪੰਚ ਜਸਵਿੰਦਰ ਸਿੰਘ ਰਾਜਾ ਨੇ ਇਹ ਵੀ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਪਾਣੀ ਨਿਕਾਸ, ਤੋਲਣ ਤੇ ਆਰਾਮ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਸਾਰੀਆਂ ਏਜੰਸੀਆਂ ਕਿਸਾਨਾਂ ਦੀ ਸਹਾਇਤਾ ਲਈ ਤਤਪਰ ਹਨ।

# ਸਰਕਾਰੀ ਸਕੂਲ ਗੋਬਿੰਦਪੁਰਾ ਦੇ ਵਿਦਿਆਰਥੀਆਂ ਦਾ ਇੱਕ ਰੋਜ਼ਾ ਵਿੱਦਿਅਕ ਟੂਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** ਛੇਵੀਂ ਤੋਂ ਅੱਠਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੀ ਵਿੱਦਿਆ ਨੂੰ ਦਿਲਚਸਪ, ਕਿਰਿਆਤਮਕ ਤੇ ਅਨੁਭਵੀ ਬਣਾਉਣ ਦੇ ਉਦੇਸ਼ ਨਾਲ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ ਅਧੀਨ ਪੀ. ਐਮ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵੱਲੋਂ ਵਿੱਦਿਅਕ ਟੂਰ ਦਾ ਆਯੋਜਨ ਕੀਤਾ ਗਿਆ। ਟੂਰ ਦੌਰਾਨ ਵਿਦਿਆਰਥੀਆਂ ਨੇ ਕੁਦਰਤੀ ਵਾਤਾਵਰਣ ਦਾ ਆਨੰਦ ਮਾਣਦਿਆਂ ਛੱਤਬੀੜ ਚਿੜੀਆ ਘਰ ਜ਼ੀਰਕਪੁਰ ਵਿਖੇ ਵੱਖ-ਵੱਖ ਪਾਲਤੂ ਤੇ ਜੰਗਲੀ ਪਸ਼ੂ-ਪੰਛੀਆਂ ਨੂੰ ਨੇੜਿਓਂ ਵੇਖਿਆ। ਆਪਣੇ ਗਾਈਡ ਅਧਿਆਪਕਾਂ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੇ ਪਸ਼ੂ-ਪੰਛੀਆਂ ਦੇ ਧਰਤੀ ਉੱਪਰ ਇਨਸਾਨਾਂ ਦੇ ਬਰਾਬਰ ਜੀਵਨ ਦੇ ਅਧਿਕਾਰ ਬਾਰੇ ਜਾਣਿਆ ਤੇ ਉਨ੍ਹਾਂ ਦੇ ਜੀਵਨ ਪ੍ਰਤੀ ਬੜੀ ਉਤਸੁਕਤਾ ਤੇ ਹਮਦਰਦੀ ਭਰਪੂਰ ਆਪਣੀ ਸਮਝ ਵਿਕਸਤ ਕੀਤੀ। ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਨੇ ਕਿਹਾ ਕਿ ਵਿਦਿਆਰਥੀਆਂ ਨੇ ਇਸ ਵਿੱਦਿਅਕ ਟੂਰ ਦੌਰਾਨ ਕਿਤਾਬੀ ਗਿਆਨ ਨੂੰ ਕੁਦਰਤੀ ਵਾਤਾਵਰਣ ਰਾਹੀਂ ਪ੍ਰਾਪਤ ਕਰਨ ਸਮੇਤ ਭਰਪੂਰ ਮਨੋਰੰਜਨ ਵੀ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਅਜਿਹੀਆਂ ਸਿੱਖਿਆਦਾਇਕ ਯਾਤਰਾਵਾਂ ਬਾਕੀ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੀਆਂ ਵੀ ਕਰਾਈਆਂ ਜਾਣਗੀਆਂ। ਇਸ ਸਮੇਂ ਵਿਦਿਆਰਥੀਆਂ ਨਾਲ ਉਨ੍ਹਾਂ ਦੇ ਇੰਚਾਰਜ ਤੇ ਗਾਈਡ ਅਧਿਆਪਕ ਜਰਨੈਲ ਸਿੰਘ ਪੰਜਾਬੀ ਅਧਿਆਪਕ, ਮੀਨੂ ਗਰਗ ਗਣਿਤ ਅਧਿਆਪਕਾ, ਅਨੀਤਾ ਰਾਣੀ ਅਤੇ ਨਿਸ਼ਾ ਰਾਣੀ ਸਾਇੰਸ ਅਧਿਆਪਕਾਵਾਂ, ਮੰਜੂ ਬਾਲਾ ਹਿੰਦੀ ਅਧਿਆਪਕਾ, ਕਮਲਜੀਤ ਕੌਰ ਸਮਾਜਿਕ ਸਿੱਖਿਆ ਅਧਿਆਪਕਾ ਤੇ ਅੰਮ੍ਰਿਤਪਾਲ ਸਿੰਘ ਵੋਕੇਸ਼ਨਲ ਟ੍ਰੇਨਰ ਨੇ ਡਿਊਟੀ ਨਿਭਾਈ।

# ਅੱਧਾ ਦਰਜਨ ਸੜਕਾਂ ਦੇ ਪੁਨਰ ਨਿਰਮਾਣ ਕਾਰਜਾਂ ਦੇ ਰੱਖੇ ਨੀਂਹ ਪੱਥਰ

**ਸਨੌਰ/ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ 'ਚ ਚੱਲ ਰਹੀਆਂ ਵਿਕਾਸ ਪੱਧਰੀ ਕੋਸ਼ਿਸ਼ਾਂ ਦੇ ਤਹਿਤ ਸਨੌਰ ਵਿਧਾਨ ਸਭਾ ਹਲਕੇ ਵਿੱਚ ਇੱਕ ਹੋਰ ਮਹੱਤਵਪੂਰਣ ਕਦਮ ਚੁੱਕਿਆ ਗਿਆ। ਪਿਛਲੇ 3 ਦਹਾਕਿਆਂ ਤੋਂ ਵਿਧਾਨ ਸਭਾ ਹਲਕੇ ਸਨੌਰ ਦੀਆਂ ਟੁੱਟੀਆਂ ਸੜਕਾਂ ਦੇ ਪੁਨਰ ਨਿਰਮਾਣ ਕਾਰਜਾਂ ਤੇ ਹੋਰ ਸੁਧਾਰ ਕਾਰਜਾਂ ਦੀ ਹਲਕੇ ਦੇ ਇੰਚਾਰਜ ਅਤੇ ਪੀ ਆਰ ਟੀਸੀ ਦੇ ਚੇਅਰਮੈਨ ਰਣਯੋਧ ਸਿੰਘ ਹਡਾਣਾ ਵੱਲੋਂ ਸ਼ੁਰੂਆਤ ਕੀਤੀ।ਕਰੋੜਾਂ ਰੁਪਏ ਦੀ ਲਾਗਤ ਨਾਲ ਕੀਤੇ ਜਾ ਰਹੇ ਸੜਕਾਂ ਦੇ ਪੁਨਰ ਨਿਰਮਾਣ ਕਾਰਜਾਂ ਦੇ ਉਨ੍ਹਾਂ ਵੱਲੋਂ ਹਲਕੇ ਦੀਆਂ ਅੱਧਾ ਦਰਜਨ



ਪਿੰਡ ਧਰੇੜੀ ਜੱਟਾਂ, ਚਮਾਰਹੇੜੀ ਅਤੇ ਦੌਣ ਕਲਾਂ ਪਿੰਡਾਂ ਦੀਆਂ ਨੂੰ ਜਾਣ ਵਾਲੀਆਂ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖਦੇ ਹੋਏ ਕਿਹਾ ਕਿ ਹੁਣ ਹਲਕੇ ਦੇ ਰੁਕੇ ਹੋਏ ਹੋਏ ਵਿਕਾਸ ਕਾਰਜਾਂ 'ਚ ਲੰਮੇ ਸਮੇਂ ਤੋਂ ਆਈ ਖੜੋਤ ਖ਼ਤਮ ਹੋ ਗਈ ਹੈ ਤੇ ਹਲਕੇ ਦੀਆਂ ਸਾਰੀਆਂ ਸੜਕਾਂ ਨੂੰ 31 ਮਾਰਚ 2026ਤੱਕ ਨਵੇਂ ਸਿਰੇ ਤੋਂ ਬਣਾ ਦਿੱਤਾ ਜਾਵੇਗਾ! ਉਨ੍ਹਾਂ ਕਿਹਾ ਕਿ ਹਲਕੇ ਦੀਆਂ ਟੁੱਟੀਆਂ ਸੜਕਾਂ ਕਾਰਨ ਆਵਾਜਾਈ ਦੇ ਸਮੇਂ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਇਨ੍ਹਾਂ ਕਾਰਜਾਂ ਰਾਹੀਂ ਨਿਰੀ ਸੜਕ ਦੀ ਮਰੰਮਤ ਹੀ ਨਹੀਂ, ਬਲਕਿ ਆਸ-ਪਾਸ ਦੇ ਇਲਾਕੇ ਦੀ ਸਫ਼ਾਈ, ਨਿਕਾਸੀ ਪ੍ਰਣਾਲੀ ਤੇ ਹੋਰ ਸੁਵਿਧਾਵਾਂ ਨੂੰ ਵੀ ਸੁਧਾਰਿਆ ਜਾਵੇਗਾ।ਹਡਾਣਾ ਨੇ ਕਿਹਾ ਕਿ ਨਵੀਂਆਂ ਸੜਕਾਂ ਬਣਨ ਨਾਲ ਨਾ ਸਿਰਫ ਟ੍ਰੈਫ਼ਿਕ ਤੋਂ ਰਾਹਤ ਮਿਲੇਗੀ, ਸਗੋਂ ਇਲਾਕੇ ਦੇ ਆਮ ਲੋਕਾਂ ਤੇ ਕਿਸਾਨਾਂ ਤੇ ਵਪਾਰੀਆਂ ਨੂੰ ਵੀ ਆਸਾਨੀ ਹੋਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਹਲਕੇ ਵਿਚ ਵਾਧੂ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੁ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲ ਸਕਣ। ਉਨ੍ਹਾਂ ਪ੍ਰਮਾਤਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੇਕਰ ਉਪਰ ਵਾਲੇ ਦੀ ਰਹਿਮਤ ਰਹੀ ਤਾਂ ਅੱਗੇ ਵੀ ਇਨ੍ਹਾਂ ਤਰ੍ਹਾਂ ਦੇ ਕੰਮ ਨਿਰੰਤਰ ਕੀਤੇ ਜਾਂਦੇ ਰਹਿਣਗੇ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਰਹਿਨੁਮਾਈ ਹੇਠ ਪੰਜਾਬ 'ਚ ਵਿਕਾਸ, ਸੁੱਰਖਿਆ ਤੇ ਖੁਸ਼ਹਾਲੀ ਵੱਲ ਤੇਜ਼ੀ ਨਾਲ ਅੱਗੇ ਵਧ ਰਹੀ ਹੈ। ਹਾਡਾਣਾ ਨੇ ਲੋਕਾਂ ਨੂੰ ਇਹ ਵੀ ਭਰੋਸਾ ਦਿਵਾਇਆ ਕਿ ਪਟਿਆਲਾ ਹਲਕੇ 'ਚ ਹੋਰ ਵੀ ਕਈ ਵਿਕਾਸ ਪਰੋਜੈਕਟ ਜਲਦ ਸ਼ੁਰੂ ਕੀਤੇ ਜਾਣਗੇ, ਜੋ ਇਲਾਕੇ ਦੀ ਰੂਪ-ਰੇਖਾ ਨੂੰ ਨਵੀ ਦਿਸ਼ਾ ਦੇਣਗੇ।

# ਵੋਟ ਚੋਰੀ ਖ਼ਿਲਾਫ਼ ਦਸਤਖ਼ਤ ਮੁਹਿੰਮ 'ਚ ਬਾਘਾ ਪੁਰਾਣਾ ਤੋਂ 6000 ਫਾਰਮ ਜਮ੍ਹਾਂ

## ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵੱਲੋਂ ਭੋਲਾ ਸਿੰਘ ਸਮਾਧ ਭਾਈ ਦੀ ਪ੍ਰਸ਼ੰਸਾ

**ਬਾਘਾ ਪੁਰਾਣਾ (ਮਨੀ ਸਿੰਗਲਾ)**: ਰਾਹੁਲ ਗਾਂਧੀ ਜੀ ਵੱਲੋਂ ਵੋਟ ਚੋਰੀ ਖ਼ਿਲਾਫ਼ ਚਲਾਈ ਜਾ ਰਹੀ ਦਸਤਖ਼ਤ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਅੱਜ ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਬਾਘਾ ਪੁਰਾਣਾ ਤੋਂ ਭੋਲਾ ਸਿੰਘ ਸਮਾਧਭਾਈ ਦੀ ਅਗਵਾਈ ਵਿੱਚ ਲੋਕਾਂ ਦੁਆਰਾ ਕੀਤੇ ਗਏ 6000 ਦਸਤਖ਼ਤ ਫਾਰਮ ਜਮ੍ਹਾਂ ਕਰਵਾਏ ਗਏ।ਇਸ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਭੋਲਾ ਸਿੰਘ ਸਮਾਧਭਾਈ ਅਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਬਾਘਾ ਪੁਰਾਣਾ ਖੇਤਰ ਦੇ ਲੋਕਾਂ ਵੱਲੋਂ ਦਿੱਤਾ ਗਿਆ ਇਹ ਸਹਿਯੋਗ ਲੋਕਤੰਤਰ ਦੀ ਮਜ਼ਬੂਤੀ ਦੀ ਨਿਸ਼ਾਨੀ ਹੈ।ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੀ ਆਵਾਜ਼ ਹੈ ਅਤੇ ਰਾਹੁਲ ਗਾਂਧੀ ਦੀ ਇਹ ਮੁਹਿੰਮ ਦੇਸ਼ ਭਰ ਵਿੱਚ ਲੋਕਤੰਤਰ ਦੀ ਰੱਖਿਆ ਲਈ ਇਕ ਵੱਡਾ ਜੰਗੀ ਅਭਿਆਨ ਬਣ ਚੁੱਕੀ ਹੈ।ਇਸ ਮੁਹਿੰਮ ਦਾ ਮਕਸਦ ਵੋਟ ਚੋਰੀ ਦੇ ਖ਼ਿਲਾਫ਼ ਲੋਕਾਂ ਵਿੱਚ ਜਾਗਰੂਕਤਾ ਫੈਲਾਉਣਾ ਅਤੇ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣਾ ਹੈ।ਭੋਲਾ ਸਿੰਘ ਸਮਾਧਭਾਈ ਨੇ ਇਸ ਮੌਕੇ ਕਿਹਾ ਕਿ ਬਾਘਾ ਪੁਰਾਣਾ ਹਲਕੇ ਦੇ ਲੋਕਾਂ ਨੇ ਵੱਡੇ ਜੋਸ਼ ਨਾਲ ਇਸ ਮੁਹਿੰਮ ਵਿੱਚ ਹਿੱਸਾ ਲਿਆ ਹੈ ਅਤੇ ਇਹ ਸਹਿਯੋਗ ਦਰਸਾਉਂਦਾ ਹੈ ਕਿ ਪੰਜਾਬ ਦੇ ਲੋਕ ਲੋਕਤੰਤਰ ਦੀ ਰੱਖਿਆ ਲਈ ਸਦਾ



ਤਤਪਰ ਹਨ। ਰਾਜਾ ਵੜਿੰਗ ਨੇ ਵਿਸ਼ਵਾਸ ਜਤਾਇਆ ਕਿ ਰਾਹੁਲ ਗਾਂਧੀ ਦੀ ਇਹ ਅਭਿਆਨ ਵੋਟ ਚੋਰਾਂ ਨੂੰ ਸਬਕ ਸਿਖਾ ਕੇ ਰਹੇਗੀ ਅਤੇ ਦੇਸ਼ ਦੇ ਲੋਕਤੰਤਰਕ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ।ਇਸ ਮੌਕੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਭੋਲਾ ਸਿੰਘ ਸਮਾਧਭਾਈ ਵੱਲੋਂ ਹਲਕਾ ਬਾਘਾ ਪੁਰਾਣਾ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਕੀਤੀ ਜਾ ਰਹੀ ਲਗਾਤਾਰ ਮਿਹਨਤ ਦੀ ਰੱਜ ਕੇ ਪ੍ਰਸ਼ੰਸਾ ਕੀਤੀ।ਰਾਜਾ ਵੜਿੰਗ ਨੇ ਕਿਹਾ ਕਿ ਭੋਲਾ ਸਿੰਘ ਸਮਾਧਭਾਈ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜ ਕੇ ਪਾਰਟੀ ਦੇ ਵਿਚਾਰਾਂ ਅਤੇ ਨੀਤੀਆਂ ਨੂੰ ਘਰ ਘਰ ਤੱਕ ਪਹੁੰਚਾ ਰਹੇ ਹਨ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਸਮਰਪਿਤ ਕਾਂਗਰਸੀ ਆਗੂ ਹੀ ਪਾਰਟੀ ਦੀ ਅਸਲੀ ਤਾਕਤ ਹਨ, ਜੋ ਹਮੇਸ਼ਾ ਜਨਤਾ ਦੀ ਆਵਾਜ਼ ਨੂੰ ਉੱਚਾ ਕਰਨ ਵਿੱਚ ਅਗੇ ਰਹਿੰਦੇ ਹਨ।ਪ੍ਰਦੇਸ਼ ਪ੍ਰਧਾਨ ਨੇ ਕਿਹਾ ਕਿ ਬਾਘਾ ਪੁਰਾਣਾ ਖੇਤਰ ਵਿੱਚ ਕਾਂਗਰਸ ਪਾਰਟੀ ਨੂੰ ਲੋਕਾਂ ਦਾ ਵੱਡਾ ਸਹਿਯੋਗ ਮਿਲ ਰਿਹਾ ਹੈ, ਜਿਸ ਦਾ ਸਹਿਰ ਭੋਲਾ ਸਿੰਘ ਸਮਾਧਭਾਈ ਅਤੇ ਉਨ੍ਹਾਂ ਦੀ ਟੀਮ ਦੀ ਲਗਾਤਾਰ ਮਿਹਨਤ ਨੂੰ ਜਾਂਦਾ ਹੈ। ਉਹਨਾਂ ਵਿਸ਼ਵਾਸ ਜਤਾਇਆ ਕਿ ਇਸ ਜਜ਼ਬੇ ਨਾਲ ਕੰਮ ਕਰਦੇ ਹੋਏ ਕਾਂਗਰਸ ਮੁੜ ਪੰਜਾਬ ਵਿੱਚ ਮਜ਼ਬੂਤ ਪੈਰ ਜਮਾਏਗੀ।ਇਸ ਮੌਕੇ ਰਾਜਾ ਵੜਿੰਗ ਨੇ ਭੋਲਾ ਸਿੰਘ ਸਮਾਧਭਾਈ ਨੂੰ ਹੌਸਲਾ ਦੇਂਦੇ ਹੋਏ ਕਿਹਾ ਕਿ ਪਾਰਟੀ ਦੇ ਹਰ ਸਤਰ 'ਤੇ ਇਕਜੁਟਤਾ ਅਤੇ ਲੋਕ ਸੰਪਰਕ ਦੀ ਲੜੀ ਨੂੰ ਹੋਰ ਤਗੜਾ ਕੀਤਾ ਜਾਵੇ, ਤਾਂ ਜੋ ਆਉਣ ਵਾਲੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਸ਼ਾਨਦਾਰ ਪ੍ਰਦਰਸ਼ਨ ਕਰ ਸਕੇ।

# ਕਦੇ ਵੀ ਕਿਸੇ ਦੀ ਸਹਿਣਸ਼ੀਲਤਾ ਨਾ ਪਰਖੋ : ਅਸ਼ਵਨੀ ਗਰਗ

**ਜੈਤੋ (ਸਤੀਸ਼ ਕੁਮਾਰ ਭੀਰੀ)** ਭਾਈਦੂਜ ਦੇ ਸ਼ੁਭ ਦਿਹਾੜੇ ਮੌਕੇ ਸ਼ਿਵਾਲਿਕ ਪਬਲਿਕ ਸਕੂਲ ਦੇ ਵਿਹੜੇ ਪਹੁੰਚੇ ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਸ਼ਨਜ਼ ਬਨੂੰੜ, ਸ਼ਿਵਾਲਿਕ ਪਬਲਿਕ ਸਕੂਲ ਅਲਾਇੰਸ ਇੰਟਰਨੈਸ਼ਨਲ ਸਕੂਲ ਅਤੇ ਸ਼ਿਵਾਲਿਕ ਕਿਡਜ਼ ਸਕੂਲ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਸਭ ਸਟਾਫ ਅਤੇ ਵਿਦਿਆਰਥੀਆਂ ਨੂੰ ਤਿਉਹਾਰਾਂ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਮਾਨਸਿਕ ਸ਼ਾਂਤੀ ਇੱਕ ਅਨਮੋਲ ਦਵਾਈ ਹੈ, ਮਨ ਦੀ ਸ਼ਾਂਤੀ ਨਾਲ ਵੱਡੇ ਵੱਡੇ ਰੋਗ ਸਰੀਰ ਚੋਂ ਨਿਕਲ ਕੇ ਭੱਜ ਜਾਂਦੇ ਹਨ ਇਸ ਲਈ ਮਾਨਸਿਕ ਤੌਰ 'ਤੇ ਮਜਬੂਤ ਬਣੋ।ਉਨ੍ਹਾਂ ਕਿਹਾ ਕਿ ਦੂਜਿਆਂ ਨੂੰ ਕੰਟਰੋਲ ਕਰਨ ਵਾਲਾ ਸ਼ਕਤੀਸ਼ਾਲੀ ਹੋ ਸਕਦਾ ਹੈ ਲੇਕਿਨ ਖੁਦ ਨੂੰ ਕੰਟਰੋਲ ਕਰਨ ਵਾਲਾ ਉਸਤੋਂ ਵੀ ਜ਼ਿਆਦਾ ਸ਼ਕਤੀਸ਼ਾਲੀ ਹੁੰਦਾ ਹੈ। ਅਸ਼ਵਨੀ ਨੇ ਕਿਹਾ ਕਿ ਜੋ ਹਮੇਸ਼ਾ ਰਿਜਲਟ ਦੀ ਚਿੰਤਾ ਕਰਨ ਵਿੱਚ ਲੱਗੇ ਰਹਿੰਦੇ ਹਨ ਉਹ ਕਦੇ ਸਫਲਤਾ ਪ੍ਰਾਪਤ ਨਹੀਂ ਕਰ ਸਕਦੇ, ਸਮੱਸਿਆ ਪੈਦਾ ਕਰਨ ਵਾਲੇ ਨਹੀਂ ਬਲਕਿ ਸਮੱਸਿਆਵਾਂ ਨੂੰ ਹੱਲ ਕਰਨ ਵਾਲੇ ਬਣੋ। ਉਨ੍ਹਾਂ ਕਿਹਾ ਕਿ



ਗਲਤੀ ਜੀਵਨ ਦਾ ਇੱਕ ਪੰਨਾ ਹੈ ਲੇਕਿਨ ਰਿਸ਼ਤਾ ਪੂਰੀ ਕਿਤਾਬ ਹੈ ਜ਼ਰੂਰਤ ਪੈਣ ਤੇ ਗ਼ਲਤੀ ਵਾਲਾ ਪੰਨਾ ਪਾੜ ਦਿਓ ਲੇਕਿਨ ਇੱਕ ਪੰਨੇ ਲਈ ਪੂਰੀ ਕਿਤਾਬ ਨਾ ਗਵਾ ਦਿਓ।ਗਰਗ ਨੇ ਕਿਹਾ ਕਿ ਦੇਸ਼ ਵਿੱਚ ਰਾਜਾ, ਸਮਾਜ ਵਿੱਚ ਗੁਰੂ, ਪਰਿਵਾਰ ਵਿੱਚ ਪਿਤਾ, ਘਰ ਵਿੱਚ ਔਰਤ, ਜੀਵਨ ਵਿੱਚ ਦੋਸਤ ਇਹ ਕਦੇ ਵੀ ਸਾਧਾਰਨ ਨਹੀਂ ਹੁੰਦੇ ਕਿਉਂਕਿ ਨਿਰਮਾਣ ਤੇ ਪ੍ਰਲਿਆ ਇੰਨ੍ਹਾਂ ਦੇ ਹੱਥਾਂ ਵਿੱਚ ਹੁੰਦੀ ਹੈ।ਅੰਤ ਵਿੱਚ ਅਸ਼ਵਨੀ ਗਰਗ ਨੇ ਕਿਹਾ ਕਿ ਕਿਸੇ ਵੀ ਆਦਮੀ ਦੀ ਸਹਿਣਸ਼ੀਲਤਾ ਇੱਕ ਖਿੱਚੀ ਹੋਈ ਰਬੜ ਵਰਗੀ ਹੁੰਦੀ ਹੈ ਤੇ ਉਸਨੂੰ ਜ਼ਿਆਦਾ ਖਿੱਚਣ ਨਾਲ ਉਸਦਾ ਟੁੱਟਣਾ ਤੈਅ ਹੈ।

# ਮਿਸ਼ਨ ਲਾਲੀ ਤੇ ਹਰਿਆਲੀ ਵੱਲੋਂ ਲਗਾਏ ਖ਼ੂਨਦਾਨ ਕੈਂਪ ਮੌਕੇ 21 ਵਲੰਟੀਅਰਾਂ ਨੇ ਕੀਤਾ ਖ਼ੂਨ ਦਾਨ



**ਦੇਵੀਗੜ੍ਹ (ਰਾਜਿੰਦਰ ਥਿੰਦ)**: ਵਿਸ਼ਵਕਰਮਾ ਦਿਵਸ ਮੌਕੇ ਦੇਵੀਗੜ੍ਹ ਦੇ ਵਿਸ਼ਵਕਰਮਾ ਮੰਦਰ ਵਿੱਚ ਸਾਲਾਨਾ ਦੀ ਤਰ੍ਹਾਂ ਇਸ ਵਾਰ ਵੀ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿਚ ਜੋਤ ਜਗਾ ਕੇ ਪੂਜਾ ਅਰਚਨਾ ਕੀਤੀ ਗਈ। ਕਵੀਸ਼ਰੀ ਜਥੇ ਨੇ ਵਿਸ਼ਵਕਰਮਾ ਜੀ ਦਾ ਇਤਿਹਾਸ ਸੁਣਾ ਕੇ ਸੰਗਤ ਨੂੰ ਨਿਹਾਲ ਕੀਤਾ।ਇਸ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿਚ 21 ਵਲੰਟੀਅਰਾਂ ਨੇ ਖ਼ੂਨਦਾਨ ਕੀਤਾ।ਇਸ ਮੌਕੇ ਬਲਦੇਵ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਦੁੱਧਨ ਸਾਧਾਂ, ਪ੍ਰੇਮ ਖਨੇਜਾ, ਬੂਟਾ ਥਿੰਦ ਕੌਂਸਲਰ, ਕਰਮਜੀਤ ਸਿੰਘ ਕੌਂਸਲਰ, ਡਾ. ਰਾਮਪਾਲ ਕੌਂਸਲਰ, ਲਖਵਿੰਦਰ ਸਿੰਘ, ਮਨਦੀਪ ਸਿੰਘ, ਬੋਨੂੰ, ਰਜਿੰਦਰ ਸਿੰਘ ਧੀਮਾਨ, ਸੇਠੀ, ਹਰਦੀਪ ਸਿੰਘ ਸਨੌਰ ਤੇ ਹਰਵਿੰਦਰ ਸਿੰਘ ਰੁੜਕੀ ਪਹੁੰਚੇ ਜਿਨ੍ਹਾਂ ਨੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਖ਼ੂਨਦਾਨ ਮਹਾਂਦਾਨ ਹੈ, ਇਸ ਨਾਲ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ, ਇਹ ਇਕ ਅਜਿਹਾ ਤਰਲ ਹੈ ਜਿਸ ਨੂੰ ਮਸ਼ੀਨਾਂ ਨਾਲ਼ ਤਿਆਰ ਨਹੀਂ ਕੀਤਾ ਜਾ ਸਕਦਾ ਸਿਰਫ਼ ਇਨਸਾਨ ਦੇ ਸਰੀਰ ਵਿਚ ਹੀ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਇਨਸਾਨ ਹਰ ਤਿੰਨ ਮਹੀਨੇ ਬਾਅਦ ਮੁੜ ਖ਼ੂਨਦਾਨ ਕਰ ਸਕਦਾ ਹੈ।

# ਅਗਰਵਾਲ ਸਭਾ ਨੇ ਮਿਡ ਡੇ ਮੀਲ ਵਰਕਰਾਂ ਨਾਲ ਮਨਾਈ ਦੀਵਾਲੀ



**ਸ਼੍ਰੀ ਮੁਕਤਸਰ ਸਾਹਿਬ : (ਸ਼ਮਿੰਦਰ ਪਾਲ /ਪੂਜਾ)** - ਅਗਰਵਾਲ ਸਭਾ ਰਜਿ: ਪੰਜਾਬ ਸ਼੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਤਰਸੇਮ ਗੋਇਲ ਨੇ ਸ਼ਹਿਰ ਦੇ ਟਿੱਬੀ ਸਾਹਿਬ ਰੋਡ ਸਥਿਤ ਸਰਕਾਰੀ ਸੀਨੀਅਰ ਸੰਕੈਡਰੀ ਸਕੂਲ ਪਾਰਕ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਿਡ ਡੇ ਮੀਲ ਵਰਕਰਾਂ ਤੇ ਸਕਿਉਰਟੀ ਗਾਰਡ ਨਾਲ ਗਰੀਨ ਦੀਵਾਲੀ ਮਨਾਈ। ਇਸ ਮੌਕੇ ਪ੍ਰਧਾਨ ਤਰਸੇਮ ਗੋਇਲ ਨੇ ਉਨ੍ਹਾਂ ਨੂੰ ਮਿਠਾਈ ਦੇ ਡੱਬੇ ਦੇ ਕੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਤੇ ਹਰੇਕ ਖੁਸ਼ੀ ਦੇ ਮੌਕੇ ਅਤੇ ਤਿਉਹਾਰ 'ਤੇ ਰੁੱਖ ਲਗਾਉਣ ਦੀ ਤਾਕੀਦ ਕੀਤੀ। ਉਨ੍ਹਾਂ ਨੇ ਕਿਹਾ ਕਿ ਹਰ ਸਾਲ ਕਰੋੜਾਂ ਅਰਬਾਂ ਰੁਪਏ ਪਟਾਕਿਆਂ ਅਤੇ ਆਤਿਸ਼ਬਾਜੀ 'ਤੇ ਫੂਕਣ ਵਾਲੇ ਲੋਕ ਜੇਕਰ ਉਨ੍ਹਾਂ ਪੈਸਿਆਂ ਦੀ ਬੱਚਤ ਕਰਕੇ ਕਿਸੇ ਲੋੜਵੰਦ ਦੀ ਮੱਦਦ ਕਰਨ ਜਾਂ ਕਿਸੇ ਹੋਰ ਉਸਾਰੂ ਕਾਰਜ 'ਤੇ ਖਰਚਣ ਤਾਂ ਉਨ੍ਹਾਂ ਦੇ ਮਨ ਨੂੰ ਜ਼ਿਆਦਾ ਸਕੂਨ ਮਿਲੇਗਾ। ਇਸ ਮੌਕੇ ਸਕੂਲ ਪ੍ਰਿੰਸੀਪਲ ਪ੍ਰਦੀਪ ਮਿੱਤਲ ਨੇ ਸਭਾ ਦੇ ਸ਼ਹਿਰੀ ਪ੍ਰਧਾਨ ਤਰਸੇਮ ਗੋਇਲ ਵੱਲੋਂ ਕੀਤੇ ਗਏ ਉੱਦਮਾਂ ਦੀ ਸ਼ਲਾਘਾ ਕੀਤੀ ਤੇ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਬੀ ਜੇ ਪੀ ਆਗੂ ਨਵੀਨ ਕੁਮਾਰ ਆਦਿ ਮੌਜੂਦ ਸਨ।

# ਅਰਨੀਵਾਲਾ ਵਿਚ ਸੜਕ ਹਾਦਸੇ ਵਿੱਚ ਦੋ ਨੌਜਵਾਨਾਂ ਦੀ ਮੌਤ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਅਰਨੀ ਵਾਲਾ – ਮਲੋਟ ਰੋਡ 'ਤੇ ਹੋਏ ਇੱਕ ਸੜਕ ਹਾਦਸੇ ਵਿੱਚ ਦੋ ਨੌਜਵਾਨਾਂ ਦੀ ਮੌਤ ਹੋ ਗਈ ਹੈ। ਮੋਟਰਸਾਈਕਲ ਤੇ ਸਵਾਰ ਇਹ ਦੋਵੇਂ ਨੌਜਵਾਨ ਮੂਲਿਆਂਵਾਲੀ ਵੱਲੋਂ ਆ ਰਹੇ ਸਨ । ਜਦ ਇਹ ਬੰਨਾਵਾਲਾ ਬਾਈਪਾਸ ਕੋਲ ਪੁੱਜੇ ਤਾਂ ਇਹਨਾਂ ਦਾ ਮੋਟਰਸਾਈਕਲ ਹਾਦਸਾ ਗ੍ਰਸਤ ਹੋ ਗਿਆ। ਜਿਸ ਵਿੱਚ ਮੰਗਤ ਸਿੰਘ ਉਰਫ ਮੰਗੂ ਪੁੱਤਰ ਜਸਬੀਰ ਸਿੰਘ ਉਮਰ ਕਰੀਬ 22 ਸਾਲ ਅਤੇ ਰਾਹੁਲ ਪੁੱਤਰ ਸ਼ੇਰ ਸਿੰਘ ਉਮਰ ਕਰੀਬ ਲਗਭਗ 22 ਸਾਲ ਦੋਵੇਂ ਜਖਮੀ ਹੋ ਗਏ । ਜਿਨਾਂ ਵਿੱਚੋਂ ਮੰਗਲ ਸਿੰਘ ਦੀ ਹਾਦਸੇ ਵਾਲੀ ਜਗ੍ਹਾ 'ਤੇ ਹੀ ਮੌਤ ਹੋ ਗਈ ਅਤੇ ਰਾਹੁਲ ਨੂੰ ਫਾਜਿਲਕਾ ਦੇ ਹਸਪਤਾਲ ਲਿਜਾਇਆ ਗਿਆ



।ਜਿਸ ਨੂੰ ਡਾਕਟਰਾਂ ਵੱਲੋਂ ਮ੍ਰਿਤਕ ਐਲਾਨ ਦਿੱਤਾ ਗਿਆ। ਦੋਵੇਂ ਗਰੀਬ ਘਰਾਂ ਦੇ ਲੜਕੇ ਸਨ। ਮੰਗਤ ਸਿੰਘ ਦੇ ਮਾਤਾ ਪਿਤਾ ਨਰਮੇ ਦੀ ਚੁਗਾਈ ਕਰਨ ਲਈ ਬਾਹਰ ਗਏ ਹੋਏ ਸਨ । ਜਦ ਕਿ ਰਾਹੁਲ ਦਾ ਪਿਤਾ ਸ਼ੇਰ ਸਿੰਘ ਸਫਾਈ ਸੇਵਕ ਵਜੋਂ ਨਗਰ ਪੰਚਾਇਤ ਅਰਨੀਵਾਲਾ ਵਿੱਚ ਕੰਮ ਕਰ ਰਿਹਾ ਹੈ। ਹਾਦਸੇ ਕਾਰਨ ਮੰਡੀ ਵਿੱਚ ਸੋਗ ਦੀ ਲਹਿਰ ਦੌੜ ਗਈ।

# ਦੀਵਾਲੀ ਤੇ ਬੰਦੀਛੋੜ ਦਿਵਸ ਲੋਕਾਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਹਰੇਕ ਸਾਲ ਦੀ ਤਰ੍ਹਾਂ ਹੀ ਇਸ ਸਾਲ ਵੀ ਦੀਵਾਲੀ ਤੇ ਬੰਦੀਛੋੜ ਦਿਵਸ ਦਾ ਤਿਉਹਾਰ ਲੋਕਾਂ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਮਾਛੀਵਾੜਾ ਇਲਾਕੇ ਵਿਚ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਤਿਉਹਾਰ ਦੇ ਮੱਦੇਨਜ਼ਰ ਬਜ਼ਾਰਾਂ ਵਿਚ ਭਾਰੀ ਰੌਣਕ ਦੇਖਣ ਨੂੰ ਮਿਲੀ ਅਤੇ ਲੋਕਾਂ ਨੇ ਖ਼ੂਬ ਖਰੀਦਦਾਰੀ ਕੀਤੀ। ਸਵੇਰ ਤੋਂ ਹੀ ਬਜ਼ਾਰਾਂ ਵਿਚ ਲੋਕਾਂ ਨੇ ਮਠਿਆਈ, ਪਟਾਕੇ ਅਤੇ ਹੋਰ ਘਰ 'ਚ ਪੂਜਾ ਦੀ ਸਮੱਗਰੀ ਦਾ ਸਮਾਨ ਖਰੀਦਿਆ ਅਤੇ ਸ਼ਾਮ ਤੱਕ ਖੂਬ ਰੌਣਕ ਰਹੀ। ਦੇਰ ਸ਼ਾਮ ਲੋਕਾਂ ਵਲੋਂ ਗੁਰਦੁਆਰਾ ਸਾਹਿਬਾਨਾਂ ਤੇ ਮੰਦਰਾਂ ਵਿਚ ਜਾ ਕੇ ਦੀਪਮਾਲਾ ਕਰ ਸੁੱਖ ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਤਿਹਾਸਕ ਗੁਰਦੁਆਰਾ ਚਰਨ ਕੰਵਲ ਸਾਹਿਬ, ਗਨੀ ਖਾਂ ਨਬੀ ਖਾਂ, ਚੁਬਾਰਾ ਸਾਹਿਬ, ਸਿੰਘ ਸਭਾ ਤੋਂ ਇਲਾਵਾ ਦੁਰਗਾ



ਸ਼ਕਤੀ ਮੰਦਰ, ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ ਅਤੇ ਰਾਮ ਬਾਗ ਸਮੇਤ ਹੋਰ ਧਾਰਮਿਕ ਅਸਥਾਨਾਂ ਵਿਖੇ ਜਾ ਕੇ ਸ਼ਰਧਾਲੂ ਨਤਮਸਤਕ ਹੋਏ। ਲੋਕਾਂ ਵੱਲੋਂ ਘਰਾਂ 'ਚ ਮਾਂ ਲਕਸ਼ਮੀ ਦੀ ਪੂਜਾ ਕਰ ਘਰ 'ਚ ਸੁੱਖ ਸ਼ਾਂਤੀ ਮੰਗੀ। ਲੋਕਾਂ ਵਲੋਂ ਖ਼ੂਬ ਆਤਿਸ਼ਬਾਜੀ ਵੀ ਕੀਤੀ ਗਈ।

# ਪੀ ਜੀ ਆਈ 'ਚ ਦੀਵਾਲੀ ਦੌਰਾਨ ਪਟਾਕੇ ਨਾਲ ਅੱਖਾਂ ਦੀਆਂ ਚੋਟਾਂ ਦੇ 69 ਕੇਸ ਦਰਜ

**ਸਮਰਾਲਾ (ਸੁਰਜੀਤ ਸਿੰਘ)** ਪੀ ਜੀ ਆਈ ਚੰਡੀਗੜ੍ਹ ਦੇ ਐਡਵਾਂਸਡ ਆਈ ਸੈਂਟਰ ਨੇ ਦੀਵਾਲੀ ਦੇ ਤਿਉਹਾਰ ਦੌਰਾਨ ਪਟਾਖਿਆਂ ਨਾਲ ਜੁੜੀਆਂ ਅੱਖਾਂ ਦੀਆਂ ਸੱਟਾਂ ਦੇ ਕੁੱਲ 69 ਮਾਮਲੇ ਦਰਜ ਕੀਤੇ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਇਨ੍ਹਾਂ ਵਿੱਚੋਂ 26 ਕੇਸ 20 ਅਕਤੂਬਰ ਸਵੇਰੇ 8 ਵਜੇ ਤੋਂ 21 ਅਕਤੂਬਰ ਸਵੇਰੇ 8 ਵਜੇ ਤੱਕ ਦਰਜ ਹੋਏ ਸਨ, 21 ਅਕਤੂਬਰ ਸਵੇਰੇ 8 ਵਜੇ ਤੋਂ 22 ਅਕਤੂਬਰ ਸਵੇਰੇ 8 ਵਜੇ ਤੱਕ ਹੋਰ 30 ਕੇਸ ਸਾਹਮਣੇ ਆਏ, ਜਦਕਿ ਅੱਜ ਸ਼ਾਮ 5 ਵਜੇ ਤੱਕ 13 ਨਵੇਂ ਕੇਸ ਪ੍ਰਾਪਤ ਹੋਏ। 21 ਅਕਤੂਬਰ ਸਵੇਰੇ 8 ਵਜੇ ਤੋਂ 22 ਅਕਤੂਬਰ ਸਵੇਰੇ 8 ਵਜੇ ਤੱਕ ਦਰਜ ਹੋਏ 30 ਕੇਸਾਂ ਵਿੱਚੋਂ 27 ਮਰਦ ਅਤੇ 3 ਔਰਤਾਂ ਸਨ। ਇਨ੍ਹਾਂ ਵਿੱਚੋਂ 17 ਵਿਅਕਤੀਆਂ ਨੂੰ ਪਟਾਖੇ ਬਜਾਂਦੇ ਸਮੇਂ ਖੁਦ ਨੂੰ ਚੋਟ ਲੱਗੀ, ਜਦਕਿ 13 ਪਟਾਕੇ ਬਾਜ਼ੀ ਦਾ ਲੁਤਫ਼ ਲੈਂਦੇ ਲੋਕ ਪਟਾਕਿਆਂ ਦੀ ਜਦ ਵਿਚ ਆ ਕੇ ਜ਼ਖਮੀ ਹੋ ਗਏ। ਜਾਣਕਾਰੀ ਅਨੁਸਾਰ 11 ਕੇਸ ਚੰਡੀਗੜ੍ਹ ਤੋਂ, 6 ਪੰਜਾਬ ਤੋਂ, 5-5 ਹਿਮਾਚਲ ਪ੍ਰਦੇਸ਼ ਅਤੇ ਹਰਿਆਣਾ ਤੋਂ, ਅਤੇ 3 ਉੱਤਰ ਪ੍ਰਦੇਸ਼ ਤੋਂ ਸਨ। ਜਿਹਨਾਂ ਵਿਚ ਜ਼ਿਆਦਾਤਰ ਗੰਭੀਰ ਸੱਟਾਂ ਵਾਲੇ ਮਰੀਜ ਦਰਜ ਕੀਤੇ ਦੱਸੇ ਗਏ ਹਨ। ਜਿਹਨਾਂ ਵਿਚ ਮਰੀਜ਼ਾਂ ਦੀ ਉਮਰ 5 ਸਾਲ ਦੇ ਬੱਚੇ ਤੋਂ ਲੈ ਕੇ 58 ਸਾਲ ਦੇ ਵਿਅਕਤੀ ਤੱਕ ਸੀ। ਕੁੱਲ ਮਰੀਜ਼ਾਂ ਵਿੱਚੋਂ 18 ਬੱਚੇ ਅਤੇ 12 ਵੱਡੇ ਸਨ, ਜੋ ਇਹ ਦਰਸਾਉਂਦਾ ਹੈ ਕਿ ਤਿਉਹਾਰ ਦੌਰਾਨ ਬੱਚੇ ਸਭ ਤੋਂ ਵੱਧ ਖਤਰੇ ਵਿੱਚ ਰਹਿੰਦੇ ਹਨ।ਅੱਜ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ 13 ਨਵੇਂ ਕੇਸ ਪ੍ਰਾਪਤ ਹੋਏ। ਜਿਹਨਾਂ ਵਿੱਚੋਂ ਦੋ ਮਰੀਜ਼ਾਂ ਦੀ ਸਰਜਰੀ ਹੋ ਚੁੱਕੀ ਹੈ, ਜਦਕਿ ਹੋਰ ਦੋ ਦੀ ਤਿਆਰੀ ਜਾਰੀ ਹੈ।ਐਡਵਾਂਸਡ ਆਈ ਸੈਂਟਰ ਅਤੇ ਨੇਤ੍ਰ ਵਿਭਾਗ, ਪੀਜੀਆਈ ਚੰਡੀਗੜ੍ਹ ਦੇ ਮੁਖੀ ਪ੍ਰੋ. ਐਸ. ਐਸ. ਪਾਂਡਵ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਦੀਵਾਲੀ ਦੌਰਾਨ ਅੱਖਾਂ ਦੀਆਂ ਸੱਟਾਂ ਦੇ ਵੱਧ ਰਹੇ ਕੇਸ ਬਹੁਤ ਹੀ ਦੁਖਦਾਈ ਹਨ। ਬਾਰੰਬਾਰ ਜਾਗਰੂਕਤਾ ਮੁਹਿੰਮਾਂ ਦੇ ਬਾਵਜੂਦ ਵੀ ਕਈ ਲੋਕ ਖ਼ਾਸ ਕਰਕੇ ਬੱਚੇ ਅਜਿਹੀਆਂ ਸੱਟਾਂ ਦਾ ਸ਼ਿਕਾਰ ਹੋ ਰਹੇ ਹਨ, ਜਿਹਨਾਂ ਤੋਂ ਬਚਿਆ ਜਾ ਸਕਦਾ ਸੀ। ਉਹਨਾਂ ਕਿਹਾ ਕਿ ਲਾਪਰਵਾਹੀ ਕਾਰਨ ਅਜਿਹੀਆਂ ਸੱਟਾਂ ਮੁਕੰਮਲ ਤੌਰ ਤੇ ਅੰਨਾ ਕਰ ਸਕਦੀਆਂ ਹਨ। ਉਹਨਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ ਦੀ ਸਖ਼ਤ ਨਿਗਰਾਨੀ ਕਰਨ, ਅਤੇ ਲੋਕਾਂ ਨੂੰ ਖਤਰਨਾਕ ਪਟਾਖਿਆਂ ਤੋਂ ਦੂਰ ਰਹਿੰਦੇ ਹੋਏ ਸੁਰੱਖਿਆ ਨੂੰ ਤਰਜੀਹ ਦੇਣੀ ਚਾਹੀਦੀ ਹੈ, ਤਾਂ ਜੋ ਅਜਿਹੀਆਂ ਦੁੱਖਦਾਈ ਘਟਨਾਵਾਂ ਤੋਂ ਬਚਿਆ ਜਾ ਸਕੇ।ਪੀ ਜੀ ਆਈ ਦੇ ਫੈਕਲਟੀ ਮੈਂਬਰਾਂ ਨੇ ਜ਼ੋਰ ਦਿੱਤਾ ਕਿ ਪਟਾਖਿਆਂ ਨਾਲ ਜੁੜੀਆਂ ਅੱਖਾਂ ਦੀਆਂ ਸੱਟਾਂ ਦੇ ਵਧਦੇ ਰੁਝਾਨ ਨੂੰ ਰੋਕਣ ਲਈ ਮਜ਼ਬੂਤ ਜਨ-ਜਾਗਰੂਕਤਾ ਮੁਹਿੰਮਾਂ, ਸਮਾਜਕ ਸਿੱਖਿਆ ਅਤੇ ਸੁਰੱਖਿਆ ਨਿਯਮਾਂ ਦੀ ਸਖ਼ਤ ਪਾਲਣਾ ਬਹੁਤ ਜ਼ਰੂਰੀ ਹੈ।

# ਪ੍ਰਦੂਸ਼ਣ ਦੇ ਮਾਮਲੇ ਸੰਬੰਧੀ ਕਿਸਾਨਾਂ ਨੂੰ ਦੋਸ਼ੀ ਠਹਿਰਾਉਣ ਦੀ ਨਿਖੇਧੀ

**ਮਾਨਸਾ (ਆਤਮਾ ਸਿੰਘ ਪਮਾਰ)** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਇਕਾਈ ਮਾਨਸਾ ਦੇ ਪ੍ਰਧਾਨ ਲਖਵੀਰ ਸਿੰਘ ਅਕਲੀਆ, ਤਾਰਾ ਚੰਦ ਬਰੇਟਾ, ਦਰਸ਼ਨ ਸਿੰਘ ਗੁਰਨੇ, ਬਲਜੀਤ ਸਿੰਘ ਭੈਣੀ ਬਾਘਾ, ਸੱਤਪਾਲ ਬਰੇ ਅਤੇ ਪ੍ਰੈਸ ਸਕੱਤਰ ਹਰਬੰਸ ਸਿੰਘ ਪਾਂਧੀ ਟਾਂਡੀਆਂ ਨੇ ਇੱਕ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਰਕਾਰਾਂ ਅਤੇ ਵਿਸ਼ੇਸ਼ ਕਰਕੇ ਭਾਜਪਾ ਪ੍ਰਦੂਸ਼ਣ ਦਾ ਕਾਰਨ ਸਿਰਫ ਕਿਸ਼ਾਨਾਂ ਨੂੰ ਹੀ ਮੰਨਦੀ ਜੋ ਕਿ ਕਿਵੇਂ ਵੀ ਤਰਕਸੰਗਤ ਨਹੀਂ ਜਾਪਦਾ।ਆਗੂਆਂ ਨੇ ਕਿਹਾ ਕਿ ਕਿਸਾਨ ਸਿਰਫ਼ 8 ਪ੍ਰਤੀਸ਼ਤ ਪ੍ਰਦੂਸ਼ਣ ਹੀ ਫੈਲਾਉਂਦੇ ਹਨ, ਜਦੋਂ ਕਿ ਲਗਾਤਾਰ ਚੱਲ ਰਹੇ ਵੱਡੇ ਵੱਡੇ ਕਾਰਖਾਨੇ, ਵੱਡੀ ਗਿਣਤੀ ਵਹੀਕਲਜ਼ ਅਤੇ ਪਟਾਕੇ ਆਦਿ ਪ੍ਰਦੂਸ਼ਣ ਫੈਲਾਉਣ ਦੇ ਮੁੱਖ ਸ੍ਰੋਤ ਹਨ।ਉਹਨਾਂ ਮਨਜਿੰਦਰ ਸਿੰਘ ਸਿਰਸਾ ਦੇ ਬਿਆਨ ਨੂੰ ਨਿਰਅਧਾਰ ਅਤੇ ਗੈਰ ਪ੍ਰਸੰਗਿਕ ਐਲਾਨਦਿਆਂ ਭਾਜਪਾ ਦੀ ਪੰਜਾਬ ਅਤੇ ਕਿਸਾਨ ਵਿਰੋਧੀ ਸਾਜ਼ਿਸ਼ ਵੀ ਦੱਸਿਆ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਸਰਕਾਰ ਸ਼ਰੇਆਮ ਕਾਰਪੋਰੇਟ ਘਰਾਨਿਆਂ ਦੇ ਹਿੱਤ ਪੂਰ ਰਹੀ ਹੈ,। ਕਿਸਾਨਾਂ ਦਾ ਮੰਨਣਾ ਹੈ ਕਿ ਪਰਾਲੀ ਦੀ ਸਾਂਭ ਸੰਭਾਲ ਲਈ ਦਰਮਿਆਨੀ ਕਿਸਾਨੀ ਲੱਖਾਂ ਰੁਪਏ ਖਰਚਣ ਤੋਂ ਪੂਰੀ ਤਰ੍ਹਾਂ ਅਸਮਰੱਥ ਹੈ। ਉਹਨਾਂ ਮੰਗ ਕੀਤੀ ਕਿ ਘੱਟੋ ਘੱਟ ਚਾਰ ਪੰਜ ਪਿੰਡਾਂ ਪਿੱਛੇ ਇੱਕ ਕਾਰਖਾਨਾ ਪਰਾਲੀ ਦੀ ਸੰਭਾਲ ਲਈ ਸਰਕਾਰ ਵੱਲੋਂ ਲਗਾਇਆ ਜਾਣਾ ਚਾਹੀਦਾ ਹੈ। ਆਗੂਆਂ ਨੇ ਇਹ ਵੀ ਕਿਹਾ ਕਿ ਫਸਲਾਂ ਦੇ ਵਧੀਆ ਭਾਅ ਦੇਣ, ਡੀ ਏ ਪੀ ਖ਼ਾਦ ਦਾ ਪ੍ਰਬੰਧ ਕਰਨ ਅਤੇ ਝੋਨੇ ਦੀ ਖਰੀਦ ਸਮੇਂ ਨਮੀ ਆਦਿ 'ਚ ਵੀ ਕੁੱਝ ਛੋਟ ਦੇਣੀ ਚਾਹੀਦੀ ਹੈ, ਤਾਂ ਜੋ ਕਿਸਾਨ ਮੰਡੀਆਂ ਵਿੱਚ ਖੱਜਲ ਖੁਆਰ ਹੋਣ ਤੋਂ ਬਚ ਸਕਣ।

# ਵਿਸ਼ਵਕਰਮਾ ਦਿਵਸ ਉਤਸ਼ਾਹ ਨਾਲ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** - ਵਿਸ਼ਵਕਰਮਾ ਮੰਦਰ ਵਿਚ ਵਿਸ਼ਵਕਰਮਾ ਮੰਦਰ ਸਭਾ ਵੱਲੋਂ ਦਿਹਾੜਾ ਬੜੇ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ ਮੰਦਰ ਵਿਚ ਸ਼ਰਧਾਲੂਆਂ ਅਤੇ ਪੁਜਾਰੀ ਦਿਵਾਰਕਾ ਪ੍ਰਸ਼ਾਦ ਵੱਲੋਂ ਮੂਰਤੀ ਇਸ਼ਨਾਨ ਕਰਵਾਇਆ ਗਿਆ ਅਤੇ ਪੂਜਾ ਅਰਚਨਾ ਉਪਰੰਤ ਹਵਨ ਕਰਵਾਇਆ ਗਿਆ। ਸ਼ਰਧਾਲੂ ਔਰਤਾਂ ਵੱਲੋਂ ਕੀਰਤਨ ਕਰ ਬਾਬਾ ਵਿਸ਼ਵਕਰਮਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਮੰਦਰ ਦੀ ਪ੍ਰਬੰਧਕ ਕਮੇਟੀ ਵਿਚ ਪ੍ਰਧਾਨ ਗੁਰਚਰਨ ਸਿੰਘ, ਸਕੱਤਰ ਰਾਜ ਕੁਮਾਰ ਸਹਾਰਨ, ਹਰਪ੍ਰੀਤ ਸਿੰਘ, ਅਭੈਪਾਲ ਕੈਸ਼ੀਅਰ, ਦਲਵੀਰ ਚੰਦ ਧੀਰ, ਦੇਸ ਰਾਜ ਮਹਿਲਠ, ਮੋਹਣ ਲਾਲ ਰਵਦੇ, ਗੁਦਰਸ਼ਨ ਸਿੰਘ ਲੀਹਲ, ਗੁਰਦਿੱਤ ਕੁਮਾਰ ਸਹਾਰਨ, ਜੀਵਨ ਕੁਮਾਰ ਲੀਹਲ, ਰਕੇਸ਼ ਕੁਮਾਰ, ਸੰਜੀਵ ਕੁਮਾਰ ਮੈਣ, ਸਰਪ੍ਰਸਤ ਡਾ. ਰਾਜੇਸ ਕੁਮਾਰ ਲੀਹਲ, ਦੇਸ ਰਾਜ ਲੀਹਲ, ਮਾਸਟਰ ਗੁਰਮਿੱਤਰ ਸਿੰਘ, ਲਕਸ਼ਮੀ ਨਰੈਣ, ਧਰਮਪਾਲ ਲੀਹਲ, ਤਰਸੇਮ ਲਾਲ ਅਢਿਆਣਾ, ਨਰਿੰਦਰਪਾਲ ਅਢਿਆਣਾ, ਕਰਮਜੀਤ ਸਿੰਘ ਪੰਜੇਟਾ, ਸੁਖਦੇਵ ਰਾਜ ਧੀਰ, ਦੀਪਕ ਕੁਮਾਰ ਬੰਟੀ, ਗੁਰਵਿੰਦਰ ਪਾਲ, ਦਰਸ਼ਨ ਲਾਲ ਮਹਿਲ, ਸਤਪਾਲ ਲੀਹਲ, ਕਰਨੈਲ ਸਿੰਘ ਗੜ੍ਹੀ ਬੇਟ ਤੇ ਅਸ਼ੋਕ ਕੁਮਾਰ ਲੀਹਲ ਵੀ ਮੌਜੂਦ ਸਨ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਗਿਆ।

# ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਮਾਰਚ ਕੱਢਿਆ ਜਾਵੇਗਾ

**ਮਾਨਸਾ (ਆਤਮਾ ਸਿੰਘ ਪਰਮਾਰ)**- ਅਧਿਆਪਕ ਜਥੇਬੰਦੀ ਡੈਮੋਕਰੈਟਿਕ ਟੀਚਰਜ਼ ਫਰੰਟ ਦੀ ਸੂਬਾ ਪੱਧਰੀ ਭਰਵੀਂ ਮੀਟਿੰਗ ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ ਦੀ ਅਗਵਾਈ ਹੇਠ ਹੋਈ। ਮੀਟਿੰਗ ਦੇ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਡੀ ਟੀ ਐਫ਼ ਮਾਨਸਾ ਦੇ ਜ਼ਿਲਾ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਜ਼ਿਲਾ ਸਕੱਤਰ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਸਿੱਖਿਆ ਕ੍ਰਾਂਤੀ ਦਾ ਢੋਲ ਪਿੱਟਣ ਵਾਲੀ ਆਪ ਸਰਕਾਰ ਵੱਲੋਂ ਸੱਤਾ ਵਿਚ ਆਉਣ ਤੋਂ ਪਹਿਲਾਂ ਸੂਬੇ ਦੇ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕੀਤਾ ਗਿਆ ਸੀ ਪ੍ਰੰਤੂ ਸੱਤਾ ਦੇ ਲਗਭਗ ਸਾਢੇ ਤਿੰਨ ਸਾਲ ਬੀਤਣ ਦੇ ਬਾਵਜੂਦ ਵੀ



ਮੁਲਾਜ਼ਮਾਂ ਦੀ ਹੱਕੀ ਮੰਗ ਲਾਗੂ ਕਰਨ ਤੋਂ ਆਨਾਕਾਨੀ ਕੀਤੀ ਜਾ ਰਹੀ ਹੈ। ਜੱਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਲਈ 2 ਨਵੰਬਰ ਨੂੰ ਤਰਨਤਾਰਨ ਵਿਖੇ ਕੀਤੀ ਜਾ ਰਹੀ ਰੋਸ ਰੈਲੀ ਵਿੱਚ ਸੂਬੇ ਭਰ ਵਿੱਚੋਂ ਲਗਭਗ 500 ਅਧਿਆਪਕਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ। ਆਗੂਆਂ ਨੇ ਦੋਸ਼ ਲਾਇਆ ਕਿ ਸੂਬਾ ਸਰਕਾਰ ਵੱਲੋਂ ਪਹਿਲੀ ਵਾਰ ਮੁਲਾਜ਼ਮ ਹਿੱਤਾਂ ਨੂੰ ਅੱਖੋਂ -ਪਰੋਖੇ ਕਰਕੇ ਦਿਵਾਲੀ 'ਤੇ ਖਾਲੀ ਖੀਸਾ ਦਿਖਾਇਆ ਹੈ। ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬੇ ਭਰ ਚੋਂ ਅਧਿਆਪਕਾਂ ਵੱਲੋਂ ਜੱਥੇਬੰਦੀ ਨੂੰ ਲੱਗਭਗ 31 ਲੱਖ ਰੁਪਏ ਇਕੱਠੇ ਕਰਕੇ ਦਿੱਤੇ ਗਏ ਹਨ। ਜਿਸ ਵਿੱਚੋਂ ਹੁਣ ਤੱਕ ਗੁਰਦਾਸਪੁਰ, ਕਪੂਰਥਲਾ, ਫਿਰੋਜ਼ਪੁਰ ਅਤੇ ਫਾਜ਼ਿਲਕਾ ਦੇ ਪਭਾਵਿਤੁ ਖੇਤਰਾਂ ਵਿੱਚ 12 ਲੱਖ ਰੁਪਏ ਸਹਾਇਤਾ ਵਜੋਂ ਦਿੱਤੇ ਜਾ ਚੁੱਕੇ ਹਨ।

# ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਨੂੰ ਸਮਰਪਿਤ ਸੈਮੀਨਾਰ 26 ਨੂੰ

**ਲੁਧਿਆਣਾ (ਰੈਕਟਰ ਕਥੂਰੀਆ)** 26 ਅਕਤੂਬਰ ਨੂੰ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟਰਸਟ ਦੇ ਬਾਨੀ ਪ੍ਰਧਾਨ ਕਰਨਲ ਜੇ ਐਸ ਬਰਾੜ ਦੇ ਸਲਾਨਾ ਸ਼ਰਧਾਂਜਲੀ ਸਮਾਗਮ ਮੌਕੇ ਇੱਕ ਸੈਮੀਨਾਰ ਗਦਰੀ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ (ਲੁਧਿਆਣਾ) ਵਿਖੇ ਹੋ ਰਿਹਾ ਹੈ । ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਨੂੰ ਸਮਰਪਿਤ ਇਸ ਸੈਮੀਨਾਰ ਦਾ ਵਿਸ਼ਾ 'ਰਾਜਸ਼ਾਹੀ ਖਿਲਾਫ਼ ਕਿਰਤੀ ਲੋਕਾਂ ਦਾ ਮਸੀਹਾ ਬਾਬਾ ਬੰਦਾ ਸਿੰਘ ਬਹਾਦਰ' ਹੋਵੇਗਾ ਜਿਸ ਦੇ ਮੁੱਖ ਬੁਲਾਰੇ ਰਾਜਿੰਦਰ ਸਿੰਘ ਦੀਪ ਸਿੰਘ ਵਾਲਾ, ਸੂਬਾ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਹੋਣਗੇ। ਕਰਨਲ ਬਰਾੜ ਦੀ ਮੌਤ ਉਪਰੰਤ ਇਸ ਟਰਸਟ ਦੇ ਪ੍ਰਧਾਨ ਪ੍ਰੋ ਜਗਮੋਹਨ ਸਿੰਘ (ਭਾਣਜਾ ਸ਼ਹੀਦ ਭਗਤ ਸਿੰਘ) ਬਣੇ , ਜੋ ਇਸ ਸਮੇਂ ਕਈ ਖੋਜੀ ਤੱਥ ਸਰੋਤਿਆਂ ਨਾਲ ਸਾਂਝੇ ਕਰਨਗੇ। ਇਸ ਮੌਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਬਿਕਰ ਸਿੰਘ ਹਥੋਆ, ਜੋ ਜ਼ਮੀਨ ਪ੍ਰਾਪਤੀ ਸੰਘਰਸ਼ ਵਿੱਚ ਕਈ ਮਹੀਨੇ ਜੇਲ੍ਹ ਕੱਟਣ ਬਾਅਦ ਰਿਹਾਅ ਹੋਏ ਹਨ , ਨੂੰ ਦਲਿਤ ਲੋਕਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਪ੍ਰਤੀ ਦ੍ਰਿੜ੍ਹਤਾ ਅਤੇ ਇਮਾਨਦਾਰੀ ਨਾਲ ਨਿਰਸਵਾਰਥ ਕੀਤੀ ਜਾ ਰਹੀ ਅਗਵਾਈ ਨੂੰ ਮੁੱਖ ਰੱਖਦਿਆਂ ਸਨਮਾਨਤ ਕੀਤਾ ਜਾਵੇਗਾ। ਇਸ ਸਮਾਗਮ ਦੀਆਂ ਪ੍ਰਬੰਧਕ ਜੱਥੇਬੰਦੀਆਂ ਮਹਾਂ ਸਭਾ ਲੁਧਿਆਣਾ, ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟਰਸਟ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਲੁਧਿਆਣਾ ਦੇ ਆਗੂਆਂ ਬਾਪੂ ਬਲਕੌਰ ਸਿੰਘ ਗਿੱਲ, ਜਸਵੰਤ ਜ਼ੀਰਖ ਅਤੇ ਐਡਵੋਕੇਟ ਹਰਪ੍ਰੀਤ ਜ਼ੀਰਖ ਤੇ ਰਾਕੇਸ਼ ਆਜ਼ਾਦ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਵੱਡੀ ਲੜਾਈ ਲੜਕੇ ਆਮ ਲੋਕਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਇਆ ਸੀ, ਪਰ ਹੁਣ ਸਰਕਾਰੀ ਨੀਤੀਆਂ ਬਣਾਕੇ ਉਹੀ ਜ਼ਮੀਨਾਂ ਲੋਕਾਂ ਤੋਂ ਲੈ ਕੇ ਫਿਰ ਵੱਡੇ ਕਾਰਪੋਰੇਟਾਂ ਦੇ ਹਵਾਲੇ ਕਰਨ ਦੇ ਯਤਨ ਕੀਤੇ ਜਾ ਰਹੇ ਹਨ ।

## ...ਸ.ਫਾ 1 ਦੇ ਬਾਕੀ

### ਭਾਜਪਾ ਵੱਲੋਂ ਮੁੱਖ ਮੰਤਰੀ ਦੀ ਕਿਰਦਾਰਕੁਸ਼ੀ...

ਜਦੋਂ ਅਦਾਲਤ ਨੇ ਖੁਦ ਵੀਡੀਓ ਨੂੰ ਜਾਲ੍ਹੀ ਐਲਾਨ ਦਿੱਤਾ ਹੈ ਅਤੇ ਇਸ ਨੂੰ ਹਟਾਉਣ ਦਾ ਹੁਕਮ ਦਿੱਤਾ ਹੈ, ਤਾਂ ਸ਼ਾਇਦ ਸ਼ਰਮਾ ਨੂੰ ਉਹਨਾਂ ਲੋਕਾਂ ਤੋਂ ਸਵਾਲ ਕਰਨਾ ਚਾਹੀਦਾ ਹੈ, ਜਿਨ੍ਹਾ ਇਸ ਨੂੰ ਬਣਾਇਆ ਅਤੇ ਪ੍ਰਸਾਰਤ ਕੀਤਾ, ਨਾ ਕਿ ਉਹਨਾਂ ਤੋਂ ਜਿਸ ਨਾਲ ਗਲਤ ਹੋਇਆ ਹੈ। ਉਹਨਾ ਕਿਹਾ ਕਿ ਭਾਜਪਾ ਅਤੇ ਕਾਂਗਰਸ ਦੀ ਨਿਰਾਸ਼ਾ ਦਾ ਅਸਲ ਕਾਰਨ ਇਹ ਹੈ ਕਿ ਇੱਕ ਨਿਮਰ, ਆਮ ਪਰਵਾਰ ਵਿੱਚੋਂ ਇੱਕ ਇਮਾਨਦਾਰ ਮੁੱਖ ਮੰਤਰੀ ਕਿਵੇਂ ਬਣ ਗਿਆ। ਉਹਨਾ ਕਿਹਾ ਕਿ ਇਹ ਉਹਨਾਂ ਨੂੰ ਦੁਖੀ ਕਰਦਾ ਹੈ ਕਿ ਇੱਕ ਸਕੂਲ ਅਧਿਆਪਕ ਦਾ ਪੁੱਤ, ਲੋਕਾਂ ਨਾਲ ਜੁੜਿਆ ਆਦਮੀ, ਵੰਸ਼ਵਾਦ ਦੀ ਰਾਜਨੀਤੀ ਜਾਂ ਭ੍ਰਿਸ਼ਟਾਚਾਰ ਤੋਂ ਬਿਨਾਂ ਮੁੱਖ ਮੰਤਰੀ ਬਣ ਗਿਆ। ਜਦੋਂ ਉਹ ਭ੍ਰਿਸ਼ਟਾਚਾਰ ਜਾਂ ਘੁਟਾਲੇ ਨਹੀਂ ਲੱਭ ਪਾਉਂਦੇ, ਤਾਂ ਉਹ ਝੂਠ ਦਾ ਸਹਾਰਾ ਲੈਂਦੇ ਹਨ।

'ਆਪ' ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਵੀ ਮੁੱਖ ਮੰਤਰੀ ਭਗਵੰਤ ਮਾਨ ਨੂੰ ਬਦਨਾਮ ਕਰਨ ਲਈ ਜਾਣਬੁੱਝ ਕੇ ਬਣਾਈ ਗਈ ਇੱਕ ਮਨਘੜਤ ਵੀਡੀਓ ਦੇ ਪ੍ਰਸਾਰ ਦੀ ਸਖ਼ਤ ਨਿੰਦਾ ਕੀਤੀ ਹੈ। ਪ੍ਰੈੱਸ ਕਾਨਫਰੰਸ ਵਿੱਚ ਬੋਲਦਿਆਂ ਕੰਗ ਨੇ ਇਸ ਨੂੰ ਭਾਜਪਾ ਵੱਲੋਂ ਰਚੀ ਗਈ ਸੰਗਠਿਤ ਚਰਿੱਤਰ ਹੱਤਿਆ ਮੁਹਿੰਮ ਦੱਸਿਆ ਅਤੇ ਚੇਤਾਵਨੀ ਦਿੱਤੀ ਕਿ ਇਸ ਸਾਜ਼ਿਸ਼ ਦੇ ਪਿੱਛੇ ਲੋਕਾਂ ਨੂੰ ਜਵਾਬਦੇਹ ਬਣਾਇਆ ਜਾਵੇਗਾ।

ਉਨ੍ਹਾ ਕਿਹਾ ਕਿ ਜਾਲ੍ਹੀ ਕਲਿੱਪ ਵਾਇਰਲ ਹੋਈ ਸੀ ਅਤੇ ਵੀਡੀਓ ਨੂੰ ਵਧਾਉਣ ਵਿੱਚ ਸਭ ਤੋਂ ਵੱਡੀ ਭੂਮਿਕਾ ਭਾਜਪਾ ਦੇ ਰਾਸ਼ਟਰੀ ਅਤੇ ਪੰਜਾਬ ਲੀਡਰਸ਼ਿਪ ਦੇ ਆਗੂਆਂ, ਜਿਨ੍ਹਾਂ ਵਿੱਚ ਅਧਿਕਾਰਤ ਪਾਰਟੀ ਅਹੁਦੇਦਾਰ ਅਤੇ ਰਾਸ਼ਟਰੀ ਬੁਲਾਰੇ ਸ਼ਾਮਲ ਹਨ, ਨੇ ਨਿਭਾਈ।

ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ ਹਮੇਸ਼ਾ ਅਜਿਹੀਆਂ ਸਾਜ਼ਿਸ਼ਾਂ ਦਾ ਢੁਕਵਾਂ ਜਵਾਬ ਦਿੰਦੇ ਹਨ ਅਤੇ ਮਨਘੜਤ ਪ੍ਰਚਾਰ ਵਿੱਚ ਸ਼ਾਮਲ ਲੋਕਾਂ ਨੂੰ ਬੇਨਕ▲ਾਬ ਕਰਨ ਅਤੇ ਸਜ਼ਾ ਦੇਣ ਲਈ 'ਆਪ' ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਕੰਗ ਨੇ ਨਾਗਰਿਕਾਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ ਅਤੇ ਵਾਅਦਾ ਕੀਤਾ ਕਿ ਪਾਰਟੀ ਦੋਸ਼ੀਆਂ ਨੂੰ ਜਵਾਬਦੇਹ ਬਣਾਉਣ ਲਈ ਕਾਨੂੰਨੀ ਕਾਰਵਾਈ ਕਰੇਗੀ।

### ਕਾਮਰੇਡ ਰਮੇਸ਼ ਰਤਨ ਦੇ ਪਿਤਾ ਰਾਮ ਰਤਨ ਨੂੰ ਸ਼ਰਧਾਂਜਲੀਆਂ ...

ਕਮਿਊਨਿਸਟ ਸ਼ਖ਼ਸੀਅਤ ਅਮਰਜੀਤ ਕੌਰ, ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਤਰਸੇਮ ਲਾਲ, ਪ੍ਰਿੰਸੀਪਲ ਨਿਰਮਲ ਸਿੰਘ, ਖੰਨਾ ਤੋਂ ਰਘਬੀਰ ਸਿੰਘ, ਪੰਚਾਇਤ ਮੈਂਬਰ ਰਾਮ ਆਸਰਾ, ਮਹਿੰਦਰ ਪਾਲ ਸਿੰਘ ਮੁਹਾਲੀ, ਪੰਜਾਬ ਰਾਜਪੂਤ ਸਭਾ, ਰਮੇਸ਼ ਕੌਸ਼ਲ, ਮੁਲਾਜ਼ਮ ਆਗੂ ਵਿਜੇ ਕੁਮਾਰ ਅਤੇ ਪੀਪਲਜ਼ ਮੀਡੀਆ ਲਿੰਕ ਸਮੇਤ ਕਈ ਆਗੂ ਅਤੇ ਪ੍ਰਤੀਨਿਧੀ ਸ਼ਾਮਲ ਹੋਏ। ਸਾਬਕਾ ਮੰਤਰੀ ਭਾਰਤ ਭੂਸ਼ਨ ਆਸ਼ੂ ਅਤੇ ਕੁਝ ਹੋਰਨਾਂ ਨੇ ਸੋਗ ਸੁਨੇਹੇ ਭੇਜੇ।ਅਸ਼ਵਨੀ ਕੁਮਾਰ ਸ਼ਰਮਾ, ਤਰਲੋਚਨ ਸਿੰਘ, ਜਗਜੀਤ ਸਿੰਘ, ਕੁਲਦੀਪ ਸਿੰਘ ਭੋਲਾ, ਕਾਮਰੇਡ ਅਨੋਦ, ਡਾਕਟਰ ਰਾਮ, ਸੰਜੀਤ ਕੁਮਾਰ ਅਤੇ ਹੋਰ ਕਈ ਸਾਥੀ ਵੀ ਮੌਜੂਦ ਰਹੇ। ਮਹਿਲਾਵਾਂ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਸਨ। ਮੰਚ ਸੰਚਾਲਨ ਗੁਲਜ਼ਾਰ ਗੋਰੀਆ ਨੇ ਕੀਤਾ।

### ਰੂਸੀ ਕੰਪਨੀਆਂ 'ਤੇ ਅਮਰੀਕੀ ...

ਖਰੀਦਦਾਰ ਕੰਪਨੀ ਹੈ, ਨੂੰ ਆਪਣੀ ਦਰਾਮਦ ਦਾ ਮੁੜ ਮੁਲਾਂਕਣ ਕਰਨਾ ਪੈ ਸਕਦਾ ਹੈ ਕਿਉਂਕਿ ਇਹ ਰੂਸ ਦੀ ਰੋਸਨੇਫਟ ਤੋਂ ਸਿੱਧਾ ਕੱਚਾ ਤੇਲ ਖਰੀਦਦੀ ਹੈ, ਜਿਸ 'ਤੇ ਹੁਣ ਪਾਬੰਦੀ ਲਗਾਈ ਗਈ ਹੈ। ਰਿਲਾਇੰਸ ਨੇ ਦਸੰਬਰ 2024 ਵਿੱਚ ਰੂਸ ਦੀ ਰੋਸਨੇਫਟ ਨਾਲ 25 ਸਾਲਾਂ ਲਈ ਰੋਜ਼ਾਨਾ 500,000 ਬੈਰਲ ਰੂਸੀ ਤੇਲ ਦੀ ਦਰਾਮਦ ਲਈ ਇੱਕ ਮਿਆਦੀ ਸੌਦਾ ਕੀਤਾ ਸੀ। ਇਹ ਵਿਚੋਲਿਆਂ ਤੋਂ ਵੀ ਤੇਲ ਖਰੀਦਦੀ ਹੈ।

# ਬੈਂਸ ਤੇ ਦੀਪਕ ਬਾਲੀ ਵੱਲੋਂ ਜਥੇ. ਗਿਆਨੀ ਕੁਲਵੰਤ ਸਿੰਘ ਨੂੰ ਸ੍ਰੀ ਗੁਰੂ ਤੇ.ਗ ਬਹਾਦਰ ਦੇ 350 ਸਾਲਾ ਸ਼ਹੀਦੀ ਸਮਾਗਮਾਂ ਲਈ ਸੱਦਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ 23 ਅਕਤੂਬਬਰ ਨੂੰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨੰਦੇੜ (ਮਹਾਰਾਸ਼ਟਰ) ਵਿਖੇ ਨਤਮਸਤਕ ਹੋਏ। ਇਸ ਉਪਰੰਤ ਉਨ੍ਹਾਂ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ 23 ਤੋਂ 25 ਨਵੰਬਰ, 2025 ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇ.ਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸਮਾਗਮਾਂ ਵਿੱਚ ਸ਼ਾਮਲ ਹੋਣ ਲਈ ਰਸਮੀ ਸੱਦਾ ਦਿੱਤਾ। ਇਸ ਦੌਰਾਨ ਤਖ਼ਤ ਸਾਹਿਬ ਦੇ ਪ੍ਰਬੰਧਕਾਂ ਨੇ



ਹਰਜੋਤ ਸਿੰਘ ਬੈਂਸ ਨੂੰ ਦਸਤਾਰ ਸਜਾਈ ਅਤੇ ਸਿਰੋਪਾਓ ਭੇਟ ਕੀਤਾ।ਇਸ ਮੌਕੇ ਗੱਲਬਾਤ ਦੌਰਾਨ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਰਨ ਛੋਹ ਪਾਵਨ ਅਸਥਾਨ 'ਤੇ ਨਤਮਸਤਕ ਹੋਣਾ ਉਨ੍ਹਾਂ ਲਈ ਭਾਗਾਂ ਵਾਲੀ ਗੱਲ ਹੈ। ਉਨ੍ਹਾਂ ਤਖ਼ਤ ਸਾਹਿਬ 'ਤੇ ਹੋਈ ਆਪਣੀ ਦਸਤਾਰਬੰਦੀ ਨੂੰ ਯਾਦ ਕੀਤਾ।ਬੈਂਸ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਸਬੰਧੀ ਯਾਦਗਾਰੀ ਸਮਾਗਮਾਂ ਦਾ ਹਿੱਸਾ ਬਣਨਾ ਉਨ੍ਹਾਂ ਲਈ ਰੂਹਾਨੀ ਅਨੁਭਵ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸੱਦਾ ਨਹੀਂ, ਸਗੋਂ ਪੰਜਾਬ ਦੀ ਪਵਿੱਤਰ ਧਰਤੀ ਵੱਲੋਂ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਸਤਿਕਾਰ ਭਰਪੂਰ ਦਿਲੀ ਅਪੀਲ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

24-Oct-PAGE-3.qxd 10/23/2025 11:10 PM Page 1



# 2,542 ਪਰਵਾਰਾਂ ਨੂੰ 'ਆਸ਼ੀਰਵਾਦ' ਯੋਜਨਾ ਦੇ ਤਹਿਤ ਦਿੱਤੇ 12.96 ਕਰੋੜ ਰੁਪਏ

**ਤਰਨ ਤਾਰਨ (ਪ੍ਰਿਤਪਾਲ ਸਿੰਘ)**



ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਸਮਾਜ ਦੇ ਕਮਜ਼ੋਰ ਅਤੇ ਲੋੜਵੰਦ ਵਰਗਾਂ ਦੇ ਉਥਾਨ ਲਈ ਆਪਣੀ ਵਚਨਬੱਧਤਾ 'ਤੇ ਮਜ਼ਬੂਤੀ ਨਾਲ ਕੰਮ ਕਰ ਰਹੀ ਹੈ। ਇਸੇ ਲੜੀ ਵਿੱਚ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਮਾਰਗਦਰਸ਼ਨ ਵਿੱਚ ਤਰਨ ਤਾਰਨ ਜ਼ਿਲ੍ਹੇ ਵਿੱਚ ਗਰੀਬ ਪਰਵਾਰਾਂ, ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਿਦਿਆਰਥੀਆਂ ਦੇ ਕਲਿਆਣ ਦੇ ਨਾਲ-ਨਾਲ ਸਮੁਦਾਇਕ ਭਵਨਾਂ ਦੇ ਨਿਰਮਾਣ ਲਈ ਕਰੋੜਾਂ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਗਰੀਬ ਪਰਵਾਰਾਂ ਦੀਆਂ ਬੇਟੀਆਂ ਦੇ ਵਿਆਹ ਲਈ ਇੱਕ ਵੱਡਾ ਸਹਾਰਾ ਦੇਣ ਵਾਲੀ ਆਸ਼ੀਰਵਾਦ ਯੋਜਨਾ ਦੇ ਤਹਿਤ ਵਿੱਤੀ ਸਾਲ 2024-25 ਦੇ ਦੌਰਾਨ ਤਰਨ ਤਾਰਨ ਜ਼ਿਲ੍ਹੇ ਦੇ 2,542 ਯੋਗ ਬਿਨੈਕਾਰਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਹਰੇਕ ਲਾਭਪਾਤਰੀ ਨੂੰ 51,000 ਰੁਪਏ ਦੇ ਮੁਤਾਬਿਕ ਕੁੱਲ 12 ਕਰੋੜ 96 ਲੱਖ ਦੀ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ। ਉੱਚ ਸਿੱਖਿਆ ਪ੍ਰਾਪਤ ਕਰਨ ਦੇ ਇੱਛੁਕ ਅਨੁਸੂਚਿਤ ਜਾਤੀ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਦੇ ਉਦੇਸ਼ ਨਾਲ, ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦੇ ਤਹਿਤ ਵੀ ਮਹੱਤਵਪੂਰਨ ਕਦਮ ਚੁੱਕ ਰਹੇ ਹਨ। ਜਿਨ੍ਹਾਂ ਵਿਦਿਆਰਥੀਆਂ ਦੇ ਪਰਵਾਰਾਂ ਦੀ ਸਾਲਾਨਾ ਆਮਦਨ 2.50 ਲੱਖ ਤੋਂ ਘੱਟ ਹੈ, ਉਨ੍ਹਾਂ ਦੀ ਸਿੱਖਿਆ ਜਾਰੀ ਰੱਖਣ ਲਈ ਜ਼ਿਲ੍ਹੇ ਦੇ 4,582 ਵਿਦਿਆਰਥੀਆਂ ਦੇ ਕੇਸ ਮਨਜ਼ੂਰ ਕਰ ਦਿੱਤੇ ਗਏ ਹਨ।ਸਮਾਜਿਕ ਨਿਆਂ ਅਤੇ ਸਮੁਦਾਇਕ ਸਸ਼ਕਤੀਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦੇ ਹੋਏ ਤਰਨ ਤਾਰਨ ਜ਼ਿਲ੍ਹੇ ਵਿੱਚ ਡਾ. ਭੀਮ ਰਾਓ ਅੰਬੇਡਕਰ ਭਵਨ ਦੇ ਨਿਰਮਾਣ ਲਈ 5 ਕਰੋੜ 93 ਲੱਖ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਹ ਭਵਨ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਨਾਲ ਸਬੰਧਤ ਵਿਅਕਤੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਮਹੱਤਵਪੂਰਨ ਸਮੁਦਾਇਕ ਕੇਂਦਰ ਦੇ ਰੂਪ ਵਿੱਚ ਕੰਮ ਕਰੇਗਾ।ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਆਪ ਸਰਕਾਰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸਿਧਾਂਤਾਂ 'ਤੇ ਚੱਲਦੇ ਹੋਏ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਲਈ ਵਚਨਬੱਧ ਹੈ।

# ਕਬਾੜੀਏ ਦੀ ਦੁਕਾਨ ਨੂੰ ਅੱਗ, ਲੱਖਾਂ ਦਾ ਸਮਾਨ ਸੜ ਕੇ ਹੋਇਆ ਸਵਾਹ

**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**



ਬੀਤੀ ਰਾਤ ਫਤਿਹਗੜ੍ਹ ਚੂੜੀਆਂ ਸੰਗਤਪੁਰਾ ਰੋਡ ਉਪਰ ਮਹਾਨਕ ਕਬਾੜੀਏ ਦੀ ਦੁਕਾਨ ਨੂੰ ਅੱਗ ਲੱਗ ਜਾਣ ਕਾਰਨ ਲੱਖਾਂ ਰੁਪਿਆ ਦਾ ਸਮਾਨ ਸੜ ਕੇ ਸਵਾਹ ਹੋ ਗਿਆ। ਇਸ ਸਬੰਧੀ ਦੁਕਾਨ ਦੇ ਮਾਲਕ ਕਸ਼ਮੀਰ ਸਿੰਘ ਕਾਮਰੇਡ ਅਤੇ ਉਸ ਦੇ ਲੜਕੇ ਜਾਬਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੀ ਰਾਤ ਉਹ ਆਪਣੀ ਦੁਕਾਨ ਬੰਦ ਕਰ ਕੇ ਆਪਣੇ ਘਰ ਚਲਾ ਗਿਆ ਸੀ ਅਤੇ ਕੁੱਝ ਦੇਰ ਬਾਅਦ ਹੀ ਉਸ ਦੀਆਂ ਪੋਤਰੀਆਂ ਨੇ ਦੇਖਿਆ ਕਿ ਉਨ੍ਹਾਂ ਦੀ ਦੁਕਾਨ 'ਚੋਂ ਧੂੰਆਂ ਨਿਕਲ ਰਿਹਾ ਸੀ ਅਤੇ ਜਦ ਅਸੀਂ ਭੱਜ ਕੇ ਦੁਕਾਨ ਦਾ ਸ਼ਟਰ ਚੱਕਿਆ ਤਾਂ ਦੁਕਾਨ ਨੂੰ ਅੱਗ ਨੇ ਆਪਣੀ ਲਪੇਟ 'ਚ ਲੈ ਲਿਆ ਸੀ ਅਤੇ ਅੰਦਰ ਪਿਆ ਸਮਾਨ ਸੜ ਰਿਹਾ ਸੀ ਜਿਸ ਨੂੰ ਵੇਖ ਕੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਬੁਲਾਇਆ ਗਿਆ ਅਤੇ ਪੁਲਸ ਤੇ ਲੋਕਾਂ ਦੀ ਮਦਦ ਨਾਲ ਬੜੀ ਮੁਸ਼ਕਲ ਨਾਲ ਅੱਗ ਦੇ ਕਾਬੂ ਪਾਇਆ ਗਿਆ ਪਰ ਜਦੋਂ ਤੱਕ ਅੱਗ 'ਤੇ ਕਾਬੂ ਪਾਇਆ ਤਦ ਤੱਕ ਉਸ ਦਾ 3 ਲੱਖ ਤੋਂ ਵੱਧ ਅੰਦਰ ਪਿਆ ਸਮਾਨ ਸੜ ਕੇ ਸਵਾਹ ਹੋ ਗਿਆ ਸੀ। ਕਸ਼ਮੀਰ ਸਿੰਘ ਕਾਮਰੇਡ ਅਤੇ ਜਾਬਰ ਸਿੰਘ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਕੋਲੋਂ ਮੰਗ ਕਰਦੇ ਹੋਏ ਕਿਹਾ ਕਿ ਅੱਗ ਨਾਲ ਨੁਕਸਾਨੇ ਗਏ ਸਮਾਨ ਦਾ ਮੁਆਵਜ਼ਾ ਦਿੱਤਾ ਜਾਵੇ।

# ਸ੍ਰੀ ਹਜ਼ੂਰ ਸਾਹਿਬ ਵਿਖੇ ਬੰਦੀਛੋੜ ਦਿਵਸ ਉਤਸ਼ਾਹ ਨਾਲ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**



ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਹਰ ਸਾਲ ਦੀ ਤਰ੍ਹਾਂ ਬੰਦੀਛੋੜ ਦਿਵਸ ਦੀਪਮਾਲਾ ਤਿਉਹਾਰ ਬੜੇ ਉਤਸ਼ਾਹ, ਸ਼ਰਧਾ ਭਾਵਨਾ ਤੇ ਚੜ੍ਹਦੀ ਕਲਾ ਨਾਲ ਮਨਾਇਆ ਗਿਆ। ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਨੇ ਦੱਸਿਆ ਕਿ ਬੰਦੀਛੋੜ ਦਿਵਸ ਸਮੇਂ ਦੁਨੀਆ ਭਰ ਤੋਂ ਪੁੱਜੇ ਸ਼ਰਧਾਲੂਆਂ ਨੇ ਤਖ਼ਤ ਸਾਹਿਬ ਵਿਖੇ ਦੀਵੇ ਬਾਲ ਕੇ ਗੁਰੂ ਮਹਾਰਾਜ ਪ੍ਰਤੀ ਸ਼ਰਧਾ ਅਤੇ ਪਿਆਰ ਦਾ ਪ੍ਰਗਟਾਵਾ ਕੀਤਾ। ਇਸ ਦਿਨ ਛੇਵੇਂ ਸਤਿਗੁਰੂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿੱਚੋਂ 52 ਰਾਜਿਆਂ ਨਾਲ ਰਿਹਾਅ ਹੋਏ ਸਨ ਤੇ ਸ੍ਰੀ ਅੰਮ੍ਰਿਤਸਰ ਵਿਖੇ ਪੁੱਜੇ ਸਨ। ਇਸ ਯਾਦ ਵਿੱਚ ਹਰ ਸਾਲ ਖ਼ਾਲਸਾ ਪੰਥ ਵੱਲੋਂ ਪੂਰੇ ਵਿਸ਼ਵ ਵਿੱਚ ਦੀਪਮਾਲਾ ਕਰਕੇ ਬੰਦੀ ਛੋੜ ਦਿਵਸ ਮਨਾਇਆ ਜਾਂਦਾ ਹੈ। ਤਖ਼ਤ ਸੱਚਖੰਡ ਸਾਹਿਬ ਵਿਖੇ ਪੁਰਾਤਨ ਚਲੀ ਆ ਰਹੀ ਮਰਯਾਦਾ ਅਨੁਸਾਰ ਮਿਤੀ 22 ਅਕਤੂਬਰ ਨੂੰ ਦੀਪਮਾਲਾ ਮਹੱਲੇ ਦੇ ਸਨਮਾਨ ਵਿੱਚ ਤੋਪ ਦੇ ਫਾਇਰ ਕੀਤੇ ਗਏ। ਜੱਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ, ਸਮੂਹ ਪੰਜ ਪਿਆਰੇ ਸਾਹਿਬਾਨ ਦੀ ਰਾਹਨੁਮਾਈ ਹੇਠ ਤਖ਼ਤ ਸਾਹਿਬ ਤੋਂ ਬਾਅਦ ਦੁਪਹਿਰ ਚਾਰ ਵਜੇ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਨਾਲ ਦੀਪਮਾਲਾ ਮਹੱਲਾ ਪੂਰੀ ਸੱਜ ਧੱਜ ਤੇ ਸ਼ਾਨੋ ਸ਼ੌਕਤ ਨਾਲ ਕੱਢਿਆ ਗਿਆ। ਜਿਸ ਵਿੱਚ ਨਿਸ਼ਾਨਚੀ ਸਿੰਘ, ਗੁਰੂ ਮਹਾਰਾਜ ਦੇ ਤਬੇਲੇ ਵਿਚੋਂ ਸੋਨਾ ਚਾਂਦੀ ਜੜਤ ਕਾਠੀ ਵਾਲੇ ਘੋੜੇ, ਨਗਾਰਚੀ ਸਿੰਘ, ਹਜ਼ੂਰੀ ਖ਼ਾਲਸਾ, ਸ਼ਬਦ ਕੀਰਤਨੀ ਮੰਡਲੀਆਂ, ਗਤਕਾ, ਬੈਂਡ ਪਾਰਟੀਆਂ ਅਤੇ ਦੇਸ਼ ਭਰ ਤੋਂ ਸ਼ਰਧਾਲੂ ਸ਼ਾਮਿਲ ਹੋਏ। ਖ਼ਾਲਸਾ ਹੱਲਾ ਬੋਲ ਚੌਕ ਵਿੱਚ 'ਹੱਲੇ' ਦੀ ਅਰਦਾਸ ਹੋਈ। ਇਸ ਤੋਂ ਬਾਅਦ ਦੀਪਮਾਲਾ ਮਹੱਲਾ ਗੁਰਦੁਆਰਾ ਬਾਉਲੀ ਦਸਮੇਸ਼ ਸਾਹਿਬ, ਬਾਫਨਾ ਚੌਂਕ, ਸ਼ਹੀਦ ਭਗਤ ਸਿੰਘ ਰੋਡ, ਅਬਿਚਲਨਗਰ ਅਤੇ ਮੋਂਢਾ ਤੋਂ ਹੁੰਦਾ ਹੋਇਆ ਗੁਰਦੁਆਰਾ ਨਗੀਨਾਘਾਟ ਸਾਹਿਬ ਵਿਖੇ ਪੁੱਜਿਆ। ਏਥੇ ਥੋੜ੍ਹੇ ਵਿਸ਼ਰਾਮ ਉਪਰੰਤ ਦੇਰ ਰਾਤ ਤਖ਼ਤ ਸਾਹਿਬ ਵਿਖੇ ਵਾਪਸ ਪਹੁੰਚਿਆ। ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ, ਹਰਜੀਤ ਸਿੰਘ ਕੜ੍ਹੇਵਾਲੇ ਸੁਪਰਡੈਂਟ ਨੇ ਬੰਦੀਛੋੜ ਦਿਵਸ ਦੀਪਮਾਲਾ ਮਹੱਲਾ ਵਿੱਚ ਸ਼ਾਮਲ ਹੋਈਆਂ ਸਮੂਹ ਪੰਥਕ ਜਥੇਬੰਦੀਆਂ, ਸੰਤ ਮਹਾਂਪੁਰਸ਼ ਤੇ ਹਜ਼ੂਰੀ ਸਾਧ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਵਧਾਈਆਂ ਦਿੱਤੀਆਂ।

# ਤਸਕਰੀ ਨਾਲ ਜੁੜੇ ਚਾਰ ਵਿਅਕਤੀ 4 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ ਐਸ ਓ ਸੀ) ਅੰਮ੍ਰਿਤਸਰ ਨੇ ਚਾਰ ਮੁੱਖ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚਲ ਰਹੇ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਸ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ ਚਾਰ ਆਧੁਨਿਕ .30 ਬੋਰ ਸਟਾਰ ਮਾਰਕ ਪਿਸਤੌਲਾਂ ਦੇ ਨਾਲ-ਨਾਲ ਗੋਲੀ ਸਿੱਕਾ ਵੀ ਬਰਾਮਦ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਜੁਗਰਾਜ ਸਿੰਘ ਉਰਫ਼ ਚਿਰੀ ਵਾਸੀ ਪਿੰਡ ਭਗਵਾਨਪੁਰਾ, ਕੁਲਬੀਰ ਸਿੰਘ ਉਰਫ਼ ਨੰਨੂ ਉਰਫ਼ ਕਾਲੂ ਵਾਸੀ ਪਿੰਡ ਦਲੀਰੀ, ਅਰਸ਼ਦੀਪ ਸਿੰਘ ਵਾਸੀ ਪਿੰਡ ਦਲੀਰੀ ਅਤੇ ਨਛੱਤਰ ਸਿੰਘ ਵਾਸੀ ਪਿੰਡ ਦਿਆਲਪੁਰ ਵਜੋਂ ਹੋਈ ਹੈ।ਇਹ ਕਾਰਵਾਈ ਐਸ ਐਸ ਓ ਸੀ ਅੰਮ੍ਰਿਤਸਰ ਵੱਲੋਂ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਚਾਰ ਗਲੌਕ ਪਿਸਤੌਲਾਂ ਤੇ 2 ਕਿਲੋ ਹੈਰੋਇਨ ਬਰਾਮਦ ਕਰਕੇ ਇਸੇ ਤਰ੍ਹਾਂ ਦੇ ਇੱਕ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਨ ਉਪਰੰਤ ਸਾਹਮਣੇ ਆਈ ਹੈ।ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ-ਅਧਾਰਤ ਤਸਕਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ ਜੋ ਡਰੋਨ ਰਾਹੀਂ ਸਰਹੱਦੀ ਰਾਜ ਵਿੱਚ ਸਰਹੱਦ ਪਾਰੋਂ ਹਥਿਆਰਾਂ ਦੀ ਆਵਾਜਾਈ ਦਾ ਪ੍ਰਬੰਧ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਸਮੁੱਚੇ ਨੈੱਟਵਰਕ ਦਾ ਪਰਦਾਫਾਸ਼ ਕਰਕੇ ਇਸ ਨੂੰ ਨਸ਼ਟ ਕੀਤਾ ਜਾ ਸਕੇ।ਏ ਆਈ ਜੀ ਐਸ ਐਸ ਓ ਸੀ ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਕਾਰਵਾਈ ਸਬੰਧੀ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਕੁਝ ਵਿਅਕਤੀਆਂ ਵੱਲੋਂ ਹਥਿਆਰਾਂ ਦੀ ਖੇਪ ਦੀ ਪ੍ਰਾਪਤੀ ਬਾਰੇ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਐਸ ਐਸ ਓ ਸੀ ਅੰਮ੍ਰਿਤਸਰ ਦੀਆਂ ਪੁਲਸ ਟੀਮਾਂ ਨੇ ਚਾਰੋਂ ਸ਼ੱਕੀ ਮੁਲਜ਼ਮਾਂ ਦੇ ਕਬਜ਼ੇ 'ਚੋਂ ਹਥਿਆਰ ਅਤੇ ਗੋਲਾ ਬਾਰੂਦ ਬਰਾਮਦ ਕਰਨ ਉਪਰੰਤ ਉਹਨਾਂ ਨੂੰ ਗ੍ਰਿਫ਼ਤਾਰ ਕਰ ਲਿਆ।ਏ ਆਈ ਜੀ ਨੇ ਕਿਹਾ ਕਿ ਇਹ ਵੀ ਪਤਾ ਲੱਗਾ ਹੈ ਕਿ ਮੁੱਖ ਦੋਸ਼ੀ ਜੁਗਰਾਜ ਸਿੰਘ ਨੂੰ ਪਹਿਲਾਂ ਵੀ ਜੂਨ 2025 ਵਿੱਚ ਨਸ਼ਿਆਂ ਸਬੰਧੀ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਸ ਨੇ ਲਗਭਗ ਦੋ ਮਹੀਨੇ ਜੇਲ੍ਹ ਵਿੱਚ ਬਿਤਾਏ ਸਨ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।ਇਸ ਸਬੰਧੀ ਕੇਸ ਥਾਣਾ ਐਸ ਐਸ ਓ ਸੀ ਅੰਮ੍ਰਿਤਸਰ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।

# ਪੁਲਸ ਪ੍ਰਸ਼ਾਸਨ ਤੋਂ ਪ੍ਰੇਸ਼ਾਨ ਲੋਕਾਂ ਦੀ ਇੱਕ ਵਿਸ਼ੇਸ਼ ਮੀਟਿੰਗ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**

ਪੰਜਾਬ ਭਰ ਵਿੱਚ ਆਮ ਲੋਕ ਪੁਲਿਸ ਪ੍ਰਸ਼ਾਸਨ ਤੋਂ ਡਾਢੇ ਦੁਖੀ ਹਨ। ਪੁਲਸ ਨੂੰ ਹੇਠਾਂ ਤੋਂ ਲੈ ਕੇ ਉੱਪਰ ਤੱਕ ਕੋਈ ਜਾਇਜ਼ ਕੰਮ ਵੀ ਰਿਸ਼ਵਤ ਦੇਣ ਤੋਂ ਬਗੈਰ ਨਹੀਂ ਹੁੰਦਾ। ਪੁਲਸ ਪ੍ਰਸ਼ਾਸਨ ਤੋਂ ਹੱਦੋਂ ਜ਼ਿਆਦਾ ਪ੍ਰੇਸ਼ਾਨ ਪੀੜਤ ਲੋਕਾਂ ਨੇ ਇੱਕ ਵਿਸ਼ੇਸ਼ ਮੀਟਿੰਗ ਸਮਾਜ ਸੇਵਕ ਹਰਦੀਪ ਸਿੰਘ ਬੱਗਾ ਕਲਾਂ ਦੀ ਪ੍ਰਧਾਨਗੀ ਹੇਠ ਅਜਨਾਲਾ ਵਿਖੇ ਕੀਤੀ, ਜਿਸ ਵਿਚ ਉਚੇਚੇ ਤੌਰ ਤੇ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ ਪੀ ਐਮ ਓ) ਦੇ ਕਨਵੀਨਰ ਡਾ. ਸਤਨਾਮ ਸਿੰਘ ਅਜਨਾਲਾ ਵਿਸ਼ੇਸ਼ ਵੀ ਤੌਰ 'ਤੇ ਸ਼ਾਮਲ ਹੋਏ। ਉਹਨਾਂ ਮੀਟਿੰਗ ਵਿੱਚ ਦੱਸਿਆ ਕਿ 16 ਮਾਰਚ 2022 ਨੂੰ ਭਗਵੰਤ ਮਾਨ ਦੀ ਸਰਕਾਰ ਨੇ ਖਟਕੜ ਕਲਾਂ ਵਿਖੇ ਸਹੁੰ ਚੁੱਕ ਸਮਾਗਮ ਵਿੱਚ ਜ਼ੋਰ ਦੇ ਕੇ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਵਿਚ ਭ੍ਰਿਸ਼ਟਾਚਾਰ ਦੀ ਕੋਈ ਥਾਂ ਨਹੀਂ ਹੋਵੇਗੀ ਅਤੇ ਸਿਵਲ ਤੇ ਪੁਲਸ ਪ੍ਰਸ਼ਾਸਨ ਕੋਈ ਵੀ ਰਿਸ਼ਵਤ ਨਹੀਂ ਲਏਗਾ ਅਤੇ ਨਸ਼ਾਖੋਰੀ ਪੂਰੀ ਤਰ੍ਹਾਂ ਬੰਦ ਕੀਤੀ ਜਾਵੇਗੀ। ਡਾ. ਅਜਨਾਲਾ ਨੇ ਅੱਗੇ ਕਿਹਾ ਕਿ ਪੁਲਸ ਦਾ ਵੱਡਾ ਆਹੁਦੇਦਾਰ ਹਰਚਰਨ ਸਿੰਘ ਭੁੱਲਰ 5 ਲੱਖ ਰੁਪਏ ਰਿਸ਼ਵਤ ਲੈਂਦਾ ਮੌਕੇ 'ਤੇ ਫੜਿਆ ਗਿਆ। ਇਸ ਤਰ੍ਹਾਂ ਪੰਜਾਬ ਦੇ ਹੋਰ ਬਹੁਤ ਪੁਲਸ ਅਫਸਰਾਂ ਵਿਰੁੱਧ ਕੇਸ ਚੱਲ ਰਹੇ ਹਨ। ਮੀਟਿੰਗ 'ਚ ਸ਼ਾਮਲ ਸਮੂਹ ਆਗੂਆਂ ਨੇ ਬੜੇ ਗੁੱਸੇ ਭਰੇ ਲਹਿਜੇ ਨਾਲ ਕਿਹਾ ਕਿ ਅਜਨਾਲਾ ਪੁਲਸ ਪ੍ਰਸ਼ਾਸਨ ਵੀ ਕਿਸੇ ਤੋਂ ਘੱਟ ਨਹੀਂ ਹੈ ਜਿੱਥੇ ਕਿਸੇ ਵੀ ਪੀੜਤ ਨੂੰ ਇਨਸਾਫ਼ ਨਹੀਂ ਮਿਲਦਾ ਜਿਸ ਦੀਆਂ ਅਨੇਕ ਮਿਸਾਲਾਂ ਹਨ ਅਤੇ ਅਨੇਕਾਂ ਦੋਸ਼ੀ ਦਨਦਨਾ ਰਹੇ ਹਨ ਹਨ। ਜਿਸ ਦੀ ਉਘੜਦੀ ਮਿਸਾਲ ਹੈ ਕਿ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ ਦੇ ਇਰਾਦਾ ਕਤਲ ਦੇ ਦੋਸ਼ੀ ਅਤੇ ਕਮੀਰਪੁਰਾ ਹਰਪ੍ਰੀਤ ਕੌਰ ਦੇ ਬਲਾਤਕਾਰੀਆਂ ਨੂੰ ਵੀ ਪੁਲਸ ਬਚਾ ਰਹੀ ਹੈ। ਇਸ ਤਰ੍ਹਾਂ ਅਜਿਹੇ ਕਈ ਕੇਸ ਹੋਰ ਵੀ ਹਨ। ਅਜਿਹੇ ਸਾਰੇ ਕੇਸ ਐਸ ਐਸ ਪੀ ਅੰਮ੍ਰਿਤਸਰ ਦਿਹਾਤੀ ਹੋਣਾ ਦੇ ਧਿਆਨ ਵਿੱਚ ਕਈ ਵਾਰ ਲਿਆਂਦੇ ਹਨ ਪ੍ਰੰਤੂ ਉਹਨਾਂ ਵੱਲੋਂ ਵੀ ਕੋਈ ਇਨਸਾਫ਼ ਨਹੀਂ ਮਿਲਿਆ ਜਿਸ ਕਾਰਨ ਲੋਕਾਂ ਵਿੱਚ ਗੁੱਸੇ ਦੀ ਲਹਿਰ ਦੌੜ ਗਈ ਹੈ। ਜੇਕਰ ਅਜੇ ਵੀ ਪੀੜਤ ਲੋਕਾਂ ਨੂੰ ਪੁਲਸ ਵੱਲੋਂ ਜਲਦੀ ਇਨਸਾਫ਼ ਨਾ ਮਿਲਿਆ ਤਾਂ ਜਨਤਕ ਜਥੇਬੰਦੀਆਂ ਵੱਲੋਂ ਐਸ ਐਸ ਪੀ ਅੰਮ੍ਰਿਤਸਰ ਦਿਹਾਤੀ ਦੇ ਦਫਤਰ ਸਾਹਮਣੇ ਵਿਸ਼ਾਲ ਰੋਸ ਧਰਨਾ ਲਗਾਇਆ ਜਾਵੇਗਾ। ਮੀਟਿੰਗ ਵਿੱਚ ਜੱਗਾ ਸਿੰਘ ਡੱਲਾ, ਗਾਇਕ ਗੁਰਪਾਲ ਗਿੱਲ ਸੈਦਪੁਰ, ਸਾਬਕਾ ਸਰਪੰਚ ਇੰਦਰਜੀਤ ਸਿੰਘ ਅਨੈਤਪੁਰਾ, ਹਰਨੇਕ ਸਿੰਘ ਨੇਪਾਲ, ਸਤਨਾਮ ਸਿੰਘ ਡਿਆਲ ਭੱਟੀ, ਕੁਲਦੀਪ ਸਿੰਘ ਅਜਨਾਲਾ, ਲਖਬੀਰ ਸਿੰਘ ਤੇੜਾਂ, ਬਲਵਿੰਦਰ ਸਿੰਘ ਡਿਆਲ ਭੱਟੀ, ਵਿਦਿਆਰਥੀ ਆਗੂ ਸੰਤ ਸਿੰਘ, ਰਸ਼ਪਾਲ ਸਿੰਘ ਬੱਲ ਲੱਬੇ ਦਰਿਆ ਆਦਿ ਆਗੂ ਸ਼ਾਮਲ ਸਨ।

# ਸੀਨੀਅਰ ਆਗੂ ਬੰਟੀ ਦੋਬਲੀਆਂ ਦੀ ਆਮ ਆਦਮੀ ਪਾਰਟੀ 'ਚ ਹੋਈ ਘਰ ਵਾਪਸੀ

**ਤਰਨ ਤਾਰਨ (ਨ ਜ਼ ਸ)**

ਤਰਨ ਤਾਰਨ ਜ਼ਿਮਨੀ ਚੋਣ ਤੋਂ ਪਹਿਲਾਂ ਕਾਂਗਰਸ 'ਚ ਸ਼ਾਮਲ ਹੋਏ ਸੀਨੀਅਰ ਆਪ ਆਗੂ ਚਿਤਵੰਤ ਸਿੰਘ ਬੰਟੀ ਦੋਬਲੀਆਂ ਮੁੜ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ।ਬੁੱਧਵਾਰ ਨੂੰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਚਿਤਵੰਤ ਸਿੰਘ ਬੰਟੀ ਦੋਬਲੀਆਂ ਨੂੰ ਪਾਰਟੀ ਵਿੱਚ ਸ਼ਾਮਲ ਕਰਕੇ ਘਰ ਵਾਪਸੀ ਕਰਵਾਈ। ਇਸ ਮੌਕੇ ਪਾਰਟੀ ਦੇ ਸੀਨੀਅਰ ਜ਼ਿਲ੍ਹਾ ਆਗੂਆਂ ਜਿਨ੍ਹਾਂ ਵਿੱਚ ਚੇਅਰਮੈਨ ਗੁਰਦੇਵ ਸਿੰਘ ਲਾਖਣਾ, ਗੁਰਵਿੰਦਰ ਸਿੰਘ ਅਤੇ ਰਜਿੰਦਰ ਸਿੰਘ ਮੌਜੂਦ ਸਨ।ਬੰਟੀ ਦੋਬਲੀਆਂ ਦੀ ਪਾਰਟੀ ਪ੍ਰਤੀ ਸੇਵਾ ਨੂੰ ਯਾਦ ਕਰਦਿਆਂ ਮੰਤਰੀ ਭੁੱਲਰ ਨੇ ਕਿਹਾ ਕਿ ਉਹ ਉਨ੍ਹਾਂ ਵਰਕਰਾਂ ਵਿੱਚੋਂ ਹਨ ਜਿਨ੍ਹਾਂ ਨੇ ਤਰਨ ਤਾਰਨ ਜ਼ਿਲ੍ਹੇ ਵਿੱਚ ਪਾਰਟੀ ਨੂੰ ਪੈਰਾਂ ਸਿਰ ਖੜ੍ਹੇ ਕਰਨ ਲਈ ਆਪਣਾ ਘਰ ਬਾਹਰ, ਸਾਰੇ ਕੰਮ-ਕਾਰ ਛੱਡ ਕੇ ਦਿਨ-ਰਾਤ ਮਿਹਨਤ ਕੀਤੀ। ਉਨ੍ਹਾਂ ਦੱਸਿਆ ਕਿ ਬੰਟੀ ਦੋਬਲੀਆਂ ਬਲਾਕ ਪ੍ਰਧਾਨ ਅਤੇ ਕਿਸਾਨ ਵਿੰਗ ਦੇ ਹਲਕੇ ਦੇ ਮੈਂਬਰ ਸਮੇਤ ਕਈ ਅਹੁਦਿਆਂ 'ਤੇ ਰਹੇ ਹਨ ਅਤੇ ਉਨ੍ਹਾਂ ਨੇ 2017 ਵਿੱਚ ਕਰਤਾਰ ਪਹਿਲਵਾਨ ਅਤੇ 2022 ਵਿੱਚ ਕਸ਼ਮੀਰ ਸੋਹਲ ਨੂੰ ਐੱਮ.ਐੱਲ.ਏ. ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਸੀ।ਉਨ੍ਹਾਂ ਕਿਹਾ ਕਿ ਆਉਣ ਵਾਲੀ ਜ਼ਿਮਨੀ ਚੋਣ ਵਿੱਚ ਵੀ ਬੰਟੀ ਦੋਬਲੀਆਂ ਅਤੇ ਸਾਡੇ ਸਾਰੇ ਸਾਥੀ ਰਲ ਕੇ ਹਰਮੀਤ ਸਿੰਘ ਸੰਧੂ ਨੂੰ ਐੱਮ.ਐੱਲ.ਏ. ਬਣਾ ਕੇ ਵਿਧਾਨ ਸਭਾ ਵਿੱਚ ਭੇਜਣਗੇ। ਮੰਤਰੀ ਭੁੱਲਰ ਨੇ ਤਰਨ ਤਾਰਨ



ਵਿਧਾਨ ਸਭਾ ਹਲਕੇ ਦੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਉਹ ਇਸ ਚੋਣ ਨੂੰ ਇਕੱਲੇ ਉਮੀਦਵਾਰ ਦੀ ਨਹੀਂ, ਬਲਕਿ ਆਪਣੇ ਭਵਿੱਖ ਦੀ ਇਲੈਕਸ਼ਨ ਸਮਝਣ ਅਤੇ ਹਰਮੀਤ ਸਿੰਘ ਸੰਧੂ ਨੂੰ ਵੱਡੀ ਲੀਡ ਨਾਲ ਜਿਤਾ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜ਼ਬੂਤ ਕਰਨ। ਉਨ੍ਹਾਂ ਵਰਕਰਾਂ ਨੂੰ ਯਕੀਨ ਦਿਵਾਇਆ ਕਿ ਆਪ ਦੇ ਵਰਕਰ ਅਸੰਭਵ ਨੂੰ ਸੰਭਵ ਬਣਾਉਣ ਦੀ ਸਮਰੱਥਾ ਰੱਖਦੇ ਹਨ।

# ਖਾਲਸਾ ਸਪੋਰਟਸ ਅਕੈਡਮੀ ਦੇ ਫੈਂਸਿੰਗ ਖਿਡਾਰੀਆਂ ਨੇ ਰਾਜ ਪੱਧਰੀ ਸਕੂਲ ਖੇਡਾਂ 'ਚ 24 ਤਗਮੇ ਜਿੱਤੇ

**ਗੁਰਦਾਸਪੁਰ (ਜਨਕ ਮਹਾਜਨ)**

ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਦੇ ਫੈਂਸਿੰਗ (ਤਲਵਾਰਬਾਜ਼ੀ) ਦੇ ਖਿਡਾਰੀਆਂ ਨੇ 69ਵੀਆਂ ਪੰਜਾਬ ਸਕੂਲ ਖੇਡਾਂ 2025-26 ਫੈਂਸਿੰਗ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕੁੱਲ 24 ਤਗਮੇ (10 ਸੋਨੇ ਦੇ, 8 ਚਾਂਦੀ ਅਤੇ 6 ਕਾਂਸੇ ਦੇ ਤਗਮੇ) ਜਿੱਤ ਕੇ ਆਲਓਵਰ ਰਾਜ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕਰਕੇ ਜ਼ਿਲ੍ਹਾ ਗੁਰਦਾਸਪੁਰ, ਆਪਣੀ ਅਕੈਡਮੀ, ਕੋਚਾਂ ਅਤੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਹੈ। ਅਕੈਡਮੀ ਦੇ ਕੁੱਲ 7 ਖਿਡਾਰੀਆਂ (ਪੰਜ ਲੜਕੇ ਮਨਰਾਜ ਸਿੰਘ, ਐਰਨ ਕੁਮਾਰ, ਕੁੰਵਰਪ੍ਰਤਾਪ ਸਿੰਘ, ਭਵਜੀਤ ਸਿੰਘ, ਵਿਵਾਨ ਵਰਮਾ ਅਤੇ ਦੋ ਲੜਕੀਆਂ ਹਰਜਪਜੀ ਕੌਰ ਅਤੇ ਅਮਿਤੋਜ) ਦੀ ਕੌਮੀ ਪੱਧਰ ਫੈਂਸਿੰਗ ਮੁਕਾਬਲਿਆਂ ਲਈ ਚੋਣ ਹੋਈ ਹੈ। ਇਸ ਸਬੰਧੀ ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਦੇ ਪ੍ਰਿੰਸੀਪਲ ਹਰਜਿੰਦਰ ਸਿੰਘ ਅਤੇ ਫੈਂਸਿੰਗ ਕੋਚ ਮਨਦੀਪ ਸਿੰਘ ਵਿੱਕੀ ਤੇ ਕੋਚ ਹਰਦੀਪ ਸਿੰਘ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੈਂਸਿੰਗ ਮੁਕਾਬਲੇ ਫਤਿਹਗੜ੍ਹ ਸਾਹਿਬ ਅਤੇ ਮਾਨਸਾ ਵਿਖੇ ਹੋਏ। ਇਨ੍ਹਾਂ ਫੈਂਸਿੰਗ ਮੁਕਾਬਲਿਆਂ ਦੌਰਾਨ ਅੰਡਰ-14 (ਲੜਕੇ) ਈਵੈਂਟ ਸੈਬਰ ਟੀਮ (ਮਨਰਾਜ ਸਿੰਘ, ਐਰਨ ਕੁਮਾਰ, ਸਮਰਜੀਤ) ਨੇ ਸੋਨ ਤਗਮਾ ਜਿੱਤਿਆ, ਵਿਅਕਤੀਗਤ ਸੈਬਰ ਮੁਕਾਬਲੇ ਮਨਰਾਜ ਸਿੰਘ ਨੇ ਸੋਨ ਤਗਮਾ, ਐਰਨ ਕੁਮਾਰ ਚਾਂਦੀ ਦਾ ਤਗਮਾ ਜਿੱਤਿਆ। ਅੰਡਰ -17 (ਲੜਕੇ) ਈਵੈਂਟ ਸੈਬਰ ਟੀਮ (ਕੁੰਵਰਪ੍ਰਤਾਪ ਸਿੰਘ, ਭਵਜੀਤ ਸਿੰਘ ਅਤੇ ਅਗਮ) ਨੇ ਸੋਨ ਤਗਮਾ ਜਿੱਤਿਆ, ਵਿਅਕਤੀਗਤ ਮੁਕਾਬਲਿਆਂ ਵਿੱਚ ਕੁੰਵਰਪ੍ਰਤਾਪ ਸਿੰਘ ਨੇ ਸੋਨ ਤਗਮਾ ਅਤੇ ਭਵਜੀਤ ਸਿੰਘ ਨੇ ਚਾਂਦੀ ਦਾ ਤਗਮਾ ਜਿੱਤਿਆ। ਅੰਡਰ-17 (ਲੜਕੀਆਂ) ਵਿੱਚ ਹਰਜਪਜੀ ਕੌਰ ਨੇ ਈਵੈਂਟ ਇੱਪੀ ਟੀਮ ਚਾਂਦੀ ਦਾ ਤਗਮਾ ਅਤੇ ਈਵੈਂਟ ਫੋਇਲ ਵਿਅਕਤੀਗਤ ਮੁਕਾਬਲੇ ਵਿੱਚ ਚਾਂਦੀ ਤਗਮਾ ਜਿੱਤਿਆ। ਅੰਡਰ-19 (ਲੜਕੇ) ਈਵੈਂਟ ਸੈਬਰ ਟੀਮ ਵਿੱਚ ਪ੍ਰਭਨੂਰ ਸਿੰਘ ਅਤੇ ਹਰਜਾਪ ਸਿੰਘ ਨੇ ਸੋਨ ਤਗਮਾ ਜਿੱਤਿਆ। ਈਵੈਂਟ ਇੱਪੀ ਟੀਮ ਵਿੱਚ ਇਸ਼ਜੋਤ ਸਿੰਘ ਬੱਬਰ, ਵਿਵਾਨ ਵਰਮਾ, ਹਰਜਾਪ ਸਿੰਘ ਤੇ ਭਵਨੀਸ਼ ਭਗਤ ਨੇ ਚਾਂਦੀ ਦਾ ਤਗਮਾ ਜਿੱਤਿਆ, ਜਦਕਿ ਈਵੈਂਟ ਇੱਪੀ ਵਿਅਕਤੀਗਤ ਮੁਕਾਬਲੇ ਵਿੱਚ ਵਿਵਾਨ ਵਰਮਾ ਨੇ ਕਾਂਸੇ ਦਾ ਤਗਮਾ ਜਿੱਤਿਆ। ਫੋਇਲ ਟੀਮ ਵਿੱਚ ਇਸ਼ਜੋਤ ਸਿੰਘ ਬੱਬਰ ਅਤੇ ਵਿਵਾਨ ਵਰਮਾ ਨੇ ਕਾਂਸੇ ਦਾ ਤਗਮਾ ਜਿੱਤਿਆ। ਅੰਡਰ-19 (ਲੜਕੀਆਂ) ਈਵੈਂਟ ਇੱਪੀ ਟੀਮ ਵਿੱਚ ਅਮਿਤੋਜ ਅਤੇ ਨਿਹਾਰਿਕਾ ਨੇ ਕਾਂਸੇ ਦਾ ਤਗਮਾ ਜਿੱਤਿਆ ਅਤੇ ਇੱਪੀ ਵਿਅਕਤੀਗਤ ਮੁਕਾਬਲੇ ਵਿੱਚ ਅਮਿਤੋਜ ਨੇ ਕਾਂਸੇ ਦਾ ਤਗਮਾ ਜਿੱਤਿਆ। ਤਗਮੇਂ ਜੇਤੂ ਖਿਡਾਰੀਆਂ ਦਾ ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਵਿਖੇ ਪਹੁੰਚਣ 'ਤੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰਦਾਸਪੁਰ ਦੇ ਪ੍ਰਿੰਸੀਪਲ ਹਰਜਿੰਦਰ ਸਿੰਘ ਵਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਖਿਡਾਰੀਆਂ, ਉਨ੍ਹਾਂ ਦੇ ਕੋਚਾਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।




# ਵਿਸ਼ਵਕਰਮਾ ਉਤਸਵ ਸ਼ਰਧਾ ਨਾਲ ਮਨਾਇਆ



**ਨੂਰਮਹਿਲ, ਨਕੋਦਰ (ਬਾਲ ਕ੍ਰਿਸ਼ਨ ਬਾਲੀ, ਮਨਜੀਤ ਸਿੰਘ ਮਾਨ)**

ਬਾਬਾ ਵਿਸ਼ਵਕਰਮਾ ਦੇ ਉਤਸਵ ਮੌਕੇ ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਹਲਕਾ ਨਕੋਦਰ ਦੇ ਵੱਖ-ਵੱਖ ਸ਼ਹਿਰਾਂ ਅਤੇ ਪਿੰਡਾਂ ਵਿੱਚ ਸੰਗਤਾਂ ਦੇ ਦਰਸ਼ਨ ਕੀਤੇ ਅਤੇ ਕਿਰਤ ਦੀ ਮਹੱਤਤਾ 'ਤੇ ਚਾਨਣਾ ਪਾਇਆ। ਜਾਣਕਾਰੀ ਦਿੰਦਿਆਂ ਹਲਕਾ ਨਕੋਦਰ ਦੇ ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਨੇ ਦੱਸਿਆ ਕਿ ਕਿਰਤ ਦੇ ਦੇਵਤਾ ਬਾਬਾ ਵਿਸ਼ਵਕਰਮਾ ਜੀ ਨੂੰ ਸਮਰਪਿਤ ਵਿਸ਼ਾਲ 'ਵਿਸ਼ਵਕਰਮਾ ਉਤਸਵ' ਨਕੋਦਰ, ਨੂਰਮਹਿਲ,ਬਿਲਗਾ ਅਤੇ ਕੋਟ ਬਾਦਲ ਖਾਂ ਆਦਿ ਪਿੰਡਾਂ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਉਨ੍ਹਾਂ ਨੇ ਸਮੂਹ ਕਿਰਤੀ ਭਾਈਚਾਰੇ ਨੂੰ ਵਧਾਈ ਦਿੰਦਿਆਂ ਬਾਬਾ ਵਿਸ਼ਵਕਰਮਾ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸ. ਵਡਾਲਾ ਨੇ ਇਸ ਸ਼ਾਨਦਾਰ ਸਮਾਗਮ ਦੇ ਸਫਲ ਆਯੋਜਨ ਲਈ ਪ੍ਰਬੰਧਕ ਕਮੇਟੀ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਉਤਸਵ ਸਾਡੀ ਵਿਰਾਸਤ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਨੂੰ ਆਪਣੀ ਮਹਾਨ ਸੰਸਕ੍ਰਿਤੀ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

# ਗੁਰਦਾਸਪੁਰ ਵਾਸੀਆਂ ਲਈ ਮਸੀਹਾ ਬਣੇ ਸਿਮਰਜੀਤ ਸਿੰਘ ਸਾਬੂ



**ਗੁਰਦਾਸਪੁਰ (ਦਿਨੇਸ਼ ਕੁਮਾਰ)**- ਮੌਜੂਦਾ ਸਮੇਂ ਵਿਚ ਡੇਂਗੂ ਦੇ ਪ੍ਰਕੋਪ ਦੇ ਚਲਦੇ ਬੀਤੇ ਦਿਨੀਂ ਗੁਰਦਾਸਪੁਰ ਸ਼ਹਿਰ ਨਾਲ ਸਬੰਧਤ ਇਕ ਵਿਆਹੁਤਾ ਮਹਿਲਾ ਸਮੇਤ ਨੌਜਵਾਨਾਂ ਦੀ ਡੇਂਗੂ ਦੇ ਕਾਰਨ ਮੌਤ ਹੋ ਗਈ ਸੀ ਅਤੇ ਕਈ ਲੋਕ ਡੇਂਗੂ ਦਾ ਸ਼ਿਕਾਰ ਹੋ ਗਏ ਜਿਨ੍ਹਾਂ ਵਿਚੋਂ ਅਜੇ ਵੀ ਕੁਝ ਦਾ ਸਰਕਾਰੀ ਅਤੇ ਕੁਝ ਲੋਕਾਂ ਦਾ ਪ੍ਰਾਈਵੇਟ ਹਸਪਤਾਲਾਂ ਵਿਚ ਇਲਾਜ ਚਲ ਰਿਹਾ ਹੈ। ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਟਰੇਡ ਵਿੰਗ ਇੰਜਾਰਜ ਸਿਮਰਜੀਤ ਸਿੰਘ ਸਾਬੂ ਵੱਲੋਂ ਡੇਂਗੂ ਦੀ ਰੋਕਥਾਮ ਲਈ ਇਕ ਵੱਖਰੀ ਤਰ੍ਹਾ ਦੀ ਪਹਿਲ ਕੀਤੀ ਗਈ ਹੈ ਅਤੇ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਸ਼ਹਿਰ ਵਿਚ ਖੁਦ ਦੀ ਡੇਂਗੂ ਦੀ ਰੋਕਥਾਮ ਲਈ ਮਸ਼ੀਨ ਨੂੰ ਹੱਥ ਵਿਚ ਫੜ ਕੇ ਵੱਖ ਵੱਖ ਇਲਾਕਿਆਂ ਵਿਚ ਪਹੁੰਚ ਕਰਕੇ ਸਪਰੇ ਕੀਤਾ ਜਾ ਰਿਹਾ ਹੈ ਤਾਂ ਕਿ ਸ਼ਹਿਰ ਵਿਚੋ ਡੇਂਗੂ ਦੇ ਪ੍ਰਕੋਪ ਨੂੰ ਖਤਮ ਕੀਤਾ ਜਾ ਸਕੇ। ਇਸ ਸਬੰਧੀ ਜਦੋਂ ਜ਼ਿਲ੍ਹਾ ਇੰਚਾਰਜ, ਸਿਮਰਜੀਤ ਸਿੰਘ ਸਾਬੂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾ ਵੱਲੋਂ ਕਿਹਾ ਗਿਆ ਕਿ ਜਦੋਂ ਉਨ੍ਹਾ ਨੂੰ ਪਤਾ ਲੱਗਾ ਕਿ ਸ਼ਹਿਰ ਵਿਚ ਡੇਂਗੂ ਦਾ ਪ੍ਰਕੋਪ ਦਿਨ ਪ੍ਰਤਿ ਦਿਨ ਵਧ ਰਿਹਾ ਹੈ ਤਾਂ ਉਨ੍ਹਾ ਆਪਣੀ ਸਮਾਜਿਕ ਜ਼ਿੰਮੇਦਾਰੀ ਨੂੰ ਸਮਝਦਿਆਂ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਬਿਨਾਂ ਦੇਰੀ ਡੇਂਗੂ ਨੂੰ ਖਤਮ ਕਰਨ ਲਈ ਵੱਖ ਵੱਖ ਇਲਾਕਿਆਂ ਵਿਚ ਦਵਾਈ ਦਾ ਸਪਰੇ ਕਰਨ ਦਾ ਫੈਸਲਾ ਕੀਤਾ ਤਾਂ ਕਿ ਡੇਂਗੂ ਨੂੰ ਖਤਮ ਕੀਤਾ ਜਾ ਸਕੇ।

# ਕਣਕ ਦੀ ਬਿਜਾਈ ਤੋਂ ਪਹਿਲਾਂ ਕੀਟਨਾਸ਼ਕ ਤੇ ਉੱਲੀਨਾਸ਼ਕਾਂ ਨਾਲ ਬੀਜ ਦੀ ਸੋਧ ਕਰਨਾ ਜ਼ਰੂਰੀ : ਡਾ. ਅਮਰੀਕ ਸਿੰਘ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**

ਹੜ੍ਹ ਪ੍ਰਭਾਵਤ ਪਿੰਡਾਂ ਰਸੀਂ ਕੇ ਤਲਾ, ਨਬੀਨਗਰ, ਬਰਿਆਰ, ਰਾਮਪੁਰ ਅਤੇ ਦਬੁਰਜੀ ਵਿਚ ਯੰਗ ਇੰਨੋਵੇਟਿਵ ਸਮੂਹ, ਰਾਊਂਡ ਗਲਾਸ ਫਾਊਂਡੇਸ਼ਨ ਵਲੋਂ ਬੀਜ ਦੀ ਸੋਧ ਕਰਨ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਡਾਕਟਰ ਅਮਰੀਕ ਸਿੰਘ ਸੰਸਥਾਪਕ ਅਤੇ ਸੰਯੁਕਤ ਨਿਰਦੇਸ਼ਕ (ਖ਼ੇਤੀਬਾੜੀ), ਪ੍ਰਧਾਨ ਗੁਰਬਿੰਦਰ ਸਿੰਘ ਬਾਜਵਾ, ਪਲਵਿੰਦਰ ਸਿੰਘ, ਦਿਲਬਾਗ ਸਿੰਘ ਚੀਮਾ, ਗੁਰਦਿਆਲ ਸਿੰਘ, ਠਾਕੁਰ ਰਾਮੇਸ਼ਵਰ ਸਿੰਘ, ਗੁਰਮੁਖ ਸਿੰਘ, ਮਨਜੀਤ ਸਿੰਘ ਰਾਊਂਡ ਗਲਾਸ ਫਾਊਂਡੇਸ਼ਨ ਕਿਸਾਨ ਅਮਰੀਕ ਸਿੰਘ, ਹਰਿੰਦਰ ਸਿੰਘ, ਕੁਲਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।ਕਿਸਾਨਾਂ ਨਾਲ ਗੱਲਬਾਤ ਕਰਦਿਆਂ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਕਣਕ ਫਸਲ ਨੂੰ ਆਮ ਕਰਕੇ ਕੋਈ ਵੀ ਮੁੱਖ ਬਿਮਾਰੀ ਪ੍ਰਭਾਵਤ ਤਾਂ ਨਹੀਂ ਕਰਦੀ ਪਰ ਪਿਛਲੇ ਕੁਝ ਸਾਲਾਂ ਦੌਰਾਨ ਮੌਸਮ ਵਿੱਚ ਆ ਰਹੇ ਬਦਲਾਅ ਕਾਰਨ ਕੁਝ ਬਿਮਾਰੀਆਂ ਕਣਕ ਦੀ ਪੈਦਾਵਾਰ 'ਤੇ ਕਾਫੀ ਬੁਰਾ ਪ੍ਰਭਾਵ ਪਾ ਰਹੀਆਂ ਹਨ, ਜਿਨ੍ਹਾਂ ਦੀ ਰੋਕਥਾਮ ਕਰਨੀ ਬਹੁਤ ਜ਼ਰੂਰੀ ਹੈ।ਝੂਠੀ ਕਾਂਗਿਆਰੀ, ਪੱਤਿਆਂ ਦੀ ਕਾਂਗਿਆਰੀ ਅਤੇ ਦਾਣੇ ਦੇ ਛਿਲਕੇ ਦੀ ਕਾਲੀ ਨੋਕ ਆਦਿ ਕੁਝ ਅਜਿਹੀਆਂ ਬਿਮਾਰੀਆ ਹਨ, ਜਿਨਾਂ ਦੀ ਰੋਕਥਾਮ ਕੇਵਲ ਫਸਲ ਦੀ ਬਿਜਾਈ ਤੋਂ ਪਹਿਲਾਂ ਬੀਜ ਨੂੰ ਉੱਲੀਨਾਸ਼ਕ ਰਸਾਇਣਾਂ ਨਾਲ ਸੋਧ ਕੇ ਹੀ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਜੇਕਰ ਖੇਤਾਂ ਵਿੱਚ ਸਿਉਂਕ ਦੀ ਸਮੱਸਿਆ ਹੈ ਤਾਂ ਸਭ ਤੋਂ ਪਹਿਲਾਂ 160 ਮਿਲੀਲਿਟਰ ਕਲੋਰੋਪਾਈਰੀਫਾਸ 20 ਈ.ਸੀ. ਜਾਂ 80 ਮਿਲੀਲਿਟਰ ਨਿਊਨਿਕਸ 20 ( ਇਮਿਡਾਕਲੋਪਰਡਿ+ਹੈਕਸਾਕੋਨਾਜ਼ੋਲ) ਫਿਪਰੋਨਿਲ 5% ਐਸ ਸੀ ਨੂੰ ਇੱਕ ਲਿਟਰ ਪਾਣੀ ਵਿੱਚ ਘੋਲ ਕੇ 40 ਕਿਲੋ ਬੀਜ ਦੀ ਪੱਕੇ ਫਰਸ਼, ਤਰਪਾਲ ਜਾਂ ਪਲਾਸਟਿਕ ਦੀ ਸ਼ੀਟ ਤੇ ਪਤਲੀ ਤਹਿ ਵਿਛਾ ਕੇ ਛਿੜਕਾਅ ਕਰਕੇ ਸੁਕਾ ਲਉ।ਨਿਊਨਿਕਸ 20 ਇਮਿਡਾਕਲੋਪਰਿਡ+ ਹੈਕਸਾਕੋਨਾਜ਼ੋਲ ) ਨਾਲ ਸੋਧੇ ਬੀਜ ਵਾਲੀ ਫਸਲ ਨੂੰ ਕਾਂਗਿਆਰੀ ਵੀ ਨਹੀਂ ਲੱਗਦੀ। ਉਨਾਂ ਦੱਸਿਆ ਕਿ ਝੂਠੀ ਕਾਂਗਿਆਰੀ,ਪੱਤਿਆਂ ਦੀ ਕਾਂਗਿਆਰੀ ਅਤੇ ਦਾਣੇ ਦੇ ਛਿਲਕੇ ਦੀ ਕਾਲੀ ਨੋਕ ਬਿਮਾਰੀਆਂ ਦੀ ਰੋਕਥਾਮ ਲਈ ਬੀਜ ਨੂੰ ਸੁਕਾਉਣ ਤੋਂ ਬਾਅਦ ਕਣਕ ਦੇ ਬੀਜ ਨੂੰ ਰੈਕਸਲ ਈਜ਼ੀ / ਓਰੀਅਸ 6 ਐਫ ਐਸ ( ਟੈਬੂਕੋਨਾਜ਼ੋਲ) 13 ਮਿਲੀ ਲਿਟਰ ਪ੍ਰਤੀ 40 ਕਿਲੋ ਬੀਜ ( 13 ਮਿ.ਲਿ. ਦਵਾਈ ਨੂੰ 400 ਮਿ.ਲਿ. ਪਾਣੀ ਵਿੱਚ ਘੋਲ ਕੇ 40 ਕਿਲੋ ਬੀਜ ਨੂੰ ਲਗਾਉ) ਜਾਂ ਵੀਟਾਵੈਕਸ ਪਾਵਰ 75 ਡਬਲਿਊ ਐਸ (ਕਾਰਬੋਕਸਨ+ਟੈਟਰਾਮੀਥਾਈਲ ਥਾਈਯੂਰਮ ਡਾਈਸਲਫਾਈਡ) 120 ਗ੍ਰਾਮ ਜਾਂ ਵੀਟਾਵੈਕਸ 75 ਡਬਲਯੂ ਪੀ ( ਕਾਰਬੋਕਸਿਨ) 80 ਗ੍ਰਾਮ ਜਾਂ ਸੀਡੈਕਸ 2 ਡੀ ਐਸ/ਐਕਸਜ਼ੋਲ 2 ਡੀ ਐਸ(ਟੈਬੂਕੋਨਾਜ਼ੋਲ) 40 ਗ੍ਰਾਮ ਪ੍ਰਤੀ 40 ਕਿਲੋ ਬੀਜ ਦੇ ਹਿਸਾਬ ਨਾਲ ਸੋਧ ਲਵੋ।ਪ੍ਰਧਾਨ ਗੁਰਬਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਬੀਜ ਸੋਧਣ ਲਈ ਬੀਜ ਸੋਧਕ ਡਰੰਮ ਵਿੱਚ ਸਮਰੱਥਾ ਅਨੁਸਾਰ ਬੀਜ ਪਾ ਕੇ ਸਿਫਾਰਸ਼ ਕੀਤੀ।

# ਸੂਬਾ ਪੱਧਰੀ ਰੈਲੀ ਤੇ ਮੁਜ਼ਾਹਰਾ 16 ਨੂੰ

**ਹੁਸ਼ਿਆਰਪੁਰ, (ਬੀ ਐੱਸ ਸੈਣੀ)**

ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣਭੱਤਾ ਵਰਕਰਾਂ ਦੀਆਂ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤੇ ਜਾਣ ਦੇ ਰੋਸ ਵਜੋਂ 'ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ' ਵੱਲੋਂ 23 ਅਕਤੂਬਰ ਨੂੰ ਸਥਾਨਕ ਪੈਨਸ਼ਨਰ ਭਵਨ ਵਿਖੇ ਸੂਬਾ ਪੱਧਰੀ ਮੀਟਿੰਗ ਕਰਕੇ 16 ਨਵੰਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਧਾਨ ਸਭਾ ਹਲਕੇ ਧੂਰੀ ਵਿੱਚ ਸੂਬਾ ਪੱਧਰੀ ਰੈਲੀ ਅਤੇ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ ਗਿਆ।ਸਾਂਝੇ ਫਰੰਟ ਦੇ ਕਨਵੀਨਰ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਵਿੱਚ ਕੀਤੀ ਗਈ ਮੀਟਿੰਗ ਤੋਂ ਬਾਅਦ ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਸੂਬਾ ਕਨਵੀਨਰਾਂ ਧਨਵੰਤ ਸਿੰਘ ਭੱਠਲ, ਰਣਜੀਤ ਸਿੰਘ ਰਾਣਵਾਂ, ਕਰਮ ਸਿੰਘ ਧਨੋਆ, ਸਤੀਸ਼ ਰਾਣਾ, ਜਰਮਨਜੀਤ ਸਿੰਘ, ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਲਜ਼ਾਰ ਖਾਨ, ਅਮਰੀਕ ਸਿੰਘ ਕੰਗ, ਮਨਜਿੰਦਰ ਸਿੰਘ, ਰਾਧੇ ਸ਼ਿਆਮ ਤੇ ਜਗਦੀਸ਼ ਚਾਹਲ ਨੇ ਆਖਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਕੇਂਦਰ ਅਤੇ ਗਵਾਂਢੀ ਸੂਬਿਆਂ ਦੀਆਂ ਸਰਕਾਰਾਂ ਨਾਲੋਂ 16% ਮਹਿੰਗਾਈ ਭੱਤਾ ਘੱਟ ਦੇ ਰਹੀ ਹੈ। ਇਸੇ ਤਰ੍ਹਾਂ ਪੈਨਸ਼ਨਰਾਂ ਉੱਤੇ 2.59 ਦਾ ਗੁਣਾਕ ਲਾਗੂ ਕਰਨ, ਆਪਣੀ ਸਰਕਾਰ ਦੁਆਰਾ ਪੁਰਾਣੀ ਪੈਨਸ਼ਨ ਦੇਣ ਸੰਬੰਧੀ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਅਤੇ ਰਹਿੰਦੇ ਬੋਰਡ/ ਕਾਰਪੋਰੇਸ਼ਨਾ ਦੇ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਮਾਣ ਭੱਤਾ ਵਰਕਰਾਂ 'ਤੇ ਘੱਟੋ-ਘੱਟ ਉਜਰਤਾਂ ਕਾਨੂੰਨ ਲਾਗੂ ਕਰਨ, ਕੱਚੇ, ਆਊਟਸੋਰਸ, ਇਨਲਿਸਟਮੇਂਟ ਅਤੇ ਵੱਖ-ਵੱਖ ਸੁਸਾਇਟੀਆਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਪੱਕੇ ਕਰਨ ਦੀ ਲਿਆਂਦੀ ਘਟੀਆ ਪੋਲਸੀ ਨੂੰ ਸੋਧਣ, 17 ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਮੁਲਾਜ਼ਮਾਂ ਉੱਤੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਨ, ਪੇਂਡੂ 'ਤੇ ਬਾਰਡਰ ਏਰੀਆ ਸਮੇਤ ਕੱਟੇ ਗਏ ਸਾਰੇ ਭੱਤੇ ਅਤੇ ਏ ਸੀ ਪੀ ਬਹਾਲ ਕਰਨ, ਖਰਖ ਕਾਲ ਦੌਰਾਨ ਮੁੱਢਲੀ ਤਨਖਾਹ ਦੇਣ ਦਾ ਫ਼ੈਸਲਾ ਰੱਦ ਕਰਨ, ਮਹਿੰਗਾਈ ਭੱਤੇ ਤੇ ਛੇਵੇਂ ਤਨਖਾਹ ਕਮਿਸ਼ਨ ਤਹਿਤ ਬਣਦੇ ਬਕਾਏ ਜਾਰੀ ਕਰਨ, ਕੇਂਦਰੀ ਪੈਟਰਨ ਤੇ ਗਰੇਚੁਟੀ ਦੀ ਹੱਦ 20 ਲੱਖ ਤੋਂ ਵਧਾ ਕੇ 25 ਲੱਖ ਕਰਨ ਅਤੇ ਰਹਿੰਦੇ ਬੋਰਡ/ਕਾਰਪੋਰੇਸ਼ਨਾ ਵਿੱਚ ਲਾਗੂ ਕਰਨ, ਜਜ਼ੀਆ ਰੂਪੀ 200 ਰੁਪਏ ਵਿਕਾਸ ਟੈਕਸ ਬੰਦ ਕਰਨ ਸਮੇਤ ਸਾਂਝੇ ਫਰੰਟ ਦੀਆਂ ਹੋਰ ਮੰਗਾਂ ਪੂਰੀਆਂ ਕਰਨ ਤੋਂ ਲਗਭਗ ਇਨਕਾਰੀ ਹੋ ਚੁੱਕੀ ਹੈ।



# ਕਰਨਬੀਰ ਬੁਰਜ ਦੇ ਹੱਕ 'ਚ ਸਾਬਕਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ ਨੇ ਕੀਤਾ ਇਕੱਠ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿੱਚ ਉੱਘੇ ਕਾਂਗਰਸੀ ਆਗੂ ਤੇ ਸਾਬਕਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ ਵੱਲੋਂ ਪਿੰਡ ਜਗਤਪੁਰਾ ਵਿਖੇ ਵੱਡਾ ਇਕੱਠ ਕੀਤਾ ਗਿਆ।ਇਸ ਮੌਕੇ ਉਮੀਦਵਾਰ ਕਰਨਬੀਰ ਬੁਰਜ ਨੇ ਵੱਡੇ ਇਕੱਠ ਨੂੰ ਸੰਬੋਧਨ ਦੌਰਾਨ ਪਿੰਡ ਵਾਸੀਆਂ ਨੂੰ ਆਪਣੀ ਇੱਕ ਇੱਕ ਵੋਟ ਪਾ ਕੇ ਜਿਤਾਉਣ ਦੀ ਅਪੀਲ ਕਰਦਿਆ ਵਿਸ਼ਵਾਸ ਦਿਵਾਇਆ ਕੇ ਉਹ ਪੂਰੇ ਹਲਕੇ ਸਮੇਤ ਪਿੰਡ ਜਗਤਪੁਰਾ ਦੇ ਵਿਕਾਸ ਕਾਰਜਾ ਨੂੰ ਪਹਿਲ ਦੇ ਆਧਾਰ ਤੇ ਕਰਵਾਉਣਗੇ।ਜਦ ਕਿ ਸਾਬਕਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ ਵੱਲੋਂ ਉਮੀਦਵਾਰ ਕਰਨਬੀਰ ਸਿੰਘ ਬੁਰਜ ਦਾ ਭਰਵਾਂ ਸਵਾਗਤ ਕਰਦਿਆਂ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਤ ਕਰਦਿਆਂ ਵੱਡੀ ਗਿਣਤੀ ਚ,ਇਕੱਤਰ ਪਿੰਡ ਵਾਸੀਆਂ ਵੱਲੋਂ ਵਿਸ਼ਵਾਸ ਦਿਵਾਇਆ ਕਿ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ।ਇਸ ਮੌਕੇ ਸਾਬਕਾ ਚੇਅਰਮੈਨ ਨਰਿੰਦਰ ਸਿੰਘ ਛਾਪਾ,ਹਰਜੋਤ ਸਿੰਘ ਛਾਪਾ,ਸਰਪੰਚ ਗੁਰਚਰਨ ਸਿੰਘ ਖੈਰਦੀ,ਸਾਬਕਾ ਸਰਪੰਚ ਕੰਵਲਜੀਤ ਸਿੰਘ ਠੱਠਾ,ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀ,ਸੁਰਜੀਤ ਕੁਮਾਰ ਬੌਬੀ ਕਸੇਲ,ਲਾਲੀ ਪਲਾਈ ਵਾਲਾ,ਜੇਈ ਨੌਨਿਹਾਲ ਸਿੰਘ ਕਸੇਲ,ਬਾਬਾ ਹਰਜਿੰਦਰ ਸਿੰਘ ਜਿੰਦਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਸਨ।



# ਬੰਦੀ ਛੋੜ ਦਿਵਸ ਮੌਕੇ ਸਮੂਹ ਨਿਹੰਗ ਸਿੰਘ ਦਲ ਪੰਥਾਂ ਦੇ ਮੁਖੀ ਸਨਮਾਨਤ

**ਸ੍ਰੀ ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਬੰਦੀ ਛੋੜ ਦਿਵਸ ਮੌਕੇ ਸਮੂਹ ਨਿਹੰਗ ਸਿੰਘ ਦਲ ਪੰਥ ਅਤੇ ਜਥੇਬੰਦੀਆਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਥਕ ਰਵਾਇਤਾਂ ਅਨੁਸਾਰ ਇਕੱਤਰਤਾ ਹੋਈਆਂ ਅਤੇ ਗੁਰੂ ਸਾਹਿਬ ਦੇ ਸਨਮੁਖ ਨਤਮਸਤਕ ਹੋਈਆਂ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਮੂਹ ਨਿਹੰਗ ਸਿੰਘ ਦਲ ਪੰਥਾਂ ਦੇ ਮੁਖੀਆਂ ਅਤੇ ਨੁਮਾਇੰਦਿਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ ਜਿਨ੍ਹਾਂ ਵਿੱਚ ਬਾਬਾ ਬਲਬੀਰ ਸਿੰਘ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਬਾਬਾ ਅਵਤਾਰ ਸਿੰਘ ਸੁਰਸਿੰਘ ਮੁਖੀ ਪੰਥ ਅਕਾਲੀ ਤਰਨਾ ਦਲ ਬਾਬਾ ਬਿਧੀ ਚੰਦ ਸਾਹਿਬ, ਬਾਬਾ ਜੋਗਾ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ, ਦਲ ਬਾਬਾ ਨੌਧ ਸਿੰਘ ਸ਼ਹੀਦ ਚੱਬਾ, ਬਾਬਾ ਵਸਣ ਸਿੰਘ, ਬਾਬਾ ਮੇਜਰ ਸਿੰਘ ਮੁਖੀ ਮਿਸਲ ਸ਼ਹੀਦਾਂ ਦਸ਼ਮੇਸ਼ ਤਰਨਾ ਦਲ, ਬਾਬਾ ਮਾਨ ਸਿੰਘ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ, ਬਾਬਾ ਦਰਸ਼ਨ ਸਿੰਘ ਤਰਨਾ ਦਲ ਗੁਰਦੁਆਰਾ ਟਾਹਲਾ ਸਾਹਿਬ, ਬਾਬਾ ਸੁਖਪਾਲ ਸਿੰਘ ਮਿਸਲ ਬਾਬਾ ਸੰਗਤ ਸਿੰਘ ਚਲਦਾ ਵਹੀਰ ਚੱਕਰਵਰਤੀ ਮਾਲਵਾ ਤਰਨਾ ਦਲ, ਬਾਬਾ ਅਜੀਤ ਸਿੰਘ ਤਰਨਾ ਦਲ ਮਹਿਤਾ ਚੌਂਕ, ਬਾਬਾ ਤਰਲੋਕ ਸਿੰਘ ਤਰਨਾ ਦਲ ਖਿਆਲਾ ਕਲਾਂ, ਬਾਬਾ ਗੁਰਰਾਜਪਾਲ ਸਿੰਘ ਡੇਰਾ ਛਾਉਣੀ ਨਿਹੰਗ ਸਿੰਘਾਂ, ਬਾਬਾ ਛਿੰਦਾ ਸਿੰਘ ਤਰਨਾ ਦਲ ਭਿਖੀਵਿੰਡ, ਬਾਬਾ ਹਰਦੀਪ ਸਿੰਘ ਬਾਬਾ ਮਹਾਰਾਜ ਸਿੰਘ, ਬਾਬਾ ਬਲਦੇਵ ਸਿੰਘ ਤਰਨਾ ਦਲ ਸ਼ਹੀਦ ਬਾਬਾ ਜੀਵਨ ਸਿੰਘ ਮਹਿਤਾ ਰੋਡ (ਵੱਲਾ), ਬਾਬਾ ਪ੍ਰਗਟ ਸਿੰਘ ਪੰਥ ਅਕਾਲੀ ਤਰਨਾ ਦਲ, ਬਾਬਾ ਰਘਬੀਰ ਸਿੰਘ ਤਰਨਾ ਦਲ ਖਿਆਲਾ ਕਲਾਂ, ਬਾਬਾ ਪ੍ਰਤਾਪ ਸਿੰਘ ਸ਼ਹੀਦ ਭਾਈ ਮਨੀ ਸਿੰਘ ਦਲ (ਪਟਿਆਲਾ), ਬਾਬਾ ਕੁਲਵਿੰਦਰ ਸਿੰਘ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਤਰਨਾ ਦਲ ਚਮਕੌਰ ਸਾਹਿਬ, ਬਾਬਾ ਸਤਨਾਮ ਸਿੰਘ ਤਰਨਾ ਦਲ ਬਾਬਾ ਸ਼ਾਮ ਸਿੰਘ ਅਟਾਰੀ ਚੌਂਤਾ, ਬਾਬਾ ਚੜ੍ਹਤ ਸਿੰਘ ਤਰਨਾ ਦਲ, ਮਾਲਵਾ, ਖੇੜੀ (ਲੁਧਿਆਣਾ), ਬਾਬਾ ਬਲਦੇਵ ਸਿੰਘ ਦਲ ਮਿਸਲ ਬਾਬਾ ਬਚਿੱਤਰ ਸਿੰਘ, ਬਾਬਾ ਇੰਦਰ ਸਿੰਘ ਬਾਬਾ ਇੰਦਰ ਸਿੰਘ ਘੋੜਿਆਂ ਵਾਲੇ ਜਥੇਦਾਰ ਬੁੱਢਾ ਦਲ, ਬਾਬਾ ਦਰਸ਼ਨ ਸਿੰਘ ਬਾਬਾ ਦਰਸ਼ਨ ਸਿੰਘ ਮੁਖੀ, ਬਾਬਾ ਗੁਰਦੀਪ ਸਿੰਘ ਤਰਨਾ ਦਲ ਬਾਬਾ ਜੱਸਾ ਸਿੰਘ ਰਾਮਗੜ੍ਹੀਆ, ਬਾਬਾ ਦਰਸ਼ਨ ਸਿੰਘ ਸ਼੍ਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ, ਬਾਬਾ ਮਹਿੰਦਰ ਸਿੰਘ ਤਰਨਾ ਦਲ, ਬਾਬਾ ਜਵੰਦ ਸਿੰਘ, ਬਾਬਾ ਛਤਰਪਾਲ ਸਿੰਘ ਗੁਰਦੁਆਰਾ ਬੇਗਮਪੁਰਾ ਸਾਹਿਬ ਠੱਟਾ, ਬਾਬਾ ਖੜਕ ਸਿੰਘ ਜੀ ਗੁਰਦੁਆਰਾ ਬੇਗਮਪੁਰਾ ਸਾਹਿਬ ਠੱਟਾ, ਬਾਬਾ ਤਾਰਾ ਸਿੰਘ ਜੀ ਤਰਨਾ ਦਲ ਬਾਬਾ ਬੀਰ ਸਿੰਘ ਰੱਤੋਕੇ, ਬਾਬਾ ਬਲਦੇਵ ਸਿੰਘ ਮਿਸਲ ਬਾਬਾ ਨਿਬਾਹੂ ਸਿੰਘ ਮੁਸਤਰਾਪੁਰ (ਗੁਰਦਾਸਪੁਰ), ਬਾਬਾ ਦਲਬੀਰ ਸਿੰਘ ਮੁਖੀ ਬਾਬਾ ਜੀਵਨ ਸਿੰਘ ਤਰਨਾ ਦਲ ਸ੍ਰੀ ਅਨੰਦਪੁਰ ਸਾਹਿਬ, ਬਾਬਾ ਪਰਗਟ ਸਿੰਘ ਤਰਨਾ ਦਲ ਬਾਬਾ ਬੀਰ ਸਿੰਘ ਪੱਟੀ, ਬਾਬਾ ਨਿਰਮਲ ਸਿੰਘ ਦਲ ਝਾੜ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਥਾਨ ਸਿੰਘ ਦਲ ਬਾਬਾ ਥਾਨ ਸਿੰਘ, ਬਾਬਾ ਗੁਰਦੇਵ ਸਿੰਘ ਮਿਸਲ ਸਾਹਿਬਜਾਦਾ ਬਾਬਾ ਫਤਿਹ ਸਿੰਘ ਬਜਵਾੜਾ (ਹੁਸ਼ਿਆਰਪੁਰ), ਬਾਬਾ ਗੁਰਮੇਜ ਸਿੰ ਮਿਸਲ ਬਾਬਾ ਕੋਠਾ ਸਿੰਘ ਬਾਲੇਵਾਲ (ਡੇਰਾ ਬਾਬਾ ਨਾਨਕ), ਬਾਬਾ ਗੁਰਦੇਵ ਸਿੰਘ ਮਿਸਲ ਭਗਤ ਧੰਨਾ ਦਸੂਹਾ (ਹੁਸ਼ਿਆਰਪੁਰ), ਬਾਬਾ ਖੜਕ ਸਿੰਘ ਮਿਸਲ ਬਾਬਾ ਬਘੇਲ ਸਿੰਘ ਜੀ ਲੋਹਟਬਦੀ (ਲੁਧਿਆਣਾ), ਬਾਬਾ ਬਲਵਿੰਦਰ ਸਿੰਘ ਜੀ ਮਹਿਤਾ ਚੌਂਕ ਸ੍ਰੀ ਅੰਮ੍ਰਿਤਸਰ, ਬਾਬਾ ਦਲਬੀਰ ਸਿੰਘ ਜੀ ਮਿਸਲ ਸ਼੍ਰਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਤਰਨਾ ਦਲ, ਬਾਬਾ ਰਣਜੀਤ ਸਿੰਘ ਜੀ ਮਿਸਲ ਸ਼ਹੀਦ ਭਾਈ ਤਾਰੂ ਸਿੰਘ ਜੀ ਤਰਨਾ ਦਲ ਸ੍ਰੀ ਅਨੰਦਪੁਰ ਸਾਹਿਬ, ਬਾਬਾ ਪ੍ਰਗਟ ਸਿੰਘ ਜੀ ਮਿਸਲ ਜਥੇਦਾਰ ਧੱਕੜ ਸਿੰਘ ਜੀ ਤਰਨਾ ਦਲ ਆਦਿ ਸ਼ਾਮਲ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਵਿੱਚ ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਬਾਬਾ ਅਵਤਾਰ ਸਿੰਘ ਸੁਰਸਿੰਘ ਮੁਖੀ ਪੰਥ ਅਕਾਲੀ ਤਰਨਾ ਦਲ ਬਾਬਾ ਬਿਧੀ ਚੰਦ ਸਾਹਿਬ, ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ, ਦਲ ਬਾਬਾ ਨੌਧ ਸਿੰਘ ਸ਼ਹੀਦ ਚੱਬਾ, ਬਾਬਾ ਵਸਣ ਸਿੰਘ, ਬਾਬਾ ਮੇਜਰ ਸਿੰਘ ਮੁਖੀ ਮਿਸਲ ਸ਼ਹੀਦਾਂ ਦਸ਼ਮੇਸ਼ ਤਰਨਾ ਦਲ, ਬਾਬਾ ਮਾਨ ਸਿੰਘ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ, ਬਾਬਾ ਦਰਸ਼ਨ ਸਿੰਘ ਤਰਨਾ ਦਲ ਗੁਰਦੁਆਰਾ ਟਾਹਲਾ ਸਾਹਿਬ, ਬਾਬਾ ਸੁਖਪਾਲ ਸਿੰਘ ਮਿਸਲ ਬਾਬਾ ਸੰਗਤ ਸਿੰਘ ਚਲਦਾ ਵਹੀਰ ਚੱਕਰਵਰਤੀ ਮਾਲਵਾ ਤਰਨਾ ਦਲ, ਬਾਬਾ ਅਜੀਤ ਸਿੰਘ ਤਰਨਾ ਦਲ ਮਹਿਤਾ ਚੌਂਕ, ਬਾਬਾ ਤਰਲੋਕ ਸਿੰਘ ਤਰਨਾ ਦਲ ਖਿਆਲਾ ਕਲਾਂ, ਬਾਬਾ ਗੁਰਰਾਜਪਾਲ ਸਿੰਘ ਜੀ ਡੇਰਾ ਛਾਉਣੀ ਨਿਹੰਗ ਸਿੰਘਾਂ, ਬਾਬਾ ਛਿੰਦਾ ਸਿੰਘ ਤਰਨਾ ਦਲ ਭਿਖੀਵਿੰਡ, ਬਾਬਾ ਹਰਦੀਪ ਸਿੰਘ ਬਾਬਾ ਮਹਾਰਾਜ ਸਿੰਘ, ਬਾਬਾ ਬਲਦੇਵ ਸਿੰਘ ਤਰਨਾ ਦਲ ਸ਼ਹੀਦ ਬਾਬਾ ਜੀਵਨ ਸਿੰਘ ਮਹਿਤਾ ਰੋਡ (ਵੱਲਾ), ਬਾਬਾ ਪ੍ਰਗਟ ਸਿੰਘ ਪੰਥ ਅਕਾਲੀ ਤਰਨਾ ਦਲ, ਬਾਬਾ ਰਘਬੀਰ ਸਿੰਘ ਤਰਨਾ ਦਲ ਖਿਆਲਾ ਕਲਾਂ, ਬਾਬਾ ਪ੍ਰਤਾਪ ਸਿੰਘ ਸ਼ਹੀਦ ਭਾਈ ਮਨੀ ਸਿੰਘ ਦਲ (ਪਟਿਆਲਾ), ਬਾਬਾ ਕੁਲਵਿੰਦਰ ਸਿੰਘ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਤਰਨਾ ਦਲ ਚਮਕੌਰ ਸਾਹਿਬ, ਬਾਬਾ ਸਤਨਾਮ ਸਿੰਘ ਤਰਨਾ ਦਲ ਬਾਬਾ ਸ਼ਾਮ ਸਿੰਘ ਅਟਾਰੀ ਚੌਂਤਾ, ਬਾਬਾ ਚੜ੍ਹਤ ਸਿੰਘ ਤਰਨਾ ਦਲ, ਮਾਲਵਾ, ਖੇੜੀ (ਲੁਧਿਆਣਾ), ਬਾਬਾ ਬਲਦੇਵ ਸਿੰਘ ਦਲ ਮਿਸਲ ਬਾਬਾ ਬਚਿੱਤਰ ਸਿੰਘ , ਬਾਬਾ ਇੰਦਰ ਸਿੰਘ ਬਾਬਾ ਇੰਦਰ ਸਿੰਘ ਘੋੜਿਆਂ ਵਾਲੇ ਜਥੇਦਾਰ ਬੁੱਢਾ ਦਲ, ਬਾਬਾ ਦਰਸ਼ਨ ਸਿੰਘ ਜੀ ਬਾਬਾ ਦਰਸ਼ਨ ਸਿੰਘ ਮੁਖੀ, ਬਾਬਾ ਗੁਰਦੀਪ ਸਿੰਘ ਤਰਨਾ ਦਲ ਬਾਬਾ ਜੱਸਾ ਸਿੰਘ ਰਾਮਗੜ੍ਹੀਆ, ਬਾਬਾ ਦਰਸ਼ਨ ਸਿੰਘ ਸ਼੍ਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ, ਬਾਬਾ ਮਹਿੰਦਰ ਸਿੰਘ ਤਰਨਾ ਦਲ, ਬਾਬਾ ਜਵੰਦ ਸਿੰਘ, ਬਾਬਾ ਛਤਰਪਾਲ ਸਿੰਘ ਗੁਰਦੁਆਰਾ ਬੇਗਮਪੁਰਾ ਸਾਹਿਬ ਠੱਟਾ, ਬਾਬਾ ਖੜਕ ਸਿੰਘ ਜੀ ਗੁਰਦੁਆਰਾ ਬੇਗਮਪੁਰਾ ਸਾਹਿਬ ਠੱਟਾ, ਬਾਬਾ ਤਾਰਾ ਸਿੰਘ ਤਰਨਾ ਦਲ ਬਾਬਾ ਬੀਰ ਸਿੰਘ ਰੱਤੋਕੇ, ਬਾਬਾ ਬਲਦੇਵ ਸਿੰਘ ਮਿਸਲ ਬਾਬਾ ਨਿਬਾਹੂ ਸਿੰਘ ਮੁਸਤਰਾਪੁਰ (ਗੁਰਦਾਸਪੁਰ), ਬਾਬਾ ਦਲਬੀਰ ਸਿੰਘ ਮੁਖੀ ਬਾਬਾ ਜੀਵਨ ਸਿੰਘ ਤਰਨਾ ਦਲ ਸ੍ਰੀ ਅਨੰਦਪੁਰ ਸਾਹਿਬ, ਬਾਬਾ ਪਰਗਟ ਸਿੰਘ ਜੀ ਤਰਨਾ ਦਲ ਬਾਬਾ ਬੀਰ ਸਿੰਘ ਪੱਟੀ, ਬਾਬਾ ਨਿਰਮਲ ਸਿੰਘ ਦਲ ਝਾੜ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਥਾਨ ਸਿੰਘ ਦਲ ਬਾਬਾ ਥਾਨ ਸਿੰਘ, ਬਾਬਾ ਗੁਰਦੇਵ ਸਿੰਘ ਮਿਸਲ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਬਜਵਾੜਾ (ਹੁਸ਼ਿਆਰਪੁਰ), ਬਾਬਾ ਗੁਰਮੇਜ ਸਿੰਘ ਮਿਸਲ ਬਾਬਾ ਕੋਠਾ ਸਿੰਘ ਬਾਲੇਵਾਲ (ਡੇਰਾ ਬਾਬਾ ਨਾਨਕ), ਬਾਬਾ ਗੁਰਦੇਵ ਸਿੰਘ ਮਿਸਲ ਭਗਤ ਧੰਨਾ ਜੀ ਦਸੂਹਾ (ਹੁਸ਼ਿਆਰਪੁਰ), ਬਾਬਾ ਖੜਕ ਸਿੰਘ ਮਿਸਲ ਬਾਬਾ ਬਘੇਲ ਸਿੰਘ ਲੋਹਟਬੱਦੀ (ਲੁਧਿਆਣਾ), ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ ਸ੍ਰੀ ਅੰਮ੍ਰਿਤਸਰ, ਬਾਬਾ ਦਲਬੀਰ ਸਿੰਘ ਮਿਸਲ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਾ ਦਲ, ਬਾਬਾ ਰਣਜੀਤ ਸਿੰਘ ਮਿਸਲ ਸ਼ਹੀਦ ਭਾਈ ਤਾਰੂ ਸਿੰਘ ਤਰਨਾ ਦਲ ਸ੍ਰੀ ਅਨੰਦਪੁਰ ਸਾਹਿਬ, ਬਾਬਾ ਪ੍ਰਗਟ ਸਿੰਘ ਮਿਸਲ ਜਥੇਦਾਰ ਧੱਕੜ ਸਿੰਘ ਤਰਨਾ ਦਲ ਆਦਿ ਸ਼ਾਮਲ ਸਨ।

# 40 ਦਿਨ ਸ੍ਰੀ ਸੁਖਮਨੀ ਸਾਹਿਬ ਤੇ ਮੂਲ ਮੰਤਰ ਦਾ ਜਾਪ ਕਰਨ ਵਾਲੀਆਂ ਬੀਬੀਆਂ ਸਨਮਾਨਤ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਗੁਰਦੁਆਰਾ ਸ਼ਹੀਦ ਬਾਬਾ ਅੱਗੜ ਸਿੰਘ ਜੀ ਪਿੰਡ ਟੂਟੋਮਜਾਰਾ ਵਿਖੇ 23 ਅਕਤੂਬਰ ਨੂੰ ਹੋਏ ਇੱਕ ਸਮਾਗਮ ਦੌਰਾਨ 40 ਦਿਨਾਂ ਸ੍ਰੀ ਸੁਖਮਨੀ ਸਾਹਿਬ ਜਪ ਤਪ ਸਮਾਗਮ ਦੀ ਸਮਾਪਤੀ ਮੌਕੇ ਗੁਰੂ ਘਰ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਨਾਗਰ ਸਿੰਘ ਜੀ ਵੱਲੋਂ ਸਮਾਗਮ ਵਿੱਚ ਹਿੱਸਾ ਲੈਣ ਵਾਲੀਆਂ ਬੀਬੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗਿਆਨੀ ਗੁਰਪ੍ਰੀਤ ਸਿੰਘ, ਬਾਬਾ ਅਮਨਵੀਰ ਸਿੰਘ, ਬਾਬਾ ਧਰਮ ਸਿੰਘ, ਹਰੀ ਸਿੰਘ, ਗਿਆਨੀ ਜਸਪਾਲ ਸਿੰਘ, ਮਨਵੀਰ ਸਿੰਘ,ਨਿਸ਼ਾਨ ਸਿੰਘ, ਸਤਨਾਮ ਸਿੰਘ, ਵਰਿੰਦਰ ਸਿੰਘ ਜੰਡੋਲੀ, ਸੁਰਿੰਦਰ ਸਿੰਘ, ਭਗਵਾਨ ਸਿੰਘ, ਕਰਨ ਸਿੰਘ, ਗੋਬਿੰਦ ਸਿੰਘ, ਮਾਤਾ ਗੁਰਦੇਵ ਕੌਰ, ਸੁਰਿੰਦਰ ਕੌਰ, ਪਰਮਜੀਤ ਕੌਰ, ਸੰਦੀਪ ਕੌਰ,ਰਾਜਦੀਪ ਕੌਰ, ਰਣਜੀਤ ਕੌਰ, ਸਤਵੰਤ ਕੌਰ, ਪਰਮਿੰਦਰ ਕੌਰ, ਕਮਲਜੀਤ ਕੌਰ,ਜਸਵਿੰਦਰ ਕੌਰ,ਪੂਜਾ ਰਾਣੀ, ਛੀਨਾ ਰਾਣੀ, ਪਰਮਜੀਤ ਕੌਰ, ਕੁਲਦੀਪ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ ਸਮੇਤ ਸਿੱਖ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਬਾਬਾ ਨਾਗਰ ਸਿੰਘ ਨੇ ਕਿਹਾ ਕਿ 26 ਅਕਤੂਬਰ ਦਿਨ ਐਤਵਾਰ ਨੂੰ ਗੁਰਦੁਆਰਾ ਸ਼ਹੀਦ ਬਾਬਾ ਅੱਗੜ ਸਿੰਘ ਜੀ ਪਿੰਡ ਟੂਟੋਮਜਾਰਾ ਵਿਖੇ ਸਾਲਾਨਾ ਗੁਰਮਤਿ ਸਮਾਗਮ ਹੋ ਰਿਹਾ ਹੈ। ਇਸ ਮੌਕੇ ਪਾਠ ਦੇ ਭੋਗ ਤੋਂ ਬਾਅਦ ਸਮਾਗਮ ਵਿੱਚ ਸ਼ਾਮਿਲ ਸੰਤ ਮਹਾਂਪੁਰਸ਼ ਅਤੇ ਰਾਗੀ ਢਾਡੀ ਜਥੇ ਸੰਗਤਾਂ ਨੂੰ ਸਿੱਖ ਕੌਮ ਦੇ ਗੌਰਵਮਈ ਇਤਿਹਾਸ ਤੋਂ ਜਾਣੂ ਕਰਵਾਉਣਗੇ। ਗੁਰੂ ਕੇ ਲੰਗਰ ਅਤੁਟ ਚੱਲਣਗੇ।

ਨਵਾਂ ਜ਼ਮਾਨਾ

ਸ਼ੁੱਕਰਵਾਰ, 24 ਅਕਤੂਬਰ 2025

# ਚਾਰ ਧਾਮਾਂ ਦੇ ਰਾਹਾਂ 'ਤੇ ਵਧਦਾ ਦਬਾਅ

*ਉੱਤਰਾਖੰਡ ਦੇ ਚਾਰ ਧਾਮਾਂ ਵੱਲ ਜਾਂਦੇ ਰਾਹਾਂ 'ਤੇ ਲੋਕਾਂ ਦੀ ਆਵਾਜਾਈ ਬਾਰੇ ਵਿਗਿਆਨੀਆਂ ਵੱਲੋਂ ਕੀਤੇ ਗਏ ਪਹਿਲੇ ਵਿਆਪਕ ਅਧਿਐਨ ਮੁਤਾਬਕ ਉਸ ਨਾਲੋਂ ਵੱਧ ਲੋਕ ਜਾਣ ਲੱਗ ਪਏ ਹਨ, ਜਿੰਨੇ ਕਿ ਇਹ ਨਾਜ਼ੁਕ ਹਿਮਾਲਿਆਈ ਖੇਤਰ ਬਰਦਾਸ਼ਤ ਕਰ ਸਕਦਾ ਹੈ। ਅਧਿਐਨ ਮੁਤਾਬਕ ਬਦਰੀਨਾਥ ਦਾ ਰਾਹ ਰੋਜ਼ਾਨਾ ਲਗਭਗ 15778, ਕੇਦਾਰਨਾਥ ਦਾ ਰਾਹ 13111, ਗੰਗੋਤਰੀ ਦਾ ਰਾਹ 8178 ਤੇ ਯਮੁਨੋਤਰੀ ਦਾ ਰਾਹ 6160 ਯਾਤਰੀ ਸਹਿ ਸਕਦਾ ਹੈ। ਉੱਤਰਾਖੰਡ ਸੈਰ-ਸਪਾਟਾ ਵਿਭਾਗ ਨੇ ਅੰਦਾਜ਼ਾ ਲਾਇਆ ਸੀ ਕਿ 2022 ਵਿੱਚ ਚਾਰ ਧਾਮਾਂ ਦੇ ਰਾਹਾਂ 'ਤੇ ਕਰੀਬ 40 ਲੱਖ ਯਾਤਰੀ ਗੁਜ਼ਰੇ ਤੇ 2025 ਵਿੱਚ 60 ਲੱਖ ਦਾ ਅੰਦਾਜ਼ਾ ਹੈ, ਕਿਉਂਕਿ ਇਹ ਰਾਹ ਅਪ੍ਰੈਲ ਤੋਂ ਨਵੰਬਰ ਤੱਕ ਅੱਠ ਮਹੀਨੇ ਖੁੱਲ੍ਹਦੇ ਹਨ ਅਤੇ 40 ਲੱਖ ਸ਼ਰਧਾਲੂਆਂ ਦੀ ਯਾਤਰਾ ਦਾ ਰੋਜ਼ਾਨਾ ਔਸਤ 16600 ਬਣ ਜਾਂਦਾ ਹੈ। ਨਵਾਂ ਅਧਿਐਨ ਉਦੋਂ ਆਇਆ ਹੈ, ਜਦੋਂ ਸੈਲਾਨੀਆਂ ਦੀ ਵਧਦੀ ਗਿਣਤੀ ਅਤੇ ਬੁਨਿਆਦੀ ਢਾਂਚੇ ਦਾ ਵਿਸਥਾਰ ਵਾਰ-ਵਾਰ ਬਦਲਦੇ ਮੌਸਮ ਕਾਰਨ ਪਹਾੜਾਂ 'ਤੇ ਦਬਾਅ ਵਧਾ ਰਿਹਾ ਹੈ। ਉੱਤਰਾਖੰਡ ਵਿੱਚ 2025 ਵਿੱਚ ਹੀ ਘੱਟੋ-ਘੱਟ ਤਿੰਨ ਵਾਰ ਚਾਣਚੱਕ ਹੜ੍ਹ ਆਏ। ਪੰਜ ਅਗਸਤ ਨੂੰ ਧਰਾਲੀ, 23 ਅਗਸਤ ਨੂੰ ਥਰਾਲੀ ਅਤੇ 15 ਅਗਸਤ ਨੂੰ ਦੇਹਰਾਦੂਨ ਦੇ ਸਹੱਸਤ੍ਰਧਾਰਾ ਤੇ ਤਪਕੇਸ਼ਵਰ ਮਹਾਂਦੇਵ ਵਿਖੇ। ਚਾਰ ਧਾਮ ਦੇ ਸਰਕਟ ਵਿੱਚ ਕਈ ਮੰਦਰ ਹਨ। ਬਦਰੀਨਾਥ ਵਿੱਚ 6, ਕੇਦਾਰਨਾਥ ਵਿੱਚ 10, ਗੰਗੋਤਰੀ ਵਿੱਚ 3 ਤੇ ਯਮੁਨੋਤਰੀ ਵਿੱਚ ਇੱਕ। ਇਸ ਤੋਂ ਇਲਾਵਾ ਝੀਲਾਂ, ਦਰਿਆਈ ਕੰਢੇ ਤੇ ਵਾਦੀਆਂ ਵੀ ਹਨ, ਜਿਹੜੀਆਂ ਸ਼ਰਧਾਲੂਆਂ ਤੇ ਸੈਲਾਨੀਆਂ ਨੂੰ ਬਰਾਬਰ ਖਿੱਚ ਪਾਉਂਦੀਆਂ ਹਨ। ਜਦੋਂ ਕੇਂਦਰ ਸਰਕਾਰ ਨੇ ਚਾਰ ਧਾਮਾਂ ਲਈ 899 ਕਿੱਲੋਮੀਟਰ ਸੜਕਾਂ ਨੂੰ ਚੌੜਾ ਕਰਨ ਦਾ ਪ੍ਰੋਜੈਕਟ ਸ਼ੁਰੂ ਕੀਤਾ ਸੀ ਤਾਂ ਮਾਹਰਾਂ ਨੇ ਕਿਹਾ ਸੀ ਕਿ ਸੜਕ ਨਿਰਮਾਣ ਦੇ ਢੰਗ ਨੇ ਪਹਾੜ ਖਿਸਕਣ ਦਾ ਖਤਰਾ ਵਧਾ ਦਿੱਤਾ ਹੈ। ਸੁਪਰੀਮ ਕੋਰਟ ਵੱਲੋਂ ਪ੍ਰੋਜੈਕਟ ਦੀ ਨਜ਼ਰਸਾਨੀ ਲਈ ਬਣਾਏ ਗਏ ਤਕਨੀਕੀ ਮਾਹਰਾਂ ਦੇ ਪੈਨਲ ਨੇ 2020 ਵਿੱਚ ਖਬਰਦਾਰ ਕੀਤਾ ਸੀ ਕਿ ਬਦਰੀਨਾਥ ਵੱਲ ਜਾਂਦੇ ਰਾਹ ਉੱਤੇ ਸਮਰੱਥਾ ਨਾਲੋਂ ਵੱਧ ਲੋਕ ਜਾ ਰਹੇ ਹਨ ਅਤੇ ਬਾਕੀ ਤਿੰਨ ਧਾਮਾਂ ਵੱਲ ਜਾਂਦੇ ਰਾਹਾਂ 'ਤੇ ਵੀ 2025 ਤੱਕ ਲੋੜੋਂ ਵੱਧ ਲੋਕ ਜਾਣ ਲੱਗ ਪੈਣਗੇ। ਸੈਰ-ਸਪਾਟਾ ਵਿਭਾਗ ਨੇ 2019 ਵਿੱਚ ਥੋੜ੍ਹੇ ਲੋਕਾਂ ਦੇ ਜਾਣ ਦੀ ਹੀ ਜਾਣਕਾਰੀ ਦਿੱਤੀ ਸੀ—ਬਦਰੀਨਾਥ ਵੱਲ 6000, ਕੇਦਾਰਨਾਥ ਵੱਲ 4900, ਗੰਗੋਤਰੀ ਵੱਲ 2500 ਤੇ ਯਮੁਨੋਤਰੀ ਵੱਲ 2200। ਵੀਰ ਚੰਦਰ ਸਿੰਘ ਗੜ੍ਹਵਾਲੀ ਉੱਤਰਾਖੰਡ ਯੂਨੀਵਰਸਿਟੀ ਆਫ ਹਾਰਟੀਕਲਚਰ ਐਂਡ ਫਾਰੈਸਟਰੀ ਵਿੱਚ ਜੰਗਲਾਤ ਵਸੀਲੇ ਪ੍ਰਬੰਧ ਵਿਭਾਗ ਦੇ ਮੁਖੀ ਪ੍ਰੋਫੈਸਰ ਜਗਦੀਸ਼ ਚੰਦਰ ਕੁਨਿਆਲ ਤੇ ਉਨ੍ਹਾ ਦੇ ਸਾਥੀਆਂ ਵੱਲੋਂ ਕੀਤੇ ਗਏ ਅਧਿਐਨ ਵਿੱਚ ਚਾਰ ਧਾਮਾਂ 'ਤੇ ਬੋਝ ਘਟਾਉਣ ਲਈ ਹੋਰ ਸਹਿਯੋਗੀ ਸੈਰ-ਸਪਾਟਾ ਸਥਾਨ ਵਿਕਸਤ ਕਰਨ ਦੀ ਸਲਾਹ ਦਿੱਤੀ ਗਈ ਹੈ। ਇਸ ਨਾਲ ਜਿੱਥੇ ਚਾਰ ਧਾਮਾਂ ਦੀਆਂ ਸੜਕਾਂ ਨੂੰ ਸਾਹ ਆਵੇਗਾ, ਉੱਥੇ ਆਮਦਨ ਦੇ ਨਵੇਂ ਸਥਾਨ ਵੀ ਵਿਕਸਤ ਹੋਣਗੇ। ਟੀਮ ਨੇ ਇਹ ਵੀ ਸਲਾਹ ਦਿੱਤੀ ਹੈ ਕਿ ਚਾਣਚੱਕ ਆਉਣ ਵਾਲੇ ਹੜ੍ਹਾਂ ਤੋਂ ਬਚਣ ਲਈ ਦਰਿਆਵਾਂ ਦੇ ਕੰਢਿਆਂ ਤੋਂ 100 ਮੀਟਰ ਦੇ ਵਕਫੇ 'ਤੇ ਹੋਟਲ-ਰੈਸਟੋਰੈਂਟ ਬਣਾਏ ਜਾਣ।*

*ਸੈਲਾਨੀਆਂ ਤੇ ਸ਼ਰਧਾਲੂਆਂ ਦੀ ਗਿਣਤੀ ਵਧਾਉਣ ਦੇ ਰਾਹ ਤੁਰੀਆਂ ਕੇਂਦਰ ਤੇ ਸੂਬਾਈ ਸਰਕਾਰਾਂ ਨੂੰ ਆਪਣੇ ਪ੍ਰੋਜੈਕਟ ਇਸ ਅਧਿਐਨ ਨੂੰ ਧਿਆਨ ਵਿੱਚ ਰੱਖ ਕੇ ਬਣਾਉਣੇ ਚਾਹੀਦੇ ਹਨ, ਵਰਨਾ ਤ੍ਰਾਸਦੀਆਂ ਨੂੰ ਰੋਕਣਾ ਅਸੰਭਵ ਹੋਵੇਗਾ। ਇਨ੍ਹਾਂ ਤ੍ਰਾਸਦੀਆਂ ਲਈ ਉਹ ਇਹ ਕਹਿ ਕੇ ਬਚ ਨਹੀਂ ਸਕਣਗੀਆਂ ਕਿ ਕੁਦਰਤ ਦੀ ਮਾਰ ਪੈ ਗਈ ਜਾਂ ਲੋਕ ਮੰਦਰਾਂ ਵਿੱਚ ਜਾਣੋਂ ਘਟ ਗਏ, ਜਿਸ ਕਰਕੇ ਦੇਵੀ-ਦੇਵਤਾ ਗੁੱਸੇ ਹੋ ਗਏ।*

# ਜਾਤ ਦਾ ਖਾਤਮਾ : ਵਰਗ ਸੰਘਰਸ਼ ਨੂੰ ਤੇਜ਼ ਕਰਨ ਦੀ ਲੋੜ



ਡਾ. ਅਰੁਣ ਮਿੱਤਰਾ

ਜਾਤੀ ਆਧਾਰਿਤ ਸਮਾਜਿਕ ਵੰਡ ਦਾ ਸਿਧਾਂਤ ਮਨੂਸਮ੍ਰਿਤੀ ਵਿੱਚ ਦਰਜ ਹੈ। ਇਸ ਦੇ ਅਨੁਸਾਰ ਸਮਾਜ ਨੂੰ ਚਾਰ ਵਰਣਾਂ ਵਿੱਚ ਵੰਡਿਆ ਗਿਆ। ਇਸ ਪ੍ਰਣਾਲੀ ਨੇ ਅਸਮਾਨਤਾ ਨੂੰ ਸੰਸਥਾਗਤ ਰੂਪ ਦਿੱਤਾ, ਜਿਸ ਵਿੱਚ ਲੋਕਾਂ ਨੂੰ ਉਚ-ਨੀਚ ਵਿਚ ਵੰਡ ਦਿੱਤਾ ਗਿਆ — ਕਥਿਤ 'ਉੱਚੀਆਂ ਜਾਤਾਂ' ਅਤੇ 'ਨੀਵੀਆਂ ਜਾਤਾਂ'।

ਇਸ ਪ੍ਰਣਾਲੀ ਦਾ ਸਭ ਤੋਂ ਦੁਖਦ ਪਾਸਾ ਇਹ ਸੀ ਕਿ ਮਿਹਨਤ ਕਰਨ ਵਾਲਿਆਂ ਨੂੰ 'ਅਛੂਤ' ਕਿਹਾ ਗਿਆ। ਆਬਾਦੀ ਦਾ ਲਗਭਗ ਚੌਥਾ ਹਿੱਸਾ, ਜੋ ਦਿਨ-ਰਾਤ ਮਿਹਨਤ ਕਰਦਾ ਸੀ, ਉਹਨਾਂ ਨੂੰ ਮੂਲ ਮਨੁੱਖੀ ਅਧਿਕਾਰਾਂ ਤੋਂ ਪੂਰੀ ਤਰ੍ਹਾਂ ਵਾਂਝਾ ਰੱਖਿਆ ਗਿਆ। ਉਨ੍ਹਾਂ ਨਾਲ ਏਨਾ ਅਪਮਾਨਜਨਕ ਸਲੂਕ ਕੀਤਾ ਗਿਆ ਕਿ ਜੇ ਕਿਸੇ ਉੱਚ ਜਾਤੀ ਦਾ ਵਿਅਕਤੀ ਰਸਤੇ ਤੋਂ ਲੰਘਣਾ ਹੁੰਦਾ ਸੀ, ਤਾਂ ਅਖੌਤੀ 'ਅਛੂਤ' ਨੂੰ ਉਸ ਰਸਤੇ 'ਤੇ ਚਲਣ ਦੀ ਵੀ ਆਗਿਆ ਨਹੀਂ ਸੀ। ਇਸ ਤਰ੍ਹਾਂ ਦੀ ਕ੍ਰਮਬੱਧ ਅਸਮਾਨਤਾ ਦੀ ਮਿਸਾਲ ਕਿਸੇ ਹੋਰ ਸੱਭਿਆਚਾਰ ਵਿੱਚ ਨਹੀਂ ਮਿਲਦੀ। ਨਤੀਜੇ ਵਜੋਂ, ਸਮਾਜ ਦਾ ਇਹ ਵੱਡਾ ਹਿੱਸਾ ਆਰਥਿਕ, ਸਮਾਜਿਕ ਤੇ ਸੱਭਿਆਚਾਰਕ ਤੌਰ 'ਤੇ ਪੱਛੜ ਗਿਆ। ਉਨ੍ਹਾਂ ਨੂੰ ਸਿੱਖਿਆ ਤੋਂ ਵਾਂਝਿਆ ਰੱਖਿਆ ਗਿਆ ਅਤੇ ਉਨ੍ਹਾਂ ਨਾਲ ਸਮਾਜਕ ਸੰਪਰਕ ਦੀ ਮਨਾਹੀ ਸੀ। ਹੋਰ ਜਾਤੀਆਂ ਦੇ ਲੋਕ ਨਾ ਉਨ੍ਹਾਂ ਨਾਲ ਖਾਣ-ਪੀਣ ਕਰਦੇ ਸਨ, ਨਾ ਰਿਸ਼ਤੇ ਬਣਾਉਂਦੇ ਸਨ, ਇੱਥੋਂ ਤੱਕ ਕਿ ਇਕੱਠੇ ਬੈਠਣਾ ਵੀ ਅਸਵੀਕਾਰਯੋਗ ਮੰਨਿਆ ਜਾਂਦਾ ਸੀ।

ਸਦੀਆਂ ਤੱਕ ਵਰਣ ਪ੍ਰਣਾਲੀ ਦਾ ਏਨਾ ਪ੍ਰਚਾਰ ਕੀਤਾ ਗਿਆ ਕਿ ਇਹ ਲੋਕਾਂ ਦੇ ਮਨਾਂ ਅਤੇ ਸਮਾਜਿਕ ਸੰਸਥਾਵਾਂ ਵਿੱਚ ਡੂੰਘੀ ਜੜ੍ਹ ਪਾ ਗਿਆ। ਦੁੱਖ ਦੀ ਗੱਲ ਇਹ ਹੈ ਕਿ ਕੁਝ ਪੀੜਤ ਵਰਗਾਂ ਨੇ ਵੀ ਆਪਣੀ ਹਾਲਤ ਨੂੰ ਕਿਸਮਤ ਮੰਨ ਲਿਆ।

ਫਿਰ ਵੀ ਇਹ ਧਿਆਨ ਦੇਣਯੋਗ ਹੈ ਕਿ ਜਾਤੀ ਪ੍ਰਣਾਲੀ ਦੇ ਖ਼ਿਲਾਫ਼ ਵਿਰੋਧ ਪ੍ਰਾਚੀਨ ਸਮੇਂ ਤੋਂ ਹੁੰਦਾ ਆ ਰਿਹਾ ਹੈ। ਭਾਰਤ ਵਿੱਚ ਜਾਤੀ ਪ੍ਰਣਾਲੀ ਵਿਰੋਧੀ ਅੰਦੋਲਨਾਂ ਦਾ ਇਤਿਹਾਸ ਬੋਧ ਧਰਮ ਅਤੇ ਭਗਤੀ ਅੰਦੋਲਨ ਵਰਗੇ ਧਾਰਮਿਕ ਸੁਧਾਰ ਆਂਦੋਲਨਾਂ ਨਾਲ ਜੁੜਿਆ ਹੋਇਆ ਹੈ। 19ਵੀਂ ਅਤੇ 20ਵੀਂ ਸਦੀ ਵਿੱਚ ਇਸ ਨੇ ਇੱਕ ਸੰਗਠਿਤ ਸਮਾਜਕ ਤੇ ਰਾਜਨੀਤਕ ਅੰਦੋਲਨ ਦਾ ਰੂਪ ਧਾਰ ਲਿਆ। ਸਭ ਤੋਂ ਪਹਿਲਾਂ ਗੌਤਮ ਬੁੱਧ ਨੇ ਜਾਤੀ ਪ੍ਰਣਾਲੀ ਨੂੰ ਖੁੱਲ੍ਹੀ ਚੁਣੌਤੀ ਦਿੱਤੀ। ਉਨ੍ਹਾਂ ਬ੍ਰਾਹਮਣਾਂ ਦੀ ਉਚਤਾ ਅਤੇ ਵਰਣ ਪ੍ਰਣਾਲੀ ਨੂੰ ਨਕਾਰਦੇ ਹੋਏ ਕਿਹਾ ਕਿ ਮਨੁੱਖ ਦੀ ਕੀਮਤ ਉਸ ਦੇ ਕਰਮ ਅਤੇ ਚਾਲ-ਚਲਣ ਨਾਲ ਨਿਰਧਾਰਤ ਹੁੰਦੀ ਹੈ, ਜਨਮ ਨਾਲ ਨਹੀਂ।

ਭਗਤੀ ਅੰਦੋਲਨ ਵਿੱਚ ਕਥਿਤ 'ਨੀਵੀਆਂ ਜਾਤਾਂ' ਦੇ ਲੋਕ, ਜਿਨ੍ਹਾਂ ਨੂੰ ਬ੍ਰਾਹਮਣਵਾਦੀ ਸਮਾਜ ਨੇ ਵੱਖ ਕੀਤਾ ਹੋਇਆ ਸੀ, ਸ਼ਾਮਲ ਸਨ, । ਇਸ ਅੰਦੋਲਨ ਦੇ ਕਈ ਸੰਤ ਖੁਦ ਇਨ੍ਹਾਂ ਹੀ ਜਾਤਾਂ ਵਿਚੋਂ ਸਨ ਅਤੇ ਉਨ੍ਹਾਂ ਨੇ ਬ੍ਰਾਹਮਣਾਂ ਦੇ ਵੇਦਕ ਗ੍ਰੰਥਾਂ ਉੱਤੇ ਏਕਾਧਿਕਾਰ ਦਾ ਅੰਤ ਕੀਤਾ। ਇਸ ਸੰਦਰਭ ਵਿੱਚ ਸਿੱਖ ਦਰਸ਼ਨ ਦੀ ਅਹਿਮ ਭੂਮਿਕਾ ਹੈ। ਗੁਰੂ ਨਾਨਕ ਦੇਵ ਜੀ ਦਾ ਮਲਕ ਭਾਗੋ ਦੇ ਖਿਲਾਫ ਬੋਲਣਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਅਖੌਤੀ ਨੀਵੀਆਂ ਜਾਤਾਂ ਦੇ ਵਿਅਕਤੀਆਂ ਨੂੰ ਪੰਜ ਪਿਆਰਿਆਂ ਦਾ ਦਰਜਾ ਦੇਣਾ ਅਤੀ ਇਨਕਲਾਬੀ ਕਦਮ ਸਨ।

ਜੋਤੀਬਾ ਰਾਓ ਫੂਲੇ ਇੱਕ ਜਾਤੀ-ਵਿਰੋਧੀ ਵਿਚਾਰਕ ਸਨ। ਉਨ੍ਹਾਂ 1873 ਵਿੱਚ ਮਹਾਰਾਸ਼ਟਰ ਵਿੱਚ ਸਤਿਆਸ਼ੋਧਕ ਸਮਾਜ ਦੀ ਸਥਾਪਨਾ ਕੀਤੀ, ਤਾਂ ਜੋ ਕਥਿਤ 'ਨੀਵੀਆਂ ਜਾਤਾਂ' ਅਤੇ ਔਰਤਾਂ ਦੇ ਹੱਕਾਂ ਦੀ ਰੱਖਿਆ ਹੋ ਸਕੇ। ਉਹ ਔਰਤ ਸਿੱਖਿਆ ਦੇ ਅਗੂ ਸਨ ਅਤੇ 1848 ਵਿੱਚ ਭਾਰਤ ਦਾ ਪਹਿਲਾ ਕੁੜੀਆਂ ਦਾ ਸਕੂਲ ਖੋਲ੍ਹਿਆ।

ਡਾ. ਭੀਮ ਰਾਵ ਅੰਬੇਡਕਰ ਨੇ ਇਸ ਸਮਾਜਿਕ ਹਕੀਕਤ ਨੂੰ ਡੂੰਘਾਈ ਨਾਲ ਸਮਝਿਆ ਅਤੇ ਕਿਹਾ ਕਿ ਜਦ ਤੱਕ ਜਾਤੀ ਰਹੇਗੀ, ਤਦ ਤੱਕ ਸਮਾਜਿਕ ਵੰਡ ਰਹੇਗੀ। ਉਨ੍ਹਾਂ ਜਾਤੀ ਦੇ ਪੂਰੇ ਖਾਤਮੇ ਦੀ ਮਜ਼ਬੂਤ ਵਕਾਲਤ ਕੀਤੀ। ਉਨ੍ਹਾਂ ਦਾ ਇਤਿਹਾਸਕ ਲੇਖ "Annihilation of Caste (ਜਾਤ ਦਾ ਖਾਤਮਾ) ਸਮਾਜਕ ਅਸਮਾਨਤਾ ਉੱਤੇ ਸਭ ਤੋਂ ਸਸ਼ਕਤ ਟਿੱਪਣੀਆਂ ਵਿੱਚੋਂ ਇੱਕ ਹੈ। ਅੰਬੇਡਕਰ ਨੇ ਸਪੱਸ਼ਟ ਕਿਹਾ ਕਿ ਜਾਤੀ ਆਧਾਰਿਤ ਭੇਦਭਾਵ ਮਜ਼ਦੂਰ ਵਰਗ ਦੀ ਏਕਤਾ ਨੂੰ ਕਮਜ਼ੋਰ ਕਰਦਾ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਸਮਾਜਿਕ ਆਜ਼ਾਦੀ ਦੇ ਬਿਨਾਂ ਰਾਜਨੀਤਕ ਆਜ਼ਾਦੀ ਦਾ ਕੋਈ ਮਤਲਬ ਨਹੀਂ; ਜੇ ਸਮਾਜ ਦਾ ਵੱਡਾ ਹਿੱਸਾ ਸਮਾਜਿਕ ਗੁਲਾਮੀ ਵਿੱਚ ਰਹੇਗਾ ਤਾਂ ਅੰਗਰੇਜ਼ੀ ਹਕੂਮਤ ਤੋਂ ਮੁਕਤੀ ਦਾ ਕੋਈ ਮੁੱਲ ਨਹੀਂ ਰਹੇਗਾ। ਫਿਰ ਵੀ, ਸ਼ਾਇਦ ਉਨ੍ਹਾਂ ਨੇ ਇਹ ਨਹੀਂ ਸੋਚਿਆ ਸੀ ਕਿ ਆਜ਼ਾਦ ਭਾਰਤ ਵਿੱਚ ਪੀੜਤ ਵਰਗਾਂ ਦੇ ਉਥਾਨ ਲਈ ਕਈ ਕਦਮ ਚੁੱਕੇ ਜਾਣਗੇ ਅਤੇ ਉਨ੍ਹਾਂ ਦੀ ਅਗਵਾਈ ਵਿੱਚ ਬਣੀ ਸੰਵਿਧਾਨ ਸਭਾ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਪ੍ਰਗਤੀਸ਼ੀਲ ਕਾਨੂੰਨ ਬਣਾਏਗੀ। ਇਸ ਤਰ੍ਹਾਂ, ਰਾਜਨੀਤਕ ਆਜ਼ਾਦੀ ਦਾ ਗਹਿਰਾ ਮਹੱਤਵ ਹੈ — ਇਸ ਨੇ ਸਮਾਜਕ ਸਮਾਨਤਾ ਵੱਲ ਹੋਰ ਸੰਘਰਸ਼ਾਂ ਦੀ ਬੁਨਿਆਦ ਰੱਖੀ। ਮਹਾਤਮਾ ਗਾਂਧੀ, ਜਵਾਹਰਲਾਲ ਨਹਿਰੂ ਅਤੇ ਭਗਤ ਸਿੰਘ ਵਰਗੇ ਨੇਤਾਵਾਂ ਨੇ ਸਮਝਿਆ ਕਿ ਰਾਜਨੀਤਕ ਆਜ਼ਾਦੀ ਨਾਲ ਅਸੀਂ ਆਪਣੇ ਕਾਨੂੰਨ ਅਤੇ ਸਮਾਜਕ ਢਾਂਚੇ ਔਪਨੀਵੇਸ਼ਿਕ ਸ਼ਾਸਨ ਤੋਂ ਮੁਕਤ ਹੋ ਕੇ ਖੁਦ ਤੈਅ ਕਰ ਸਕਾਂਗੇ।

ਜਾਤੀ 'ਤੇ ਆਧਾਰਤ ਉਤਪੀੜਨ ਦੇ ਖਿਲਾਫ਼ ਸੰਘਰਸ਼ ਵਿੱਚ ਕਮਿਊਨਿਸਟ ਅਤੇ ਹੋਰ ਤਰੱਕੀਪਸੰਦ ਤਾਕਤਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਉਹ ਵਰਗਹੀਣ ਸਮਾਜ ਅਤੇ ਵਿਗਿਆਨਕ ਸੋਚ ਉੱਤੇ ਆਧਾਰਿਤ ਸ਼ੋਸ਼ਣ-ਰਹਿਤ ਸਮਾਜਕ ਵਿਵਸਥਾ ਵਿੱਚ ਵਿਸ਼ਵਾਸ ਰੱਖਦੇ ਸਨ। ਕਈ ਕਮਿਊਨਿਸਟ ਕਾਰਕੁਨ ਕਥਿਤ 'ਅਛੂਤਾਂ' ਦੇ ਘਰਾਂ ਵਿੱਚ ਗਏ, ਉਨ੍ਹਾਂ ਨਾਲ ਖਾਣ-ਪੀਣ ਕੀਤਾ, ਉਨ੍ਹਾਂ ਵਿਚ ਰਹੇ ਅਤੇ ਅਸਲੀ ਏਕਤਾ ਦੇ ਰਿਸ਼ਤੇ ਬਣਾਏ। ਇਸ ਲਈ ਉਨ੍ਹਾਂ ਨੂੰ ਸਮਾਜਕ ਤੌਰ 'ਤੇ ਤਿਆਗ ਦਾ ਸਾਹਮਣਾ ਕਰਨਾ ਪਿਆ। ਕਈਆਂ ਨੂੰ ਆਪਣੇ ਘਰਾਂ ਤੋਂ ਕੱਢ ਦਿੱਤਾ ਗਿਆ ਅਤੇ ਸਮਾਜ ਨੇ ਉਨ੍ਹਾਂ ਨਾਲ ਰਿਸ਼ਤੇ ਤੋੜ ਲਏ।

ਵਿਗਿਆਨਕ ਤੇ ਸਮਾਨਤਾਵਾਦੀ ਦ੍ਰਿਸ਼ਟੀਕੋਣ ਨਾਲ ਪ੍ਰੇਰਿਤ ਹੋ ਕੇ ਉਨ੍ਹਾਂ ਜਾਤੀ ਉਤਪੀੜਨ ਨੂੰ ਵੱਡੇ ਵਰਗੀ ਸ਼ੋਸ਼ਣ ਨਾਲ ਜੋੜਿਆ। ਉਨ੍ਹਾਂ ਨੇ ਜਾਤੀ ਨੂੰ ਜਿਮੀਦਾਰੀ ਅਤੇ ਪੂੰਜੀਵਾਦੀ ਹਕੂਮਤ ਦੀ ਇੱਕ ਕੜੀ ਮੰਨਿਆ। ਵਰਗੀ ਸ਼ੋਸ਼ਣ ਦੇ ਖ਼ਿਲਾਫ਼ ਉਨ੍ਹਾਂ ਦਾ ਸੰਘਰਸ਼ ਸੁਭਾਵਕ ਤੌਰ 'ਤੇ ਜਾਤੀ ਅਸਮਾਨਤਾ ਦੇ ਖਿਲਾਫ਼ ਵੀ ਬਣ ਗਿਆ।

ਦੁਖਦਾਈ ਗੱਲ ਇਹ ਹੈ ਕਿ ਇਸੇ ਦੌਰਾਨ ਕੁਝ ਦਲਿਤ ਨੇਤਾ ਸੱਤਾ ਦੀ ਲਾਲਸਾ ਵਿੱਚ ਸਿਰਫ਼ ਜਾਤੀ ਦੇ ਆਧਾਰ 'ਤੇ ਲੋਕਾਂ ਨੂੰ ਇਕੱਠਾ ਕਰਨ ਲੱਗ ਪਏ, ਨਾ ਕਿ ਵਰਗ ਏਕਤਾ ਲਈ। ਪੂੰਜੀਵਾਦੀ ਰਾਜਨੀਤੀ ਅਤੇ ਅਰਥਵਿਵਸਥਾ ਨੂੰ ਅਪਣਾ ਕੇ ਉਨ੍ਹਾਂ ਨੇ ਉਹੀ ਢਾਂਚਾ ਮਜ਼ਬੂਤ ਕੀਤਾ, ਜੋ ਅਸਮਾਨਤਾ ਨੂੰ ਕਾਇਮ ਰੱਖਦਾ ਸੀ। ਇਸ ਕਾਰਨ ਦਲਿਤ ਜਨਤਕ ਵਰਗਾਂ ਦਾ ਅਸਲੀ ਉਥਾਨ ਅਧੂਰਾ ਰਹਿ ਗਿਆ।

ਇਸ ਹਕੀਕਤ ਨੂੰ ਸਮਝਦਿਆਂ ਕਮਿਊਨਿਸਟ ਪਾਰਟੀ ਨੇ ਸਾਰੇ ਉਤਪੀੜਤ ਵਰਗਾਂ ਨੂੰ ਇਕੱਠਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਕਾਰਲ ਮਾਰਕਸ ਵੱਲੋਂ ਦਿੱਤੇ ਵਿਗਿਆਨਕ ਸਿਧਾਂਤਾਂ ਦੇ ਅਧਾਰ 'ਤੇ ਸਮਾਜਕ ਸਦਭਾਵਨਾ, ਜਾਤੀ-ਰਹਿਤ ਸਮਾਜ ਅਤੇ ਹਰੇਕ ਕਿਸਮ ਦੇ ਸ਼ੋਸ਼ਣ ਦੇ ਵਿਰੁੱਧ ਅੰਦੋਲਨ ਬਣਾਇਆ।

ਜਾਤ ਦੇ ਖਾਤਮੇ ਦੇ ਵਿਚਾਰ ਨੂੰ ਅੱਗੇ ਵਧਾਉਣ ਲਈ ਤਰੱਕੀਪਸੰਦ ਤਾਕਤਾਂ ਨੂੰ ਵਰਗੀ ਸੰਘਰਸ਼ ਨੂੰ ਹੋਰ ਤੇਜ਼ ਕਰਨਾ ਪਵੇਗਾ। ਇਸ ਸੰਘਰਸ਼ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਇਕੱਠਾ ਹੋਣਾ ਲਾਜ਼ਮੀ ਹੈ। ਕਿਸੇ ਇੱਕ ਜਾਤੀ ਤੱਕ ਸੰਗਠਨ ਨੂੰ ਸੀਮਿਤ ਕਰਨਾ ਵੱਡੇ ਅੰਦੋਲਨ ਨੂੰ ਕਮਜ਼ੋਰ ਕਰਦਾ ਹੈ। ਜਾਤੀਆਂ ਦੇ ਵਿਚਾਲੇ ਟਕਰਾਅ ਨਾਲ ਸਮੱਸਿਆ ਦਾ ਹੱਲ ਨਹੀਂ ਨਿਕਲਦਾ। ਸਾਰੇ ਸ਼ੋਸ਼ਿਤ ਅਤੇ ਉਤਪੀੜਤ ਵਰਗਾਂ ਦੀ ਏਕਤਾ ਹੀ ਅੱਗੇ ਵਧਣ ਦਾ ਇਕਲੌਤਾ ਰਾਹ ਹੈ।

ਇਸ ਲਈ, ਤਰੱਕੀਪਸੰਦ ਅੰਦੋਲਨਾਂ ਲਈ ਸਿਰਫ਼ ਜਾਤੀ ਦੇ ਆਧਾਰ 'ਤੇ ਲੋਕਾਂ ਨੂੰ ਇਕੱਠਾ ਕਰਨਾ ਸਹੀ ਦਿਸ਼ਾ ਵਿੱਚ ਕਦਮ ਨਹੀਂ ਮੰਨਿਆ ਜਾ ਸਕਦਾ। ਕਾਰਲ ਮਾਰਕਸ ਵੱਲੋਂ ਦਿੱਤੇ ਵਰਗੀ ਸੰਘਰਸ਼ ਦੇ ਵਿਗਿਆਨਕ ਸਿਧਾਂਤ ਨੂੰ ਸਾਡੇ ਦੇਸ਼ ਦੀਆਂ ਖ਼ਾਸ ਹਾਲਤਾਂ ਵਿੱਚ ਲਾਗੂ ਕਰਨਾ ਚਾਹੀਦਾ ਹੈ। ਪੱਛੜੇ ਵਰਗਾਂ ਦੀ ਆਰਥਿਕ, ਸਮਾਜਿਕ ਅਤੇ ਸੰਸਕ੍ਰਿਤਕ ਹਾਲਤ ਨੂੰ ਸਿੱਖਿਆ, ਰੋਜ਼ਗਾਰ ਅਤੇ ਬਰਾਬਰ ਮੌਕਿਆਂ ਰਾਹੀਂ ਸੁਧਾਰਨਾ ਹੋਵੇਗਾ, ਤਾਂ ਜੋ ਸਾਰੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਜਾਤੀ ਦੀਆਂ ਰੇਖਾਵਾਂ ਤੋਂ ਉੱਪਰ ਉੱਠ ਸਕਣ।

ਇਹ ਜ਼ਰੂਰੀ ਹੈ ਕਿ ਆਰਥਿਕ ਅਤੇ ਸਮਾਜਿਕ ਤੌਰ 'ਤੇ ਪੱਛੜੇ ਸਮੂਹਾਂ ਨੂੰ ਵਿਸ਼ੇਸ਼ ਪ੍ਰਬੰਧ ਅਤੇ ਸਹਾਇਤਾ ਦਿੱਤੀ ਜਾਵੇ। ਨਾਲ ਹੀ ਇਹ ਜਾਗਰੂਕਤਾ ਫੈਲਾਉਣਾ ਵੀ ਅਹਿਮ ਹੈ ਕਿ ਸਾਰੇ ਮਨੁੱਖ ਮੂਲ ਤੌਰ 'ਤੇ ਬਰਾਬਰ ਹਨ ਅਤੇ ਵਿਗਿਆਨਕ ਸੋਚ ਨੂੰ ਅੰਧਵਿਸ਼ਵਾਸ ਅਤੇ ਸਮਾਜਕ ਪੱਖਪਾਤ ਦੀ ਥਾਂ ਲੈਣੀ ਚਾਹੀਦੀ ਹੈ।

ਇਸ ਲਈ ਤਰਕਸ਼ੀਲ ਤੇ ਵਿਗਿਆਨਕ ਸੋਚ ਵਾਲੇ ਲੋਕਾਂ ਦਾ ਦੂਹਰਾ ਫਰਜ਼ ਹੈ, ਵਰਗੀ ਸੰਘਰਸ਼ ਤੇ ਸਮਾਜਕ ਸੁਧਾਰ ਦੋਵਾਂ ਨੂੰ ਅੱਗੇ ਵਧਾਉਣਾ। ਜਾਤੀ-ਪੀੜਤ ਅਤੇ ਸ਼ੋਸ਼ਿਤ ਵਰਗਾਂ ਨੂੰ ਵਿਗਿਆਨਕ ਚੇਤਨਾ ਨਾਲ ਲੈਸ ਕਰਨਾ ਤੇ ਉਨ੍ਹਾਂ ਨੂੰ ਸਮਾਨਤਾ ਦੇ ਸੰਘਰਸ਼ ਵਿੱਚ ਸ਼ਾਮਲ ਕਰਨਾ ਲਾਜ਼ਮੀ ਹੈ। ਤਦ ਹੀ ਅਸੀਂ ਇਕ ਨਿਆਂਪ੍ਰਸਤ ਅਤੇ ਸ਼ੋਸ਼ਣ-ਰਹਿਤ ਸਮਾਜ ਦੇ ਨਿਰਮਾਣ ਵੱਲ ਫੈਸਲਾਕੁੰਨ ਕਦਮ ਚੁੱਕ ਸਕਾਂਗੇ।

# ਸੰਪਰਕ : 94170-00360

# ਬੱਚਿਆਂ 'ਚ ਮੋਬਾਇਲ ਦੀ ਵਰਤੋਂ ਦਾ ਕਰੇਜ਼

ਮੁਹੰਮਦ ਅੱਬਾਸ ਧਾਲੀਵਾਲ




ਅੱਜ ਮੋਬਾਇਲ ਦੀ ਵਰਤੋਂ ਦਾ ਚਲਣ ਆਮ ਹੈ। ਮੋਬਾਇਲ ਜੋ ਕਿ ਅੱਜ ਹਰ ਵਰਗ ਤੇ ਉਮਰ ਦੇ ਲੋਕਾਂ ਦੇ ਹੱਥਾਂ ਵਿੱਚ ਇਹ ਆਮ ਵੇਖਣ ਨੂੰ ਮਿਲਦਾ ਹੈ। ਪਿਛਲੇ ਇੱਕ-ਡੇਢ ਦਹਾਕੇ ਤੋਂ ਮੋਬਾਇਲ ਫੋਨ ਦੀ ਵਰਤੋਂ 'ਚ ਚੋਖਾ ਵਾਧਾ ਹੋਇਆ ਹੈ। ਅਕਸਰ ਵੇਖਣ 'ਚ ਆਉਂਦਾ ਹੈ ਕਿ ਜੇਕਰ ਘਰ ਦੇ ਪਰਵਾਰ ਦੇ ਮੈਂਬਰ ਇੱਕ ਕਮਰੇ ਵਿੱਚ ਬੈਠੇ ਹਨ ਤਾਂ ਉਹ ਆਪਸ ਵਿੱਚ ਗੱਲ ਕਰਨ ਦੀ ਥਾਂ ਮੋਬਾਇਲ ਵੇਖਣ ਵਿੱਚ ਮਸਰੂਫ਼ ਹੁੰਦੇ ਹਨ।

ਮੋਬਾਇਲ ਦੀ ਵਧੇਰੇ ਵਰਤੋਂ ਕਰਨ ਦੇ ਚਲਦਿਆਂ ਅੱਜ ਲੋਕਾਂ ਨੂੰ ਧੜਾਧੜ ਵੱਖ-ਵੱਖ ਤਰ੍ਹਾਂ ਦੀਆਂ ਸਰੀਰਕ ਤੇ ਮਾਨਸਿਕ ਬਿਮਾਰੀਆਂ ਲੱਗ ਰਹੀਆਂ ਹਨ। ਸਭ ਤੋਂ ਮਾੜਾ ਪ੍ਰਭਾਵ ਉਨ੍ਹਾਂ ਬੱਚਿਆਂ 'ਤੇ ਵੇਖਣ ਨੂੰ ਮਿਲ ਰਿਹਾ ਹੈ, ਜੋ ਮੋਬਾਇਲ ਦੀ ਵਧੇਰੇ ਵਰਤੋਂ ਕਰਦੇ ਹਨ। ਜੋ ਬੱਚੇ ਜ਼ਿਆਦਾ ਸਮਾਂ ਮੋਬਾਈਲ 'ਤੇ ਗੇਮ ਖੇਡਣ, ਵੀਡੀਓਜ਼ ਦੇਖਣ ਜਾਂ ਗੱਲਾਂ ਕਰਨ ਵਿੱਚ ਲਗਾਉਂਦੇ ਹਨ, ਉਹਨਾਂ ਦੀ ਪੜ੍ਹਾਈ ਵਿੱਚ ਰੁਚੀ ਤੇ ਧਿਆਨ ਘਟ ਜਾਂਦਾ ਹੈ, ਜਿਸ ਦੇ ਨਤੀਜੇ ਵਜੋਂ ਉਹਨਾਂ ਦੇ ਇਮਤਿਹਾਨਾਂ 'ਚੋਂ ਨੰਬਰ ਘਟ ਆਉਂਦੇ ਹਨ।

ਇਸ ਤੋਂ ਇਲਾਵਾ ਜ਼ਿਆਦਾ ਮੋਬਾਇਲ ਦੀ ਵਰਤੋਂ ਕਰਨਾ ਨੀਂਦ ਵਿੱਚ ਖਲਲ ਪਾਉਂਦਾ ਹੈ। ਮੋਬਾਇਲ ਨੂੰ ਰਾਤ ਤੱਕ ਵਰਤਣਾ, ਖਾਸ ਕਰਕੇ ਸੌਣ ਤੋਂ ਪਹਿਲਾਂ, ਨੀਂਦ ਨੂੰ ਬੇਹੱਦ ਪ੍ਰਭਾਵਤ ਕਰਦਾ ਹੈ। ਇਸ ਤੋਂ ਇਲਾਵਾ ਮੋਬਾਇਲ ਦੀ ਡਿਸਪਲੇ ਸਕਰੀਨ ਵਿੱਚੋਂ ਨਿਕਲਣ ਵਾਲੀ ਨੀਲੀ ਰੋਸ਼ਨੀ ਸਰੀਰ ਦੇ ਕੁਦਰਤੀ ਨੀਂਦ-ਜਾਗ ਚੱਕਰ ਵਿੱਚ ਤਬਦੀਲੀ ਲਿਆਉਣ ਦਾ ਇੱਕ ਵੱਡਾ ਕਾਰਨ ਬਣਦੀ ਹੈ, ਜਿਸ ਦੇ ਚਲਦਿਆਂ ਬੱਚਿਆਂ ਨੂੰ ਨੀਂਦ ਆਉਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਪਹਿਲੇ ਸਮਿਆਂ ਵਿੱਚ ਅਕਸਰ ਬੱਚੇ ਵਧੇਰੇ ਸਰੀਰਕ ਸਰਗਰਮੀਆਂ ਵਾਲੀਆਂ ਖੇਡਾਂ ਖੇਡਿਆ ਕਰਦੇ ਸਨ, ਪਰ ਅੱਜ ਦੇ ਬੱਚੇ ਵਧੇਰੇ ਸਮੇਂ ਮੋਬਾਈਲ ਵੇਖਣ 'ਚ ਲੀਨ ਰਹਿੰਦੇ ਹਨ, ਜਿਸ ਦੇ ਚਲਦਿਆਂ ਉਨ੍ਹਾਂ ਦੀ ਸਰੀਰਕ ਹਰਕਤ ਬਹੁਤ ਘੱਟ ਹੁੰਦੀ ਹੈ, ਜਿਸ ਦੇ ਨਤੀਜੇ ਵਜੋਂ ਉਹ ਮੋਟਾਪੇ, ਮਾਸਪੇਸ਼ੀਆਂ ਦੀ ਕਮਜ਼ੋਰੀ ਅਤੇ ਸਹਿਨਸ਼ੀਲਤਾ ਦੀ ਘਾਟ ਦਾ ਸ਼ਿਕਾਰ ਹੁੰਦੇ ਹਨ। ਇਸ ਦੇ ਨਾਲ-ਨਾਲ ਲੰਮਾ ਸਮਾਂ ਸਕਰੀਨ ਦੇਖਣ ਨਾਲ ਅੱਜ ਬੱਚਿਆਂ ਨੂੰ ਅੱਖਾਂ ਵਿਚ ਜਲਣ, ਧੁੰਦਲੀ ਨਜ਼ਰ ਜਾਂ ਸਿਰ ਦਰਦ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ ਵਧੇਰੇ ਮੋਬਾਇਲ ਦਾ ਵੇਖਣਾ ਨਜ਼ਰ ਨੂੰ ਨੁਕਸਾਨ ਪਹੁੰਚਾਉਂਦਾ ਹੈ।

ਵੇਖਣ ਚ ਇਹ ਵੀ ਆਇਆ ਹੈ ਅੱਜ ਛੋਟੇ-ਛੋਟੇ ਬੱਚਿਆਂ 'ਚ ਮੋਬਾਇਲ ਦਾ ਕਰੇਜ਼ ਵਧੇਰੇ ਵੇਖਣ ਨੂੰ ਮਿਲ ਰਿਹਾ ਹੈ, ਕਈ ਬੱਚਿਆਂ ਨੂੰ ਮੋਬਾਈਲ ਵੇਖਣ ਦੀ ਲੱਤ ਨਸ਼ਿਆਂ ਵਾਂਗੂ ਚੁੰਬੜ ਗਈ ਜਾਪਦੀ ਹੈ। ਉਹ ਬਿਨਾਂ ਫੋਨ ਦੇ ਧਿਆਨ ਨਹੀਂ ਲਗਾ ਸਕਦੇ, ਬੇਚੈਨ ਹੋ ਜਾਂਦੇ ਹਨ, ਜਦੋਂ ਉਨ੍ਹਾਂ ਤੋਂ ਮੋਬਾਇਲ ਲੈ ਲਿਆ ਜਾਂਦਾ ਹੈ ਤਾਂ ਗੁੱਸਾ ਕਰਦੇ ਹਨ।

ਇਸ ਤੋਂ ਇਲਾਵਾ ਅੱਜ ਵਧੇਰੇ ਮੋਬਾਇਲ ਚਲਾਉਣ ਵਾਲੇ ਬੱਚੇ ਅਜੋਕੇ ਸਮੇਂ ਸੋਸ਼ਲ ਨਹੀਂ ਰਹਿ ਪਾਉਂਦੇ, ਉਨ੍ਹਾਂ 'ਚ ਸਮਾਜਿਕ ਹੁਨਰਾਂ ਦੀ ਘਾਟ ਪਾਈ ਜਾਂਦੀ ਹੈ। ਇਹੋ ਵਜ੍ਹਾ ਹੈ ਕਿ ਅਜਿਹੇ ਬੱਚਿਆਂ ਨੂੰ ਅੱਜ ਅਸਲੀ ਜ਼ਿੰਦਗੀ ਵਿੱਚ ਗੱਲਬਾਤ ਕਰਨ ਜਾਂ ਰਿਸ਼ਤੇ ਬਣਾਉਣ ਵਿੱਚ ਮੁਸ਼ਕਲਾਂ ਆਉਂਦੀਆਂ ਹਨ।

ਜੇ ਮਾਪਿਆਂ ਵੱਲੋਂ ਨਿਗਰਾਨੀ ਨਾ ਕੀਤੀ ਜਾਵੇ, ਤਾਂ ਬੱਚੇ ਗਲਤੀ ਨਾਲ ਜਾਂ ਜਾਣ-ਬੁਝ ਕੇ ਹਿੰਸਕ, ਅਸ਼ਲੀਲ ਜਾਂ ਹੋਰ ਨੁਕਸਾਨ ਪਹੁੰਚਾਉਣ ਵਾਲੀ ਸਮੱਗਰੀ ਦੇਖ ਸਕਦੇ ਹਨ। ਉਹ ਆਨਲਾਈਨ ਬੁਲਿੰਗ ਜਾਂ ਗਲਤ ਲੋਕਾਂ ਦੇ ਧੱਕੇ ਵੀ ਚੜ੍ਹ ਸਕਦੇ ਹਨ।

ਇਸ ਸੰਦਰਭ ਵਿੱਚ ਸਾਨੂੰ ਸਭ ਤੋਂ ਪਹਿਲਾਂ ਬੱਚਿਆਂ ਲਈ ਮੋਬਾਇਲ ਦੀ ਵਰਤੋਂ ਲਈ ਇੱਕ ਸਮਾਂ-ਸੀਮਾਂ ਨਿਰਧਾਰਤ ਕਰਨਾ ਯਕੀਨੀ ਬਣਾਉਣਾ ਪਵੇਗਾ। ਉਦਾਹਰਨ ਵਜੋਂ - ਸਿਰਫ਼ ਹੋਮਵਰਕ ਤੋਂ ਬਾਅਦ ਜਾਂ ਪੂਰੇ ਦਿਨ ਵਿਚ ਸਿਰਫ 1-2 ਘੰਟੇ। ਇਸ ਦੇ ਨਾਲ ਨਾਲ ਖੇਡ ਜਾਂ ਖਾਸ ਐਪ ਵਰਤਣ ਦੇ ਸਮੇਂ ਤੇ ਸੀਮਾਵਾਂ ਲਾਉਣੀਆਂ ਪੈਣਗੀਆਂ।

ਇਸ ਤੋਂ ਇਲਾਵਾ ਇਸ ਗੱਲੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਬੱਚੇ ਹਮੇਸ਼ਾਂ ਵੱਡਿਆਂ ਦੇ ਨਕਸ਼ - ਏ- ਕਦਮ 'ਤੇ ਚਲਦੇ ਹਨ, ਇਸ ਲਈ ਸਾਨੂੰ ਖੁਦ ਵੀ ਮੋਬਾਇਲ ਦੀ ਵਰਤੋਂ ਸੀਮਿਤ ਕਰਨੀ ਚਾਹੀਦੀ ਹੈ। ਇਸ ਦੇ ਨਾਲ-ਨਾਲ ਪਰਿਵਾਰਕ ਸਮੇਂ 'ਚ ਮੋਬਾਇਲ ਨੂੰ ਬੰਦ ਰੱਖੋ ਜਾਂ ਸਾਈਲੈਂਟ ਮੋਡ 'ਤੇ ਰੱਖਣਾ ਚਾਹੀਦਾ ਹੈ।

ਇਸ ਤੋਂ ਇਲਾਵਾ ਫੋਨ ਜਾਂ ਟੈਬਲੇਟ 'ਚ ਪੈਰਨਟਲ ਕੰਟਰੋਲ ਐਪ ਜਾਂ ਫੀਚਰ ਵਰਤੋ (ਜਿਵੇਂ Google Family Link, Apple Screen Time ਆਦਿ) ਨੂੰ ਕੰਟ੍ਰੋਲਰ ਕਰਨਾ ਯਕੀਨੀ ਬਣਾਉਣਾ ਚਾਹੀਦਾ ਹੈ। ਇਸ ਦੇ ਚੱਲਦਿਆਂ ਤੁਸੀਂ ਵੇਖ ਸਕਦੇ ਹੋ ਕਿ ਤੁਹਾਡਾ ਬੱਚਾ ਕੀ-ਕੀ ਦੇਖ ਰਿਹਾ ਹੈ ਅਤੇ ਕਿਸੇ ਚੀਜ਼ ਨੂੰ ਵੇਖਣ ਲਈ ਕਿੰਨਾ ਸਮਾਂ ਖਰਚ ਕਰ ਰਿਹਾ ਹੈ। ਅੱਜ ਸਾਨੂੰ ਮੋਬਾਇਲ ਤੋਂ ਇਲਾਵਾ ਬੱਚਿਆਂ ਨੂੰ ਹੋਰ ਵਿਕਲਪ ਉਪਲੱਬਧ ਕਰਵਾਉਣੇ ਚਾਹੀਦੇ ਹਨ, ਜਿਵੇਂ ਕਿ ਬੱਚਿਆਂ ਨੂੰ ਹੋਰ ਸਰਗਰਮੀਆਂ ਨਾਲ ਜੋੜੋ-ਆਊਟਡੋਰ ਖੇਡਾਂ, ਕਿਤਾਬਾਂ, ਕਲਾ ਜਾਂ ਪਾਠਕ੍ਰਮਾਤਮਕ ਗਤੀਵਿਧੀਆਂ ਆਦਿ।

ਅੱਜ ਇੱਕ ਗੱਲ ਜੋ ਵੇਖਣ 'ਚ ਆ ਰਹੀ ਹੈ, ਉਹ ਇਹ ਹੈ ਕਿ ਮਾਪੇ ਆਪਣੇ ਬੱਚਿਆਂ ਨੂੰ ਲੋੜੀਂਦਾ ਸਮਾਂ ਨਹੀਂ ਦੇ ਸਕਣ ਦੇ ਚਲਦਿਆਂ ਉਨ੍ਹਾਂ ਦੇ ਹੱਥ ਮੋਬਾਇਲ ਫੜਾ ਦਿੰਦੇ ਹਨ। ਅਜਿਹਾ ਕਰਨ ਦੀ ਥਾਂ ਸਾਨੂੰ ਪਰਿਵਾਰਕ ਸਮਾਂ ਅਤੇ ਗੱਲਬਾਤ ਨੂੰ ਵਧਾਉਣਾ ਚਾਹੀਦਾ ਹੈ।

ਇਸ ਤੋਂ ਇਲਾਵਾ ਬੱਚਿਆਂ ਨੂੰ ਸਮਝਾਓ ਕਿ ਮੋਬਾਇਲ ਦਾ ਵੱਧ ਵਰਤਣਾ ਸਿਹਤ ਲਈ (ਅੱਖਾਂ, ਨੀਂਦ, ਧਿਆਨ) ਅਤੇ ਮਨੋਵਿਗਿਆਨ ਲਈ ਕਿਵੇਂ ਨੁਕਸਾਨਦਾਇਕ ਬਣ ਰਿਹਾ ਹੈ। ਉਨ੍ਹਾਂ ਨਾਲ ਖੁੱਲ੍ਹ ਕੇ ਗੱਲਬਾਤ ਕਰੋ ਕਿ ਉਹ ਕੀ ਦੇਖਦੇ ਹਨ, ਉਨ੍ਹਾਂ ਦੀ ਸੋਚ ਕਿਹੋ ਜਿਹੀ ਹੈ।

ਸੰਪਰਕ : 98552-59650

# ਮੌਤ ਦੀ ਵਿਗਿਆਨਕ ਪ੍ਰੀਭਾਸ਼ਾ

**( 'ਜਦੋਂ ਮੇਰਾ ਸਰੀਰ ਸਹਿਯੋਗ ਕਰਨਾ ਬੰਦ ਕਰ ਦੇਵੇ ਅਤੇ ਜਦੋਂ ਮੇਰੀ ਹਾਲਤ ਐਸੀ ਹੋਵੇ ਕਿ ਸਿਹਤ ਵਿੱਚ ਸੁਧਾਰ ਦਾ ਕੋਈ ਮੌਕਾ ਦਿਖਾਈ ਨਾ ਦੇਵੇ ਤਾਂ ਮੇਰਾ ਇਲਾਜ ਨਾ ਕਰਵਾਇਓ ।'**

**-ਡਾਕਟਰ ਲੋਪਾ ਮਹਿਤਾ)**



ਜਗਦੇਵ ਸ਼ਰਮਾ ਬੁਗਰਾ

ਅਸੀ ਦੇਖਦੇ ਹਾਂ ਕਿ ਫੇਸਬੁੱਕ ਵਿਦਵਾਨਾਂ ਦੁਆਰਾ ਸੋਸ਼ਲ ਮੀਡੀਆ ਦੀ ਚਕਰੀ ਘੁੰਮਾਉਂਦਿਆਂ ਪਾਈਆਂ ਜ਼ਿਆਦਾਤਰ ਪੋਸਟਾਂ ਭਾਵੇਂ ਵਾਹੀਆਤ ਅਤੇ ਊਲ-ਜਲੂਲ ਹੀ ਹੁੰਦੀਆਂ ਹਨ, ਪ੍ਰੰਤੂ ਕਈ ਪੋਸਟਾਂ ਬੜੀਆਂ ਸਾਰਥਿਕ ਵੀ ਹੁੰਦੀਆਂ ਹਨ ਅਤੇ ਜ਼ਿੰਦਗੀ ਪ੍ਰਤੀ ਸੇਧਗਾਰ ਉਸਾਰੂ ਪਹੁੰਚ ਰੱਖਦੀਆਂ ਹੁੰਦੀਆਂ ਹਨ। ਪਿਛਲੇ ਦਿਨੀਂ ਇੱਕ ਸਾਂਝੇ ਮਿੱਤਰ ਗਰੁੱਪ ਵਿੱਚ ਇੱਕ ਅਜਿਹੀ ਹੀ ਪੋਸਟ ਪੜ੍ਹਨ ਨੂੰ ਮਿਲੀ, ਜਿਸ ਨੂੰ ਪੜ੍ਹ ਕੇ ਘੱਟੋ-ਘੱਟ ਮੈਂ ਤਾਂ ਪ੍ਰਭਾਵਿਤ ਹੋਏ ਬਗੈਰ ਨਹੀਂ ਰਹਿ ਸਕਿਆ, ਕਿਉਂਕਿ ਇਸ ਪੋਸਟ ਦਾ ਸਿੱਧਾ ਸਬੰਧ ਆਮ ਵਿਅਕਤੀ ਨਾਲ ਹੈ। ਇਸ ਲਈ ਪੋਸਟ ਪਾਉਣ ਵਾਲੇ ਸ਼ਖਸ ਅਤੇ ਡਾਕਟਰ ਲੋਪਾ ਦੇ ਧੰਨਵਾਦ ਸਹਿਤ ਮੈਂ ਆਪਣੇ ਪਾਠਕਾਂ ਨਾਲ ਇਹ ਪੋਸਟ ਸਾਂਝੀ ਕਰਨੀ ਚਾਹਾਂਗਾ। ਇਹ ਪੋਸਟ ਅੰਗਰੇਜ਼ੀ ਭਾਸ਼ਾ ਵਿੱਚ ਲਿਖੀ ਹੋਈ ਸੀ, ਇਸ ਲਈ ਮੈਂ ਇਸ ਦਾ ਅੱਖਰ-ਅੱਖਰ ਪੰਜਾਬੀ ਵਿੱਚ ਉਲੱਥਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਆਸ ਕਰਦਾ ਹਾਂ ਕਿ ਪਾਠਕ ਪੋਸਟ ਵਿਚਲੇ ਮੁੱਦੇ ਨੂੰ ਜ਼ਰੂਰ ਵਿਚਾਰਨਗੇ।

ਡਾਕਟਰ ਲੋਪਾ ਮਹਿਤਾ ਬੰਬਈ ਦੇ ਜੀ ਐੱਸ ਮੈਡੀਕਲ ਕਾਲਜ ਵਿਖੇ ਇੱਕ ਪ੍ਰੋਫੈਸਰ ਸੀ। ਉਥੇ ਉਹ ਸਰੀਰਕ ਵਿਗਿਆਨ ( ਅਨਾਟਮੀ ) ਵਿਭਾਗ ਦੇ ਮੁਖੀ ਦੀਆਂ ਸੇਵਾਵਾਂ ਨਿਭਾ ਰਹੀ ਸੀ। ਜਿਉਂਦੇ ਜੀ 78 ਸਾਲ ਦੀ ਉਮਰੇ ਉਸ ਨੇ ਇੱਕ ਵਸੀਅਤ ਲਿਖੀ, ਜਿਸ ਵਿੱਚ ਉਸ ਨੇ ਸਾਫ ਸਾਫ ਲਿਖਿਆ:

"ਜਦੋਂ ਮੇਰਾ ਸਰੀਰ ਸਹਿਯੋਗ ਕਰਨਾ ਬੰਦ ਕਰ ਦੇਵੇ ਅਤੇ ਜਦੋਂ ਮੇਰੀ ਹਾਲਤ ਐਸੀ ਹੋਵੇ ਕਿ ਸਿਹਤ ਵਿੱਚ ਸੁਧਾਰ ਦਾ ਕੋਈ ਮੌਕਾ ਦਿਖਾਈ ਨਾ ਦੇਵੇ ਤਾਂ ਮੇਰਾ ਇਲਾਜ ਨਾ ਕਰਵਾਇਓ। ਮੈਨੂੰ ਲੈ ਕੇ ਐਧਰ-ਓਧਰ ਹਸਪਤਾਲਾਂ ਵਿੱਚ ਨਾ ਭੱਜੇ ਫਿਰਿਓ , ਵੈਂਟੀਲੇਟਰ 'ਤੇ ਰੱਖ ਕੇ ਮਸਨੂਈ ਸਾਹ ਨਾ ਦਿਵਾਇਓ , ਬੇਲੋੜੀਆਂ ਟਿਊਬਾਂ ਅਤੇ ਸਰਿੰਜਾਂ ਨਾਲ ਮੇਰਾ ਸਰੀਰ ਨਾ ਵਿੰਨ੍ਹਿਓਂ। ਮੈਨੂੰ ਮੇਰੇ ਆਖਰੀ ਪਲ ਸ਼ਾਂਤੀ ਵਿੱਚ ਬਿਤਾਉਣ ਦਿਓ। ਹਸਪਤਾਲਾਂ ਵਿੱਚੋਂ ਇਲਾਜ ਕਰਵਾਉਣ ਦੀ ਜਿੱਦ ਨੂੰ ਤਿਆਗ ਕੇ ਸਿਆਣਪ ਨੂੰ ਤਰਜੀਹ ਦੇਣਾ।"

ਡਾਕਟਰ ਲੋਪਾ ਨੇ ਸਿਰਫ ਇਹ ਦਸਤਾਵੇਜ਼ ਹੀ ਨਹੀਂ ਲਿਖਿਆ, ਸਗੋਂ ਉਸ ਨੇ ਮੌਤ ਉੱਪਰ ਆਪਣਾ ਖੋਜ ਪੇਪਰ ਵੀ ਛਪਵਾਇਆ। ਇਸ ਖੋਜ ਪੇਪਰ ਵਿੱਚ ਉਸ ਨੇ ਸਾਫ-ਸਾਫ ਲਿਖਿਆ ਹੈ ਕਿ ਮੌਤ ਇੱਕ ਦਿਨ ਆਉਣੀ ਹੀ ਆਉਣੀ ਹੈ। ਮੌਤ ਕੁਦਰਤੀ ਹੈ ਅਤੇ ਇੱਕ ਜੈਵਿਕ ਪ੍ਰਕਿਰਿਆ ਹੈ।

ਲੇਖਕ ਅਨੁਸਾਰ ਆਧੁਨਿਕ ਦਵਾ ਉਪਚਾਰ ਨੇ ਮੌਤ ਨੂੰ ਕਦੇ ਸੁਤੰਤਰ ਸੰਕਲਪ ਦੇ ਤੌਰ 'ਤੇ ਦੇਖਿਆ ਹੀ ਨਹੀਂ। ਮੈਡੀਕਲ ਵਿਗਿਆਨ ਸਦਾ ਇਹੀ ਸਮਝਦੀ ਹੈ ਕਿ ਮੌਤ ਦਾ ਕਾਰਨ ਕੋਈ ਨਾ ਕੋਈ ਬਿਮਾਰੀ ਹੀ ਹੁੰਦੀ ਹੈ ਅਤੇ ਜੇਕਰ ਤੁਸੀਂ ਉਸ ਬਿਮਾਰੀ ਦਾ ਇਲਾਜ ਕਰਵਾ ਲੈਂਦੇ ਹੋ ਤਾਂ ਮੌਤ ਨੂੰ ਰੋਕਿਆ ਜਾ ਸਕਦਾ ਹੈ, ਪ੍ਰੰਤੂ ਸਰੀਰਕ ਵਿਗਿਆਨ ਇਸ ਵਿਚਾਰਧਾਰਾ ਤੋਂ ਕਿਤੇ ਜ਼ਿਆਦਾ ਡੂੰਘੀ ਹੈ। ਸੰਵਾਦ ਰਚਾਉਂਦਿਆਂ ਡਾਕਟਰ ਲੋਪਾ ਕਹਿੰਦੀ ਹੈ ਕਿ ਸਰੀਰ ਮਸ਼ੀਨ ਨਿਆਈਂ ਨਹੀਂ ਹੈ, ਜਿਹੜਾ ਕਿ ਲਗਾਤਾਰ ਕੰਮ ਕਰਦਾ ਰਹੇ। ਇਹ ਸਿਸਟਮ ਸੀਮਿਤ ਹੈ। ਸਰੀਰ ਅੰਦਰ ਇੱਕ ਖਾਸ ਮਾਤਰਾ ਵਿੱਚ ਜ਼ਰੂਰੀ ਸ਼ਕਤੀ ਉਪਲੱਬਧ ਹੁੰਦੀ ਹੈ। ਇਹ ਸ਼ਕਤੀ ਕਿਸੇ ਸਟੋਰ ਕੀਤੇ ਹੋਏ ਟੈਂਕ ਤੋਂ ਸਪਲਾਈ ਨਹੀਂ ਹੁੰਦੀ, ਪ੍ਰੰਤੂ ਇੱਕ ਖਾਸ ਸੂਖਮ ਸਰੀਰ ਤੋਂ ਪ੍ਰਾਪਤ ਹੁੰਦੀ ਹੈ। ਇਸ ਸੂਖਮ ਸਰੀਰ ਦੇ ਸੰਕਲਪ ਨੂੰ ਅੱਗੇ ਵਧਾਉਂਦਿਆਂ ਡਾਕਟਰ ਸਾਹਿਬ ਲਿਖਦੇ ਹਨ ਕਿ ਇਸ ਨੂੰ ਮਹਿਸੂਸ ਤਾਂ ਹਰ ਕੋਈ ਕਰਦਾ ਹੈ, ਪ੍ਰੰਤੂ ਇਹ ਅਦ੍ਰਿਸ਼ ਹੁੰਦਾ ਹੈ। ਮਨ, ਵਿਦਵਤਾ, ਯਾਦਾਂ ਅਤੇ ਹੋਸ਼ੋ-ਹਵਾਸ ਇਸੇ ਸੂਖਮ ਸ਼ਕਤੀ ਕਾਰਨ ਹਨ। ਸਰੀਰ ਵਿਚਲੀ ਉਪਰੋਕਤ ਜ਼ਰੂਰੀ ਸ਼ਕਤੀ ਦਾ ਇਹ ਸੂਖਮ ਭਾਗ ਪ੍ਰਵੇਸ਼ ਦੁਆਰ ( ਮੁੱਖ ਦੁਆਰ ) ਦੀ ਤਰ੍ਹਾਂ ਹੈ। ਕਥਿਤ ਜ਼ਰੂਰੀ ਸ਼ਕਤੀ ਸਾਰੇ ਸਰੀਰ ਵਿੱਚ ਫੈਲੀ ਹੋਈ ਹੁੰਦੀ ਹੈ ਅਤੇ ਸਾਨੂੰ ਜ਼ਿੰਦਾ ਰੱਖਦੀ ਹੈ। ਦਿਲ ਦੀ ਧੜਕਣ, ਪਾਚਨ ਪ੍ਰਕਿਰਿਆ ਅਤੇ ਸੋਚਣ ਸ਼ਕਤੀ ਇਸੇ ਅਧਾਰ ਉੱਪਰ ਕੰਮ ਕਰਦੀਆਂ ਹਨ, ਪ੍ਰੰਤੂ ਇਹ ਸ਼ਕਤੀ ਅਸੀਮਿਤ ਨਹੀਂ, ਸਗੋਂ ਇੱਕ ਖਾਸ ਮਾਤਰਾ ਵਿੱਚ ਹੀ ਹੁੰਦੀ ਹੈ। ਕਿਸੇ ਮਸ਼ੀਨ ਵਿੱਚ ਫਿੱਟ ਕੀਤੀ ਬੈਟਰੀ ਦੀ ਤਰ੍ਹਾਂ ਇਸ ਨੂੰ ਵਧਾਇਆ-ਘਟਾਇਆ ਨਹੀਂ ਜਾ ਸਕਦਾ, ਜਿਵੇਂ ਕਿ ਇੱਕ ਗਾਣਾ ਹੈ:

ਜਿਤਨੀ ਚਾਬੀ ਭਰੀ ਰਾਮ ਨੇ , ਉਤਨਾ ਚਲੇ ਖਿਲੌਣਾ।

ਡਾਕਟਰ ਲੋਪਾ ਲਿਖਦੇ ਹਨ ਕਿ ਜਦੋਂ ਇਹ ਸਾਰੀ ਸ਼ਕਤੀ ਖਰਚ ਹੋ ਜਾਂਦੀ ਹੈ , ਸੂਖਮ ਭਾਗ ਆਪਣੇ ਆਪ ਨੂੰ ਸਾਡੇ ਸਰੀਰ ਤੋਂ ਵੱਖ ਕਰ ਲੈਂਦਾ ਹੈ। ਉਸੇ ਪਲ ਸਰੀਰ ਦੀ ਹਰਕਤ ਬੰਦ ਹੋ ਜਾਂਦੀ ਹੈ। ਇਸੇ ਅਵਸਥਾ ਨੂੰ ਅਸੀਂ 'ਮੌਤ' ਆਖਦੇ ਹਾਂ। ਇਸ ਪ੍ਰਕਿਰਿਆ ਦਾ ਕਿਸੇ ਬਿਮਾਰੀ ਨਾਲ ਜਾਂ ਕਿਸੇ ਸਰੀਰਕ ਨੁਕਸ ਨਾਲ ਕੋਈ ਸੰਬੰਧ ਨਹੀਂ ਹੁੰਦਾ। ਇਹ ਸਰੀਰ ਦਾ ਅੰਦਰੂਨੀ ਰਾਗ ਤਾਲ ਹੈ। ਇਸ ਦੀ ਸ਼ੁਰੂਆਤ ਬੱਚੇਦਾਨੀ ਤੋਂ ਹੀ ਹੋ ਜਾਂਦੀ ਹੈ ਅਤੇ ਪੂਰਨ ਹੋ ਕੇ ਇਹ ਮੌਤ ਨੂੰ ਬਗਲਗੀਰ ਹੋ ਜਾਂਦੀ ਹੈ।

ਮੌਤ ਦਾ ਇਹ ਪਲ ਕਿਸੇ ਘੜੀ ਨਾਲ ਮਾਪਿਆ ਨਹੀਂ ਜਾ ਸਕਦਾ। ਜ਼ਿੰਦਗੀ ਜੈਵਿਕ ਸਮਾਂ ਹੈ। ਹਰ ਇੱਕ ਲਈ ਇਹ ਸਮਾਂ ਵੱਖਰਾ-ਵੱਖਰਾ ਹੁੰਦਾ ਹੈ। ਕਈ ਪ੍ਰਾਣੀਆਂ ਦਾ ਜੀਵਨ ਪੰਧ 35 ਸਾਲ ਦਾ ਹੁੰਦਾ ਹੈ, ਜਦ ਕਿ ਹੋਰ ਕਈਆਂ ਦਾ 90 ਸਾਲ, ਪ੍ਰੰਤੂ ਦੋਵਾਂ ਨੇ ਆਪੋ ਆਪਣਾ ਜੀਵਨ ਪੰਧ ਪੂਰਾ ਕਰ ਲਿਆ ਹੁੰਦਾ ਹੈ। ਜੇਕਰ ਅਸੀਂ ਇਸ ਨੂੰ ਹਾਰ ਜਾਂ ਫਿਰ ਮਜਬੂਰੀ ਨਾ ਮੰਨੀਏ ਤਾਂ ਕੋਈ ਵੀ ਅੱਧਵਾਟੇ ਨਹੀਂ ਗਿਆ ਹੁੰਦਾ।

ਡਾਕਟਰ ਲੋਪਾ ਅਨੁਸਾਰ ਜਦੋਂ ਆਧੁਨਿਕ ਦਵਾਈਆਂ ਨਾਲ ਅਸੀਂ ਮਰੀਜ਼ ਨੂੰ ਬਚਾਉਣ ਦੀ ਜ਼ਿੱਦ ਨਹੀਂ ਛੱਡਦੇ ਤਾਂ ਮਰੀਜ਼ ਦਾ ਸਰੀਰ ਹੀ ਨਹੀਂ, ਬਲਕਿ ਉਸ ਦਾ ਸਾਰਾ ਪਰਵਾਰ ਵੀ ਅੱਕ-ਥੱਕ ਚੁੱਕਿਆ ਹੁੰਦਾ ਹੈ। ਆਈ ਸੀ ਯੂ ਵਿਚਲੇ ਮਸਨੂਈ ਸਾਹਾਂ ਦਾ ਇੱਕ ਮਹੀਨੇ ਦਾ ਖਰਚਾ ਕਈ ਵਾਰ ਤਾਂ ਬੰਦੇ ਦੀ ਸਾਰੀ ਉਮਰ ਦੀਆਂ ਬੱਚਤਾਂ ਦਾ ਸਫਾਇਆ ਕਰ ਦਿੰਦਾ ਹੈ, ਪ੍ਰੰਤੂ ਰਿਸ਼ਤੇਦਾਰ ਇਹ ਕਹਿਣੋਂ ਨਹੀਂ ਹਟਦੇ

ਉਮੀਦ ਹਾਲੇ ਬਾਕੀ ਹੈ, ਜਦ ਕਿ ਮਰੀਜ਼ ਦਾ ਸਰੀਰ ਪਹਿਲਾਂ ਹੀ ਕਹਿ ਚੁੱਕਿਆ ਹੁੰਦਾ ਹੈ ਕਿ ਬੱਸ , ਹੁਣ ਹੋਰ ਨਹੀਂ।

ਜੇਕਰ ਅਸੀਂ ਜਾਣ ਲਈਏ ਕਿ ਮੌਤ ਇੱਕ ਖਾਮੋਸ਼,ਤਰਤੀਬ ਵਾਰ ਅਤੇ ਕੁਦਰਤੀ ਪ੍ਰਕਿਰਿਆ ਹੈ ਤਾਂ ਹੋ ਸਕਦਾ ਹੈ ਮੌਤ ਦਾ ਡਰ ਘਟ ਜਾਵੇ ਅਤੇ ਡਾਕਟਰਾਂ ਤੋਂ ਉਮੀਦ ਤਰਕ-ਭਰਪੂਰ ਅਤੇ ਯਥਾਰਥਕ ਬਣ ਜਾਵੇ।

ਮੇਰੀ ਰਾਇ ਮੁਤਾਬਿਕ ਸਾਨੂੰ ਮੌਤ ਨਾਲ ਲੜਨਾ ਬੰਦ ਕਰ ਦੇਣਾ ਚਾਹੀਦਾ ਹੈ ਅਤੇ ਮੌਤ ਆਉਣ ਤੋਂ ਪਹਿਲਾਂ ਜੀਵਨ ਨੂੰ ਭਰਪੂਰ ਜਿਊਣਾ ਸਿੱਖਣਾ ਚਾਹੀਦਾ ਹੈ ਅਤੇ ਜਦੋਂ ਉਹ ਪਲ ਆਉਂਦਾ ਹੈ ਅਸੀਂ ਇਸ ਨੂੰ ਸ਼ਾਂਤ ਚਿੱਤ ਹੋ ਕੇ ਸ਼ਾਨ ਨਾਲ ਝੱਲੀਏ।

ਉਪਰੋਕਤ ਹੈ ਜ਼ਿਕਰ ਅਧੀਨ ਲਿਖਤ ਦਾ ਹੂ-ਬ-ਹੂ ਪੰਜਾਬੀ ਤਰਜ਼ਮਾ। ਇੱਕ ਅਧਿਆਤਮਿਕ ਵਿਗਿਆਨੀ ਦੁਆਰਾ ਕੀਤੀ ਨਸੀਹਤਨੁਮਾ ਵਸੀਅਤ ਦਾ ਅਧਿਐਨ ਕੀਤਿਆਂ ਬਹੁਤ ਮਹੱਤਵ ਪੂਰਨ ਗੱਲਾਂ ਸਾਹਮਣੇ ਆਉਂਦੀਆਂ ਹਨ। ਇਸ ਵਸੀਅਤ ਦੇ ਅਖੀਰ ਵਿੱਚ ਨਿਕਲੇ ਨਤੀਜੇ ਦੀ ਗੱਲ ਮੈਂ ਪਹਿਲਾਂ ਕਰਨੀ ਚਾਹਾਂਗਾ। ਜਦੋਂ ਕਦੇ ਕੋਈ ਮਰੀਜ਼ ਦੀ ਅਵਸਥਾ ਇਹ ਹੋਵੇ ਕਿ ਉਸ ਦੇ ਬਚਣ ਦੇ ਮੌਕੇ ਘੱਟ ਦਿਖਾਈ ਦਿੰਦੇ ਹੋਣ ਤਾਂ ਕੀ ਉਸ ਦੇ ਮਹਿੰਗੇ ਇਲਾਜ ਉੱਪਰ ਖਰਚ ਕੀਤਾ ਜਾਣਾ ਚਾਹੀਦਾ ਹੈ ? ਖੁਦ ਇੱਕ ਡਾਕਟਰ ਨੂੰ ਉਸ ਖਰਚੇ ਤੋਂ ਬਚਣ ਦੀ ਗੱਲ ਕਿਉਂ ਕਰਨੀ ਪਈ ? ਇਸ ਦਾ ਇੱਕ ਵੱਡਾ ਕਾਰਨ ਹੈ ਕਿ ਸਾਡੇ ਦੇਸ਼ ਵਿਚ ਇਲਾਜ ਬਹੁਤ ਮਹਿੰਗਾ ਹੋ ਗਿਆ ਹੈ ਅਤੇ ਆਮ ਬੰਦੇ ਦੇ ਵਸ ਤੋਂ ਬਾਹਰ ਹੋ ਗਿਆ ਹੈ। ਦੂਜੇ, ਮਰੀਜ਼ ਦੀ ਹਾਲਤ ਦੇਖ ਕੇ ਸਪੈਸ਼ਲਿਸਟ ਡਾਕਟਰ ਨੂੰ ਤਾਂ ਮਰੀਜ਼ ਦੇ ਬਚਣ ਜਾਂ ਨਾ ਬਚਣ ਬਾਰੇ ਅੰਦਾਜ਼ਾ ਹੋ ਹੀ ਜਾਂਦਾ ਹੈ। ਜੇਕਰ ਦਿਖਾਈ ਦੇ ਰਿਹਾ ਹੋਵੇ ਕਿ ਮਰੀਜ਼ ਲੱਗਭਗ ਖਤਮ ਹੀ ਹੈ ਤਾਂ ਮਰੀਜ਼ ਦੇ ਪਰਿਵਾਰ ਨੂੰ ਕਿਉਂ ਨਿਚੋੜਿਆ ਜਾਂਦਾ ਹੈ। ਕੀ ਪਰਵਾਰ ਕੋਲੋਂ ਇੱਕ ਲਿਖਤੀ ਸਵੈ - ਘੋਸ਼ਣਾ ਦਸਤਖ਼ਤ ਕਰਵਾ ਕੇ ਹਸਪਤਾਲ ਲੁੱਟਣ ਦਾ ਅਧਿਕਾਰ ਪ੍ਰਾਪਤ ਕਰ ਰਿਹਾ ਹੁੰਦਾ ਹੈ ? ਵਿਚਾਰਨ ਵਾਲੀ ਗੱਲ ਹੈ।

ਦੂਜੇ ਡਾਕਟਰ ਲੋਪੋ ਨੇ ਮਰੀਜ਼ ਦੇ ਪਰਵਾਰ ਨੂੰ ਸਲਾਹ ਦਿੱਤੀ ਹੈ ਕਿ ਅਖੀਰ 'ਤੇ ਪਹੁੰਚੇ ਹੋਏ ਪ੍ਰਾਣੀ ਨੂੰ ਸ਼ਾਂਤੀ ਨਾਲ ਮਰਨ ਦਿੱਤਾ ਜਾਵੇ। ਸਲਾਹ ਬੜੀ ਨੇਕ ਹੈ ਅਤੇ ਉਸ ਨੇ ਨਾਲ ਹੀ ਸਵਾਲ ਵੀ ਕੀਤਾ ਹੈ ਕਿ ਕਿ ਅਸੀਂ ਯਾਨੀ ਕਿ ਅਜਿਹੇ ਮਰੀਜ਼ ਦੇ ਰਿਸ਼ਤੇਦਾਰ ਮਾਨਸਿਕ ਤੌਰ 'ਤੇ ਇਸ ਸਲਾਹ ਉੱਪਰ ਪਹਿਰਾ ਦੇਣ ਲਈ ਤਿਆਰ ਹਾਂ ? ਮੇਰੇ ਅਨੁਸਾਰ ਭਾਰਤੀ ਪ੍ਰਸਥਿਤੀਆਂ ਵਿਚ ਤਾਂ ਬਿਲਕੁੱਲ ਵੀ ਨਹੀਂ। ਸਾਨੂੰ ਤਾਂ ਇਹਨਾਂ ਨਿਹੋਰਿਆਂ ਤੋਂ ਵੀ ਡਰ ਲਗਦਾ ਹੈ ਕਿ ਲੋਕ ਕਹਿਣਗੇ, 'ਲੈ ਘਰੇ ਪਾ ਕੇ ਈ ਮਾਰਤਾ ।' ਦੁਖੀ ਮਰੀਜ਼ ਭਾਵੇਂ ਦੱਸਣ ਦੀ ਸਥਿਤੀ ਵਿਚ ਨਾ ਹੋਵੇ, ਪ੍ਰੰਤੂ ਸਾਡੇ ਲਈ ਤਾਂ 'ਜਬ ਤੱਕ ਸਾਸ ਤਬ ਤੱਕ ਆਸ ।' ਜ਼ਿਆਦਾ ਮਹੱਤਵਪੂਰਨ ਹੁੰਦਾ ਹੈ। ਜਦੋਂ ਮਹਿੰਗੇ ਮੁੱਲ ਖਰੀਦੇ ਸਾਹ ਵੀ ਸਾਡੇ ਪਰਿਵਾਰਿਕ ਮੈਂਬਰ ਨੂੰ ਬਚਾ ਨਹੀਂ ਸਕਦੇ ਫਿਰ ਅਸੀਂ ਹੀ ਕਹਿੰਦੇ ਹਾਂ 'ਲਉ ਜੀ ,ਨਾਲੇ ਤਾਂ ਬੰਦਾ ਗਿਆ, ਨਾਲੇ ਘਰ ਮੂਧਾ ਵੱਜ ਗਿਆ।' ਸਾਡੇ ਸਾਰਿਆਂ ਦੀ ਜਾਣਕਾਰੀ ਵਿਚ ਅਜਿਹੀਆਂ ਬਹੁਤ ਸਾਰੀਆਂ ਉਦਾਹਰਨਾਂ ਹੋਣਗੀਆਂ ਕਿ ਲੱਖਾਂ, ਕਰੋੜਾਂ ਖਰਚਣ ਤੋਂ ਬਾਅਦ ਵੀ ਪੱਲੇ ਨਿਰਾਸ਼ਾ ਹੀ ਪਈ।

ਲਿਖਤ ਦਾ ਪਹਿਲਾ ਹਿੱਸਾ ਨਿਰੋਲ ਅਧਿਆਤਮਿਕ ਹੈ। ਲੇਖਕ ਡਾਕਟਰ ਲੋਪਾ ਮਹਿਤਾ ਅਨੁਸਾਰ ਮੌਤ ਨਿਸਚਿਤ ਹੈ। ਉਸ ਅਨੁਸਾਰ ਸੈੱਲਾਂ ਅਤੇ ਸਰੀਰਕ ਤੰਤੂਆਂ ਨੂੰ ਇੱਕ ਸੋਮੇ ਤੋਂ ਸ਼ਕਤੀ ਮਿਲਦੀ ਹੈ ਅਤੇ ਸੋਮਾ ਖਤਮ ਹੋਣ ਨਾਲ ਸਰੀਰ ਨਿਸਫਲ ਹੋ ਜਾਂਦਾ ਹੈ ਅਤੇ ਆਪਣੀ ਅੰਤਮ ਸਥਿਤੀ ਯਾਨੀਕਿ ਮੌਤ ਨੂੰ ਪ੍ਰਾਪਤ ਹੁੰਦਾ ਹੈ। ਸ਼ਕਤੀ ਦੇ ਜਿਸ ਸ੍ਰੋਤ ਨੂੰ ਸੂਖਮ ਸਰੀਰ ਕਿਹਾ ਗਿਆ ਹੈ, ਉਸ ਨੂੰ ਹੀ ਸਾਇਦ ਅਸੀਂ ਆਤਮਾ ਕਹਿੰਦੇ ਹਾਂ।

ਮਹਾਤਮਾ ਬੁੱਧ ਅਨੁਸਾਰ ਮੌਤ ਜ਼ਿੰਦਗੀ ਦੇ ਸਫਰ ਦਾ ਅਗਲਾ ਪੜਾਅ ਹੈ। ਇਸੇ ਲਈ ਸਾਨੂੰ ਇਸ ਸੱਚਾਈ ਨੂੰ ਸਵੀਕਾਰ ਕਰ ਲੈਣਾ ਚਾਹੀਦਾ ਹੈ।

# ਸੰਪਰਕ : 98727-87243

# ਸੀ ਪੀ ਆਈ ਹਰ ਵਰਗ ਦੇ ਹੱਕਾਂ ਦੀ ਰਾਖੀ ਲਈ ਸੰਘਰਸ਼ ਤੇਜ਼ ਕਰੇਗੀ : ਕੌਸ਼ਲ

## ਫਰੀਦਕੋਟ ਬ੍ਰਾਂਚ ਦੀ ਕਾਨਫਰੰਸ 'ਚ ਹਰਪਾਲ ਸਿੰਘ ਮਚਾਕੀ ਸਕੱਤਰ ਚੁਣੇ ਗਏ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)** ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਫਰੀਦਕੋਟ ਵੱਲੋਂ ਬੁੱਧਵਾਰ ਆਪਣੀ ਸ਼ਹਿਰੀ ਬ੍ਰਾਂਚ ਦੀ ਕਾਨਫਰੰਸ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਕਰਵਾਈ ਗਈ। ਇਸ ਮੌਕੇ ਪਾਰਟੀ ਨੇ ਇਹ ਐਲਾਨ ਕੀਤਾ ਕਿ ਉਹ ਹੁਣ ਹਰ ਵਰਗ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਆਪਣੀ ਸਰਗਰਮੀ ਨੂੰ ਹੋਰ ਤੇਜ਼ ਕਰੇਗੀ। ਪਾਰਟੀ ਦੇ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ ਨੇ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੰਡੀਗੜ੍ਹ ਵਿੱਚ ਹੋਏ ਕੌਮੀ ਮਹਾਂ-ਸੰਮੇਲਨ ਦੀ ਸਫਲਤਾ ਨੇ ਉਨ੍ਹਾ ਨੂੰ ਹੋਰ ਵੀ ਤਕੜੇ ਮਨੋਬਲ ਨਾਲ ਮਿਹਨਤਕਸ਼ ਲੋਕਾਂ ਦੇ ਸੰਘਰਸ਼ਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ ਹੈ। ਕਾਨਫਰੰਸ ਵਿੱਚ ਨਵੇਂ ਅਹੁਦੇਦਾਰਾਂ ਦੀ ਚੋਣ ਵੀ ਕੀਤੀ ਗਈ। ਹਾਜ਼ਰ ਮੈਂਬਰਾਂ ਨੇ ਸਰਬਸੰਮਤੀ ਨਾਲ ਹਰਪਾਲ ਸਿੰਘ ਮਚਾਕੀ ਨੂੰ ਸਕੱਤਰ, ਸੁਖਚੈਨ ਸਿੰਘ ਥਾਂਦੇਵਾਲਾ ਨੂੰ ਮੀਤ ਸਕੱਤਰ ਅਤੇ ਬਲਵਿੰਦਰ ਕੁਮਾਰ ਨੂੰ ਕੈਸ਼ੀਅਰ ਚੁਣਿਆ। ਇਸ ਚੋਣ ਲਈ ਤਜਵੀਜ਼ ਬਿਜਲੀ ਮੁਲਾਜ਼ਮ ਆਗੂ ਇੰਦਰਜੀਤ ਸਿੰਘ ਗਿੱਲ ਅਤੇ ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਸਕੱਤਰ ਬੀਬੀ ਸ਼ਸ਼ੀ ਸ਼ਰਮਾ ਵੱਲੋਂ ਪੇਸ਼ ਕੀਤੀ ਗਈ। ਪੀ ਆਰ ਟੀ ਸੀ ਦੇ ਸੇਵਾਮੁਕਤ ਇੰਸਪੈਕਟਰ ਸੁਰਿੰਦਰਪਾਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਕਾਨਫਰੰਸ ਨੂੰ ਫਰੀਦਕੋਟ ਤਹਿਸੀਲ ਦੇ ਸਕੱਤਰ ਗੁਰਨਾਮ ਸਿੰਘ ਸਰਪੰਚ ਨੇ ਵੀ ਸੰਬੋਧਨ ਕੀਤਾ। ਬ੍ਰਾਂਚ ਸਕੱਤਰ ਵੱਲੋਂ ਪੇਸ਼ ਕੀਤੀ ਗਈ ਰਿਪੋਰਟ ਨੂੰ ਵੀ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ। ਇਸ ਦੌਰਾਨ ਅਗਲੇ ਮਹੀਨੇ ਹੋਣ ਵਾਲੀ ਫਰੀਦਕੋਟ ਤਹਿਸੀਲ ਦੀ ਕਾਨਫਰੰਸ ਲਈ ਡੈਲੀਗੇਟਾਂ ਦੀ ਚੋਣ ਵੀ ਕੀਤੀ ਗਈ। ਇਸ ਮੌਕੇ ਕਈ ਹੋਰ ਆਗੂ ਅਤੇ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਵਿੱਚ ਸ਼ਾਮ ਸੁੰਦਰ, ਕਿਸਾਨ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ, ਪ੍ਰਦੀਪ ਬਰਾੜ, ਹਰਬੰਸ ਸਿੰਘ ਔਲਖ, ਤਰਸੇਮ ਭਾਣਾ, ਪਰਮਜੀਤ ਕੌਰ ਕੰਮੇਆਣਾ, ਮਨਪ੍ਰੀਤ ਕੌਰ, ਪੀ ਆਰ ਟੀ ਸੀ ਦੇ ਪੈਨਸ਼ਨਰ ਆਗੂ ਸੁਖਦੇਵ ਸਿੰਘ ਮੱਲ੍ਹੀ ਅਤੇ ਲਾਭ ਸਿੰਘ ਸੈਕਟਰੀ ਸ਼ਾਮਲ ਸਨ।

# ਮਿਸ ਨੀਲਮ ਅਰੋੜਾ ਨੇ ਸੰਭਾਲਿਆ ਜ਼ਿਲ੍ਹਾ ਤੇ ਸੈਸ਼ਨ ਜੱਜ ਦਾ ਅਹੁਦਾ

**ਮੋਗਾ (ਇਕਬਾਲ ਸਿੰਘ ਖਹਿਰਾ)** ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਦੀ ਪਾਲਣਾ ਹਿੱਤ ਮਿਸ ਨੀਲਮ ਅਰੋੜਾ ਨੇ ਸੈਸ਼ਨ ਡਵੀਜ਼ਨ ਵਿਖੇ ਬਤੌਰ ਜ਼ਿਲ੍ਹਾ ਤੇ ਸੈਸ਼ਨ ਜੱਜ ਅਹੁਦਾ ਸੰਭਾਲ ਲਿਆ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ ਪਦਉੱਨਤ ਹੋਣ ਤੋਂ ਪਹਿਲਾਂ ਉਹ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਫ਼ਿਰੋਜ਼ਪੁਰ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ।ਅਹੁਦਾ ਸੰਭਾਲਣ ਤੋਂ ਪਹਿਲਾਂ ਉਨ੍ਹਾਂ ਨੂੰ ਪੰਜਾਬ ਪੁਲਸ ਟੁਕੜੀ ਵੱਲੋਂ ਗਾਰਡ ਆਫ ਆਨਰ ਦਿੱਤਾ ਗਿਆ ਤੇ ਨਾਲ ਹੀ ਉਨ੍ਹਾਂ ਵੱਲੋਂ ਕੋਰਟ ਕੰਪਲੈਕਸ ਵਿਖੇ



ਇੱਕ ਬੂਟਾ ਲਾ ਕੇ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਣ ਪੌਦੇ ਲਾਉਣ ਦੀ ਅਪੀਲ ਵੀ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਦੀਆਂ ਹਦਾਇਤਾਂ ਅਨੁਸਾਰ ਲੋਕਾਂ ਨੂੰ ਪ੍ਰਭਾਵਸ਼ਾਲੀ ਜੁਡੀਸ਼ੀਅਲ ਸੇਵਾਵਾਂ ਮੁਹੱਈਆ ਕਰਾਉਣ ਨੂੰ ਤਰਜ਼ੀਹ ਦਿੱਤੀ ਜਾਵੇਗੀ। ਸਭਨਾਂ ਨੂੰ ਇਨਸਾਫ਼ ਤੇ ਹਰ ਤਰ੍ਹਾਂ ਦੇ ਕੇਸਾਂ ਦਾ ਨਿਪਟਾਰਾ ਘੱਟ ਤੋਂ ਘੱਟ ਸਮੇਂ 'ਚ ਕੀਤਾ ਜਾਵੇਗਾ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਨਵੀਂ ਦਿੱਲੀ ਅਤੇ ਪੰਜਾਬ ਸਟੇਟ ਲੀਗਲ ਸਰਵਿਸਜ ਅਥਾਰਟੀ ਦੀਆਂ ਵੱਖ ਵੱਖ ਸਕੀਮਾਂ ਤਹਿਤ ਯੋਗ ਲੋੜਵੰਦ ਵਿਅਕਤੀਆਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਵੱਧ ਤੋਂ ਵੱਧ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

# ਡਾ. ਤਾਰਿਕਜੋਤ ਸਿੰਘ ਤੋਂ ਬਾਅਦ ਸਮਰਾਲਾ ਹਸਪਤਾਲ ਹੋਇਆ ਵੀਰਾਨ

**ਸਮਰਾਲਾ (ਸੁਰਜੀਤ ਸਿੰਘ)** ਸਿਵਲ ਹਸਪਤਾਲ ਦੇ ਐਸ.ਐਮ.ਓ ਡਾ. ਤਾਰਿਕਜੋਤ ਸਿੰਘ ਦੀ ਸੇਵਾਨਵਿਰਤੀ ਹੋਣ ਉਪਰੰਤ ਹਸਪਤਾਲ ਵੀਰਾਨ ਨਜ਼ਰ ਆ ਰਿਹਾ ਹੈ, ਜਿਸ ਹਸਪਤਾਲ 'ਚ ਸਮਰਾਲਾ ਤੇ ਮਾਛੀਵਾੜਾ ਦੇ ਦੂਰ-ਦੁਰਾਡੇ ਪਿੰਡਾਂ ਤੋਂ ਹਰ ਰੋਜ਼ 500-600 ਮਰੀਜ਼ ਇਲਾਜ਼ ਲਈ ਆਉਂਦੇ ਸਨ, ਹੁਣ ਉਥੇ 50-60 ਮਰੀਜ਼ ਹੀ ਨਜ਼ਰ ਆਉਂਦੇ ਹਨ, ਜਿੱਥੇ ਡਾ. ਤਾਰਿਕਜੋਤ ਸਿੰਘ ਦੇ ਹੁੰਦਿਆਂ ਹਸਪਤਾਲ ਦੀਆਂ ਕੁਰਸੀਆਂ ਘੱਟ ਪੈ ਜਾਂਦੀਆਂ ਸਨ, ਉੱਥੇ ਹੁਣ ਹਸਪਤਾਲ ਦੇ ਕੋਰੀਡੋਰ ਖਾਲੀ ਨਜ਼ਰ ਆ ਰਹੇ ਹਨ। ਅੱਜ-ਕੱਲ੍ਹ ਮਲੇਰੀਆ, ਡੇਂਗੂ ਤੇ ਚਿਕਨਗੁਨੀਆ ਵਰਗੀ ਮੌਸਮੀ ਬਿਮਾਰੀਆਂ ਦਾ ਪੂਰਾ ਜ਼ੋਰ ਚੱਲ ਰਿਹਾ ਹੈ, ਪਰ ਹਸਪਤਾਲ ਦੇ ਵਾਰਡਾਂ ਦੇ ਬੈੱਡ ਖਾਲੀ ਨਜ਼ਰ ਆਏ।ਡਾ. ਤਾਰਿਕਜੋਤ ਸਿੰਘ ਹਸਪਤਾਲ ਦੇ ਪ੍ਰਬੰਧਕੀ ਕੰਮਾਂ ਦੇ ਨਾਲ ਨਾਲ ਵੱਡੀ ਗਿਣਤੀ ਵਿੱਚ ਮਰੀਜ਼ ਵੀ ਦੇਖਦੇ ਸਨ।ਡਾ. ਤਾਰਿਕਜੋਤ ਸਿੰਘ ਤੇ ਲੋਕਾਂ ਦਾ ਅਜਿਹਾ ਵਿਸ਼ਵਾਸ ਬੱਝਾ ਸੀ ਕਿ ਮਰੀਜ਼ ਹਸਪਤਾਲ ਦੇ ਕਿਸੇ ਹੋਰ ਡਾਕਟਰ ਦੇ ਬਜਾਏ ਉਨ੍ਹਾਂ ਨੂੰ ਹੀ ਤਰਜ਼ੀਹ ਦਿੰਦੇ ਸਨ।ਹੁਣ ਹਸਪਤਾਲ ਵਿਚ ਐਸ.ਐਮ.ਓ ਦੀ ਪੋਸਟ ਖਾਲੀ ਹੋ ਗਈ ਹੈ, ਜਿਸ ਨਾਲ ਸਿਹਤ ਸੰਸਥਾ ਦੇ ਪ੍ਰਬੰਧਕੀ ਕੰਮਾਂ ਦੇ ਨਾਲ-ਨਾਲ ਮੈਡੀਕਲ ਕੰਮਾਂ ਵਿਚ ਵੀ ਅੜਿੱਕਾ ਪੈ ਰਿਹਾ ਹੈ।ਦੱਸਿਆ ਗਿਆ ਹੈ ਕਿ ਮਾਛੀਵਾੜਾ



ਹਸਪਤਾਲ ਦੇ ਕਿਸੇ ਡਾਕਟਰ ਨੂੰ ਪ੍ਰਬੰਧਕੀ ਕੰਮਾਂ ਨੂੰ ਨਿਪਟਾਉਣ ਲਈ ਆਰਜ਼ੀ ਚਾਰਜ ਸੰਭਾਲਿਆ ਗਿਆ ਹੈ। ਡਾ ਰਮਨਦੀਪ ਕੌਰ ਸਿਵਲ ਸਰਜਨ ਨੇ ਦੱਸਿਆ ਕਿ ਸਿਵਲ ਹਸਪਤਾਲ ਵਿੱਚ ਜਿਹੜੀਆਂ ਪੋਸਟਾਂ ਖਾਲੀ ਹੋ ਗਈਆਂ ਹਨ, ਉਨ੍ਹਾਂ ਨੂੰ ਜਲਦੀ ਹੀ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਕਿਸੇ ਤਰ੍ਹਾਂ ਦੀ ਤੰਗੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਅਪੀਲ ਕੀਤੀ ਕਿ ਮੌਸਮੀ ਬਿਮਾਰੀਆਂ ਤੋਂ ਬਚਣ ਲਈ ਅਹਿਤਿਆਤ ਵਰਤਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਉਹ ਸਮਰਾਲਾ ਤੇ ਮਾਛੀਵਾੜਾ ਦੇ ਹਸਪਤਾਲਾਂ ਦੀ ਕਾਰਗੁਜ਼ਾਰੀ ਤੋਂ ਨਾਖ਼ੁਸ਼ ਹਨ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਦੋਹਾਂ ਹਸਪਤਾਲਾਂ ਵਿਚ ਸਟਾਫ਼ ਤੇ ਡਾਕਟਰਾਂ ਦੀ ਘਾਟ ਪੂਰੀ ਕੀਤੀ ਜਾਵੇ।

# ਸਪਰਿੰਗ ਡਿਊ ਪਬਲਿਕ ਸਕੂਲ 'ਚ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਗੱਦੀ ਦਿਵਸ ਮਨਾਇਆ

**ਜਗਰਾਉਂ (ਅਮਿਤ ਖੰਨਾ)** ਸਪਰਿੰਗ ਡਿਊ ਸਕੂਲ ਨਾਨਕਸਰ ਵਿਖੇ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਗੱਦੀ ਦਿਵਸ ਬੜੇ ਆਦਰ, ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਸਕੂਲ ਦੇ ਸਮੂਹ ਵਿਦਿਆਰਥੀਆਂ, ਸਟਾਫ਼ ਤੇ ਮੈਨੇਜਮੈਂਟ ਨੇ ਸਮੂਲੀਅਤ ਕੀਤੀ। ਸਵੇਰ ਸਮੇਂ ਵਿਦਿਆਰਥੀਆਂ ਨੇ ਸ਼ਬਦਾਂ ਤੇ ਸਟਾਫ਼ ਨੇ ਧਾਰਮਿਕ ਸਾਖੀਆਂ ਦੀ ਪ੍ਰਸਤੁਤੀ ਅਤੇ ਕਾਰਜ ਕ੍ਰਮਾਂ ਰਾਹੀਂ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ, ਸ਼ਾਤੀ, ਪਿਆਰ ਤੇ ਮਨੁੱਖਤਾ ਦੇ ਸੁਨੇਹੇ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ।ਇਸ ਤੋਂ ਬਾਅਦ ਬੱਚਿਆਂ ਨੇ ਬੜੀ ਹੀ ਸ਼ਰਧਾ ਨਾਲ ਸ਼੍ਰੀ ਸੁਖਮਨੀ ਸਾਹਿਬ ਅਤੇ ਜਪੁਜੀ ਸਾਹਿਬ ਦੇ ਪਾਠ ਕੀਤੇ, ਜਿਸ ਦੌਰਾਨ ਸਾਰੇ ਹਾਲ ਵਿੱਚ ਗੁਰਬਾਣੀ ਦੀ ਮਿੱਠੀ ਧੁਨ ਗੂੰਜਦੀ ਰਹੀ।ਬੱਚਿਆਂ ਦੀ ਸ਼ਾਂਤਮਈ ਆਵਾਜ਼ ਤੇ ਉਨ੍ਹਾਂ ਦੀ ਆਤਮਿਕ ਲਗਨ ਨੇ ਸਾਰਿਆਂ ਦੇ ਮਨ ਨੂੰ ਪ੍ਰਸੰਨਤਾ ਨਾਲ ਭਰ ਦਿੱਤਾ। ਸਕੂਲ ਪ੍ਰਿੰਸੀਪਲ ਮੈਡਮ ਰੀਨਾ ਜੈਦਿਕਾ ਤੇ ਵਾਇਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਾਰੀ ਮਨੁੱਖਤਾ ਲਈ ਪ੍ਰੇਰਣਾ ਦੇ ਸ੍ਰੋਤ ਹਨ ਤੇ ਇਸ ਦੀ ਬਾਣੀ ਸਾਨੂੰ ਜੀਵਨ ਦੇ ਹਰ ਪੱਖ ਦਾ ਰਾਹ ਦਿਖਾਉਂਦੀ ਹੈ।ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਉਪਦੇਸ਼ ਅੱਜ ਦੇ ਸਮੇਂ ਵਿੱਚ ਹੋਰ ਵੀ ਜ਼ਿਆਦਾ ਮਹੱਤਵ ਰੱਖਦੇ ਹਨ, ਜਦੋਂ ਦੁਨੀਆਂ ਨੂੰ ਸ਼ਾਂਤੀ ਤੇ ਪਿਆਰ ਦੀ ਸਭ ਦੀ ਜ਼ਿਆਦਾ ਲੋੜ ਹੈ। ਮਾਗਮ ਦੇ ਅੰਤ 'ਚ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਮਿਲ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।





# ਗੁਰਸ਼ਰਨ ਸਿੰਘ ਨੇ 84 ਫ਼ੀਸਦੀ ਅੰਕ ਹਾਸਲ ਕੀਤੇ

**ਦਿੜ੍ਹਬਾ (ਜਸਵੀਰ ਲਾਡੀ)** ਪਿੰਡ ਛਾਜਲਾ ਦੇ ਸਰਕਾਰੀ ਹਾਈ ਸਕੂਲ ਛਾਜਲਾ ਦੇ ਹੋਣਹਾਰ ਵਿਦਿਆਰਥੀ ਗੁਰਸ਼ਰਨ ਸਿੰਘ ਪੁੱਤਰ ਸਤਿਗੁਰ ਸਿੰਘ ਨੇ ਦਸਵੀਂ ਕਲਾਸ ਦੀ ਪ੍ਰੀਖਿਆ ਵਿੱਚੋਂ 84% ਨੰਬਰ ਪ੍ਰਾਪਤ ਕਰਕੇ ਸਕੂਲ ਵਿਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ, ਜਿਸ ਦੀ ਹੌਸਲਾ ਅਫ਼ਜ਼ਾਈ ਲਈ ਡਾ. ਨਰਿੰਦਰ ਸਿੰਘ ਆਸਟ੍ਰੇਲੀਆ ਨੇ ਆਪਣੇ ਮਾਮਾ ਲੇਖ ਰਾਜ ਦੀ ਯਾਦ ਨੂੰ ਤਾਜ਼ਾ ਕਰਦਿਆਂ ਆਪਣੇ ਭਰਾ ਰਾਜਿੰਦਰ ਕਾਲਾ ਰਾਹੀਂ ਗੁਰਸ਼ਰਨ ਸਿੰਘ 5000/- ਦੀ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਹੈ। ਮਾਸਟਰ ਰਣਜੀਤ ਸਿੰਘ ਛਾਜਲਾ ਨੇ ਕਿਹਾ ਕਿ ਇਸ ਪ੍ਰਾਪਤੀ ਦਾ ਸੇਹਰਾ ਅਧਿਆਪਕਾਂ ਦੀ ਮਿਹਨਤ ਤੇ ਬੱਚੇ ਦੀ ਲਗਨ ਜਾਂਦਾ ਹੈ।ਮਿਹਨਤ ਹੀ ਸਿੱਖਿਆ ਲਈ ਸਫਲਤਾ ਦੀ ਕੁੰਜੀ ਹੈ ਤੇ ਹੋਰ ਸਿੱਖਿਆ ਬਾਰੇ ਬੱਚਿਆਂ ਨਾਲ ਵਿਸਥਾਰ ਵਿੱਚ ਵਿਚਾਰ ਸਾਂਝੇ ਕੀਤੇ।

# ਸ਼ੈਲਰ ਮਾਲਕਾਂ ਦੀ ਮਨਮਰਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਕਾਕਾ ਬਰਾੜ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਪਿਛਲੇ ਕੁੱਝ ਦਿਨਾਂ ਤੋਂ ਦਾਣਾ ਮੰਡੀਆਂ ਦੀ ਮਿਲ ਰਹੀਆਂ ਸ਼ਿਕਾਇਤਾਂ ਦੇ ਚੱਲਦਿਆਂ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸਮੁੱਚੀ ਟੀਮ ਨੂੰ ਨਾਲ ਲੈ ਕੇ ਪਿੰਡ ਬਧਾਈ, ਅਕਾਲਗੜ੍ਹ ਤੇ ਫੱਤਣਵਾਲਾ ਦੀਆਂ ਮੰਡੀਆਂ ਦਾ ਦੌਰਾ ਕੀਤਾ ਗਿਆ।ਕਿਸਾਨਾਂ ਨਾਲ ਗੱਲਬਾਤ ਕੀਤੀ ਗਈ ਤੇ ਉਨ੍ਹਾਂ ਦੀਆਂ ਸਮੱਸਿਆ ਦਾ ਹੱਲ ਕਰਾਇਆ ਗਿਆ। ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ ਤੇ ਬਰੀਵਾਲਾ ਮਾਰਕਿਟ ਕਮੇਟੀ ਚੇਅਰਮੈਨ ਰਾਜਿੰਦਰ ਸਿੰਘ ਬਰਾੜ ਵੀ ਹਾਜ਼ਰ ਸਨ। ਮੰਡੀਆਂ 'ਚ ਬੈਠੇ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਦੀ ਬਿਲਕੁਲ ਸੁੱਕੀ ਤੇ ਸਾਫ਼ ਫ਼ਸਲ ਦਾ ਭਾਅ ਨਹੀਂ ਲੱਗ ਰਿਹਾ, ਜਦੋਂ ਭਾਅ ਲੱਗ ਜਾਂਦਾ ਹੈ ਤਾਂ ਸ਼ੈਲਰ ਮਾਲਕ ਆਪਣੀ ਮਨਮਰਜ਼ੀ ਕਰਦੇ ਹਨ ਤੇ ਵੱਟੇ ਦੀ ਝਾਕ 'ਚ ਗੱਡੀ ਵਾਪਸ ਮੋੜ ਦਿੰਦੇ ਹਨ, ਜਿਸ ਕਰਕੇ ਉਨ੍ਹਾਂ ਨੂੰ ਵੱਡੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਕਿਸਾਨਾਂ ਨੂੰ ਮੰਡੀਆਂ 'ਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤੇ ਉਨ੍ਹਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਦੀ ਸਰਕਾਰ ਹੈ ਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਉਨ੍ਹਾਂ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਉਣ ਦੇਣ ਤੇ ਉਨ੍ਹਾਂ ਦੀ ਫ਼ਸਲ ਦੀ ਖਰੀਦ ਤੁਰੰਤ ਯਕੀਨੀ ਬਣਾਈ ਜਾਵੇ। ਵਿਧਾਇਕ ਕਾਕਾ ਬਰਾੜ ਨੇ ਸ਼ੈਲਰ ਮਾਲਕਾਂ ਨੂੰ ਤਾੜਨਾ ਕਰਦਿਆਂ ਆਖਿਆ ਕਿ ਉਹ ਬਿਲਕੁਲ ਵੀ ਵੱਟੇ ਦੀ ਝਾਕ ਨਾ ਰੱਖਣ ਕਿਉਂਕਿ ਪੁੱਤਾਂ ਵਾਂਗ ਪਾਲੀ ਫਸਲ ਦਾ ਪੂਰਾ ਭਾਅ ਮਿਲਣਾ ਕਿਸਾਨਾਂ ਦਾ ਹੱਕ ਹੈ।ਉਨ੍ਹਾਂ ਕਿਹਾ ਕਿ ਜੇਕਰ ਜਲਦ ਸ਼ੈਲਰ ਮਾਲਕਾਂ ਦੀ ਮਨਮਰਜ਼ੀ ਬੰਦ ਨਾ ਹੋਈ ਤਾਂ ਸਖ਼ਤ ਕਦਮ ਚੁੱਕੇ ਜਾਣਗੇ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਲਈ ਪੀਣ ਵਾਲੇ ਪਾਣੀ, ਬੈਠਣ ਅਤੇ ਹੋਰ ਸਹੂਲਤਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ।



# ਲਾਲ ਸਿੰਘ ਬਸਤੀ ਸਕੂਲ ਦੇ ਬੱਚਿਆਂ ਨੇ ਮੱਲੀਆਂ ਪੁਜ਼ੀਸ਼ਨਾਂ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** ਬਲਾਕ ਪੱਧਰੀਆਂ ਖੇਡਾਂ ਰਾਮਪੁਰਾ 'ਚੋਂ ਸਰਕਾਰੀ ਪ੍ਰਾਇਮਰੀ ਸਕੂਲ, ਬ੍ਰਾਂਚ ਲਾਲ ਸਿੰਘ ਬਸਤੀ ਦੇ ਬੱਚਿਆਂ ਨੇ ਵੱਖ-ਵੱਖ ਮੁਕਾਬਲਿਆਂ 'ਚ ਪੁਜ਼ੀਸ਼ਨਾਂ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਅਥਲੈਟਿਕਸ ਮੁਕਾਬਲਿਆਂ 'ਚ ਅਮਨਦੀਪ ਕੌਰ ਨੇ 400 ਮੀਟਰ ਦੌੜ 'ਚ ਦੂਜਾ, ਲੰਬੀ ਛਾਲ ਵਿੱਚ ਸਾਨਵੀ ਕੌਰ ਨੇ ਤੀਜਾ ਤੇ ਰਿਲੇਅ ਦੌੜ ਵਿੱਚ ਪ੍ਰਭਜੋਤ ਕੌਰ, ਅਮਨਦੀਪ ਕੌਰ, ਸਾਨਵੀ ਕੌਰ ਤੇ ਮਹਿਕਜੋਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ ਹੈ। ਸਕੂਲ ਮੁਖੀ ਕਿਰਪਾਲ ਸਿੰਘ, ਹਰਵਿੰਦਰ ਸਿੰਘ ਬਾਠ, ਮੈਡਮ ਗੁਰਪ੍ਰੀਤ ਕੌਰ, ਮਨਜੀਤ ਕੌਰ, ਵੀਰਪਾਲ ਕੌਰ, ਗੁਰਪ੍ਰੀਤ ਕੌਰ ਐਸੋਸੀਏਟ ਟੀਚਰ ਤੇ ਕੁਲਦੀਪ ਕੌਰ ਆਦਿ ਸਟਾਫ ਨੇ ਸਮੂਹ ਬੱਚਿਆਂ ਨੂੰ ਹੌਸਲਾ ਅਫ਼ਜ਼ਾਈ ਲਈ ਵਧਾਈ ਦਿੱਤੀ ਤੇ ਸਨਮਾਨਤ ਕੀਤਾ।

# ਮੇਅਰ ਕੁੰਦਨ ਗੋਗੀਆ ਵਿਸ਼ਵਕਰਮਾ ਦਿਵਸ ਮੌਕੇ ਮੰਦਰਾਂ 'ਚ ਹੋਏ ਨਤਮਸਤਕ

**ਪਟਿਆਲਾ (ਰਾਜਿੰਦਰ ਥਿੰਦ)** ਵਿਸ਼ਵਕਰਮਾ ਦਿਵਸ ਦੇ ਪਵਿੱਤਰ ਮੌਕੇ ਪਟਿਆਲਾ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਥਿਤ ਵਿਸ਼ਵਕਰਮਾ ਮੰਦਰਾਂ ਵਿੱਚ ਨਤਮਸਤਕ ਹੋ ਕੇ ਸ਼ਹਿਰ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਵਿਸ਼ਵਕਰਮਾ ਜੀ ਸਿਰਜਣਹਾਰ ਤੇ ਮਿਹਨਤ ਦੇ ਪ੍ਰਤੀਕ ਹਨ।ਉਨ੍ਹਾਂ ਦੇ ਆਦਰਸ਼ ਸਾਨੂੰ ਸਮਾਜ ਤੇ ਸ਼ਹਿਰ ਦੀ ਭਲਾਈ ਲਈ ਨਿਰੰਤਰ ਕੰਮ ਕਰਨ ਦੀ ਪ੍ਰੇਰਣਾ ਦਿੰਦੇ ਹਨ।ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਦੇ ਵਿਕਾਸ ਅਤੇ ਸਫਾਈ ਪ੍ਰਣਾਲੀ ਨੂੰ ਹੋਰ ਸੁਧਾਰਨ ਲਈ ਨਗਰ ਨਿਗਮ ਵੱਲੋਂ ਕਈ ਨਵੇਂ ਕਦਮ ਚੁੱਕੇ ਜਾ ਰਹੇ ਹਨ। ਮੇਅਰ ਨੇ ਵਿਸ਼ਵਕਰਮਾ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਸ਼ਹਿਰ ਦੇ ਹਰ ਹਿੱਸੇ 'ਚ ਸਮਾਨ ਵਿਕਾਸ ਉਨ੍ਹਾਂ ਦੀ ਪਹਿਲ ਹੈ ਅਤੇ ਉਹ ਇਸ ਦਿਸ਼ਾ ਵਿੱਚ ਪੂਰੇ ਦਿਲ ਨਾਲ ਜੁਟੇ ਹੋਏ ਹਨ।



# 'ਦੁਨੀਆ ਸਿਫ਼ਤਾਂ ਕਰਦੀ ਏ ਸਤਿਗੁਰੂ ਰਵਿਦਾਸ ਦੀਆਂ'



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਸਰਹਿੰਦ ਨਹਿਰ ਕਿਨਾਰੇ ਵਸੇ ਪਿੰਡ ਕੀੜੀ ਅਫ਼ਗਾਨਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਅਤੇ ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦੇ ਪੈਰੋਕਾਰਾਂ ਵਲੋਂ ਪੌੜ ਗੋਤ ਦੇ ਜਠੇਰਿਆਂ ਦਾ ਸਲਾਨਾ ਮੇਲਾ ਅਤੇ ਭੰਡਾਰਾ ਚੇਅਰਮੈਨ ਬਿਸ਼ਨ ਦਾਸ ਮਜਾਰੀ ਦੀ ਅਗਵਾਈ ਹੇਠ ਕਰਵਾਇਆ ਗਿਆ। ਮੇਲੇ ਦੇ ਸ਼ੁਰੂ ਵਿਚ ਚੇਅਰਮੈਨ ਬਿਸ਼ਨ ਦਾਸ ਮਜਾਰੀ ਨੇ ਸੰਗਤਾਂ ਨੂੰ 'ਜੀ ਆਇਆਂ' ਨੂੰ ਆਖਦਿਆਂ ਪ੍ਰਬੰਧਕ ਕਮੇਟੀ ਵਲੋਂ ਕਰਵਾਏ ਗਏ ਕੰਮਾਂ ਦੀ ਰਿਪੋਰਟ ਪੇਸ਼ ਕੀਤੀ। ਐਡਵੋਕੇਟ ਚਮਨ ਲਾਲ ਭਰਥਲਾ ਨੇ ਉਸਾਰੇ ਜਾ ਰਹੇ ਲੰਗਰ ਹਾਲ ਲਈ ਸਰੀਆ ਦੇਣ ਦੇ ਨਾਲ ਹੋਰ ਸਹਿਯੋਗ ਦੇਣ ਦਾ ਵੀ ਵਾਅਦਾ ਕੀਤਾ। ਇਸ ਮੌਕੇ ਉਚੇਚੇ ਤੌਰ 'ਤੇ ਪਹੁੰਚੇ ਗਾਇਕਾ ਸਰਬਜੀਤ ਮੱਟੂ ਅਤੇ ਦਾਸ ਸ਼ਿਵਾ ਨੇ ਸਾਹਿਬ ਸ੍ਰੀ ਗੁਰੂ ਰਵਿਦਾਸ ਮਹਾਰਾਜ ਅਤੇ ਡਾ. ਭੀਮ ਰਾਓ ਅੰਬੇਦਕਰ ਦੀ ਮਹਿਮਾ ਵਿਚ 'ਦੁਨੀਆ ਸਿਫ਼ਤਾਂ ਕਰਦੀ ਏ ਸਤਿਗੁਰੂ ਰਵਿਦਾਸ ਦੀਆਂ', 'ਸਾਡੇ ਸਿਰ ਕਾਂਸ਼ੀ ਵਾਲਿਆਂ ਤੇਰੇ ਅਹਿਸਾਨ ਬੜੇ' ਗਾ ਕੇ ਸੰਗਤਾਂ ਨੂੰ ਝੂਮਣ ਲਗਾ ਦਿੱਤਾ। ਮੇਲੇ ਵਿਚ ਪਹੁੰਚੇ ਕਲਾਕਾਰਾਂ ਨੂੰ ਸਨਮਾਨਿਤ ਕਰਨ ਦੀ ਰਸਮ ਚੇਅਰਮੈਨ ਬਿਸ਼ਨ ਦਾਸ ਮਜਾਰੀ, ਐਡਵੋਕੇਟ ਚਮਨ ਲਾਲ ਭਰਥਲਾ, ਧਿਆਨ ਸਿੰਘ ਮੋਜੂ ਮਜਾਰਾ, ਮੇਜਰ ਲਾਲ, ਸੰਦੇਸ਼ ਰਾਜ, ਚੇਅਰਮੈਨ ਬਲਾਕ ਸੰਮਤੀ ਧਰਮਪਾਲ ਚੱਕੀ, ਸ਼ਿੰਗਾਰਾ ਰਾਮ ਲੁਧਿਆਣਾ, ਸਰਪੰਚ ਤੇਲੂ ਰਾਮ ਛਿਦੋੜੀ, ਨਿਰਮਲ ਸਿੰਘ ਸੇਵਾਦਾਰ, ਡਾਇਰੈਕਟਰ ਗੁਰਮੁਖ ਦੀਪ, ਅਵਤਾਰ ਸਿੰਘ ਖੰਨਾ, ਜਗਤਾਰ ਸਿੰਘ ਖੰਨਾ, ਹਰੰਬਸ ਸਿੰਘ ਸਰਪੰਚ ਕੀੜੀ ਅਫ਼ਗਾਨਾ, ਸਤਪਾਲ ਸਿੰਘ, ਹਰਭਜਨ ਸਿੰਘ ਖੇੜਾ ਪੰਚ, ਜਗਜੀਤ ਸਿੰਘ ਰਿੰਕੂ, ਮਾਸਟਰ ਰਾਮ ਲਾਲ ਮਜਾਰੀ, ਅਰੁਣ ਕੁਮਾਰ ਕੰਘਾ ਅਮਰੀਕਾ, ਜੀਤ ਰਾਮ, ਕੁਲਵਿੰਦਰ ਕੁਮਾਰ ਮਜਾਰੀ, ਨਰੇਸ਼ ਕੁਮਾਰ ਹੈਪੀ, ਦਲਵੀਰ ਸਿੰਘ ਬੱਗਾ, ਪ੍ਰਸਿੱਧ ਗੀਤਕਾਰ ਪੰਮੀ ਲਾਲੋ ਮਾਜਰਾ, ਜਸਵਿੰਦਰ ਕੌਰ ਸਰਪੰਚ ਲਾਲੋ ਮਾਜਰਾ, ਸੁਰਿੰਦਰ ਕੌਰ ਮਜਾਰੀ ਨੇ ਨਿਭਾਈ। ਆਈਆਂ ਸੰਗਤਾਂ ਲਈ ਅਟੁੱਟ ਲੰਗਰ ਵਰਤਾਏ ਗਏ।

# ਚੇਅਰਮੈਨ ਹਡਾਣਾ ਨੇ ਪਿੰਡਾਂ ਦੀਆਂ ਸੜਕਾਂ ਨਵਿਆਉਣ ਦਾ ਕੀਤਾ ਉਦਘਾਟਨ

**ਪਟਿਆਲਾ/ਬਹਾਦਰਗੜ੍ਹ (ਰਾਜਿੰਦਰ ਸਿੰਘ ਥਿੰਦ)** ਹਲਕਾ ਸਨੌਰ ਇੰਚਾਰਜ ਤੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡਾਂ ਧਰੇੜੀ ਜੱਟਾ, ਚਮਾਰਹੇੜੀ, ਦੌਣ ਕਲਾਂ ਤੇ ਸ਼ੰਕਰਪੁਰ ਨੂੰ ਜੋੜਨ ਵਾਲੀਆਂ ਮੁੱਖ ਸੜਕਾਂ ਦੇ ਨਵਿਆਉਣ ਦੇ ਕੰਮ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ।ਹਲਕਾ ਸਨੌਰ ਦੇ ਸਾਰੇ ਬਲਾਕ ਪ੍ਰਧਾਨ, ਪਿੰਡਾਂ ਦੇ ਸਰਪੰਚ, ਪੰਚਾਇਤ ਮੈਂਬਰ ਤੇ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ ਮੌਜੂਦ ਸਨ। ਚੇਅਰਮੈਨ ਹਡਾਣਾ ਨੇ ਦੱਸਿਆ ਕਿ ਚਾਰ ਪਿੰਡਾਂ ਦੀਆਂ 7.02 ਕਿਲੋਮੀਟਰ ਦੇ ਕਰੀਬ ਤੇ 2 ਕਰੋੜ ਤੋਂ ਵੱਧ ਰਕਮ ਨਾਲ ਬਣਨ ਵਾਲੀਆਂ ਇਹ ਸੜਕਾਂ ਪਿੰਡਾਂ ਦੀ ਨੁਹਾਰ ਬਦਲਣ ਵਿੱਚ ਮੋਹਰੀ ਰਹਿਣਗੀਆਂ।ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਇਨ੍ਹਾਂ ਪਿੰਡਾਂ ਦੇ ਲੋਕਾਂ ਦੀ ਮੰਗ ਮੁਤਾਬਕ ਸੜਕਾਂ ਦੀ ਹਾਲਤ ਬਹੁਤ ਖ਼ਰਾਬ ਹੋ ਚੁੱਕੀ ਸੀ, ਜਿਸ ਕਾਰਨ ਆਵਾਜਾਈ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਪੇਂਡੂ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਚੇਅਰਮੈਨ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਸੜਕਾਂ ਦੀ ਗੁਣਵੱਤਾ 'ਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਸਮੇਂ ਸਿਰ ਕੰਮ ਮੁਕੰਮਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਨਵੀਆਂ ਸੜਕਾਂ ਬਣਨ ਨਾਲ ਨਾ ਸਿਰਫ਼ ਆਵਾਜਾਈ ਸੁਖਾਲੀ ਹੋਵੇਗੀ, ਸਗੋਂ ਇਨ੍ਹਾਂ ਖੇਤਰਾਂ ਦੇ ਵਪਾਰ ਤੇ ਸਮਾਜਿਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲੇਗਾ।



# ਝਾੜ ਸਾਹਿਬ ਕਾਲਜ ਵਿਖੇ ਗਣਿਤ ਕੁਇਜ਼ ਮੁਕਾਬਲਾ ਕਰਵਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** - ਇਲਾਕੇ ਦੀ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵਿਖੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਗਣਿਤ ਵਿਭਾਗ ਵੱਲੋ 'ਗਣਿਤ ਕੁਇਜ਼' ਮੁਕਾਬਲਾ ਕਰਵਾਇਆ ਗਿਆ ਜਿਸ ਦਾ ਉਦੇਸ਼ ਵਿਦਿਆਰਥਣਾਂ 'ਚ ਵਿਸ਼ੇ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਉਨ੍ਹਾਂ ਦੇ ਹੁਨਰ ਨੂੰ ਨਿਖਾਰਨਾ ਸੀ। ਇਸ ਮੁਕਾਬਲੇ ਵਿਚ ਕੁੱਲ ਪੰਜ ਟੀਮਾਂ ਨੇ ਭਾਗ ਲਿਆ ਜਿਸ ਵਿਚ ਬੀ.ਸੀ.ਏ ਭਾਗ ਪਹਿਲਾ, ਬੀ.ਸੀ.ਏ ਭਾਗ ਦੂਜਾ, ਬੀ.ਸੀ.ਏ ਭਾਗ ਤੀਜਾ, ਬੀ.ਕਾਮ. ਭਾਗ ਦੂਜਾ, ਅਤੇ ਬੀ.ਏ ਦੀਆਂ ਵਿਦਿਆਰਥਣਾਂ ਸ਼ਾਮਿਲ ਸਨ। ਮੁਕਾਬਲਾ ਦੋ ਟੀਮਾਂ ਵਿਚਕਾਰ ਬਰਾਬਰ ਰਿਹਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਮਿਸ ਜਸਪ੍ਰੀਤ ਕੌਰ ਅਤੇ ਮਿਸ ਨਵਨੀਤ ਕੌਰ ਵੀ ਹਾਜ਼ਰ ਸਨ।

# ਡੇਰਾ ਬਿਆਸ ਸਤਿਸੰਗ ਘਰ 'ਚ ਸਿਹਤ ਜਾਂਚ ਕੈਂਪ ਲੱਗਾ

**ਕੋਟ ਈਸੇ ਖਾਂ (ਅਰੋੜਾ )** - ਰਾਧਾ ਸਵਾਮੀ ਡੇਰਾ ਬਿਆਸ ਸੈਂਟਰ ਕੋਟ ਈਸੇ ਖਾਂ ਵਿਖੇ ਮੁਫ਼ਤ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਡੇਰਾ ਬਿਆਸ ਦੀ ਡਾਕਟਰੀ ਟੀਮ ਵੱਲੋਂ ਤਕਰੀਬਨ 150 ਮਰੀਜ਼ਾਂ ਦੀ ਸਿਹਤ ਜਾਂਚ ਕੀਤੀ ਗਈ। ਕੈਂਪ ਦੌਰਾਨ ਮਰੀਜ਼ਾਂ ਦੀ ਆਮ ਸਿਹਤ ਜਾਂਚ, ਬਲੱਡ ਪ੍ਰੈਸ਼ਰ, ਸ਼ੂਗਰ ਟੈਸਟ ਅਤੇ ਦੰਦਾਂ ਦੀ ਦੇਖਭਾਲ ਸਬੰਧੀ ਆਦਿ ਚੈੱਕਅਪ ਕੀਤੇ ਗਏ। ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਰਾਧਾ ਸਵਾਮੀ ਕਮੇਟੀ ਦੇ ਮੈਂਬਰ ਹਾਜ਼ਰ ਸਨ।



# ਸਕਿਉਰਟੀ ਗਾਰਡਾਂ ਦੀ ਭਰਤੀ ਲਈ ਪਲੇਸਮੈਂਟ ਕੈਂਪ ਅੱਜ

**ਮਾਨਸਾ, (ਆਤਮਾ ਸਿੰਘ ਪਮਾਰ)** ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ 24 ਅਕਤੂਬਰ ਨੂੰ ਚੈੱਕਮੇਟ ਸਕਿਊਰਟੀ ਸਰਵਿਸ ਲਿਮ: ਵੱਲੋਂ ਸਕਿਊਰਟੀ ਗਾਰਡਾਂ ਦੀ ਭਰਤੀ ਲਈ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ। ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਸਿਰਫ ਲੜਕੇ ਭਾਗ ਲੈ ਸਕਦੇ ਹਨ, ਜਿਨ੍ਹਾਂ ਦੀ ਘੱਟੋ ਘੱਟ ਯੋਗਤਾ 10ਵੀਂ ਪਾਸ, ਕੱਦ ਘੱਟ ਤੋਂ ਘੱਟ 5 ਫੁੱਟ 6 ਇੰਚ, ਭਾਰ 55 ਕਿਲੋ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਗ ਲੈਣ ਵਾਲੇ ਪ੍ਰਾਰਥੀਆਂ ਦੀ ਉਮਰ ਸੀਮਾ 20 ਤੋਂ 55 ਸਾਲ ਤੱਕ ਹੋਣੀ ਚਾਹੀਦੀ ਹੈ ਤੇ ਪ੍ਰਾਰਥੀ ਸਰੀਰਕ ਤੌਰ 'ਤੇ ਰਿਸ਼ਟ-ਪੁਸ਼ਟ ਹੋਣੇ ਚਾਹੀਦੇ ਹਨ।ਕੈਂਪ 'ਚ ਸਾਬਕਾ ਫੌਜੀ ਵੀ ਭਾਗ ਲੈ ਸਕਦੇ ਹਨ।ਚਾਹਵਾਨ ਪ੍ਰਾਰਥੀ ਆਪਣੇ ਅਸਲ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਤੇ ਯੋਗਤਾ ਦਾ ਵੇਰਵਾ (ਰਜ਼ਿਊਮ) ਲੈ ਕੇ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ (ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੇਵਾ ਕੇਂਦਰ ਦੀ ਪਹਿਲੀ ਮੰਜ਼ਿਲ 'ਤੇ) ਕੈਂਪ ਵਾਲੇ ਦਿਨ ਸਵੇਰੇ 10:00 ਵਜੇ ਪਹੁੰਚਣ। ਉਨ੍ਹਾਂ ਦੱਸਿਆ ਕਿ ਚੁਣੇ ਗਏ ਪ੍ਰਾਰਥੀਆਂ ਨੂੰ ਤਨਖਾਹ 16500/- ਤੋਂ 18000/- ਰੁਪਏ ਦੇ ਕਰੀਬ ਮਿਲਣਯੋਗ ਹੋਵੇਗੀ।ਇੰਟਰਵਿਊ ਦਾ ਸਮਾਂ ਸਵੇਰੇ 10:00 ਤੋਂ 01:30 ਵਜੇ ਤੱਕ ਹੋਵੇਗਾ।ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 90549-99105, 94641-78030 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਲੋਕ ਆਸ਼ਰਮ ਭਾਵਾ ਵਿਖੇ ਲਗਾਇਆ ਮੁਫ਼ਤ ਡਾਕਟਰੀ ਕੈਂਪ

**ਬਰੇਟਾ (ਰੀਤਵਾਲ)** - ਲੋਕ ਆਸ਼ਰਮ ਭਾਵਾ ਵਿਖੇ ਹਰ ਸਾਲ ਵਾਂਗ ਪਿੰਡਾਂ ਦੇ ਆਪਸੀ ਸਹਿਯੋਗ ਨਾਲ ਕੱਤਕ ਮਹੀਨੇ ਦੀ ਦੂਜ ਦਾ ਭੰਡਾਰਾ ਮਨਾਇਆ ਗਿਆ। ਇਸ ਭੰਡਾਰੇ ਵਿੱਚ ਦੂਰੋਂ ਨੇੜਿਉਂ ਸੰਤ ਸਮਾਜ ਨੇ ਸ਼ਿਰਕਤ ਕੀਤੀ ਅਤੇ ਕਵੀਸ਼ਰੀ ਜਥੇ ਨੇ ਰੰਗ ਬੰਨ੍ਹਿਆ। ਡੇਰਾ ਮੁਖੀ ਬਸੰਤ ਦਾਸ ਦੀ ਅਗਵਾਈ ਵਿੱਚ ਮੁਫ਼ਤ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਜੀਵਨ ਹਸਪਤਾਲ ਮਾਨਸਾ ਦੀ ਮਾਹਿਰ ਟੀਮ ਨੇ ਆਪਣੀਆਂ ਸੇਵਾਵਾਂ ਦਿੱਤੀਆਂ। ਕੈਂਪ ਵਿੱਚ ਮੁਫ਼ਤ ਓ ਪੀ ਡੀ, ਵੱਖ-ਵੱਖ ਬਿਮਾਰੀਆਂ ਦੀ ਜਾਂਚ, ਦਵਾਈਆਂ ਅਤੇ ਲੋੜ ਅਨੁਸਾਰ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਗਈ। ਲੱਗਭੱਗ 120 ਦੇ ਕਰੀਬ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ ਅਤੇ 30 ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ। ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਡਾ ਵਾਸਦੇਵ, ਸ਼ਿਵ ਪ੍ਰੀਤ, ਅਵਤਾਰ ਸਿੰਘ ਅਤੇ ਸੀਮਾ ਕੌਰ ਵੱਲੋਂ ਬਿਮਾਰੀਆਂ ਦੀ ਜਾਂਚ ਕਰਨ ਸਬੰਧੀ ਸੇਵਾ ਕੀਤੀ ਗਈ।ਪਿੰਡ ਦੇ ਸਰਪੰਚ ਬਿੱਕਰ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਉਹਨਾਂ ਦੇ ਪਿੰਡ ਵਾਸੀਆਂ ਦੇ ਨਾਲ ਨਾਲ ਬੱਚਿਆਂ ਨੇ ਵੀ ਸੇਵਾ ਕੀਤੀ। ਡੇਰਾ ਮੁਖੀ ਬਸੰਤ ਦਾਸ ਨੇ ਕਿਹਾ ਹੈ ਕਿ ਉਨ੍ਹਾਂ ਦਾ ਮੁਫ਼ਤ ਕੈਂਪ ਲਾਉਣ ਦਾ ਮੰਤਵ ਲੋਕਾਂ ਨੂੰ ਬੁਨਿਆਦੀ ਸਿਹਤ ਸਹੂਲਤਾਂ ਮੁਫ਼ਤ ਪਹੁੰਚਾਉਣਾ ਹੈ ਤਾਂ ਜੋ ਕਿਸੇ ਵੀ ਲੋੜਵੰਦ ਨੂੰ ਪੈਸਿਆਂ ਦੀ ਕਮੀ ਕਰਕੇ ਇਲਾਜ ਤੋਂ ਵਾਂਝਾ ਨਾ ਰਹਿਣਾ ਪਵੇ ਅਤੇ ਉਹ ਅੱਗੇ ਤੋਂ ਵੀ ਇਸ ਤਰ੍ਹਾਂ ਦੇ ਕੈਂਪ ਲਗਾਉਂਦੇ ਰਹਿਣਗੇ।



# ਭੜਕੇ ਲੋਕਾਂ ਵੱਲੋਂ ਖਨੌਰੀ-ਕੈਥਲ ਸੜਕ ਜਾਮ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪੰਚਾਇਤੀ ਚੋਣਾਂ ਦੀਆਂ ਵੋਟਾਂ ਨੂੰ ਲੈ ਕੇ ਚੱਲ ਰਹੀ ਤਕਰਾਰਬਾਜ਼ੀ ਨੂੰ ਲੈ ਪਿੰਡ ਅਰਨੋਂ ਦੇ ਡੇਰਾ ਓਡਾਂ ਦੇ ਵਿਅਕਤੀ ਉਤੇ ਹਮਲਾ ਕਰਕੇ ਜ਼ਖ਼ਮੀ ਕਰਨ ਦੇ ਦੋਸ਼ ਹੇਠ ਪੁਲਸ ਵੱਲੋਂ 4 ਵਿਅਕਤੀਆਂ ਦੇ ਖਿਲਾਫ ਕੇਸ ਦਰਜ ਕੀਤਾ ਗਿਆ ਸੀ।ਇਸ ਕੇਸ ਵਿੱਚ ਸ਼ਾਮਲ ਇੱਕ ਵਿਅਕਤੀ ਦੇ ਖਿਲਾਫ਼ ਝੂਠਾ ਕੇਸ ਦਰਜ ਕਰਨ ਦੇ ਦੋਸ਼ ਲਾਉਂਦਿਆਂ ਭੜਕੇ ਹੋਏ ਲੋਕਾਂ ਵੱਲੋਂ ਖਨੌਰੀ ਕੈਥਲ ਸੜਕ ਉੱਤੇ ਪਿੰਡ ਅਰਨੋਂ ਵਿਖੇ ਧਰਨਾ ਲਾ ਕੇ ਨਾਅਰੇਬਾਜ਼ੀ ਕੀਤੀ ਗਈ।ਧਰਨੇ ਨੂੰ ਪੁਲਸ ਵੱਲੋਂ ਨਿਰਦੋਸ਼ਾਂ ਨੂੰ ਪੜਤਾਲ ਕਰਕੇ ਪਰਚੇ ਵਿੱਚੋਂ ਕੱਢ ਦਿੱਤੇ ਜਾਣ ਤੇ ਦੂਜੀ ਧਿਰ ਦੇ ਖਿਲਾਫ ਵੀ ਕੇਸ ਦਰਜ ਕਰ ਲੈਣ ਮਗਰੋਂ ਸਮਾਪਤ ਕੀਤਾ ਗਿਆ। ਡੇਰਾ ਵਾਸੀ ਮੁਕੇਸ਼ ਕੁਮਾਰ ਦੀ ਅਗਵਾਈ 'ਚ ਧਰਨਾ ਦੇ ਰਹੇ ਲੋਕਾਂ ਨੇ ਦੱਸਿਆ ਕਿ ਪੁਲਸ ਵੱਲੋਂ ਮੇਘ ਰਾਜ ਦੇ ਖਿਲਾਫ ਇੱਕ ਝੂਠਾ ਕੇਸ ਦਰਜ ਕੀਤਾ ਗਿਆ, ਜਿਸ ਨਾਲ ਉਸ ਦਾ ਕੋਈ ਸਬੰਧ ਨਹੀਂ ਹੈ ਅਤੇ ਇਸ ਪੁਰਾਣੀ ਰੰਜਸ਼ ਦੇ ਚੱਲਦਿਆਂ ਕਾਰਵਾਈ ਕੀਤੀ ਗਈ, ਜਦੋਂ ਕਿ ਇਸ ਝਗੜੇ ਵਿੱਚ ਇਕ ਤਰਫਾ ਕਾਰਵਾਈ ਕੀਤੇ ਜਾਣ ਕਾਰਨ ਪਿੰਡ ਵਾਸੀਆਂ ਨੇ ਰੋਸ ਵਜੋਂ ਧਰਨਾ ਦਿੱਤਾ ਹੈ।ਗੁਲਜਾਰਪੁਰਾ ਠਰੂਆ ਪੁਲਿਸ ਚੌਕੀ ਦੇ ਮੁਖੀ ਜੈ ਪ੍ਰਕਾਸ਼ ਨੇ ਦੱਸਿਆ ਕਿ ਰਾਜੀਵ ਕੁਮਾਰ ਪੁੱਤਰ ਬਾਬੂ ਰਾਮ ਨੇ ਦਿੱਤੇ ਬਿਆਨਾਂ ਵਿੱਚ ਦੱਸਿਆ ਸੀ ਕਿ ਚਾਰ ਵਿਅਕਤੀਆਂ ਨੇ ਸਰਪੰਚੀ ਦੀਆਂ ਵੋਟਾਂ ਦੀ ਰੰਜ਼ਸ਼ ਨੂੰ ਲੈ ਕੇ ਹਮਲਾ ਕਰਕੇ ਜਾਨਲੇਵਾ ਹਮਲਾ ਕਰਕੇ ਜ਼ਖ਼ਮੀ ਕੀਤਾ ਹੈ। ਇਸ ਦੇ ਸਬੰਧ ਵਿੱਚ ਰਮੇਸ਼ ਕੁਮਾਰ, ਰਜੇਸ਼ ਕੁਮਾਰ, ਮੇਘ ਰਾਜ, ਨਵੀਨ ਕੁਮਾਰ ਦੇ ਖਿਲਾਫ਼ ਕੇਸ ਦਰਜ ਕਰਕੇ ਮਾਮਲੇ ਦੀ ਪੜਤਾਲ ਸ਼ੁਰੂ ਕੀਤੀ ਗਈ ਹੈ।



# ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਨੇ ਬੇਲ ਨਾ ਮਿਲਣ ਕਰਕੇ ਐੱਸ ਡੀ ਐੱਮ ਦਫ਼ਤਰ ਮੂਹਰੇ ਦਿੱਤਾ ਧਰਨਾ



**ਨਾਭਾ (ਵਰਿੰਦਰ ਵਰਮਾ)**- ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੇ ਹੱਕ ਵਿੱਚ ਨਹੀਂ ਹੈ ਪਰ ਸਰਕਾਰ ਵੱਲੋਂ ਪੂਰੀ ਮਸ਼ੀਨਰੀ ਮੁਹੱਈਆ ਨਾ ਕਰਵਾਉਣ ਕਰਕੇ ਕਿਸਾਨ ਪਰਾਲੀ ਸਾੜਣ ਲਈ ਮਜਬੂਰ ਹੋ ਰਹੇ ਹਨ। ਨਾਭਾ ਬਲਾਕ ਦੇ ਪਿੰਡ ਬਨੇਰਾ ਖੁਰਦ ਦੇ ਕਿਸਾਨਾਂ ਨੇ ਬੇਲਰ ਵਾਲਿਆਂ ਦੇ ਕਹਿਣ 'ਤੇ ਝੋਨਾ ਵੱਢਿਆ ਪਰ ਜਦੋਂ ਗੱਠਾਂ ਬਣਾਉਣ ਦਾ ਸਮਾਂ ਆਇਆ ਤਾਂ ਬੇਲਰ ਮਾਲਕ ਅਸਿੱਧੇ ਤੌਰ 'ਤੇ ਪੈਸਿਆਂ ਦੀ ਮੰਗ ਕਰਨ ਲੱਗੇ। 7 ਅਕਤੂਬਰ ਦੀ ਵੱਢੀ ਹੋਈ ਫਸਲ ਨੂੰ ਲਗਭਗ 17 ਦਿਨ ਹੋ ਚੁੱਕੇ ਹਨ ਨਾ ਹੀ ਖੇਤੀਬਾੜੀ ਮਹਿਕਮਾ ਅਤੇ ਨਾ ਹੀ ਕੋਈ ਬੇਲਰ ਮਸ਼ੀਨ ਵਾਲੇ ਕਿਸਾਨਾਂ ਦੀ ਬਾਂਹ ਫੜ ਰਹੇ ਹਨ। ਇਸ ਲਈ ਮਜਬੂਰ ਹੋ ਕੇ ਕਿਸਾਨ ਐਸ ਡੀ ਐਮ ਨਾਭਾ ਦੇ ਦਫਤਰ ਮੂਹਰੇ ਧਰਨੇ 'ਤੇ ਬੈਠ ਗਏ ਹਨ। ਧਰਨੇ ਦੇ ਵਿੱਚ ਮੁੱਖ ਤੌਰ 'ਤੇ ਘੁੰਮਣ ਸਿੰਘ ਰਾਜਗੜ੍ਹ , ਹਰਦੀਪ ਸਿੰਘ ਘਨੁੜਕੀ ਸੂਬਾ ਸਕੱਤਰ, ਸੀਨੀਅਰ ਆਗੂ ਅਵਤਾਰ ਸਿੰਘ ਕੈਦੂਪੁਰ, ਬਲਾਕ ਪ੍ਰਧਾਨ ਅੱਛਰ ਸਿੰਘ ਭੋਜੋ ਮਾਜਰੀ, ਜਗਜੀਤ ਸਿੰਘ ਮੋਹਲ ਗੁਆਰਾ, ਜਰਨੈਲ ਸਿੰਘ ਗੁਣੀਕੇ, ਪਰਵਿੰਦਰ ਸਿੰਘ ਬਨੇਰਾ ਖੁਰਦ, ਗੁਰਧਿਆਨ ਸਿੰਘ ਕਕਰਾਲਾ ਮਨਜੀਤ ਸਿੰਘ ਨੰਬਰਦਾਰ ਘਨੁੜਕੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਕਿਸਾਨ ਹਾਜ਼ਰ ਰਹੇ।

# ਲੇਬਰ ਕਾਰਡ ਬਣਾਉਣ ਲਈ ਲਾਇਆ ਵਿਸ਼ੇਸ਼ ਕੈਂਪ

**ਸੰਗਰੂਰ (ਪ੍ਰਵੀਨ ਸਿੰਘ, ਮਨੋਹਰ ਲਾਲ ਸੱਗੂ)** ਮੁੱਖ ਮੰਤਰੀ ਸਹਾਇਤਾ ਕੇਂਦਰ ਦਾ ਲੋਕਾਂ ਨੂੰ ਵੱਡਾ ਲਾਭ ਹੋ ਰਿਹਾ ਹੈ।ਵਿਸ਼ੇਸ਼ ਤੌਰ 'ਤੇ ਲੇਬਰ ਵਰਕਰਾਂ ਲਈ ਲੇਬਰ ਕਾਰਡ ਬਣਾਉਣ ਲਈ ਕੈਂਪ ਲਾਇਆ ਗਿਆ, ਜਿਸ ਦਾ ਵੱਡੀ ਗਿਣਤੀ ਲੋਕਾਂ ਵੱਲੋਂ ਲਾਭ ਉਠਾਇਆ ਗਿਆ। ਲੇਬਰ ਕਾਰਡ ਦਾ ਫਾਰਮ ਭਰਾਉਣ ਆਏ ਲੇਬਰ ਵਰਕਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਫਾਰਮ ਭਰਨ ਲਈ ਸ਼ੁਰੂ ਕੀਤੀ ਗਈ ਸੇਵਾ ਦਾ ਘੱਟ ਪੜ੍ਹੇ-ਲਿਖੇ ਤੇ ਅਨਪੜ੍ਹ ਵਿਅਕਤੀਆਂ ਸਮੇਤ ਕੰਪਿਊਟਰ ਆਦਿ ਦਾ ਗਿਆਨ ਨਾ ਰੱਖਣ ਵਾਲਿਆਂ ਨੂੰ ਵੱਡਾ ਲਾਭ ਹੋਇਆ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਹਾਇਤਾ ਕੇਂਦਰ ਵਿੱਚ ਕੋਈ ਵੀ ਸਰਕਾਰੀ ਸੇਵਾ ਪ੍ਰਾਪਤ ਕਰਨ ਦਾ ਫਾਰਮ ਮਾਹਰਾਂ ਵੱਲੋਂ ਭਰ ਕੇ ਦੇ ਦਿੱਤਾ ਜਾਂਦਾ ਹੈ, ਜਿਸ ਸਦਕਾ ਆਮ ਲੋਕਾਂ ਦੀ ਸਰਕਾਰੀ ਦਫ਼ਤਰਾਂ 'ਚ ਖੱਜਲ ਖ਼ੁਆਰੀ ਖ਼ਤਮ ਹੋ ਜਾਂਦੀ ਹੈ। ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਈ ਮਹੀਨੇ ਵਿੱਚ ਇਹ ਕੇਂਦਰ ਲੋਕਾਂ ਨੂੰ ਸਮਰਪਤ ਕੀਤਾ ਗਿਆ ਸੀ, ਜਿਸ ਦਾ ਰੋਜ਼ਾਨਾ ਵੱਡੀ ਗਿਣਤੀ ਲੋਕ ਲਾਭ ਉਠਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਵਿੱਚ ਛੇ ਕਾਊਂਟਰ ਅਤੇ ਇੱਕ ਰਿਸੈਪਸ਼ਨ ਡੈਸਕ ਹਨ।ਉਨ੍ਹਾਂ ਦੱਸਿਆ ਕਿ ਇੱਥੇ ਸਿਹਤ, ਮਾਲ, ਸਮਾਜਿਕ ਸੁਰੱਖਿਆ, ਪੁਲਸ ਤੇ ਸਿਵਲ ਪ੍ਰਸ਼ਾਸਨ ਸਮੇਤ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਦਫ਼ਤਰੀ ਸਮੇਂ ਦੌਰਾਨ ਤਾਇਨਾਤ ਰਹਿੰਦੇ ਹਨ। ਉਨ੍ਹਾਂ ਦੱਸਿਆ ਕਿ ਪੈਨਸ਼ਨ ਸਕੀਮਾਂ, ਆਯੁਸ਼ਮਾਨ ਭਾਰਤ ਯੋਜਨਾ, ਅਸ਼ੀਰਵਾਦ ਯੋਜਨਾ, ਲੇਬਰ ਕਾਰਡ, ਆਧਾਰ ਕਾਰਡ ਅੱਪਡੇਟ ਅਤੇ ਹੋਰ ਬਹੁਤ ਸਾਰੀਆਂ ਸਕੀਮਾਂ ਲਈ ਫਾਰਮ ਭਰਨ ਪ੍ਰਕਿਰਿਆ ਇਸ ਕੇਂਦਰ ਵਿੱਚ ਕੀਤੀ ਜਾਂਦੀ ਹੈ।



# ਪਰਮਵੀਰ ਚੱਕਰ ਵਿਜੇਤਾ ਸੂਬੇਦਾਰ ਜੋਗਿੰਦਰ ਸਿੰਘ ਦਾ ਸ਼ਹੀਦੀ ਦਿਹਾੜਾ ਸ਼ਰਧਾਪੂਰਵਕ ਮਨਾਇਆ

**ਮੋਗਾ (ਪੱਤਰ ਪ੍ਰੇਰਕ)** ਪਰਮਵੀਰ ਚੱਕਰ ਵਿਜੇਤਾ ਸੂਬੇਦਾਰ ਜੋਗਿੰਦਰ ਸਿੰਘ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਨ੍ਹਾਂ ਦੇ ਸਮਾਰਕ ਉੱਪਰ ਸਿਵਲ ਪ੍ਰਸਾਸ਼ਨ ਤੇ ਸਾਬਕਾਂ ਸੈਨਿਕਾਂ ਵੱਲੋਂ ਫੁੱਲ ਮਲਾਵਾਂ ਭੇਟ ਕਰਕੇ ਬੜੇ ਹੀ ਆਦਰ ਸਹਿਤ ਉਨ੍ਹਾਂ ਦਾ 63ਵਾਂ ਸ਼ਹੀਦੀ ਦਿਹਾੜਾ ਮਨਾਇਆ ਗਿਆ।ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ, ਜੀ.ਓ.ਸੀ, 7 ਇੰਨਫੈਂਟਰੀ ਡਿਵੀਜ਼ਨ ਦੀ ਤਰਫੋਂ ਲੈਫ. ਕਰਨਲ ਤੇਜ ਪ੍ਰਤਾਪ ਸਿੰਘ ਤੇ ਹੋਰ ਆਰਮੀ ਦੇ ਅਧਿਕਾਰੀਆਂ ਤੇ ਸ਼ਖ਼ਸੀਅਤਾਂ ਵੱਲੋਂ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸ਼ਰਧਾਂਜਲੀ ਭੇਟ ਕਰਨ ਵਾਲਿਆਂ 'ਚ ਕੁਲਵੰਤ ਕੌਰ ਸਪੁੱਤਰੀ ਸ਼ਹੀਦ ਸੂਬੇਦਾਰ ਜੋਗਿੰਦਰ ਸਿੰਘ, ਪਰਮਵੀਰ ਚੱਕਰ ਵਿਜੇਤਾ, ਵਧੀਕ ਡਿਪਟੀ ਕਮਿਸ਼ਨਰ (ਜ) ਚਾਰੂਮਿਤਾ, ਐਸ.ਪੀ. ਸੰਦੀਪ ਸਿੰਘ ਮੰਡ, ਮੁੱਖ ਮੰਤਰੀ ਫੀਲਡ ਅਫ਼ਸਰ ਗਗਨਦੀਪ ਸਿੰਘ, ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਮੋਗਾ ਦੀ ਤਰਫੋਂ ਲੈਫ. ਕਰਨਲ ਡਾ. ਸੁਖਮੀਤ ਮਨਿਹਾਸ, ਮੀਤ ਪ੍ਰਧਾਨ ਜ਼ਿਲ੍ਹਾ ਸੈਨਿਕ ਬੋਰਡ ਮੋਗਾ ਤੇ ਹੋਰ ਸਾਬਕਾ ਸੈਨਿਕ ਅਧਿਕਾਰੀ ਅਤੇ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।ਇਸ ਤੋਂ ਇਲਾਵਾ ਹੋਰ ਸਾਬਕਾ ਸੈਨਿਕ ਤੇ ਉਨ੍ਹਾਂ ਦੀਆਂ ਵਿਧਵਾਵਾਂ ਵੀ ਹਾਜ਼ਰ ਸਨ।ਸੂਬੇਦਾਰ ਗੁਰਮੀਤ ਸਿੰਘ ਦੀ ਅਗਵਾਈ ਹੇਠ ਫੌਜ ਦੀ 310 ਫੀਲਡ ਰੈਜ਼ੀਮੈਂਟ ਬਟਾਲੀਅਨ ਦੀ ਟੁਕੜੀ ਵੱਲੋਂ ਸ਼ਹੀਦ ਸੂਬੇਦਾਰ ਜੋਗਿੰਦਰ ਸਿੰਘ ਪਰਮਵੀਰ ਚੱਕਰ ਵਿਜੇਤਾ ਨੂੰ ਸਰਕਾਰੀ ਸਨਮਾਨਾਂ ਨਾਲ ਗਾਰਡ-ਆਫ-ਆਨਰ ਪੇਸ਼ ਕੀਤਾ। ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਮੋਗਾ ਤਰਫੋਂ 14 ਨਾਨ-ਪੈਨਸ਼ਨਰ ਸਾਬਕਾ ਸੈਨਿਕਾਂ/ਵਿਧਵਾਵਾਂ ਨੂੰ ਮਾਲੀ ਸਹਾਇਤਾ ਦੇ ਚੈੱਕ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਵੱਲੋਂ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ। ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੂਬੇਦਾਰ ਜੋਗਿੰਦਰ ਸਿੰਘ, ਪਰਮਵੀਰ ਚੱਕਰ ਵਿਜੇਤਾ, ਇਕ ਮਹਾਨ ਯੋਧਾ ਸੀ, ਜਿਸ ਨੇ 1962 ਦੀ ਹਿੰਦ-ਚੀਨ ਜੰਗ ਦੌਰਾਨ ਬਹਾਦਰੀ ਨਾਲ ਲੜਦਿਆਂ ਆਪਣੇ ਪ੍ਰਾਣਾਂ ਦੀ ਬਲੀ ਦਿੱਤੀ।ਇਹ ਪਿੰਡ ਮਾਹਲਾ ਕਲ ਦੇ ਰਹਿਣ ਵਾਲੇ ਸਨ।ਉਹ ਪਹਿਲੀ ਸਿੱਖ ਰੈਜੀਮੈਂਟ ਵਿਚ ਭਰਤੀ ਹੋ ਗਏ ਸਨ।ਅਕਤੂਬਰ 1962 ਵਿਚ ਚੀਨ ਨੇ ਭਾਰਤ ਤੇ ਹਮਲਾ ਬੋਲ ਦਿੱਤਾ।ਸੂਬੇਦਾਰ ਜੋਗਿੰਦਰ ਸਿੰਘ ਦੀ ਪਲਾਟੂਨ ਨੂੰ ਨੇਫ਼ਾ ਦੇ ਤੁਆਂਗ ਸੈਕਟਰ ਵਿੱਚ ਤੌਂਗਪੈਂਗ ਲਾ ਚੌਂਕੀ ਦੀ ਹਿਫ਼ਾਜ਼ਤ ਕਰਨ ਦੀ ਜਿੰਮੇਵਾਰੀ ਸੌਂਪੀ ਗਈ। 23 ਅਕਤੂਬਰ 1962 ਸਵੇਰੇ ਸਾਢੇ ਪੰਜ ਵਜੇ ਚੀਨੀ ਫੌਜ ਨੇ ਲਗਭਗ ਆਪਣੇ 200 ਸੈਨਿਕਾਂ ਨਾਲ ਉਨ੍ਹਾਂ ਦੀ ਚੌਂਕੀ 'ਤੇ ਧਾਵਾ ਬੋਲ ਦਿੱਤਾ।ਸੂਬੇਦਾਰ ਜੋਗਿੰਦਰ ਸਿੰਘ ਤੇ ਉਨ੍ਹਾਂ ਦੇ ਸਾਥੀ ਜਵਾਨਾਂ ਨੇ ਬਹਾਦਰੀ ਨਾਲ ਲੜਦੇ ਹੋਏ ਦੁਸ਼ਮਣ ਦੇ ਦੋ ਹਮਲੇ ਪਛਾੜ ਦਿੱਤੇ।ਦੁਸ਼ਮਣ ਦੇ ਇਨ੍ਹਾਂ ਦੋ ਹਮਲਿਆਂ ਨੂੰ ਪਛਾੜਣ ਤੋਂ ਬਾਅਦ ਸੂਬੇਦਾਰ ਜੋਗਿੰਦਰ ਸਿੰਘ ਦੀ ਪਲਾਟੂਨ ਦਾ ਜਾਨੀ ਨੁਕਸਾਨ ਹੋ ਜਾਣ ਕਾਰਨ ਉਨ੍ਹਾਂ ਦੇ ਜਵਾਨਾਂ ਦੀ ਗਿਣਤੀ ਬਹੁਤ ਥੋੜ੍ਹੀ ਰਹਿ ਗਈ ਸੀ ਅਤੇ ਪੱਟ ਵਿੱਚ ਗੋਲੀਆਂ ਲੱਗਣ ਕਾਰਣ ਉਹ ਖੁਦ ਵੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ ਸਨ।ਫਿਰ ਵੀ ਉਨ੍ਹਾਂ ਨੇ ਦੁਸ਼ਮਣ ਦੇ ਤੀਜੇ ਹਮਲੇ ਦੌਰਾਨ ਆਪਣੇ ਬਚੇ ਹੋਏ ਜਵਾਨਾਂ ਨੂੰ ਹੱਲਾਸ਼ੇਰੀ ਦਿੰਦੇ ਹੋਏ, ਬੋਲੇ ਸੋ ਨਿਹਾਲ ਦੇ ਜੈਕਾਰੇ ਛੱਡ ਕੇ ਦੁਸ਼ਮਣ ਤੇ ਬੈਨਟਾਂ ਨਾਲ ਹਮਲਾ ਬੋਲ ਦਿੱਤਾ। ਸੂਬੇਦਾਰ ਜੋਗਿੰਦਰ ਸਿੰਘ ਨੇ ਆਪਣੀ ਪਲਾਟੂਨ ਦੇ ਲਾਈਟ ਮਸ਼ੀਨ ਗੰਨ ਦੇ ਚਾਲਕ ਦੇ ਮਾਰੇ ਜਾਣ ਤੇ ਖੁਦ ਲਾਈਟ ਮਸ਼ੀਨ ਗੰਨ ਸੰਭਾਲੀ ਤੇ ਦੁਸ਼ਮਣ ਦਾ ਕਾਫੀ ਜਾਨੀ ਨੁਕਸਾਨ ਕੀਤਾ।ਇਸੇ ਦੌਰਾਨ ਉਹ ਦੁਸ਼ਮਣ ਦੇ ਘੇਰੇ 'ਚ ਆ ਗਏ ਅਤੇ ਆਖ਼ਰੀ ਦਮ ਤੱਕ ਦੁਸ਼ਮਣ ਨਾਲ ਲੜਦੇ ਹੋਏ ਵੀਰਗਤੀ ਨੂੰ ਪ੍ਰਾਪਤ ਹੋਏ।



# ਸਮਗਲਰ ਦੇ ਕਬਜ਼ੇ 'ਚੋਂ 500 ਗ੍ਰਾਮ ਹੈਰੋਇਨ ਬਰਾਮਦ

**ਮੋਗਾ (ਇਕਬਾਲ ਸਿੰਘ ਖਹਿਰਾ)** ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਤਹਿਤ ਐਸ.ਐਸ.ਪੀ ਮੋਗਾ ਅਜੈ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ ਐਸ ਪੀ ਆਈ ਮੋਗਾ, ਗੁਰਪ੍ਰੀਤ ਸਿੰਘ ਸਰਾਂ ਡੀ.ਐਸ.ਪੀ ਸਿਟੀ ਮੋਗਾ ਦੀ ਸੁਪਰਵੀਜਨ ਹੇਠ ਪੁਲਸ ਨੂੰ ਉਸ ਸਮੇ ਵੱਡੀ ਸਫ਼ਲਤਾ ਮਿਲੀ, ਜਦ ਇੰਸਪੈਕਟਰ ਵਰੁਣ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਮੋਗਾ ਵੱਲੋਂ ਮੁਕੱਦਮਾ ਨੰਬਰ 226 ਮਿਤੀ 20.10.2025 ਅ/ਧ 21 ਐਨ ਡੀ ਪੀ ਐਸ ਐਕਟ ਥਾਣਾ ਸਿਟੀ ਮੋਗਾ ਵਿੱਚ ਸਾਹਿਬ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਟਿੰਡਵਾਂ ਥਾਣਾ ਸਦਰ ਜੀਰਾ ਜ਼ਿਲ੍ਹਾ ਫ਼ਿਰੋਜ਼ਪੁਰ ਹਾਲ ਵਾਸੀ ਗਲੀ ਨੰਬਰ 03, ਚੀਮਾ ਰੋਡ ਕੋਟ ਈਸੇ ਖਾਂ ਜ਼ਿਲ੍ਹਾ ਮੋਗਾ ਨੂੰ ਕਾਬੂ ਕਰਕੇ ਉਸ ਦੇ ਕਬਜ਼ਾ ਵਿੱਚੋਂ 500 ਗ੍ਰਾਮ ਹੈਰੋਇਨ ਬਰਾਮਦ ਕੀਤੀ। ਡੀਐਸ ਪੀ ਸਿਟੀ ਗੁਰਪ੍ਰੀਤ ਸਿੰਘ ਸਰਾਂ ਨੇ ਦੱਸਿਆ ਕਿ ਐਸ.ਐਚ.ਓ ਵਰੁਣ ਕੁਮਾਰ ਤੇ ਐਸ ਆਈ ਮੰਗਲ ਸਿੰਘ ਏਐਸਆਈ ਪਾਲ ਸਿੰਘ,





ਏਐਸਆਈ ਨਛੱਤਰ ਸਿੰਘ ਹੈਡ ਕਾਂਸਟੇਬਲ, ਨਰਿੰਦਰਜੀਤ ਸਿੰਘ ਮੋਗਾ ਸਰਕਾਰੀ ਗੱਡੀ ਨੰਬਰੀ PB65-BG-6389 'ਤੇ ਸਵਾਰ ਸਨ, ਜਿਸ ਨੂੰ ਐਸ.ਸੀ.ਟੀ ਗੁਰਵਿੰਦਰ ਸਿੰਘ ਚਲਾ ਰਿਹਾ ਸੀ। ਗਸ਼ਤ ਤੇ ਸ਼ੱਕੀ ਪੁਰਸ਼ਾਂ ਦੀ ਭਾਲ਼ ਲਈ ਨਹਿਰੇ-ਨਹਿਰੇ ਲੋਹਾਰਾ ਚੌਕ ਲੰਢੇਕੇ ਨੂੰ ਜਾ ਰਹੀ ਸੀ ਤਾਂ ਸਾਹਮਣੇ ਤੋਂ ਇੱਕ ਨੌਜਵਾਨ ਐਕਟੀਵਾ ਰੰਗ ਚਿੱਟ ਨੰਬਰੀ PB47-F-4197 ਤੇ ਸਵਾਰ ਹੋ ਕੇ ਨਹਿਰੇ-ਨਹਿਰ ਮੋਗਾ ਵੱਲ ਨੂੰ ਆ ਰਿਹਾ ਸੀ, ਜੋ ਪੁਲਸ ਪਾਰਟੀ ਨੂੰ ਵੇਖ ਕੇ ਸਕੂਟਰੀ ਛੱਡ ਕੇ ਝਾੜੀਆਂ ਵਿੱਚ ਲੁਕ ਗਿਆ, ਜਿਸ 'ਤੇ ਐਸ.ਐਚ.ਓ ਇੰਸਪੈਕਟਰ ਵਰੁਣ ਕੁਮਾਰ ਨੇ ਉਕਤ ਨੌਜਵਾਨ ਨੂੰ ਕਾਬੂ ਕਰਕੇ ਇਸ ਦਾ ਨਾਂਅ। ਪਤਾ ਪੁੱਛਿਆ, ਜਿਸ ਨੇ ਆਪਣਾ ਨਾਂਅ ਸਾਹਿਬ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਟਿੰਡਵਾਂ ਜ਼ਿਲ੍ਹਾ ਫ਼ਿਰੋਜ਼ਪੁਰ ਹਾਲ ਵਾਸੀ ਗਲੀ ਨੰਬਰ 03, ਚੀਮਾ ਰੋਡ ਕੋਟ ਈਸੇ ਖਾਂ ਦੱਸਿਆ, ਜਿਸ ਨੂੰ ਐਸ.ਐਚ.ਓ ਇੰਸਪੈਕਟਰ ਵਰੁਣ ਕੁਮਾਰ ਵੱਲੋਂ ਕਿਹਾ ਗਿਆ ਕਿ ਤੇਰੀ ਸਕੂਟਰੀ ਵਿੱਚ ਕੋਈ ਨਸ਼ੀਲੀ ਵਸਤੂ ਹੋਣ ਦਾ ਸ਼ੱਕ ਹੈ, ਜਿਸ 'ਤੇ ਉਕਤ ਵਿਅਕਤੀ ਨੇ ਕਿਹਾ ਕਿ ਮੈਂ ਆਪਣੀ ਤਲਾਸ਼ੀ ਕਿਸੇ ਗਜ਼ਟਡਿ ਅਫ਼ਸਰ ਦੀ ਹਾਜ਼ਰੀ ਵਿੱਚ ਕਰਾਉਣਾ ਚਾਹੁੰਦਾ ਹਾਂ, ਜਿਸ 'ਤੇ ਇੰਸਪੈਕਟਰ ਵਰੁਣ ਕੁਮਾਰ ਵੱਲੋਂ ਗੁਰਪ੍ਰੀਤ ਸਿੰਘ ਡੀ.ਐਸ.ਪੀ ਸਿਟੀ ਦੀ ਹਾਜ਼ਰੀ 'ਚ ਸਾਹਿਬ ਸਿੰਘ ਉਕਤ ਦੀ ਸਕੂਟਰੀ ਦੀ ਡਿੱਗੀ ਵਿੱਚੋਂ 500 ਗ੍ਰਾਮ ਹੈਰੋਇੰਨ ਤੇ 19,500 ਰੁਪਏ ਡਰੱਗ ਮਨੀ ਬਰਾਮਦ ਕੀਤੀ।ਗ੍ਰਿਫ਼ਤਾਰ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਦੋਸ਼ੀ ਪਾਸੋ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਐੱਸ ਕੇ ਐੱਮ ਦੀਆਂ ਜਥੇਬੰਦੀਆਂ ਵੱਲੋਂ ਡੀ ਐੱਸ ਪੀ ਦਫ਼ਤਰ ਅੱਗੇ ਧਰਨਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੰਕੜੇ ਵਧਾਉਣ ਲਈ ਐਨ ਡੀ ਪੀ ਐਸ ਐਕਟ ਤਹਿਤ ਝੂਠੇ ਮੁਕੱਦਮੇ ਦਰਜ ਕੀਤੇ ਜਾਣ ਦੇ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਬਲਾਕ ਪਾਤੜਾਂ ਨਾਲ ਸੰਬੰਧਿਤ ਕਿਸਾਨ ਜਥੇਬੰਦੀਆਂ ਵੱਲੋਂ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਦੇ



ਸਰਵਿਸ ਰੋਡ ਉੱਤੇ ਡੀ ਐੱਸ ਪੀ ਦਫ਼ਤਰ ਪਾਤੜਾਂ ਦੇ ਬਾਹਰ ਚੇਤਾਵਨੀ ਧਰਨਾ ਲਗਾਇਆ ਗਿਆ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਸੂਬਾ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ, ਕੁਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਰਾਮਚੰਦ ਚੁਨਾਗਰਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਵਿੰਦਰ ਸਿੰਘ ਦੇਧਨਾ ਅਤੇ ਮਹਿਲਾ ਕਿਸਾਨ ਆਗੂ ਚਰਨਜੀਤ ਕੌਰ ਧੂੜੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ਿਆਂ ਨੂੰ ਖਤਮ ਕਰਨ ਦੀ ਮੁਹਿੰਮ ਦੀ ਆੜ ਵਿੱਚ ਝੂਠ ਦਾ ਵਪਾਰ ਕਰ ਰਹੀ ਹੈ। ਆਗੂਆਂ ਨੇ ਦੱਸਿਆ ਕਿ ਬਲਾਕ ਦੇ ਵੱਖ-ਵੱਖ ਪਿੰਡਾਂ ਜਿਵੇਂ ਕਿ ਦੁਤਾਲ, ਹਾਮਝੇੜ੍ਹੀ, ਨਿਆਲ, ਕਕਰਾਲਾ, ਅਤੇ ਹੋਰਨਾਂ ਵਿੱਚ ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਿੱਥੇ ਉਹ ਵਿਅਕਤੀ, ਜੋ ਨਾ ਨਸ਼ਾ ਵੇਚਦੇ ਹਨ ਅਤੇ ਨਾ ਹੀ ਨਸ਼ੇ ਦੇ ਆਦੀ ਹਨ ਜਿਨ੍ਹਾਂ ਦੇ ਡੋਪ ਟੈਸਟ ਵੀ ਨੈਗੇਟਿਵ ਆਏ ਹਨ, ਉਹਨਾਂ ਨੂੰ ਵੀ ਨਸ਼ਾ ਵਿਰੋਧੀ ਐਕਟ ਦੇ ਮੁਕੱਦਮਿਆਂ ਵਿੱਚ ਫਸਾਉਣ ਲਈ ਘਰਾਂ ਉੱਤੇ ਛਾਪੇ ਮਾਰੇ ਜਾ ਰਹੇ ਹਨ ।ਇਸ ਧਰਨੇ ਵਿੱਚ ਹੋਰਨਾਂ ਕਿਸਾਨ ਆਗੂਆਂ ਤੋਂ ਇਲਾਵਾ, ਰਘਵੀਰ ਸਿੰਘ ਨਿਆਲ, ਹਰਭਜਨ ਸਿੰਘ ਧੂਹੜ, ਅਵਤਾਰ ਸਿੰਘ ਬੁਰੜ, ਸੁਖਦੇਵ ਸਿੰਘ ਹਰਿਆਊ, ਸਾਹਿਬ ਸਿੰਘ ਦੁਤਾਲ, ਡਾਕਟਰ ਮਹਿੰਦਰ ਸਿੰਘ ਖਾਂਗ, ਬੱਲਮ ਸਿੰਘ ਨਿਆਲ, ਗੁਰਜੰਟ ਸਿੰਘ ਦੇਧਨਾ, ਤੇਜਾ ਸਿੰਘ ਅਤੇ ਅਮਰਜੀਤ ਸਿੰਘ ਦੁਗਾਲ ਆਦਿ ਹਾਜ਼ਰ ਸਨ।

# ਪਰਾਲੀ ਨੂੰ ਅੱਗ ਲਾਉਣ 'ਤੇ ਪਰਚੇ ਦਰਜ ਕੀਤੇ ਤਾਂ ਯੂਨੀਅਨ ਕਰੇਗੀ ਡਟਵਾਂ ਵਿਰੋਧ



**ਮੋਗਾ (ਇਕਬਾਲ ਸਿੰਘ ਖਹਿਰਾ)** ਬਲਾਕ ਬਾਘਾਪੁਰਾਣਾ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਆਮਦ ਸ਼ੁਰੂ ਹੋ ਗਈ ਹੈ। ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਸਹਾਇਕ ਸਕੱਤਰ ਬਲਜੀਤ ਸਿੰਘ, ਬਲਾਕ ਆਗੂ ਸਾਧੂ ਸਿੰਘ ਵੱਲੋਂ ਪਿੰਡ ਲੰਡੇ ਦੀ ਇਕਾਈ ਸਮੇਤ ਪਿੰਡ ਲੰਡੇ ਦੀ ਅਨਾਜ ਮੰਡੀ ਦਾ ਦੌਰਾ ਕੀਤਾ ਗਿਆ। ਆਗੂਆਂ ਕਿਹਾ ਕਿ ਜੇਕਰ ਕਿਸਾਨਾਂ ਨੂੰ ਮੰਡੀ 'ਚ ਕੋਈ ਦਿੱਕਤ ਆਈ ਤਾਂ ਉਹ ਹਰ ਵਕਤ ਕਿਸਾਨਾਂ ਦੇ ਨਾਲ ਹਨ।ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਦੀ ਕਟਾਈ ਕਰਨ ਤੋਂ ਬਾਅਦ ਕਣਕ ਦੀ ਬਿਜਾਈ ਕਰਨ ਵਿੱਚ ਸਿਰਫ ਇੱਕ ਹਫ਼ਤੇ ਦਾ ਟਾਇਮ ਹੁੰਦਾ ਹੈ।ਇਸ ਲਈ ਪਰਾਲੀ ਨੂੰ ਸਾਂਭਣ ਲਈ ਸਰਕਾਰ ਨੂੰ ਪਿੰਡਾਂ ਦੀਆਂ ਸੁਸਾਇਟੀਆਂ ਵਿੱਚ ਬੇਲਰ ਤੇ ਹੋਰ ਮਸਿਨਰੀ ਮੁਹੱਈਆ ਕਰਾਉਣੀ ਚਾਹੀਦੀ ਹੈ।ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਸਾਂਭਣ ਲਈ ਆਰਥਿਕ ਮੱਦਦ ਕਰਨੀ ਚਾਹੀਦੀ ਹੈ ਜਾਂ ਇਸ ਹਰੇ ਇਨਕਲਾਬ ਦੇ ਖੇਤੀ ਮਾਡਲ ਨੂੰ ਬਦਲ ਕੇ ਲੋੜਾਂ ਮੁਤਾਬਕ ਵਾਤਾਵਰਣ ਪੱਖੀ, ਕਿਸਾਨ ਪੱਖੀ, ਲੋਕ ਪੱਖੀ ਖੇਤੀ ਮਾਡਲ ਲਿਆਉਣਾ ਚਾਹੀਦਾ ਹੈ। ਆਗੂਆਂ ਨੇ ਕਿਹਾ ਕਿ ਜੇਕਰ ਕੋਈ ਕਿਸਾਨ ਮਜਬੂਰੀ ਵੱਸ ਪਰਾਲੀ ਨੂੰ ਅੱਗ ਲਾਉਂਦਾ ਹੈ ਤਾਂ ਸਰਕਾਰ, ਪ੍ਰਸ਼ਾਸਨ ਵੱਲੋਂ ਜੇਕਰ ਕਿਸਾਨਾਂ 'ਤੇ ਪਰਚੇ ਦਰਜ ਕੀਤੇ ਗਏ ਤਾਂ ਕਿਰਤੀ ਕਿਸਾਨ ਯੂਨੀਅਨ ਵੱਲੋਂ ਡਟਵਾਂ ਵਿਰੋਧ ਕੀਤਾ ਜਾਵੇਗਾ।

# ਮਿਸ਼ਨ ਲਾਲੀ ਤੇ ਹਰਿਆਲੀ ਦੀ ਟੀਮ ਦਰਬਾਰ ਸਾਹਿਬ ਹੋਈ ਨਤਮਸਤਕ



**ਪਟਿਆਲਾ (ਰਾਜਿੰਦਰ ਥਿੰਦ)** ਮਨੁੱਖਤਾ ਦੇ ਭਲੇ ਲਈ ਪਿਛਲੇ 20 ਸਾਲਾਂ ਤੋਂ 1100 ਦੇ ਕਰੀਬ ਖੂਨਦਾਨ ਕੈਂਪਾਂ ਰਾਹੀਂ 36,000 ਦੇ ਕਰੀਬ ਯੂਨਿਟ ਇਕੱਤਰ ਕਰਨ ਤੇ ਹਜ਼ਾਰਾਂ ਬੂਟੇ ਲਗਾਉਣ ਉਪਰੰਤ ਹਿਊਮਨ ਵੈਲਫੇਅਰ ਫਾਊਂਡੇਸ਼ਨ ਤੇ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਮਿਸ਼ਨ ਲਾਲੀ ਤੇ ਹਰਿਆਲੀ ਦੀ ਟੀਮ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਕ ਹੋ ਕੇ ਗੁਰੂ ਘਰ ਦੇ ਦਰਸ਼ਨ ਕੀਤੇ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਟੀਮ ਵਿੱਚ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਹਰਮੀਤ ਸਿੰਘ ਬਡੂੰਗਰ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਭਾਈ ਰਵਿੰਦਰ ਸਿੰਘ ਭਾਂਖਰ, ਹਰਮਨ ਸਿੰਘ ਖਾਂਸੀਆਂ, ਗੁਰਪ੍ਰੀਤ ਸਿੰਘ ਮੀਤ ਬਡੂੰਗਰ ਤੇ ਹਰਮਨਦੀਪ ਸਿੰਘ ਸਨੌਰ ਸ਼ਾਮਲ ਸਨ।ਇਸ ਉਪਰੰਤ ਦਫਤਰ ਪਹੁੰਚ ਕੇ ਹਰਦੀਪ ਸਿੰਘ ਸਨੌਰ ਨੇ ਦੱਸਿਆ ਕਿ ਗਰੁੱਪ ਵੱਲੋਂ ਕੀਤੀ ਜਾ ਰਹੀ ਸੇਵਾ ਦੀ ਜਾਣਕਾਰੀ ਦਿੱਤੀ ਤੇ ਦੱਸਿਆ ਪਿਛਲੇ 13 ਸਾਲ ਤੋਂ ਹਰ ਮਹੀਨੇ ਦੀ 5 ਅਤੇ 20 ਤਰੀਕ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਵਿੱਚ ਰੈਗੂਲਰ ਖੂਨਦਾਨ ਕੈਂਪ ਲਾਏ ਜਾਂਦੇ ਹਨ ਤਾਂ ਜੁ ਹਰ ਲੋੜਵੰਦ ਮਰੀਜ਼ ਨੂੰ ਸਮੇਂ ਸਿਰ ਖ਼ੂਨ ਮਿਲ ਸਕੇ। ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਗਰੁੱਪ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਤੇ ਭਵਿੱਖ ਵਿੱਚ ਵੀ ਇਹ ਸੇਵਾ ਨਿਰੰਤਰ ਜਾਰੀ ਰੱਖਣ ਲਈ ਹੱਲਾਸ਼ੇਰੀ ਦਿੱਤੀ।ਉਨ੍ਹਾਂ ਟੀਮ ਨੂੰ ਸ੍ਰੀ ਦਰਬਾਰ ਸਾਹਿਬ ਦੀ ਸੁੰਦਰ ਦਿੱਖ ਵਾਲਾ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਵੀ ਕੀਤਾ।ਉਨ੍ਹਾਂ ਕਿਹਾ ਕਿ ਖ਼ੂਨਦਾਨ ਮਨੁੱਖਤਾ ਦੀ ਵਡਮੁੱਲੀ ਸੇਵਾ ਹੈ, ਜਿਸ ਨਾਲ ਲੋੜਵੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ।

# ਸਾਢੇ ਤੇਰਾਂ ਕਿਲੋ ਭੁੱਕੀ ਸਮੇਤ ਤਿੰਨ ਗ੍ਰਿਫ਼ਤਾਰ

**ਸੰਗਰੂਰ (ਪ੍ਰਵੀਨ ਸਿੰਘ)** ਸਬ-ਡਵੀਜ਼ਨ ਭਵਾਨੀਗੜ੍ਹ ਅਧੀਨ ਆਉਂਦੇ ਥਾਣਾ ਭਵਾਨੀਗੜ੍ਹ, ਪੁਲਸ ਚੌਂਕੀ ਘਰਾਚੋਂ, ਪੁਲਸ ਚੌਂਕੀ ਕਾਲਾਝਾੜ ਤੇ ਪੁਲਸ ਚੌਂਕੀ ਜੌਲੀਆਂ ਦੀ ਪੁਲਸ ਵੱਲੋਂ 01.10.2025 ਤੋਂ 22.10.2025 ਤੱਕ ਐਨ.ਡੀ.ਪੀ.ਐਸ ਐਕਟ ਅਧੀਨ ਕੁੱਲ 03 ਮੁਕੱਦਮੇ ਦਰਜ ਕਰਨ ਉਪਰੰਤ 03 ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 13 ਕਿਲੋ 500 ਗ੍ਰਾਮ ਭੁੱਕੀ ਚੂਰਾ ਪੋਸਤ ਬਰਾਮਦ ਕਰਾਉਣ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ। ਇਸ ਦੇ ਨਾਲ ਹੀ ਆਬਕਾਰੀ ਐਕਟ ਅਧੀਨ ਕੁੱਲ 03 ਮੁਕੱਦਮੇ ਦਰਜ ਕਰਨ ਉਪਰੰਤ 3 ਕਥਿਤ ਦੋਸ਼ੀਆਨ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਪਾਸੋਂ 60 ਬੋਤਲਾਂ ਸ਼ਰਾਬ ਹਰਿਆਣਾ ਬਰਾਮਦ ਕਰਾਉਣ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਮੱਗਲਰਾਂ/ਪੈਡਲਰਾਂ ਵਿਰੁੱਧ ਕਾਰਵਾਈ ਕਰਦੇ ਹੋਏ 03 ਪੈਡਲਰਾਂ ਖਿਲਾਫ ਕਾਰਵਾਈ ਕੀਤੀ ਗਈ ਹੈ। ਇਸ ਤੋਂ ਇਲਾਵਾ ਇਲਾਕਾ ਸਬ-ਡਵੀਜ਼ਨ ਭਵਾਨੀਗੜ੍ਹ ਦੇ ਪਿੰਡ/ਮੁਹੱਲਾ/ਵਾਰਡ ਪੱਧਰ ਉੱਪਰ ਐਮ.ਸੀ/ਪੰਚਾਇਤੀ ਤੇ ਹੋਰ ਮੋਹਤਬਰ ਵਿਅਕਤੀਆਂ ਵਾ



ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਨਸ਼ਾ ਕਰਨ ਵਾਲੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਦੀ ਪਛਾਣ ਨੂੰ ਗੁਪਤ ਰੱਖਦੇ ਹੋਏ ਉਹਨਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਸਰਕਾਰ ਵੱਲੋਂ ਚਲਾਏ ਜਾ ਰਹੇ ਓਟ ਸੈਂਟਰਾਂ ਵਿੱਚ ਰਜਿਸਟਰ ਕਰਾਇਆ ਗਿਆ, ਜਿਨ੍ਹਾਂ ਵਿੱਚੋਂ ਕੁੱਲ 14 ਵਿਅਕਤੀਆਂ ਨੂੰ ਚੈੱਕ ਕਰਨ ਉਪਰੰਤ ਦਵਾਈ ਦਿੱਤੀ ਗਈ ਤੇ 02 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਇਲਾਜ ਲਈ ਦਾਖ਼ਲ ਕਰਵਾਇਆ ਗਿਆ। ਇਸ ਤੋਂ ਇਲਾਵਾ ਇਲਾਕਾ ਸਬ-ਡਵੀਜ਼ਨ ਭਵਾਨੀਗੜ੍ਹ ਵਿੱਚ 04 ਕੈਸੋ ਅਪ੍ਰੇਸ਼ਨ ਕੀਤੇ ਗਏ ਹਨ ਤੇ ਰੋਜ਼ਾਨਾ ਨਸ਼ੇ ਤੋਂ ਪ੍ਰਭਾਵਤ ਪਿੰਡਾਂ/ਵਾਰਡਾਂ ਵਿੱਚ ਰੇਡਾਂ ਕੀਤੀਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ ਆਮ ਪਬਲਿਕ ਨੂੰ ਨਸ਼ਿਆਂ ਵਿਰੁੱਧ ਪੁਲਸ ਪ੍ਰਸ਼ਾਸਨ ਦਾ ਸਾਥ ਦੇਣ ਲਈ ਉਤਸ਼ਾਹਿਤ/ਪ੍ਰੇਰਿਤ ਕਰਨ ਲਈ ਵੱਖ-ਵੱਖ ਪਿੰਡਾਂ ਵਿੱਚ ਪੁਲਿਸ ਵੱਲੋਂ 22 ਪਬਲਿਕ ਮੀਟਿੰਗਾਂ ਕੀਤੀਆਂ ਗਈਆਂ ਹਨ, ਜਿੱਥੇ ਲੋਕਾਂ ਨੂੰ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਕਰਨ ਅਤੇ ਸ਼ੱਕੀ ਗਤੀਵਿਧੀਆਂ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਬਾਰੇ ਪ੍ਰੇਰਿਤ ਕੀਤਾ ਗਿਆ।



# ਭਗਵਾਨ ਵਿਸ਼ਵਕਰਮਾ ਦੁਆਰਾ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਵਿਸ਼ਵਕਰਮਾ ਦਿਵਸ ਮੌਕੇ ਕਰਾਏ ਸਮਾਗਮਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜਥੇਬੰਦਕ ਸਕੱਤਰ ਕਰਨ ਸਿੰਘ ਡੀਟੀਓ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਸਮੁੱਚੇ ਬ੍ਰਹਿਮੰਡ ਦੇ ਰਚੇਤਾ ਮੰਨੇ ਜਾਂਦੇ ਹਨ, ਜਿਨ੍ਹਾਂ ਦੀ ਉਦਯੋਗਿਕ ਗਤੀਵਿਧੀਆਂ 'ਚ ਲੋਕਾਂ ਦੁਆਰਾ ਵਰਤੀ ਜਾਂਦੀ ਹਰ ਤਰ੍ਹਾਂ ਦੀ ਮਸ਼ੀਨਰੀ ਤੇ ਸਾਜ਼ੋ-ਸਾਮਾਨ ਦੀ ਬਣਤਰ ਕਲਾ 'ਚ ਵੱਡੀ ਦੇਣ ਹੈ। ਉਨ੍ਹਾਂ ਲੋਕਾਂ ਨੂੰ ਇਸ ਮਹਾਨ ਦੇਵਤਾ ਦੇ ਨਕਸ਼ੇ-ਕਦਮਾਂ 'ਤੇ ਚੱਲਣ ਦਾ ਸੱਦਾ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਸਿੱਖਿਆਵਾਂ ਹਮੇਸ਼ਾ ਵਿਕਾਸ ਲਈ ਪੂਰੀ ਲਗਨ ਅਤੇ ਵਚਨਬੱਧਤਾ ਨਾਲ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਵਿਸ਼ਵਕਰਮਾ ਜੀ ਦੀ ਵਿਚਾਰਧਾਰਾ ਤੇ ਸਿੱਖਿਆਵਾਂ ਅਨੁਸਾਰ ਵਿਸ਼ਵ ਭਰ ਵਿੱਚ ਪੰਜਾਬੀਆਂ ਨੇ ਵੱਖ-ਵੱਖ ਦੇਸ਼ਾਂ ਦੇ ਸਮਾਜਿਕ-ਆਰਥਿਕ ਵਿਕਾਸ 'ਚ ਵੱਡਾ ਯੋਗਦਾਨ ਪਾ ਕੇ ਆਪਣੀ ਕਾਬਲੀਅਤ ਨੂੰ ਸਾਬਤ ਕੀਤਾ ਹੈ।ਉਨ੍ਹਾਂ ਕਿਹਾ ਕਿ ਉਹ ਹੁਨਰ ਸਿਖਲਾਈ ਨੂੰ ਉਤਸ਼ਾਹਤ ਕਰਨ ਲਈ ਠੋਸ ਉਪਰਾਲੇ ਕਰਨ ਦਾ ਸੰਕਲਪ ਲੈਣ, ਕਿਉਂਕਿ ਇਹ ਭਗਵਾਨ ਵਿਸ਼ਵਕਰਮਾ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਇਹ ਨਾ ਸਿਰਫ਼ ਨੌਜਵਾਨਾਂ ਲਈ ਰੁਜ਼ਗਾਰ ਪੈਦਾ ਕਰਨ ਵਿੱਚ ਸਹਾਈ ਹੋਵੇਗਾ, ਸਗੋਂ ਵੱਡੇ ਪੱਧਰ 'ਤੇ ਸੂਬੇ ਦੇ ਵਿਕਾਸ 'ਚ ਵੀ ਅਹਿਮ ਭੂਮਿਕਾ ਨਿਭਾਏਗਾ।

# ਵਿਦਿਆਰਥੀਆਂ ਨੂੰ ਤੰਦਰੁਸਤ ਰਹਿਣ ਦੇ ਗੁਰ ਦੱਸੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- 'ਮਿਸ਼ਨ ਸਵਸਥ ਕਵਚ' ਤਹਿਤ ਐੱਸ.ਐੱਸ.ਡੀ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੀਰੋ ਹਾਰਟ ਲੁਧਿਆਣਾ ਤੋਂ ਆਈ ਮੈਡੀਕਲ ਟੀਮ ਨੇ ਵਿਦਿਆਰਥੀਆਂ ਨੂੰ ਸੀ.ਪੀ.ਆਰ. ਸਬੰਧੀ ਜਾਗਰੂਕ ਕੀਤਾ। ਮਿਸ਼ਨ ਤਹਿਤ ਕਿਸੇ ਵਿਅਕਤੀ ਨੂੰ ਦਿਲ ਦਾ ਦੌਰਾ ਪੈਣ ਤੇ ਕਿਵੇਂ ਮੁੱਢਲੀ ਸਹਾਇਤਾ ਦੇ ਕੇ ਜਾਨ ਬਚਾਈ ਜਾ ਸਕਦੀ ਹੈ, ਦੇ ਨੁਕਤੇ ਸਾਂਝੇ ਕਰਨ ਦੇ ਨਾਲ-ਨਾਲ ਆਪਣੇ ਖ਼ੂਨ ਦੇ ਦਬਾਅ ਨੂੰ ਸਮੇਂ ਸਮੇਂ ਸਿਰ ਚੈੱਕ ਕਰਵਾਉਣ ਦੇ ਨਾਲ ਖਾਣ-ਪੀਣ ਅਤੇ ਰੋਜਾਨਾ ਕਸਰਤ ਕਰਨ ਦੀ ਵਿਦਿਆਰਥੀਆਂ ਨੂੰ ਨਸੀਹਤ ਦਿੱਤੀ। ਇਸ ਮੌਕੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਮੈਡੀਕਲ ਟੀਮ ਦੇ ਰਿਸਰਚ ਅਸਿਸਟੈਂਟ ਵਰਿੰਦਰ ਹੋਰਾਂ ਦੇ ਨਾਲ ਉਨ੍ਹਾਂ ਦੀ ਸਮੁੱਚੀ ਟੀਮ ਦਾ ਸਕੂਲ ਵਿਚ ਆਉਣ 'ਤੇ 'ਜੀ ਆਇਆਂ' ਨੂੰ ਆਖਣ ਦੇ ਨਾਲ ਧੰਨਵਾਦ ਵੀ ਕੀਤਾ। ਪ੍ਰੋਗਰਾਮ ਦਾ ਸੰਚਾਲਨ ਸਕੂਲ ਦੇ ਮੈਡੀਕਲ ਇੰਚਾਰਜ ਗੁਰਪ੍ਰੀਤ ਕੌਰ ਨੇ ਕੀਤਾ।

# ਡੀ ਸੀ ਵੱਲੋਂ ਆਮ ਆਦਮੀ ਕਲੀਨਿਕ ਦੀ ਸਮੀਖਿਆ, ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਿਰਦੇਸ਼

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ 'ਚ ਚੱਲ ਰਹੇ ਆਮ ਆਦਮੀ ਕਲੀਨਿਕਾਂ ਦੀ ਸਮੀਖਿਆ ਬੈਠਕ ਕੀਤੀ, ਜਿਸ ਵਿੱਚ ਸਿਹਤ ਵਿਭਾਗ ਦੇ ਅਧਿਕਾਰੀ, ਨਗਰ ਨਿਗਮ ਦੇ



ਪ੍ਰਤਿਨਿਧੀ ਤੇ ਸੰਬੰਧਤ ਅਧਿਕਾਰੀ ਹਾਜ਼ਰ ਸਨ।ਬੈਠਕ ਦੌਰਾਨ ਡਿਪਟੀ ਕਮਿਸ਼ਨਰ ਨੇ ਹਰ ਕਲੀਨਿਕ ਵਿੱਚ ਓਪੀਡੀ ਸੇਵਾਵਾਂ ਤੇ ਜ਼ਰੂਰੀ ਦਵਾਈਆਂ ਦੀ ਉਪਲਬਧਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਗੁਣਵੱਤਾਪੂਰਨ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਹੈ, ਇਸ ਲਈ ਇਹ ਯਕੀਨੀ ਬਣਾਇਆ ਜਾਵੇ ਕਿ ਕਿਸੇ ਵੀ ਕਲੀਨਿਕ ਵਿੱਚ ਦਵਾਈਆਂ ਦੀ ਘਾਟ ਨਾ ਰਹੇ ਅਤੇ ਸਟਾਫ਼ ਦੀ ਪੂਰੀ ਉਪਲਬਧਤਾ ਬਣੀ ਰਹੇ। ਡਿਪਟੀ ਕਮਿਸ਼ਨਰ ਨੇ ਇਹ ਵੀ ਨਿਰਦੇਸ਼ ਦਿੱਤੇ ਕਿ ਹਰ ਕਲੀਨਿਕ 'ਚ ਰੋਜ਼ਾਨਾ ਆਉਣ ਵਾਲੇ ਮਰੀਜ਼ਾਂ ਦੀ ਗਿਣਤੀ, ਉਨ੍ਹਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਤੇ ਉਪਲਬਧ ਦਵਾਈਆਂ ਦਾ ਰਿਕਾਰਡ ਨਿਯਮਿਤ ਤੌਰ 'ਤੇ ਅਪਡੇਟ ਕੀਤਾ ਜਾਵੇ, ਤਾਂ ਜੁ ਕਿਸੇ ਵੀ ਸਮੇਂ ਕਮੀ ਆਉਣ 'ਤੇ ਤੁਰੰਤ ਕਾਰਵਾਈ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਦੀ ਗੁਣਵੱਤਾ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਡੀ ਸੀ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਸਾਰੇ ਡਾਕਟਰ, ਨਰਸਿੰਗ ਸਟਾਫ ਤੇ ਪੈਰਾਮੈਡੀਕਲ ਟੀਮ ਸਮੇਂ-ਸਮੇਂ 'ਤੇ ਆਪਣੀ ਹਾਜ਼ਰੀ ਤੇ ਰਿਪੋਰਟਿੰਗ ਪ੍ਰਣਾਲੀ ਅਨੁਸਾਰ ਕੰਮ ਕਰਨ।ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਜਨਤਾ ਨਾਲ ਸੰਬੰਧਤ ਸ਼ਿਕਾਇਤ ਪ੍ਰਣਾਲੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ, ਤਾਂ ਜੁ ਕਿਸੇ ਵੀ ਤਰ੍ਹਾਂ ਦੀ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕੀਤੀ ਜਾ ਸਕੇ।

# ਜੀ ਸੀ ਜੀ 'ਚ ਪੋਸ਼ਣ ਉਤਸਵ ਮਨਾਇਆ




**ਲੁਧਿਆਣਾ (ਰੈਕਟਰ ਕਥੂਰੀਆ)** ਸਰਕਾਰੀ ਕਾਲਜ ਲੜਕੀਆਂ ਵਿਖੇ ਹੋਮ ਸਾਇੰਸ ਤੇ ਬਿਊਟੀ ਐਂਡ ਵੈਲਨੈੱਸ ਵਿਭਾਗਾਂ ਨੇ ਚੈਪਟਰਾਂ ਦੇ ਸਹਿਯੋਗ ਨਾਲ ਰਾਸ਼ਟਰੀ ਪੋਸ਼ਣ ਮਹੀਨੇ ਨੂੰ ਮਨਾਉਣ ਲਈ ਪੋਸ਼ਣ ਉਤਸਵ ਮਨਾਇਆ।ਜਸ਼ਨਾਂ ਦੀ ਸ਼ੁਰੂਆਤ ਇੱਕ ਊਰਜਾਵਾਨ ਪੋਸ਼ਣ ਵਾਕਾਥੌਨ ਨਾਲ ਹੋਈ, ਜਿਸ ਤੋਂ ਬਾਅਦ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਪ੍ਰੋਫੈਸਰ ਡਾ. ਸੋਨਿਕਾ ਸ਼ਰਮਾ ਦੁਆਰਾ ਮਾਈਕ੍ਰੋਗ੍ਰੀਨਜ਼ 'ਤੇ ਇੱਕ ਜਾਣਕਾਰੀ ਭਰਪੂਰ ਵਰਕਸ਼ਾਪ ਕਰਾਈ ਗਈ। ਵਰਕਸ਼ਾਪ ਇੱਕ ਹਾਈਬ੍ਰਿਡ ਮੋਡ 'ਚ ਆਯੋਜਤ ਕੀਤੀ ਗਈ।ਇੱਕ ਹਾਸ ਭਰਪੂਰ ਯੋਗਾ ਸੈਸ਼ਨ, ਰੁੱਖ ਲਾਉਣਾ (ਏਕ ਪੇੜ ਮਾਂ ਕੇ ਨਾਂਅ), ਵਿਦਿਆਰਥਣਾਂ ਦੁਆਰਾ ਤਿਆਰ ਕੀਤੇ ਗਏ ਪੌਸ਼ਟਿਕ ਭੋਜਨ ਦੇ ਸਟਾਲ, ਗੰਨੇ ਤੇ ਬਾਜਰੇ ਦੇ ਸਟਾਲ ਤੇ ਸੁਚੇਤ ਖਾਣ-ਪੀਣ ਦੀ ਮਹੱਤਤਾ ਨੂੰ ਉਜਾਗਰ ਕੀਤਾ। ਸਮਾਗਮ 'ਚ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਤੇ ਫੈਕਲਟੀ ਮੈਂਬਰਾਂ ਨੇ ਹਿੱਸਾ ਲਿਆ।ਪ੍ਰਿੰਸੀਪਲ ਸ਼੍ਰੀਮਤੀ ਸੁਮਨ ਲਤਾ ਨੇ ਸਮਾਜ ਦੇ ਵੱਖ-ਵੱਖ ਵਰਗਾਂ 'ਚ ਪੋਸ਼ਣ ਦੀ ਮਹੱਤਤਾ ਦੇ ਪ੍ਰਚਾਰ ਲਈ ਵਿਭਾਗ ਦੀ ਪਹਿਲਕਦਮੀ ਲਈ ਸ਼ਲਾਘਾ ਕੀਤੀ।

# ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਦੀ ਰੋਕਥਾਮ ਲਈ ਉਪਰਾਲੇ ਤੇਜ਼ ਕੀਤੇ ਜਾਣ : ਡੀ ਸੀ

**ਮਾਨਸਾ (ਆਤਮਾ ਸਿੰਘ ਪਮਾਰ)** ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ, ਆਈ.ਏ.ਐੱਸ. ਦੀ ਪ੍ਰਧਾਨਗੀ ਹੇਠ ਨੈਸ਼ਨਲ ਵੈਕਟਰ ਬੋਰਨ ਡਿਸੀਜ਼ ਕੰਟਰੋਲ ਪ੍ਰੋਗਰਾਮ ਸਬੰਧੀ ਜ਼ਿਲ੍ਹਾ ਪੱਧਰੀ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਡੇਂਗੂ, ਮਲੇਰੀਏ ਤੇ ਚਿਕਨਗੁਨੀਏ ਦੀ ਰੋਕਥਾਮ ਤੇ ਇਸ ਦੇ ਬਚਾਅ ਲਈ ਜਾਗਰੂਕਤਾ ਅਭਿਆਨ ਵਿੱਚ ਹਰੇਕ ਵਿਭਾਗ ਦੇ ਅਧਿਕਾਰੀਆਂ ਕ੍ਰਮਚਾਰੀਆਂ ਵੱਲੋਂ ਯੋਗਦਾਨ ਪਾਇਆ ਜਾਵੇ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਡੇਂਗੂ ਮਲੇਰੀਆ ਤੇ ਚਿਕਨਗੁਨੀਆ ਦੀ ਬਿਮਾਰੀ ਦੀ ਰੋਕਥਾਮ ਲਈ ਉਪਰਾਲੇ ਤੇਜ਼ ਕੀਤੇ ਜਾਣ। ਪ੍ਰਾਈਵੇਟ ਹਸਪਤਾਲਾਂ ਤੋਂ ਰੋਜ਼ਾਨਾ ਸ਼ੱਕੀ ਡੇਂਗੂ ਕੇਸਾਂ ਦੀ ਰਿਪੋਰਟ ਲੈਣਾ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਸ਼ੱਕੀ ਕੇਸਾਂ ਦੇ ਸੈਂਪਲ ਲੈ ਕੇ ਮੈਕ ਐਲੀਜਾ (ਕਨਫਰਮੇਸ਼ਨ) ਟੈਸਟ ਕਰਾਇਆ ਜਾਵੇ ਅਤੇ ਉਸ ਦਾ ਇਲਾਜ ਵੀ ਤੁਰੰਤ ਸ਼ੁਰੂ ਕਰਾਇਆ ਜਾਵੇ।ਜਿਸ ਏਰੀਏ ਵਿੱਚ ਡੇਂਗੂ, ਚਿਕਨਗੁਨੀਏ ਜਾਂ ਮਲੇਰੀਆ ਦੇ ਕੇਸ ਵੱਧ ਪਾਏ ਜਾਂਦੇ ਹਨ, ਉਥੇ ਤੁਰੰਤ ਸਪਰੇਅ ਕਰਾਈ ਜਾਵੇ, ਏਰੀਏ ਵਿੱਚ ਸਿਹਤ ਕ੍ਰਮਚਾਰੀਆਂ ਤੇ ਆਸ਼ਾ ਵਰਕਰ ਲਗਾ ਕੇ ਸਰਵੇ ਕਰਾਇਆ ਜਾਵੇ। ਉਨ੍ਹਾਂ ਪੇਂਡੂ ਤੇ ਪੰਚਾਇਤ ਵਿਭਾਗ ਨੂੰ ਹਦਾਇਤ ਕੀਤੀ



ਕਿ ਪਿੰਡਾਂ ਵਿੱਚ ਲਗਾਤਾਰ ਫੋਗਿੰਗ ਕਰਾਈ ਜਾਵੇ ਤੇ ਮਿਉਂਸੀਪਲ ਕਮੇਟੀਆਂ ਵੱਲੋਂ ਸ਼ਹਿਰਾਂ ਵਿੱਚ ਲਗਾਤਾਰ ਫੋਗਿੰਗ ਕਰਾਈ ਜਾਵੇ, ਫੋਗਿੰਗ ਦਾ ਪਲਾਨ ਸਿਹਤ ਵਿਭਾਗ ਨਾਲ ਸਾਂਝਾ ਕੀਤਾ ਜਾਵੇ।ਜਿਹੜੇ ਪਲਾਟ ਖਾਲੀ ਪਏ ਹਨ, ਜੇਕਰ ਉਸ ਦੀ ਸਫ਼ਾਈ ਨਹੀਂ ਕੀਤੀ ਗਈ ਤਾਂ ਉਨ੍ਹਾਂ ਦੇ ਮਾਲਕਾਂ ਦਾ ਚਲਾਨ ਕੀਤਾ ਜਾਵੇ।ਸਰਕਾਰੀ ਤੇ ਪ੍ਰਾਈਵੇਟ ਇਮਾਰਤਾਂ, ਕਬਾੜੀਆਂ ਦੀਆਂ ਦੁਕਾਨਾਂ ਦੀ ਚੈਕਿੰਗ ਕਰਵਾਈ ਜਾਵੇ ਇਹ ਯਕੀਨੀ ਬਣਾਇਆ ਜਾਵੇ ਕਿ ਉੱਥੇ ਸਫ਼ਾਈ ਕੀਤੀ ਹੋਈ ਹੋਵੇ ਤੇ ਕੋਈ ਵਾਧੂ ਪਾਨੀ ਨਾ ਖੜਾ ਹੋਵੇ। ਸਿਵਲ ਸਰਜਨ ਡਾ. ਹਰਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਡੇਂਗੂ, ਮਲੇਰੀਏ ਤੇ ਚਿਕਨਗੁਨੀਆ ਦੇ ਸੀਜਨ ਨੂੰ ਮੁੱਖ ਰੱਖਦੇ ਹੋਏ ਸਿਹਤ ਵਿਭਾਗ ਦੀਆਂ ਟੀਮਾਂ ਸ਼ਹਿਰੀ ਅਤੇ ਪੇਂਡੂ ਇਲਾਕਿਆਂ ਵਿੱਚ ਲਗਾਤਾਰ ਕੰਮ ਕਰ ਰਹੀਆਂ ਹਨ, ਜਿੱਥੇ ਪਾਜ਼ੀਟਿਵ ਕੇਸ ਪਾਇਆ ਜਾਂਦਾ ਹੈ, ਉੱਥੇ ਆਲੇ-ਦੁਆਲੇ ਦੇ 40-50 ਘਰਾਂ ਵਿੱਚ ਸਪਰੇਅ ਕਰਾਈ ਜਾਂਦੀ ਹੈ, ਘਰਾਂ ਤੋਂ ਬਾਹਰ ਫੋਗਿੰਗ ਕਰਾਈ ਜਾਂਦੀ ਹੈ, ਜਿੱਥੇ ਲਾਰਵਾ ਮਿਲਦਾ ਹੈ, ਉੱਥੇ ਲਾਰਵੀਸਾਈਡ ਦਾ ਛਿੜਕਾਅ ਕੀਤਾ ਜਾਂਦਾ ਹੈ।

# ਪਰਾਲੀ ਨੂੰ ਅੱਗ ਲਾਉਣ ਵਾਲੇ ਚਾਰ ਕਿਸਾਨਾਂ ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਵੱਖ-ਵੱਖ ਥਾਂਵਾਂ 'ਤੇ ਪਰਾਲੀ ਨੂੰ ਅੱਗ ਲਾਉਣ ਦੇ ਦੋਸ਼ ਵਿਚ ਵੱਖ ਵੱਖ ਥਾਣਿਆਂ ਵਿਚ ਚਾਰ ਅਣਪਛਾਤੇ ਕਿਸਾਨਾਂ ਖਿਲਾਫ 223 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸੈਟੇਲਾਈਟ ਰਾਹੀਂ ਲੋਕੇਸ਼ਨ ਹਾਸਲ ਹੋਣ ਸਬੰਧੀ ਡਾਟਾ ਮੌਸੂਲ ਹੋਏ ਥਾਣਾ ਹੋਇਆ ਕਿ 19 ਅਕਤੂਬਰ 2025 ਨੂੰ ਪਿੰਡ-ਪਿੰਡ ਕੈਲੋਵਾਲਾ ਦੇ ਏਰੀਆ ਵਿਚ ਝੋਨੇ ਦੀ ਪਰਾਲੀ ਨੂੰ ਅਣਪਛਾਤੇ ਕਿਸਾਨ ਨੇ ਅੱਗ ਲਾਈ ਹੈ। ਥਾਣੇ ਦੇ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸੈਟੇਲਾਈਟ ਰਾਹੀਂ ਲੋਕੇਸ਼ਨ ਹਾਸਲ ਹੋਣ ਸਬੰਧੀ ਡਾਟਾ ਮੌਸੂਲ ਥਾਣਾ ਹੋਇਆ ਕਿ 19 ਅਕਤੂਬਰ ਨੂੰ ਪਿੰਡ ਸੂਬਾ ਕਦੀਮ ਦੇ ਏਰੀਆ ਵਿਚ ਝੋਨੇ ਦੀ ਪਰਾਲੀ ਨੂੰ ਕਿਸੇ ਅਣਪਛਾਤੇ ਵਿਅਕਤੀ ਨੇ ਅੱਗ ਲਾਈ ਹੈ। ਥਾਣਾ ਸਦਰ ਫ਼ਿਰੋਜ਼ਪੁਰ ਪੁਲਿਸ ਦੇ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸੈਟੇਲਾਈਟ ਰਾਹੀਂ ਲੋਕੇਸ਼ਨ ਹਾਸਲ ਹੋਣ ਸੰਬੰਧੀ ਡਾਟਾ ਮੌਸੂਲ ਥਾਣਾ ਹੋਇਆ ਕਿ 19 ਅਕਤੂਬਰ ਨੂੰ ਪਿੰਡ ਸੂਬਾ ਕਦੀਮ ਏਰੀਆ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਕਿਸੇ ਅਣਪਛਾਤੇ ਵਿਅਕਤੀ ਨੇ ਅੱਗ ਲਾਈ ਹੈ। ਥਾਣਾ ਕੁੱਲਗੜ੍ਹੀ ਪੁਲਸ ਦੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ 22 ਅਕਤੂਬਰ ਨੂੰ ਪਿੰਡ ਮੱਲਵਾਲ ਕਦੀਮ ਲੋਕੇਸ਼ਨ ਨੰਬਰ 30.90095, 74.682983 ਤੇ ਮੌਕਾ ਪਾਇਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਲੱਗੀ ਹੋਈ ਸੀ, ਪਰ ਮੌਕੇ 'ਤੇ ਕੋਈ ਵਿਅਕਤੀ ਹਾਜ਼ਰ ਨਹੀਂ ਸੀ। ਪਰਾਲੀ ਨੂੰ ਅੱਗ ਲੱਗਣ ਵਾਲੀ ਜਗ੍ਹਾ ਉਪਰ ਉੱਚ ਅਧਿਕਾਰੀਆਂ ਦੇ ਇਲਾਵਾ ਕਲਸਟਰ ਅਫਸਰ ਕੰਵਰਜੀਤ ਸਿੰਘ ਵੀ ਹਾਜ਼ਰ ਹੋਏ। ਇਸ ਲੋਕੇਸ਼ਨ 'ਤੇ ਹਲਕਾ ਪਟਵਾਰੀ ਜਗਦੇਵ ਸਿੰਘ ਨੂੰ ਬੁਲਾਇਆ ਗਿਆ। ਉਨ੍ਹਾਂ ਵੱਲੋਂ ਮੌਕੇ ਦੀ ਲੋਕੇਸ਼ਨ ਦੇ ਬਸਰਾ ਨੰਬਰ ਨੂੰ ਚੈੱਕ ਕੀਤਾ ਕਿ ਇਹ ਜ਼ਮੀਨ ਮਾਲਕੀ ਸੁਖਵੰਤ ਸਿੰਘ ਪੁੱਤਰ ਕਸ਼ਮੀਰ ਸਿੰਘ ਦੀ ਹੈ। ਪੁਲਿਸ ਨੇ ਦੱਸਿਆ ਕਿ ਅਣਪਛਾਤੇ ਕਿਸਾਨਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਤ ਗੁਰਮਤਿ ਸਮਾਗਮ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਚਰਨ ਛੋਹ ਅਸਥਾਨ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਸੰਗਤਾਂ ਵੱਲੋਂ ਗੁਰੂ ਘਰ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਦੀਵਾਨ



ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਤ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਦੌਰਾਨ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਸੰਗਤਾਂ ਨੂੰ ਗੁਰਤਾਗੱਦੀ ਦਿਵਸ ਦੀ ਵਧਾਈ ਵੀ ਦਿੱਤੀ ਤੇ ਗੁਰਬਾਣੀ ਸਿਧਾਂਤ ਦੀ ਰੌਸ਼ਨੀ 'ਚ ਸੰਗਤਾਂ ਨੂੰ ਇਤਿਹਾਸ ਨਾਲ ਜੋੜਨ ਦਾ ਉਪਰਾਲਾ ਕੀਤਾ।ਦੀਵਾਨ ਹਾਲ ਵਿਖੇ ਹਜ਼ੂਰੀ ਕੀਰਤਨੀ ਜਥਿਆਂ ਪਾਸੋਂ ਸੰਗਤਾਂ ਨੇ ਗੁਰਬਾਣੀ ਸਰਵਣ ਦਾ ਆਨੰਦ ਲਿਆ। ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਗੁਰਤਾਗੱਦੀ ਦਿਵਸ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਬਾਣੀ ਤੇ ਬਾਣੇ ਨਾਲ ਜੁੜਨ ਲਈ ਪ੍ਰੇਰਦਿਆਂ ਕਿਹਾ ਕਿ ਅਜੋਕੇ ਸਮੇਂ ਦੀਆਂ ਦਰਪੇਸ਼ ਮੁਸ਼ਕਲਾਂ ਦਾ ਹੱਲ ਸ੍ਰੀ ਗੁਰੂ ਗ੍ਰੰਥ 'ਚ ਮੌਜੂਦ ਹੈ, ਜੋ ਸਮੁੱਚੀ ਮਾਨਵਤਾ ਦੇ ਅਧਿਆਤਮਕ ਗੁਰੂ ਹਨ।ਪ੍ਰੋ. ਬਡੂੰਗਰ ਨੇ ਕਿਹਾ ਕਿ ਗੁਰਬਾਣੀ ਸਿਧਾਂਤ ਅਤੇ ਫਲਸਫੇ ਨਾਲ ਜੁੜਕੇ ਹੀ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਅਤੇ ਉਦੇਸ਼ ਨੂੰ 'ਸ਼ਬਦ ਗੁਰੂ' ਨਾਲ ਪ੍ਰਚਾਰਿਆ ਤੇ ਪਸਾਰਿਆ ਜਾ ਸਕਦਾ।ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਨੇ ਸੱਚਖੰਡ ਪਿਆਨਾ ਕਰਨ ਤੋਂ ਪਹਿਲਾਂ ਸਿੱਖ ਸੰਗਤਾਂ ਦੀ ਹਾਜ਼ਰੀ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਿਆਈ ਬਖਸ਼ਿਸ਼ ਕੀਤੀ ਅਤੇ ਸੰਗਤਾਂ ਨੂੰ ਸ਼ਬਦ ਗੁਰੂ ਦੇ ਲੜ ਲਗਾਇਆ। ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼ਬਦ ਗੁਰੂ ਦੇ ਰੂਪ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੁੱਚੀ ਮਾਨਵਤਾ ਦੇ ਰਾਹ ਦਸੇਰਾ ਹਨ ਅਤੇ ਗੁਰੂ ਸਾਹਿਬ ਸਿੱਖਿਆਵਾਂ ਨੂੰ ਚੱਲਕੇ ਮਨੁੱਖ ਆਪਣੇ ਜੀਵਨ ਨੂੰ ਰੌਸ਼ਨਮਈ ਬਣਾ ਸਕਦਾ।ਧਾਰਮਿਕ ਸਮਾਗਮ ਦੌਰਾਨ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਪੁੱਜੀਆਂ ਸ਼ਖਸੀਅਤਾਂ ਨੂੰ ਸਨਮਾਨਤ ਵੀ ਕੀਤਾ ਗਿਆ।

# ਫ਼ਿਰੋਜ਼ਪੁਰ ਮੰਡਲ ਨੇ ਟਿਕਟ ਚੈਕਿੰਗ 'ਚ ਬਣਾਇਆ ਨਵਾਂ ਕੀਰਤੀਮਾਨ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਅਤੇ ਵਧੀਕ ਮੰਡਲ ਰੇਲ ਪ੍ਰਬੰਧਕ ਨਿਤਿਨ ਗਰਗ ਦੀ ਅਗਵਾਈ ਵਿੱਚ ਯੋਜਨਾਬੱਧ ਯਤਨਾਂ ਦੇ ਫਲਸਰੂਪ ਫਿਰੋਜ਼ਪੁਰ ਮੰਡਲ ਨੇ 22 ਅਕਤੂਬਰ ਨੂੰ ਟਿਕਟ ਚੈਕਿੰਗ ਦੇ ਖੇਤਰ ਵਿਚ ਇਕ ਇਤਿਹਾਸਕ ਪ੍ਰਾਪਤੀ ਕੀਤੀ ਹੈ। ਮੰਡਲ ਦੇ ਇਤਿਹਾਸ ਵਿੱਚ ਇੱਕ ਹੀ ਦਿਨ ਵਿੱਚ ਸਭ ਤੋਂ ਵੱਧ ਟਿਕਟ ਚੈਕਿੰਗ ਮਾਲੀਆ ਪ੍ਰਾਪਤੀ 25.06 ਲੱਖ ਅਰਜਿਤ ਕੀਤੀ ਗਈ। ਇਸ ਦੌਰਾਨ ਮੰਡਲ ਦੇ ਵੱਖ-ਵੱਖ ਸਟੇਸ਼ਨਾਂ ਤੇ



ਟਰੇਨਾਂ ਵਿਚ ਟਿਕਟ ਚੈਕਿੰਗ ਸਟਾਫ਼ ਅਤੇ ਮੁੱਖ ਟਿਕਟ ਨਿਰੀਖਕਾਂ ਦੁਆਰਾ ਕੁੱਲ 3,348 ਯਾਤਰੀ ਬਿਨਾਂ ਟਿਕਟ ਜਾਂ ਅਨਿਯਮਤ ਯਾਤਰਾ ਕਰਦੇ ਹੋਏ ਪਾਏ ਗਏ ਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ 25.06 ਲੱਖ ਦਾ ਮਾਲੀਆ ਵਸੂਲ ਕੀਤਾ ਗਿਆ। ਇਸ ਤੋਂ ਪਹਿਲਾਂ ਫਿਰੋਜ਼ਪੁਰ ਮੰਡਲ ਦੁਆਰਾ ਸਭ ਤੋਂ ਵੱਧ ਇਕ ਦਿਨ ਦਾ ਟਿਕਟ ਚੈਕਿੰਗ ਮਾਲੀਆ 24.5 ਲੱਖ ਸੀ, ਜੋ ਸਾਲ 2022 ਵਿਚ ਅਰਜਿਤ ਕੀਤਾ ਗਿਆ ਸੀ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਇਹ ਪ੍ਰਾਪਤੀ ਮੰਡਲ ਦੇ ਸਾਰੇ ਟਿਕਟ ਚੈਕਿੰਗ ਸਟਾਫ਼ ਦੀ ਨਿਰੰਤਰ ਮਿਹਨਤ, ਤਾਲਮੇਲ ਅਤੇ ਟੀਮ ਭਾਵਨਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਬਿਨਾਂ ਟਿਕਟ ਤੇ ਅਨਿਯਮਿਤ ਯਾਤਰਾ ਅਤੇ ਗੰਦਗੀ ਫੈਲਾਉਣ ਤੋਂ ਰੋਕਣ ਲਈ ਰੇਲ ਯਾਤਰੀਆਂ ਨੂੰ ਨਿਯਮਾਂ ਦੀ ਪਾਲਣਾ ਕਰਨ ਲਈ ਲਗਾਤਾਰ ਮੁਹਿੰਮ ਚਲਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ।

# ਗੁਰਪ੍ਰੀਤ ਸਿੰਘ ਨੇ ਸੰਭਾਲਿਆ ਨਵੇਂ ਐਸ ਡੀ ਓ ਵਜੋਂ ਚਾਰਜ



**ਗੁਰੂ ਹਰਸਹਾਇ (ਫ਼ਕੀਰ ਚੰਦ ਸਿਕਰੀ)** ਬਿਜਲੀ ਦਫਤਰ ਗੁਰੂ ਹਰ ਸਹਾਇ ਵਿਖੇ ਸ਼ਹਿਰੀ ਸਬ ਡਵੀਜ਼ਨ ਦੇ ਨਵੇਂ ਆਏ ਐਸਡੀਓ ਗੁਰਪ੍ਰੀਤ ਸਿੰਘ ਨੇ ਆਪਣਾ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਉਨ੍ਹਾਂ ਦਾ ਐਸਡੀਓ ਸੰਦੀਪ ਕੁਮਾਰ, ਐਸਡੀਓ ਬਲਦੇਵ ਸਿੰਘ, ਐਸਡੀਓ ਸੁਰਿੰਦਰ ਸਿੰਘ, ਐਸਡੀਓ ਭਾਗ ਸਿੰਘ, ਸੁਰਿੰਦਰ ਸਿੰਘ ਜੇਈ ਵਨ, ਜਸਵਿੰਦਰ ਸਿੰਘ ਹੈਪੀ ਬੇਦੀ, ਜਸਵਿੰਦਰ ਸਿੰਘ ਜੇਈ, ਸ਼ਰਮਾ ਸਿੰਘ ਜੇਈ, ਸੁਰਜੀਤ ਸਿੰਘ ਜੇਈ, ਜਸਪਾਲ ਬਿੱਟਾ ਲਾਈਨ ਮੈਨ, ਪਾਰਸ ਜੀਏ, ਗੁਰਵਿੰਦਰ ਸਿੰਘ ਜੇਈ, ਜਰਨੈਲ ਸਿੰਘ ਜੇ.ਈ ਵੱਲੋਂ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ। ਨਵੇਂ ਆਏ ਐਸਡੀਓ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਕਰਨਗੇ ਤੇ ਦਫਤਰ ਵਿਖੇ ਆਪਣਾ ਕੰਮ ਕਾਜ ਸਬੰਧੀ ਆਉਣ ਵਾਲੇ ਹਰ ਇੱਕ ਵਿਅਕਤੀ ਦਾ ਜਾਇਜ਼ ਕੰਮ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ।

# ਲਵਾਰਸ ਪਸ਼ੂਆਂ ਦੇ ਹੱਲ ਲਈ ਮੇਅਰ ਨੂੰ ਮੰਗ ਪੱਤਰ ਸੌਂਪਿਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸ਼ਹਿਰ ਦੀਆਂ ਸੜਕਾਂ 'ਤੇ ਘੁੰਮਦੇ ਲਵਾਰਸ ਪਸ਼ੂਆਂ ਕਾਰਨ ਵਧ ਰਹੀਆਂ ਹਾਦਸਿਆਂ ਦੀਆਂ ਘਟਨਾਵਾਂ ਨੂੰ ਦੇਖਦਿਆਂ ਪੰਜਾਬੀ ਐਡਵੈਂਚਰਰਜ਼ ਕਲੱਬ ਵੱਲੋਂ ਬਠਿੰਡਾ ਦੇ ਮੇਅਰ ਨੂੰ ਮੰਗ ਪੱਤਰ ਸੌਂਪਿਆ ਗਿਆ।ਕਲੱਬ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਤੇ ਇਸਦੇ ਆਸਪਾਸ ਦੇ ਇਲਾਕਿਆਂ ਵਿੱਚ ਲਾਵਾਰਿਸ਼ ਪਸ਼ੂਆਂ ਦੀ ਰੋਕਥਾਮ ਲਈ ਢੁੱਕਵੇਂ ਤੇ ਸਖ਼ਤ ਕਦਮ ਚੁੱਕੇ ਜਾਣ, ਤਾਂ ਜੁ ਲੋਕਾਂ ਦੀ ਜਾਨ ਤੇ ਮਾਲ ਦੀ ਸੁਰੱਖਿਆ ਕੀਤੀ ਜਾ ਸਕੇ। ਕਲੱਬ ਦੇ ਚੇਅਰਮੈਨ ਸੁਖਮੰਦਰ ਸਿੰਘ ਚੱਠਾ ਨੇ ਦੱਸਿਆ ਕਿ ਹਾਲ ਹੀ ਵਿੱਚ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਸੜਕ ਹਾਦਸਿਆਂ ਦਾ ਮੁੱਖ ਕਾਰਨ ਇਹ ਅਵਾਰਾ ਪਸ਼ੂ ਬਣ ਰਹੇ ਹਨ।ਕਈ ਲੋਕ ਇਨ੍ਹਾਂ ਹਾਦਸਿਆਂ ਵਿੱਚ ਜ਼ਖ਼ਮੀ ਹੋ ਰਹੇ ਹਨ ਤੇ ਕਈਆਂ ਦੀ ਜਾਨ ਵੀ ਜਾ ਚੁੱਕੀ ਹੈ।ਇਸ ਗੰਭੀਰ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬੀ ਐਡਵੈਂਚਰਰਜ਼ ਕਲੱਬ ਨੇ ਸੜਕ ਸੁਰੱਖਿਆ-ਲਵਾਰਸ ਪਸ਼ੂ ਮੁਕਤ ਪੰਜਾਬ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ।ਇਸ ਮੁਹਿੰਮ ਅਧੀਨ ਜਾਗਰੂਕਤਾ ਰੈਲੀਆਂ, ਸੋਸ਼ਲ ਮੀਡੀਆ ਕੈਂਪੇਨ ਤੇ ਪ੍ਰਸ਼ਾਸਨਿਕ



ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਅਵਾਰਾ ਪਸ਼ੂਆਂ ਕਾਰਨ ਪੰਜਾਬੀ ਗਾਇਕ ਰਾਜਵੀਰ ਜਵੰਦਾ ਦੀ ਮੌਤ ਹੋ ਜਾਣ ਤੋਂ ਬਾਅਦ ਇਹ ਮਾਮਲਾ ਪੂਰੇ ਪੰਜਾਬ ਵਿੱਚ ਪ੍ਰਮੁੱਖਤਾ ਨਾਲ ਉਠ ਰਿਹਾ ਹੈ। ਜਨਰਲ ਸਕੱਤਰ ਭੁਪਿੰਦਰ ਮਾਨ ਨੇ ਦੱਸਿਆ ਕਿ ਮੰਗ ਪੱਤਰ ਵਿੱਚ ਕਲੱਬ ਵੱਲੋਂ ਕਿਹਾ ਗਿਆ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੀਆਂ ਮੁੱਖ ਸੜਕਾਂ, ਬਾਜ਼ਾਰਾਂ ਤੇ ਰਹਾਇਸ਼ੀ ਇਲਾਕਿਆਂ ਵਿੱਚ ਨਿਯਮਿਤ ਤੌਰ 'ਤੇ ਪਸ਼ੂ ਫੜਨ ਦੀ ਮੁਹਿੰਮ ਚਲਾਈ ਜਾਵੇ।ਨਾਲ ਹੀ ਪਕੜੇ ਗਏ ਪਸ਼ੂਆਂ ਲਈ ਸਥਾਈ ਗਊਸ਼ਾਲਾ ਜਾਂ ਸ਼ੈਲਟਰ ਹੋਮ ਬਣਾਏ ਜਾਣ। ਕਲੱਬ ਨੇ ਇਹ ਵੀ ਸੁਝਾਅ ਦਿੱਤਾ ਕਿ ਜਿਨ੍ਹਾਂ ਲੋਕਾਂ ਦੇ ਪਸ਼ੂ ਵਾਰ-ਵਾਰ ਸੜਕਾਂ 'ਤੇ ਆ ਜਾਂਦੇ ਹਨ, ਉਨ੍ਹਾਂ 'ਤੇ ਜੁਰਮਾਨਾ ਲਾਇਆ ਜਾਵੇ ਅਤੇ ਦੁਬਾਰਾ ਪਸ਼ੂ ਛੱਡਣ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜਸਵਿੰਦਰ ਸਿੰਘ ਤੇ ਜਸਪਾਲ ਸੰਧੂ ਨੇ ਕਿਹਾ ਕਿ ਇਹ ਕਦਮ ਨਾ ਸਿਰਫ਼ ਹਾਦਸਿਆਂ ਨੂੰ ਘਟਾਉਣਗੇ, ਸਗੋਂ ਸ਼ਹਿਰ ਦੀ ਸਫ਼ਾਈ ਤੇ ਟ੍ਰੈਫ਼ਿਕ ਪ੍ਰਬੰਧ ਵਿੱਚ ਵੀ ਸੁਧਾਰ ਲਿਆਉਣਗੇ।ਉਨ੍ਹਾਂ ਕਿਹਾ ਕਿ ਖ਼ਾਸ ਕਰਕੇ ਤਿਉਹਾਰਾਂ ਦੇ ਸਮੇਂ ਬਾਜ਼ਾਰਾਂ ਵਿੱਚ ਭੀੜ ਹੋਣ ਕਾਰਨ ਸੜਕਾਂ 'ਤੇ ਘੁੰਮਦੇ ਪਸ਼ੂ ਲੋਕਾਂ ਲਈ ਵੱਡਾ ਖ਼ਤਰਾ ਬਣ ਜਾਂਦੇ ਹਨ।ਇਸ ਲਈ ਪ੍ਰਸ਼ਾਸਨ ਵੱਲੋਂ ਸਮੇਂ ਸਿਰ ਢੁਕਵੇਂ ਉਪਾਇ ਕਰਨਾ ਬਹੁਤ ਜ਼ਰੂਰੀ ਹੈ। ਮੇਅਰ ਨੇ ਕਲੱਬ ਦੇ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਨਗਰ ਨਿਗਮ ਇਸ ਮਸਲੇ ਨੂੰ ਗੰਭੀਰਤਾ ਨਾਲ ਲਵੇਗਾ ਤੇ ਪਸ਼ੂ ਨਿਯੰਤਰਣ ਟੀਮ ਨੂੰ ਸਰਗਰਮ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜਲਦ ਹੀ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਦਾ ਸਰਵੇ ਕਰਵਾ ਕੇ ਜਰੂਰਤ ਪੈਣ 'ਤੇ ਵਾਧੂ ਫੰਡ ਲਈ ਸਰਕਾਰ ਨੂੰ ਪ੍ਰਸਤਾਵ ਭੇਜਿਆ ਜਾਵੇਗਾ। ਪੰਜਾਬੀ ਐਡਵੈਂਚਰਰਜ਼ ਕਲੱਬ ਜਸਵੰਤ ਕੌਸ਼ਿਕ ਨੇ ਕਿਹਾ ਕਿ ਉਹ ਇਸ ਮੁਹਿੰਮ ਨੂੰ ਸਿਰਫ਼ ਬਠਿੰਡਾ ਹੀ ਨਹੀਂ, ਸਗੋਂ ਸਾਰੇ ਪੰਜਾਬ ਪੱਧਰ 'ਤੇ ਚਲਾਉਣ ਦਾ ਮਨ ਬਣਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਸ਼ਹਿਰ ਦੀ ਨਹੀਂ, ਸਾਰੇ ਰਾਜ ਦੀ ਸਮੱਸਿਆ ਹੈ।

# ਆਲ ਇੰਡੀਆ ਹਿਊਮਨ ਰਾਈਟਸ ਨੇ ਬਜ਼ੁਰਗਾਂ ਨਾਲ ਦੀਵਾਲੀ ਮਨਾਈ



**ਜਗਰਾਉਂ (ਅਮਿਤ ਖੰਨਾ)** ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਦੇ ਮੈਂਬਰਾਂ ਨੇ ਬਜ਼ੁਰਗਾਂ ਨੂੰ ਪੈਨਸ਼ਨ ਰਾਸ਼ਨ ਮਠਿਆਈ, ਬਿਸਕੁਟ ਤੇ ਮੋਮਬੱਤੀਆਂ ਦੇ ਕੇ ਦੀਵਾਲੀ ਮਨਾਈ। 188ਵਾਂ ਪੈਨਸ਼ਨ ਵੰਡ ਸਮਾਰੋਹ ਦੇ ਮੁੱਖ ਮਹਿਮਾਨ ਆਈਐਸਜੀ ਕੰਪਿਊਟਰ ਸੈਂਟਰ ਦੇ ਮਾਲਕ ਅਸ਼ੀਸ਼ ਕਪੂਰ ਸਨ, ਜਿਨ੍ਹਾਂ ਨੇ 25 ਬਜ਼ੁਰਗਾਂ ਨੂੰ ਆਪਣੀ ਨੇਕ ਕਮਾਈ ਵਿੱਚੋਂ ਪੈਨਸ਼ਨ ਰਾਸ਼ਨ ਅਤੇ ਮਠਿਆਈ ਵੰਡੀ। ਪ੍ਰਧਾਨ ਮਨਜਿੰਦਰ ਪਾਲ ਸਿੰਘ ਨੇ ਮੋਮਬੱਤੀਆਂ ਦੇ ਡੱਬੇ ਸੈਕਟਰੀ ਰਾਕੇਸ਼ ਮੈਨੀ ਤੇ ਆਰਗੇਨਾਈਜਰ ਸੈਕਟਰੀ ਵਿੱਕੀ ਔਲਖ ਨੇ ਬਿਸਕੁਟਾਂ ਦੇ ਡੱਬੇ ਵੰਡੇ। ਜੁਆਇੰਟ ਸੈਕਟਰੀ ਜਸਪਾਲ ਸਿੰਘ ਨੇ ਚਾਹ ਬਿਸਕੁਟ, ਠੰਡੇ ਦੀ ਸੇਵਾ ਨਿਭਾਈ। ਸੈਕਟਰੀ ਸਟੇਜ ਰਾਜਨ ਜੈਨ ਨੇ ਸਟੇਜ ਦੀ ਭੂਮਿਕਾ ਨਿਭਾਈ।

# ਕਾਮੀ ਕਲਾਂ 'ਚ ਲੱਗੇ ਜਨ-ਸੁਵਿਧਾ ਕੈਂਪ ਚ ਪੁੱਜੇ ਡੀ ਸੀ ਡਾ. ਪ੍ਰੀਤੀ ਯਾਦਵ

**ਘਨੌਰ (ਰਾਜਿੰਦਰ ਸਿੰਘ ਥਿੰਦ)** ਆਪ ਦੀ ਸਰਕਾਰ, ਆਪ ਦੇ ਦੁਆਰ ਸਕੀਮ ਤਹਿਤ ਜ਼ਿਲ੍ਹੇ ਅੰਦਰ ਪਿੰਡ-ਪਿੰਡ ਲੱਗ ਰਹੇ ਜਨ ਸੁਵਿਧਾ ਕੈਂਪਾਂ ਦਾ ਜ਼ਿਲ੍ਹਾ ਨਿਵਾਸੀ ਲਾਜ਼ਮੀ ਲਾਭ ਲੈਣ।ਇਹ ਪ੍ਰਗਟਾਵਾ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕੀਤਾ।ਉਹ ਘਨੌਰ ਦੇ ਪਿੰਡ ਕਾਮੀ ਕਲਾਂ ਵਿਖੇ ਲਾਏ ਗਏ ਜਨ ਸੁਵਿਧਾ ਕੈਂਪ ਦਾ ਜਾਇਜ਼ਾ ਲੈਣ ਮੌਕੇ ਕੀਤਾ।ਉਨ੍ਹਾਂ ਦੇ ਨਾਲ ਏ.ਡੀ.ਸੀ. ਦਿਹਾਤੀ ਵਿਕਾਸ ਦਮਨਜੀਤ ਸਿੰਘ ਮਾਨ ਵੀ ਮੌਜੂਦ ਸਨ। ਇਸ ਕੈਂਪ ਚ ਕਾਮੀ ਕਲਾਂ, ਸੋਗਲਪੁਰ, ਸੋਨੇਮਾਜਰਾ ਤੇ ਉਲਾਨਾ ਦੇ ਵਸਨੀਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਪ੍ਰਦਾਨ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਦਰਪੇਸ਼ ਬਹੁਤ ਸਾਰੀਆਂ ਮੁਸ਼ਕਲਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਸਮੇਤ ਕਈ ਸੇਵਾਵਾਂ ਦੇ ਲਾਭ ਦੇਣ ਦੇ ਮੌਕੇ 'ਤੇ ਹੀ ਕਰੀਬ 63 ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ। ਇਸ ਮੌਕੇ ਪਿੰਡਾਂ ਦੀਆਂ ਵਸਨੀਕਾਂ ਔਰਤਾਂ ਨੇ ਡਿਪਟੀ ਕਮਿਸ਼ਨਰ ਨੂੰ ਮਿਲ ਕੇ ਵਿਸ਼ੇਸ਼ ਤਰ੍ਹਾਂ ਦੀ ਸੰਤੁਸ਼ਟੀ ਦਾ ਇਜ਼ਹਾਰ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਤਸੱਲੀ ਹੈ ਕਿ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਦੇ ਮਸਲੇ ਖ਼ੁਦ ਸੁਣੇ ਹਨ ਅਤੇ ਇਨ੍ਹਾਂ ਨੂੰ ਹੱਲ ਕਰਨ ਦੇ ਵਿਭਾਗੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ। ਡਾ. ਪ੍ਰੀਤੀ ਯਾਦਵ ਨੇ ਕੈਂਪ ਚ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲੈਂਦਿਆਂ ਲੋਕਾਂ ਨਾਲ ਗੱਲਬਾਤ ਕਰਕੇ ਕੈਂਪ ਦੀ ਕਾਰਗੁਜ਼ਾਰੀ ਤੇ ਸੰਤੁਸ਼ਟੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਲੋਕਾਂ ਨੂੰ ਬਹੁਤ ਵੱਡਾ ਲਾਭ ਪਹੁੰਚ ਰਿਹਾ ਹੈ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਜਾ ਕੇ ਹੀ ਦੂਰ ਕਰਨ ਲਈ ਜ਼ਿਲ੍ਹੇ ਅੰਦਰ ਲਗਾਤਾਰ ਲਗਾਏ ਜਾ ਰਹੇ ਅਜਿਹੇ ਕੈਂਪ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਸਲ ਅਰਥਾਂ ਵਿੱਚ ਲੋਕਾਂ ਦੇ ਦੁਆਰ ਤੇ ਪੁੱਜ ਕੇ ਉਨ੍ਹਾਂ ਦੇ ਮਸਲੇ ਹੱਲ ਕਰਨ ਦੇ ਨਾਲ-ਨਾਲ ਸਰਕਾਰੀ ਸਕੀਮਾਂ ਨੂੰ ਲੋਕਾਂ ਤੱਕ ਪੁੱਜਦਾ ਕਰ ਰਹੀ ਹੈ।



24- Oct - Page - 7.qxd 10/23/2025 11:15 PM Page 1



## ਸੰਜੀਵ ਅਰੋੜਾ ਤੇ ਖੁੱਡੀਆਂ ਵੱਲੋਂ ਗੋਆ ਦੇ ਮੁੱਖ ਮੰਤਰੀ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਵਸ ਸਮਾਗਮਾਂ ਲਈ ਸੱਦਾ



ਚੰਡੀਗੜ੍ਹ, (ਗੁਰਜੀਤ ਬਿੱਲਾ)-ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਪੰਜਾਬ ਸੰਜੀਵ ਅਰੋੜਾ ਅਤੇ ਖੇਤੀਬਾੜੀ ਤੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 23 ਅਕਤੂਬਰ ਨੂੰ ਗੋਆ ਦੇ ਮੁੱਖ ਮੰਤਰੀ ਪ੍ਰਮੋਦ ਸਾਵੰਤ ਨਾਲ ਮੁਲਾਕਾਤ ਕਰਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਦੀ ਯਾਦ ਵਿੱਚ ਹੋਣ ਵਾਲੇ ਆਗਾਮੀ ਸਮਾਗਮਾਂ ਲਈ ਰਸਮੀ ਸੱਦਾ ਦਿੱਤਾ।ਮੀਟਿੰਗ ਦੌਰਾਨ ਕੈਬਨਿਟ ਮੰਤਰੀਆਂ ਨੇ ਨੌਵੇਂ ਸਿੱਖ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਜਿਨ੍ਹਾਂ ਨੂੰ ਧਰਮ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਉਨ੍ਹਾਂ ਦੇ ਨਿਰਸਵਾਰਥ ਕੁਰਬਾਨੀ ਲਈ 'ਹਿੰਦ ਦੀ ਚਾਦਰ' ਵਜੋਂ ਜਾਣਿਆ ਜਾਂਦਾ ਹੈ, ਵੱਲੋਂ ਦਿੱਤੀਆਂ ਗਈਆਂ ਕੁਰਬਾਨੀਆਂ ਪ੍ਰਤੀ ਡੂੰਘਾ ਸਤਿਕਾਰ ਪ੍ਰਗਟ ਕੀਤਾ ਗਿਆ।ਕੈਬਨਿਟ ਮੰਤਰੀਆਂ ਸੰਜੀਵ ਅਰੋੜਾ ਅਤੇ ਗੁਰਮੀਤ ਸਿੰਘ ਖੁੱਡੀਆਂ ਨੇ ਗੋਆ ਦੇ ਮੁੱਖ ਮੰਤਰੀ ਨੂੰ ਨਿੱਜੀ ਤੌਰ 'ਤੇ ਸੱਦਾ ਪੱਤਰ ਸੌਂਪਿਆ, ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਆਪਕ ਯਾਦਗਾਰੀ ਸਮਾਗਮਾਂ ਦੀ ਲੜੀ ਦਾ ਜ਼ਿਕਰ ਕੀਤਾ ਹੋਇਆ ਹੈ। ਇਹ ਸਮਾਗਮ ਵੱਖ-ਵੱਖ ਇਤਿਹਾਸਕ ਅਸਥਾਨਾਂ, ਜਿਹੜੇ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਅਤੇ ਬੇਮਿਸਾਲ ਕੁਰਬਾਨੀ ਨਾਲ ਸਬੰਧਤ ਹਨ, 'ਤੇ ਕਰਵਾਏ ਜਾਣੇ ਹਨ।

## 28 ਕਿਲੋ 80.46 ਗ੍ਰਾਮ ਅਫੀਮ ਸਮੇਤ ਦੋਸ਼ੀ ਗ੍ਰਿਫਤਾਰ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਡਾ. ਮਹਿਤਾਬ ਸਿੰਘ ਸੀਨੀਅਰ ਕਪਤਾਨ ਪੁਲਸ, ਸ਼ਹੀਦ ਭਗਤ ਸਿੰਘ ਨਗਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਡਾਇਰੈਕਟਰ ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਲੁਧਿਆਣਾ ਰੇਂਜ, ਲੁਧਿਆਣਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਸਬੰਧੀ ਵਿੱਢੀ ਮੁਹਿੰਮ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਸ ਵੱਲੋਂ 28 ਕਿਲੋ 80.46 ਗ੍ਰਾਮ ਅਫੀਮ ਸਮੇਤ 1 ਦੋਸ਼ੀ ਨੂੰ ਗ੍ਰਿਫਤਾਰ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ।ਡਾ. ਮਹਿਤਾਬ ਸਿੰਘ, ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਸ, ਸ਼ਹੀਦ ਭਗਤ ਸਿੰਘ ਨਗਰ ਨੇ ਅੱਗੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਰਬਜੀਤ ਸਿੰਘ, ਕਪਤਾਨ ਪੁਲਸ (ਜਾਂਚ) ਸ਼ਹੀਦ ਭਗਤ ਸਿੰਘ ਨਗਰ, ਨਿਰਮਲ ਸਿੰਘ, ਡੀ.ਐਸ.ਪੀ (ਜਾਂਚ) ਸ਼ਹੀਦ ਭਗਤ ਸਿੰਘ ਨਗਰ ਅਤੇ ਇੰਸਪੈਕਟਰ ਨੀਰਜ ਚੌਧਰੀ, ਇੰਚਾਰਜ ਸੀ.ਆਈ.ਏ, ਸ਼ਹੀਦ ਭਗਤ ਸਿੰਘ ਨਗਰ ਦੀ ਸੁਪਰਵੀਜ਼ਨ ਹੇਠ ਮਿਤੀ 18.10.2025 ਨੂੰ ਏ ਐਸ ਆਈ ਨਿਰਮਲ ਸਿੰਘ, ਸੀ.ਆਈ.ਏ ਸਟਾਫ ਸਮੇਤ ਸਾਥੀ ਕਰਮਚਾਰੀਆਂ ਦੇ ਨਾਕਾਬੰਦੀ ਦੇ ਸਬੰਧ ਵਿੱਚ ਨਵਾਂਸ਼ਹਿਰ ਬਾਈਪਾਸ ਮਹਾਲੋਂ ਮੌਜੂਦ ਸੀ,ਜੋਕਿ ਦੌਰਾਨ ਨਾਕਾ ਨਵਾਂਸ਼ਹਿਰ ਸਾਈਡ ਤੋਂ ਆ ਰਹੀ ਗੱਡੀ ਨੰਬਰੀ PB-08-FJ-8888 ਮਾਰਕ ਨੂੰ ਰੋਕ ਕੇ ਗੱਡੀ ਦੇ ਡਰਾਇਵਰ ਦਾ ਨਾਂਅ ਪਤਾ ਪੁੱਛਿਆ, ਜਿਸ ਨੇ ਆਪਣਾ ਨਾਮ ਇੰਦਰਜੀਤ ਸਿੰਘ ਪੁੱਤਰ ਲੇਟ ਦਾਰਾ ਸਿੰਘ ਵਾਸੀ ਚੱਕ ਠੱਠੀਆਂ ਥਾਣਾ ਬਿਆਸ ਜ਼ਿਲ੍ਹਾ ਅੰਮ੍ਰਿਤਸਰ ਦੱਸਿਆ। ਗੱਡੀ ਦੀ ਤਲਾਸ਼ੀ ਕਰਨ ਤੇ ਗੱਡੀ ਦੇ ਗੇਅਰ ਲੀਵਰ ਪਾਸ ਬਣੇ ਖਾਨੇ ਵਿੱਚੋਂ 50.46 ਗ੍ਰਾਮ ਅਫੀਮ ਬਰਾਮਦ ਹੋਈ। ਜਿਸ ਤੇ ਏ ਐਸ ਆਈ ਨਿਰਮਲ ਸਿੰਘ ਨੇ ਇੰਦਰਜੀਤ ਸਿੰਘ ਉਕਤ ਦੇ ਖਿਲਾਫ ਮੁਕੱਦਮਾ ਦਰਜ ਰਜਿਸਟਰ ਕਰਕੇ ਲਿਆਂਦੀ।ਦੌਰਾਨ ਤਫਤੀਸ਼ ਦੋਸ਼ੀ ਇੰਦਰਜੀਤ ਸਿੰਘ ਉਕਤ ਪਾਸੋਂ ਪੁੱਛ-ਗਿੱਛ ਕਰਨ ਤੇ ਉਸ ਦੇ ਆਪਣੇ ਘਰ ਪਿੰਡ ਚੱਕ ਠੱਠੀਆਂ ਥਾਣਾ ਬਿਆਸ ਵਿਖੇ ਰੱਖੀ 6 ਕਿਲੋ 870 ਗ੍ਰਾਮ ਅਫੀਮ ਬਰਾਮਦ ਹੋਈ। ਤਫਤੀਸ਼ੀ ਦੌਰਾਨ ਦੋਸ਼ੀ ਇੰਦਰਜੀਤ ਸਿੰਘ ਨੇ ਤਫਤੀਸ਼ੀ ਅਫਸਰ ਕੋਲ ਮੰਨਿਆ ਕਿ ਉਹ ਕਾਫੀ ਸਮੇਂ ਤੋਂ ਅਫੀਮ ਦੀ ਸਪਲਾਈ ਕਰਦਾ ਹੈ। ਦਵਿੰਦਰ ਕੁਮਾਰ ਉਰਫ ਲਾਲਾ ਪੁੱਤਰ ਪਵਨ ਕੁਮਾਰ ਵਾਸੀ ਖੋਜਾ ਥਾਣਾ ਰਾਹੋਂ ਹਾਲ ਵਾਸੀ ਸਲੋਹ ਰੋਡ ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨਾਲ ਉਸ ਦੀ ਕਾਫੀ ਜਾਣ ਪਹਿਚਾਣ ਸੀ। ਉਸ ਨਾਲ ਅਕਸਰ ਵੱਟਸਐਪ ਤੇ ਗੱਲਬਾਤ ਹੁੰਦੀ ਰਹਿੰਦੀ ਸੀ। ਦਵਿੰਦਰ ਕੁਮਾਰ ਉਰਫ ਲਾਲਾ ਨੇ ਉਸ ਪਾਸੋਂ ਅਫੀਮ ਮੰਗਵਾਈ ਸੀ, ਉਸ ਨੇ ਦਵਿੰਦਰ ਕੁਮਾਰ ਉਰਫ ਲਾਲਾ ਦੇ ਕਹਿਣ ਤੇ ਪਿੰਡ ਕੰਗ ਥਾਣਾ ਰਾਹੋਂ ਵਿਖੇ ਦਵਿੰਦਰ ਕੁਮਾਰ ਦੇ ਘਰ ਵਿੱਚ ਬਾਲਟੀ ਵਿੱਚ ਅਫੀਮ ਪਾ ਕੇ ਗੇਟ ਦੇ ਪਾਸ ਰੱਖ ਦਿੱਤੀ ਸੀ। ਹੁਣ ਉਹ ਮੁੜ ਦਵਿੰਦਰ ਕੁਮਾਰ ਉਰਫ ਲਾਲਾ ਪਾਸੋਂ ਪੈਸੇ ਲੈਣ ਜਾ ਰਿਹਾ ਸੀ ਤਾਂ ਉਹ ਲਾਲਾ ਉਸ ਦੇ ਪੈਸੇ ਨਹੀ ਦੇ ਰਿਹਾ ਸੀ, ਜਿਸ ਕਰਕੇ ਉਹ ਦਵਿੰਦਰ ਕੁਮਾਰ ਉਰਫ ਲਾਲਾ ਦੇ ਘਰ ਰੱਖੀ ਅਫੀਮ ਲੈਣ ਲਈ ਆਇਆ ਸੀ। ਦੌਰਾਨੇ ਤਫਤੀਸ਼ ਦੋਸ਼ੀ ਇੰਦਰਜੀਤ ਸਿੰਘ ਉਕਤ ਵੱਲੋਂ ਮੁਤਾਬਿਕ ਮੌਕਾ ਤੋਂ 21 ਕਿਲੋ 160 ਗ੍ਰਾਮ ਅਫੀਮ ਬਰਾਮਦ ਹੋਈ ਹੈ। ਜਿਸ ਤੇ ਦੋਸ਼ੀ ਦਵਿੰਦਰ ਕੁਮਾਰ ਉਰਫ ਲਾਲਾ ਪੁੱਤਰ ਪਵਨ ਕੁਮਾਰ ਵਾਸੀ ਖੋਜਾ ਥਾਣਾ ਰਾਹੋਂ ਹਾਲ ਵਾਸੀ ਸਲੋਹ ਰੋਡ ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਉਕਤ ਮੁਕੱਦਮੇ ਵਿੱਚ ਦੋਸ਼ੀ ਨਾਮਜ਼ਦ ਕੀਤਾ ਗਿਆ ਹੈ। ਦੋਸ਼ੀ ਦਵਿੰਦਰ ਕੁਮਾਰ ਉਰਫ ਲਾਲਾ ਉਕਤ ਕਿਸੇ ਹੋਰ ਮੁਕੱਦਮੇ ਵਿੱਚ ਜੇਲ ਵਿੱਚ ਬੰਦ ਹੈ। ਪੁਲਸ ਮੁਤਾਬਕ ਮੁਕੱਦਮਾ ਵਿੱਚ ਨਾਮਜ਼ਦ ਦੋਸ਼ੀ ਨੂੰ ਜਲਦ ਗ੍ਰਿਫਤਾਰ ਕਰਕੇ ਉਸ ਪਾਸੋਂ ਪੁੱਛ-ਗਿੱਛ ਕੀਤੀ ਜਾਵੇਗੀ, ਪੁੱਛ-ਗਿੱਛ ਦੌਰਾਨ ਹੋਰ ਖੁਲਾਸੇ ਹੋਣ ਦੀ ਉਮੀਦ ਹੈ।

## ਚੀਮਾ ਤੇ ਕਟਾਰੂਚੱਕ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਦੇ 350ਵੇਂ ਸ਼ਹੀਦੀ ਸਮਾਗਮ ਲਈ ਓਡੀਸ਼ਾ ਦੇ ਮੁੱਖ ਮੰਤਰੀ ਨੂੰ ਸੱਦਾ



ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਸਰਕਾਰ ਵੱਲੋਂ ਕੌਮੀ ਸਾਂਝੀ ਵਿਰਾਸਤ ਦੀ ਭਾਵਨਾ ਤਹਿਤ ਓਡੀਸ਼ਾ ਨਾਲ ਰਾਬਤਾ ਕਾਇਮ ਕਰਨ ਲਈ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਖੁਰਾਕ ਤੇ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ 23 ਅਕਤੂਬਰ ਨੂੰ ਓਡੀਸ਼ਾ ਦੇ ਮੁੱਖ ਮੰਤਰੀ ਮੋਹਨ ਚਰਨ ਮਾਝੀ ਨਾਲ ਮੁਲਾਕਾਤ ਕਰਨ ਲਈ ਭੁਵਨੇਸ਼ਵਰ ਦਾ ਵਿਸ਼ੇਸ਼ ਦੌਰਾ ਕੀਤਾ। ਇਸ ਉੱਚ-ਪੱਧਰੀ ਦੌਰੇ ਦਾ ਮੁੱਖ ਮੰਤਵ ਨੌਵੇਂ ਸਿੱਖ ਗੁਰੂ, 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜਾਬ ਵਿੱਚ ਕਰਵਾਏ ਜਾ ਰਹੇ ਮਹਾਨ ਸਮਾਗਮਾਂ ਲਈ ਮੁੱਖ ਮੰਤਰੀ ਮਾਝੀ ਨੂੰ ਰਸਮੀ ਤੌਰ 'ਤੇ ਸੱਦਾ ਦੇਣਾ ਸੀ। ਓਡੀਸ਼ਾ ਦੇ ਮੁੱਖ ਮੰਤਰੀ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਉਨ੍ਹਾਂ ਨੂੰ ਰਸਮੀ ਸੱਦਾ ਪੱਤਰ ਪੇਸ਼ ਕੀਤਾ ਅਤੇ ਯਾਦਗਾਰੀ ਪ੍ਰੋਗਰਾਮਾਂ ਦੇ ਪੈਮਾਨੇ ਅਤੇ ਮਹੱਤਤਾ ਬਾਰੇ ਸੰਖੇਪ ਜਾਣਕਾਰੀ ਦਿੱਤੀ। ਐਡਵੋਕੇਟ ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਮਾਗਮ ਗੁਰੂ ਸਾਹਿਬ ਵੱਲੋਂ ਧਾਰਮਿਕ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਲਈ ਦਿੱਤੀ ਗਈ ਬੇਮਿਸਾਲ ਕੁਰਬਾਨੀ ਨੂੰ ਸਮਰਪਿਤ ਇੱਕ ਕੌਮੀ ਸ਼ਰਧਾਂਜਲੀ ਹਨ।ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੰਤਰ-ਰਾਜੀ ਭਾਈਵਾਲੀ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਮਾਝੀ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।

## ਸੀਚੇਵਾਲ ਵੱਲੋਂ ਪਿੰਡਾਂ ਲਈ 25 ਪਾਣੀ ਵਾਲੀਆਂ ਟੈਂਕੀਆਂ ਰਵਾਨਾ



ਕਪੂਰਥਲਾ/ਸੁਲਤਾਨਪੁਰ ਲੋਧੀ (ਬਲਵੀਰ ਸਿੰਘ ਧਾਲੀਵਾਲ)- ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਪੂਰਥਲਾ ਅਤੇ ਜਲੰਧਰ ਜ਼ਿਲ੍ਹਿਆਂ ਦੇ 25 ਪਿੰਡਾਂ ਨੂੰ ਦੀਵਾਲੀ ਦੇ ਤੋਹਫ਼ੇ ਵਜੋਂ ਸਟੀਲ ਦੀਆਂ ਪਾਣੀ ਵਾਲੀਆਂ ਟੈਂਕੀਆਂ ਸੌਂਪੀਆਂ। ਇਹ ਟੈਂਕੀਆਂ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਤੇ ਸੀਚੇਵਾਲ ਤੋਂ ਰਵਾਨਾ ਕੀਤੀਆਂ ਗਈਆਂ। ਸੰਤ ਸੀਚੇਵਾਲ ਨੇ ਦੱਸਿਆ ਕਿ ਪਵਿੱਤਰ ਕਾਲੀ ਵੇਈਂ ਦੀ ਸਫ਼ਾਈ ਸੇਵਾ ਦੇ 25 ਸਾਲ ਪੂਰੇ ਹੋਣ ਦੇ ਮੌਕੇ 'ਤੇ ਸਾਲ ਭਰ ਸਮਾਗਮ ਚੱਲਣਗੇ। ਇਸੇ ਸਿਲਸਿਲੇ ਵਿੱਚ ਇਹ ਟੈਂਕੀਆਂ ਪਿੰਡਾਂ ਨੂੰ ਦਿੱਤੀਆਂ ਗਈਆਂ ਹਨ। ਉਹਨਾਂ ਦੱਸਿਆ ਕਿ ਉਨ੍ਹਾਂ ਵੱਲੋਂ ਅਖਤਿਆਰੀ ਫੰਡ ਵਿੱਚੋਂ 7.5 ਕਰੋੜ ਦੀ ਗ੍ਰਾਂਟ ਨਾਲ 215 ਪਾਣੀ ਵਾਲੀਆਂ ਟੈਂਕੀਆਂ ਪੰਜਾਬ ਭਰ ਦੇ ਪਿੰਡਾਂ ਵਿੱਚ ਵੰਡੀਆਂ ਹਨ। ਪਿੰਡਾਂ ਦੇ ਸਰਪੰਚਾਂ ਨੇ ਕਿਹਾ ਕਿ ਇਹ ਸਟੀਲ ਦੀਆਂ ਟੈਂਕੀਆਂ ਪਿੰਡਾਂ ਲਈ ਸਦੀਵੀ ਤੋਹਫ਼ਾ ਹਨ। ਇਹਨਾਂ ਨਾਲ ਪਾਣੀ ਦੀ ਕਮੀ ਦੂਰ ਹੋਵੇਗੀ, ਬੂਟਿਆਂ ਨੂੰ ਪਾਣੀ ਲਗਾਉਣ ਤੇ ਅੱਗ ਬੁਝਾਉਣ ਵਿੱਚ ਵੀ ਮਦਦ ਮਿਲੇਗੀ। ਧਾਰਮਿਕ ਸਮਾਗਮਾਂ ਦੌਰਾਨ ਪਾਣੀ ਦੀ ਸਭ ਤੋਂ ਵੱਡੀ ਸਮੱਸਿਆ ਹੁੰਦੀ ਸੀ ਜੋ ਹੁਣ ਹੱਲ ਹੋ ਗਈ ਹੈ। ਉਹਨਾਂ ਦੱਸਿਆ ਕਿ ਜਲਦੀ ਹੀ ਹੋਰ 50 ਟੈਂਕੀਆਂ ਵੀ ਪਿੰਡਾਂ ਨੂੰ ਦਿੱਤੀਆਂ ਜਾਣਗੀਆਂ, ਜਿਸ ਵਿੱਚ ਦਲਿਤ ਭਾਈਚਾਰੇ ਅਤੇ ਹੜ੍ਹ ਪ੍ਰਭਾਵਿਤ ਪਿੰਡਾਂ ਨੂੰ ਤਰਜੀਹ ਦਿੱਤੀ ਜਾਵੇਗੀ। ਆਹਲੀ ਕਲਾਂ ਦੇ ਸਰਪੰਚ ਸ਼ਮਿੰਦਰ ਸਿੰਘ ਨੇ ਕਿਹਾ ਕਿ ਹੜ੍ਹਾਂ ਦੌਰਾਨ ਪੀਣ ਵਾਲੇ ਪਾਣੀ ਦੀ ਵੱਡੀ ਸਮੱਸਿਆ ਆਉਂਦੀ ਸੀ, ਪਰ 5000 ਲੀਟਰ ਸਮਰੱਥਾ ਵਾਲੀਆਂ ਟੈਂਕੀਆਂ ਨਾਲ ਇਹ ਮੁਸ਼ਕਲ ਹੱਲ ਹੋ ਗਿਆ ਹੈ। ਇਸ ਮੌਕੇ ਸੁਰਜੀਤ ਸਿੰਘ ਸ਼ੰਟੀ, ਵਾਈਸ ਚੇਅਰਮੈਨ ਹਰਜਿੰਦਰ ਸਿੰਘ, ਪਿਆਰਾ ਸਿੰਘ ਸੈਕਟਰੀ ਸਮਾਜ ਸੇਵਕ ਮਨਵਿੰਦਰ ਸਿੰਘ ਤੇ ਇਲਾਕੇ ਦੇ ਕਈ ਪੰਚ-ਸਰਪੰਚ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

## ਪੰਜਾਬ ਦੀਆਂ ਮੰਡੀਆਂ 'ਚੋਂ 61.96 ਲੱਖ ਮੀਟ੍ਰਿਕ ਟਨ ਝੋਨੇ ਦੀ ਹੋਈ ਖਰੀਦ : ਬਰਸਟ

ਮੋਹਾਲੀ, (ਗੁਰਜੀਤ ਬਿੱਲਾ)-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਸੂਬੇ ਦੀਆਂ ਮੰਡੀਆਂ ਵਿੱਚ ਚੱਲ ਰਹੇ ਝੋਨੇ ਦੀ ਫਸਲ ਦੇ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਦੀਆਂ ਸਮੂਹ ਮੰਡੀਆਂ ਵਿੱਚ ਝੋਨੇ ਦੀ ਆਮਦ ਅਤੇ ਖਰੀਦ ਦੇ ਕਾਰਜ ਨਿਰਵਿਘਨ ਚੱਲ ਰਹੇ ਹਨ ਅਤੇ ਕਿਸਾਨਾਂ ਦੀ ਫਸਲ ਦੀ ਤੇਜ਼ੀ ਨਾਲ ਖਰੀਦ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ 22 ਅਕਤੂਬਰ ਤੱਕ ਸੂਬੇ ਦੀਆਂ ਮੰਡੀਆਂ ਵਿੱਚ 64.20 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ 61.96 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਖਰੀਦੀ ਗਈ ਫਸਲ ਦੀ ਲੱਗਭੱਗ 71 ਫੀਸਦੀ ਲਿਫਟਿੰਗ ਹੋ ਚੁੱਕੀ ਹੈ। ਬਰਸਟ ਨੇ ਦੱਸਿਆ ਕਿ ਪੰਜਾਬ ਰਾਜ ਵਿੱਚ ਝੋਨੇ ਦੀ ਨਿਰਵਿਘਨ ਖਰੀਦ ਲਈ 1822 ਨੋਟੀਫਾਈਡ ਮੰਡੀਆਂ ਅਤੇ 651 ਆਰਜ਼ੀ ਖਰੀਦ ਕੇਂਦਰ ਬਣਾਏ ਗਏ ਹਨ। ਸੂਬੇ ਦੀਆਂ ਮੰਡੀਆਂ ਵਿੱਚ 22 ਅਕਤੂਬਰ ਤੱਕ 64.20 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ ਅਤੇ 61.96 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋ ਚੁੱਕੀ ਹੈ, ਜਿਸ ਵਿੱਚੋਂ ਸਰਕਾਰੀ ਏਜੰਸੀਆਂ ਵੱਲੋਂ 61.80 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਹੁਣ ਤੱਕ ਮੰਡੀਆਂ ਵਿੱਚੋਂ 43.72 ਲੱਖ ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ।

## ਨਸ਼ਿਆਂ ਵਿਰੁੱਧ ਜੰਗ 'ਚ ਮੈਡੀਕਲ ਪ੍ਰੈਕਟੀਸ਼ਨਰਾਂ ਦਾ ਸਾਥ ਜ਼ਰੂਰੀ : ਐੱਸ ਐੱਚ ਓ



ਬਲਾਚੌਰ (ਜਸਵਿੰਦਰ ਬੈਂਸ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਬਲਾਚੌਰ ਦੀ ਮਹੀਨਾਵਾਰ ਮੀਟਿੰਗ ਡਾ ਤੇਜਿੰਦਰ ਸਿੰਘ ਜੋਤ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਸਿਟੀ ਐੱਸ ਐੱਚ ਓ ਰਾਜ ਪਰਮਿੰਦਰ ਅਤੇ ਉਨ੍ਹਾਂ ਦੇ ਨਾਲ ਨਾਨਾ ਹੋਮ ਕਾਂਸਟੇਬਲ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਸੈਮੀਨਾਰ ਵਿੱਚ ਇੰਸਪੈਕਟਰ ਰਾਜ ਪਰਵਿੰਦਰ ਕੌਰ ਨੇ ਬੋਲਦੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਨਿਰਣਾਇਕ ਲੜਾਈ ਵਿੱਢੀ ਗਈ ਹੈ ਜਿਸ ਲਈ ਲੋਕਾਂ ਦਾ ਸਾਥ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਲੋਕਾਂ ਦਾ ਸਾਥ ਲੈਣ ਲਈ ਘਰ-ਘਰ ਜਾ ਕੇ ਦਸਤਕ ਦਿੱਤੀ ਜਾਵੇਗੀ। ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਆਗੂ ਨੂੰ ਅਪੀਲ ਕੀਤੀ ਹੈ ਕਿ ਉਹ ਵੀ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਵਿੱਚ ਆਪਣਾ ਯੋਗ ਦਾਨ ਪਾਉਣ। ਧਾਰਮਿਕ ਅਸਥਾਨਾਂ ਉੱਪਰ ਸਵੇਰੇ-ਸ਼ਾਮ ਰੋਜ਼ਾਨਾ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਲਈ ਪ੍ਰੇਰਿਤ ਕੀਤਾ ਜਾਵੇ। ਨਸ਼ੇ ਤੋਂ ਪ੍ਰਭਾਵਿਤ ਅਗਰ ਕੋਈ ਵੀ ਵਿਅਕਤੀ ਨਸ਼ੇ ਛੱਡਣਾ ਚਾਹੁੰਦਾ ਹੈ ਤਾਂ ਉਹ ਬੇਝਿਜਕ ਹੋ ਕੇ ਪੁਲਸ ਕੋਲ ਆਵੇ।ਜਿਸ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭਰਤੀ ਕਰਵਾ ਕੇ ਉਸ ਦਾ ਮੁਫ਼ਤ ਇਲਾਜ ਕਰਵਾਇਆ ਜਾਵੇਗਾ। ਇਸ ਮੌਕੇ 'ਤੇ ਸ਼ਾਮਿਲ ਹੋਏ ਪ੍ਰੈਕਟੀਸ਼ਨਰ ਡਾ. ਮਨੋਹਰ ਲਾਲ ਚੇਅਰਮੈਨ, ਡਾ. ਸੁੱਚਾ ਸਿੰਘ, ਡਾ. ਬਲਦੇਵ ਸਿੰਘ, ਡਾ. ਬਹਾਦਰ ਸਿੰਘ, ਡਾ. ਜਸਵੀਰ ਸਿੰਘ, ਡਾ. ਪਿੰਕਾ, ਡਾ. ਪ੍ਰਵੀਨ, ਡਾ. ਸੁਭਾਸ਼, ਡਾ. ਜਤਿੰਦਰ, ਡਾ. ਭੁਪਿੰਦਰ, ਡਾ. ਸ਼ਰਮਾ, ਡਾ. ਸਰਬਜੀਤ ਸਿੰਘ, ਡਾ. ਜੋਸ਼ੀ, ਡਾ. ਗਿਆਨ ਸਿੰਘ ਸੀਨੀਅਰ ਜਨਰਲ ਸਕੱਤਰ, ਡਾ. ਹਰਜਿੰਦਰ ਸਿੰਘ ਕੈਸ਼ੀਅਰ, ਡਾ. ਕੁਲਵੀਰ ਸਿੰਘ, ਡਾ. ਅਮਰੀਕ, ਡਾ. ਅੰਗਰੇਜ਼, ਡਾ. ਮਨਜੀਤ, ਡਾ. ਬਲਵੰਤ, ਡਾ. ਹਰਦੀਪ, ਡਾ ਚਰਨਜੀਤ, ਡਾ. ਸਾਹਿਲ ਆਦਿ ਮੌਜੂਦ ਸਨ।

## ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਅਹੁਦੇਦਾਰਾਂ ਦੀ ਜ਼ੂਮ-ਮੀਟਿੰਗ

ਹੁਸ਼ਿਆਰਪੁਰ, 23 ਅਕਤੂਬਰ (ਬਲਵੀਰ ਸਿੰਘ ਸੈਣੀ)-ਅਧਿਆਪਕਾਂ ਦੀ ਸਿਰਮੌਰ ਜੱਥੇਬੰਦੀ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਜਿਲ੍ਹਾ ਹੁਸ਼ਿਆਰਪੁਰ ਦੇ ਜਿਲ੍ਹੇ ਦੇ ਅਹੁਦੇਦਾਰਾਂ ਦੀ ਹੋਈ ਆਨਲਾਈਨ ਜ਼ੂਮ-ਮੀਟਿੰਗ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੱਟਾਲਾ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਸੂਬਾ ਕੰਨਵੀਨਰ ਜਸਵੀਰ ਤਲਵਾੜਾ ਦੀ ਅਗਵਾਈ ਵਿੱਚ ਹੋਈ।ਇਸ ਆਨਲਾਈਨ ਮੀਟਿੰਗ ਵਿੱਚ ਬਲਾਕ ਪ੍ਰਧਾਨ ਅਤੇ ਜ਼ਿਲ੍ਹਾ ਕਮੇਟੀ ਦੇ ਅਹੁਦੇਦਾਰਾਂ ਨੇ ਭਾਗ ਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਦੀ ਬੇਰੁੱਖੀ ਦੇ ਸ਼ਿਕਾਰ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਇਸ ਸਾਲ ਵੀ ਕਾਲੀ ਦੀਵਾਲੀ ਮਨਾਈ।ਸਰਕਾਰ ਦੇ ਸਾਢੇ ਤਿੰਨ ਸਾਲ ਬੀਤ ਜਾਣ ਤੇ ਵੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ 'ਜਿਓਂ ਦੀਆਂ ਤਿਓਂ' ਹਨ।ਪੁਰਾਣੀ ਪੈਨਸ਼ਨ ਬਹਾਲ ਕਰਨ, ਮਹਿੰਗਾਈ ਭੱਤੇ ਅਤੇ ਪੇਅ-ਕਮਿਸ਼ਨ ਦੇ ਬਕਾਏ, ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮ ਪੱਕੇ ਕਰਨ, ਕੱਟੇ 37 ਭੱਤੇ ਅਤੇ ਏ.ਸੀ.ਪੀ ਬਹਾਲ ਕਰਨ, ਪੈਨਸ਼ਨਰਾਂ ਲਈ 2.59 ਗੁਣਾਂਕ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕਰਨ, ਕੇਂਦਰੀ ਪੇਅ-ਕਮਿਸ਼ਨ ਰੱਦ ਕਰਨ ਅਤੇ ਕਈ ਹੋਰ ਹੱਕੀ ਅਤੇ ਜਾਇਜ ਮੰਗਾਂ ਵੱਲ ਸਰਕਾਰ ਕੋਈ ਧਿਆਨ ਨਹੀਂ ਦੇ ਰਹੀ ਅਤੇ ਮੁਲਾਜ਼ਮ-ਪੈਨਸ਼ਨਰ ਵਰਗ ਨੂੰ ਨਜ਼ਰ ਅੰਦਾਜ ਕਰ ਰਹੀ ਹੈ।ਆਗੂਆਂ ਨੇ ਕਿਹਾ 2 ਨਵੰਬਰ ਤਰਨਤਾਰਨ ਵਿਖੇ ਝੰਡਾ ਮਾਰਚ, 8 ਨਵੰਬਰ ਨੂੰ ਜਲੰਧਰ ਆਮ ਇਜਲਾਸ, 16 ਨਵੰਬਰ ਸੰਗਰੂਰ ਸੂਬਾ ਪੱਧਰੀ ਰੈਲੀ ਅਤੇ 25 ਨਵੰਬਰ ਨੂੰ ਦਿੱਲੀ ਵਿਖੇ ਕੀਤੇ ਜਾ ਰਹੇ ਐਕਸ਼ਨਾਂ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਵੱਧ ਚੜ੍ਹ ਕੇ ਭਾਗ ਲੈਣਗੇ।ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਕਰਕੇ ਉਨ੍ਹਾਂ ਨਾਲ ਨਿਆਂ ਕਰੇ।ਇਸ ਮੌਕੇ ਸੁਨੀਲ ਸ਼ਰਮਾ, ਅਮਰ ਸਿੰਘ, ਜਸਵੰਤ ਸਿੰਘ, ਸੰਜੀਵ ਧੂਤ, ਸਚਿਨ ਕੁਮਾਰ, ਪਰਸ ਰਾਮ, ਪ੍ਰਿੰਸ ਗੜ੍ਹਦੀਵਾਲ, ਉਂਕਾਰ ਸਿੰਘ, ਰਜਤ ਮਹਾਜਨ, ਰਜੇਸ਼ ਅਰੋੜਾ, ਨਰਿੰਦਰ ਅਜਨੋਹਾ, ਪਰਮਜੀਤ ਕਾਤਿਬ, ਉਮੇਸ਼ ਕੁਮਾਰ, ਸਰਬਜੀਤ ਸਿੰਘ ਆਦਿ ਹਾਜ਼ਰ ਸਨ।

## ਕਾਮਰੇਡ ਗੁਰਦਿਆਲ ਸਿੰਘ ਢੇਰ ਦੀ ਬਰਸੀ ਮਨਾਈ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-23 ਅਕਤੂਬਰ ਨੂੰ ਪਿੰਡ ਢੇਰ ਵਿਖੇ ਕਾਮਰੇਡ ਗੁਰਦਿਆਲ ਸਿੰਘ ਢੇਰ ਦੀ ਛੇਵੀਂ ਬਰਸੀ ਸ਼ਰਧਾਪੂਰਵਕ ਮਨਾਈ ਗਈ। ਇਸ ਮੌਕੇ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਸੂਬਾਈ ਸਕੱਤਰ ਹਿੰਦ ਕਮਿਊਨਿਸਟ ਪਾਰਟੀ ਪੰਜਾਬ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਦੱਸਿਆ ਕਾਮਰੇਡ ਢੇਰ ਉਸ ਪਾਰਟੀ ਦੇ ਸਿਪਾਹੀ ਸਨ ਜਿਸ ਦਾ ਨਾ ਬਾਂਡ ਘੋਟਾਲੇ ਵਿੱਚ ਨਹੀਂ ਆਇਆ ਜੋ ਦੇਸ਼ ਦੀ ਇਕੋ-ਇਕ ਪਾਰਟੀ ਹੈ।ਉਹਨਾਂ ਨੇ ਕਾਮਰੇਡ ਢੇਰ ਨਾਲ ਬਤਾਏ ਪਲਾਂ ਨੂੰ ਵੀ ਯਾਦ ਕੀਤਾ ਕਾਮਰੇਡ ਢੇਰ ਵੱਲੋਂ ਪਾਰਟੀ ਲਈ ਘਾਲੀ ਘਾਲਣਾ ਲਈ ਪਾਰਟੀ ਸਦਾ ਉਹਨਾਂ ਦੀ ਰਿਣੀ ਰਹੇਗੀ ।ਉਹਨਾਂ ਐਲਾਨ ਕੀਤਾ ਕਿ ਪੰਡਿਤ ਰਾਮ ਕ੍ਰਿਸ਼ਨ ਭੜੋਲੀਆ ਭਵਨ ਨੰਗਲ ਵਿਖੇ ਬਣਾਏ ਜਾ ਰਹੇ ਵੱਡੇ ਹਾਲ ਦਾਨਾਂ ਕਾਮਰੇਡ ਗੁਰਦਿਆਲ ਸਿੰਘ ਢੇਰ ਅਤੇ ਡਾਕਟਰ ਮਹਿੰਦਰ ਪਾਲ ਗੌਤਮ ਦੇ ਨਾਂਅ ਤੇ ਹੋਵੇਗਾ। ਉਹਨਾਂ ਕਿਹਾ ਕਿ ਨੌਜਵਾਨ ਭਾਰਤ ਸਭਾ ਦੀ 100ਵੀਂ ਵਰੇਗੰਢ ਕਰਤਾਰ ਸਿੰਘ ਸਰਾਭਾ ਦੇ ਪਿੰਡ 3 ਨਵੰਬਰ ਨੂੰ ਮਨਾਈ ਜਾ ਰਹੀ ਹੈ। ਇਸ ਮੌਕੇ 'ਤੇ ਜ਼ਿਲ੍ਹਾ ਕਮੇਟੀ ਵੱਲੋਂ ਕਿਊਬਾ ਇਕਮੁੱਠਤਾ ਫੰਡ ਇਕੱਠਾ ਕਰਕੇ ਥੈਲੀ ਭੇਂਟ ਕੀਤੀ ਗਈ। ਜਨਵਾਦੀ ਨੌਜਵਾਨ ਸਭਾ ਦੇ ਸੂਬਾਈ ਪ੍ਰਧਾਨ ਸੁਖਵਿੰਦਰ ਸਿੰਘ ਨਾਗੀ,ਜਿਲਾ ਸਕੱਤਰ ਬਜਿੰਦਰ ਪੰਡਿਤ, ਕਾਮਰੇਡ ਸੁਰਜੀਤ ਸਿੰਘ ਢੇਰ, ਕਾਮਰੇਡ ਰਜਿੰਦਰ ਸਿੰਘ ਡੋਡ, ਕਿਸਾਨ ਸਭਾ ਦੇ ਤਹਿਸੀਲ ਪ੍ਰਧਾਨ ਨਰਿੰਦਰ ਸਿੰਘ ਮਾਵੀ ਨੇ ਆਪਣੇ ਵਿਚਾਰ ਪੇਸ਼ ਕੀਤੇ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਤਹਿਸੀਲ ਸਕੱਤਰ ਸੀਪੀਆਈਐਮ ਨੰਗਲ ਸਤਨਾਮ ਸਿੰਘ, ਗੁਰਦਿਆਲ ਸਿੰਘ ਮਾਵੀ,ਕਾਮਰੇਡ ਅਮਰਜੀਤ ਸਿੰਘ ਚੱਕ, ਪ੍ਰੇਮ ਸਿੰਘ ਅਟਵਾਲ, ਗੁਰਦਿਆਲ ਸਿੰਘ ਅਟਵਾਲ, ਕੁਲਵਿੰਦਰ ਸਿੰਘ ਭੰਗਲ, ਹਰਜਾਪ ਸਿੰਘ ਪੰਚ, ਚਾਨਣ ਰਾਮ ਪੰਚ,ਸੋਮ ਸਿੰਘ ਕਰਤਾਰਪੁਰ, ਜਸਵਿੰਦਰ ਸਿੰਘ ਬਡਿਆਲ,ਮਾਸਟਰ ਮਨੋਹਰ ਸਿੰਘ ਅਤੇ ਕਾਮਰੇਡ ਮਹਿੰਦਰ ਸਿੰਘ ਸੰਗਤਪੁਰ ਹਾਜ਼ਰ ਸਨ।ਸਟੇਜ ਸੰਚਾਲਨ ਜਸਵਿੰਦਰ ਸਿੰਘ ਢੇਰ ਤਹਿਸੀਲ ਸਕੱਤਰ ਵੱਲੋਂ ਕੀਤਾ ਗਿਆ।

## ਵਿਸ਼ਵਕਰਮਾ ਦਿਵਸ ਸ਼ਰਧਾ ਨਾਲ ਮਨਾਇਆ



ਚੰਡੀਗੜ੍ਹ (ਗੁਰਜੀਤ ਬਿੱਲਾ)-22 ਅਕਤੂਬਰ ਨੂੰ ਸ੍ਰੀ ਵਿਸ਼ਵਕਰਮਾ ਸਭਾ ਰਜਿਸਟਰਡ ਦੁਆਰਾ ਸ਼੍ਰੀ ਵਿਸ਼ਵਕਰਮਾ ਪੂਜਾ ਦਿਵਸ ਪਿੰਡ ਪਲਸੌਰਾ ਯੂ. ਟੀ. ਚੰਡੀਗੜ੍ਹ ਵਿਖੇ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਦੁਆਰਾ ਸ਼ਰਧਾਪੂਰਵਕ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਵਿੱਚ ਮੁੱਖ ਮਹਿਮਾਨ ਸਰਦਾਰ ਸਤਨਾਮ ਸਿੰਘ ਸੰਧੂ ਪਾਰਲੀਮੈਂਟ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਚਾਂਸਲਰ ਪਹੁੰਚੇ। ਵਿਸ਼ੇਸ਼ ਮਹਿਮਾਨਾਂ ਵਿੱਚ ਅਨਿਲ ਦੂਬੇ ਸਾਬਕਾ ਡਿਪਟੀ ਮੇਅਰ, ਦਰਸ਼ਨ ਗਰਗ, ਦਲਜੀਤ ਲੰਬੜਦਾਰ, ਬਲਬੀਰ ਚੰਦ, ਮਨਦੀਪ ਸਿੰਘ ਧੀਮਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਵੇਰੇ ਹਵਨ ਕਰਨ ਤੋਂ ਬਾਅਦ ਸਰਧਾਲੂਆਂ ਦੁਆਰਾ ਵਿਸ਼ਵਕਰਮਾ ਭਗਵਾਨ ਦੇ ਦਰਸ਼ਨ ਕਰਕੇ ਪੂਜਾ ਅਰਾਧਨਾ ਕੀਤੀ। ਸੰਗਤਾਂ ਲਈ ਚਾਹ, ਬਰੈਡ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਵਿਸ਼ਵਕਰਮਾ ਜੀ ਦੀ ਉਸਤਤ ਵਿੱਚ ਢਾਡੀ ਜੱਥਿਆਂ ਦੁਆਰਾ ਵਾਰਾਂ ਗਾਈਆਂ ਗਈਆਂ। ਹੁਸ਼ਿਆਰ ਮਾਹੀ, ਰਮਨ ਸੱਗੂ, ਲੱਖਵੀਰ ਲੱਖਾ, ਜਸਪ੍ਰੀਤ ਜੱਸੀ, ਮਿਸ ਰੰਜਨਾ, ਬਲਦੇਵ ਕਾਕੜੀ, ਹਰਿੰਦਰ ਹਰ, ਦਿਵਯਾ ਜੁਗਨੀ ਕਲਾਕਾਰਾਂ ਵੱਲੋਂ ਧਾਰਮਿਕ ਅਤੇ ਸੱਭਿਆਚਾਰ ਗਾਣਿਆਂ ਦੁਆਰਾ ਬਾਬਾ ਜੀ ਦਾ ਗੁਣਗਾਨ ਕੀਤਾ ਗਿਆ । ਦੁਪਹਿਰ ਸਮੇਂ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਗਿਆ ਲੰਗਰ ਸੰਗਤਾਂ ਵਿੱਚ ਵਰਤਾਇਆ ਗਿਆ। ਮਹਿਲਾਂ ਕੀਰਤਨ ਮੰਡਲੀ ਵੱਲੋ ਵਿਸ਼ੇਸ਼ ਪ੍ਰੋਗਰਾਮ ਕਰਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਵਿਸ਼ੇਸ਼ ਮੌਕੇ ਤੇ ਪ੍ਰਧਾਨ ਦਿਲਬਾਗ ਸਿੰਘ, ਉਪ ਪ੍ਰਧਾਨ ਭਜਨ ਲਾਲ, ਸਕੱਤਰ ਮੁਲਖ ਰਾਜ, ਚੇਅਰਮੈਨ ਅਸ਼ੋਕ ਕੁਮਾਰ ਕੈਸ਼ੀਅਰ ਓਮ ਪ੍ਰਕਾਸ਼, ਕਾਰਜਕਾਰੀ ਮੈਂਬਰ ਸੁਰਜੀਤ ਰਾਮ, ਚੰਨਣ ਰਾਮ, ਕੁਲਵੰਤ ਸਿੰਘ ਅਮਰਜੀਤ ਸਿੰਘ ਅਤੇ ਜਸਵਿੰਦਰ ਕੁਮਾਰ ਹਾਜ਼ਰ ਸਨ।

# ਕਲਾਸੀਫਾਈਡ ਇਸ਼ਤਿਹਾਰ

### Change of Name

I, Parminder Jit S/o Paramjit Singh R/o Village Badhna, PO Bachhohi, Tehsil Garhshankar Distt. Hoshiarpur Punjab declare that my name is Parminder Jit. JIt is my surname and my given name is Parminder. Concerned note.

I Karan S/o Surinder pal R/O-Vill. Chuharwali, Distt Jalandhar 144102 Have changed my name from Karan to Karan Jhamat.

I Harjinder Singh S/o Kuldip Singh R/o V.P.O Dhanowali , Tehsil & Distt Jalandhar have changed my minor daughter's name from Shriya to Shriya Kaur. All concerned please note.

I Gurleen d/o Mohinder Pal VPO Khurdpur, Adampur jalandhar, punjab, 144102 have changed my name from Gurleen to Gurleen Kaur.

I, Gurpreet Singh and Gurpreet Singh Matta S/o Harmohan Singh R/o H.No.S 17/1098, Ward No.41, Chowk Karori, Amritsar have declare that above both names are mine one and same person

I, Samriti Budhiraja D/o Ved Parkash R/o Flat No.21 Mig Flats A-Block New Amritsar, Amritsar have changed my name to Priyanka Soni.

I, Nisha W/o Santosh Kumar R/o House No. 1047/22, Kabir Nagar, Grain Market, Jalandhar, Punjab, India, Have changed my name from Nisha to Rani Nisha. (Surname as Rani). All please note.

I Balraj Dosanjh S/O Amarjit Singh R/O Vpo. Dosanjh Kalan, Tehsil. Phillaur, Distt. Jalandhar, Punjab Have changed my name from Balraj Dosanjh to Balraj Singh. Please note.

I Amarjit Dosanjh S/O Bawa Singh R/O Vpo. Dosanjh Kalan, Tehsil Phillaur, Distt. Jalandhar, Punjab Have changed my name from Amarjit Dosanjh To Amarjit Singh. Please note.

I, Neeru W/o Vijay Kumar Gandhi R/o ND : 85, Bikram Pura, Jalandhar, Punjab declare that I have changed my name from Neeru to Neeru Gandhi. Please note.

It is for general information that I, SATBIR KUMAR S/o PARAMJIT SINGH, R/o H.No.98, Mohalla Bhandarian, VPO Alawalpur, Jalandhar, Punjab-144301, declare that name of my father and my mother has been wrongly written as PARAMJIT and PINKY in my Educational Documents. The actual name of my father and my mother is PARAMJIT SINGH and PINKI, which may be amended accordingly.

I, Meena Rani W/o Preet Harpal Mahenia R/o Ajit Nagar, Wazir Bhullar, PO. & Tehsil Beas, Distt. Amritsar, Punjab, India have changed my name from Meena Rani to Meena Rani Mahenia after marriage. All concerned please note.

I, Anju w/o Mohinder Pal Dhamija r/o H.No.279, New Suraj Ganj West, Jalandhar have changed my name from Anju to Anju Dhamija (Surname as Dhamija) All Please Note.

I, Jaskaran D/o Harjit Singh R/o VPO. Bhandal Bet, Distt. Kapurthala, Punjab have changed my name from Jaskaran to Jaskaran Kaur. All Please Note.

I, Jasbir Singh S/o Kuldeep Singh R/o H.No. 358, Preet Nagar, Sodal Road, Jalandhar, Punjab have changed my name to Given name as Jasbir & Surname as Singh. All Please Note.

I, Kamaldeep Singh S/o Joginder Singh Perhar R/o 1215, Urban Estate, Phase-2, Near Geeta Mandir, Po. Garha, Jalandhar, Punjab have changed my name to Kamaldeep Singh Perhar. All Please Note.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### Change of Name

I, Namita w/o Amrit Rai r/o VPO. Isharwal, Distt. Jalandhar-144102, Punjab have changed my name from Namita to Namita Rai. All Please Note.

I, Monika Dangi W/o Eakem Pal R/o VPO. Kala Bakra, Distt. Jalandhar, Punjab have changed my name from Monika Dangi to Monika Arora. All Please Note.

I, Manjit Kaur W/o Tarvinder Singh R/o Village Harsi Pind, Teh. Tanda, Distt. Hoshiarpur (Punjab) have changed my name to Manjit Kaur Saini. All Concerned note please.

I, Ramandeep Kaur W/o Palwinder Singh, R/o Village Lehal, P.O. Dhariwal, District Gurdaspur, Punjab, declare that my name has been incorrectly written as "Ramandep Kaur" in Matriculation certificate. Ramandeep Kaur and Ramandep Kaur are same person i.e me.

I, Mehtab Singh S/o Bhupinder Singh Kaler. R/o Village Narpur, Po. Chor Sidhwan, Distt. Gurdaspur, Punjab-143521, India. Have Changed my name from Mehtab Singh to Mehtab Singh Kaler.

I, Sandeep Singh S/o Avtar Singh R/o House No. B-18/231, Govt. Collage Road, Anand Nagar, Pale Da Bagh, Tehsil and Distt. Hoshiarpur Punjab declare that my name is Sandeep Singh. Singh is my surname and my given name is Sandeep. Concerned note.

### PUBLIC NOTICE

I, Santosh Brar W/o Chand Singh R/o H.No. 5, Ward No. 2, Shahid Bhagat Singh Colony, Jalandhar (Holder of Indian Passport No. K 2407649) declare that my name wrongly written as Santosh Brarh in my Passport, but my actual name is Santosh Brar. Please Note.

I Jasvir Singh, S/o Mohan Singh,R/o 215, Subhana Jalandhar declare that my son Vansh is out of my control. So I disown him from all my moveable and immovable property. Anybody deal with him at their own risk and responsibility. All concerned may note.

### ਬੇਦਖਲੀ ਨੋਟਿਸ

ਮੈਂ ਸੰਤੋਖ ਸਿੰਘ ਪੁੱਤਰ ਅਜੀਤ ਸਿੰਘ, ਸਰਬਜੀਤ ਕੌਰ ਪਤਨੀ ਸੰਤੋਖ ਸਿੰਘ ਵਾਸੀਅਨ ਮੁੱਹਲਾ ਹੁਸੈਨਪੁਰਾ ਅਟਾਰੀ, ਥਾਣਾ ਘਰਿੰਡਾ, ਸਬ ਤਹਿਸੀਲ ਅਟਾਰੀ ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਤਰਸੇਮ ਸਿੰਘ ਅਤੇ ਇਸਦੀ ਪਤਨੀ ਜੋ ਕਿ ਸਾਡੇ ਕਹਿਣੇ ਤੋ ਬਾਹਰ ਹਨ ਅਤੇ ਅਪਣੀ ਮਨ ਮਰਜੀ ਕਰਦੇ ਹਨ । ਇਹ ਹੈ ਕਿ ਸਾਡਾ ਲੜਕਾ ਤਰਸੇਮ ਸਿੰਘ ਅਤੇ ਇਸਦੀ ਪਤਨੀ ਜਿਹਨਾਂ ਨੂੰ ਅਸੀਂ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋ ਬੇਦਖਲ ਕਰਦੇ ਹਾਂ। ਇਹਨਾਂ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਇਹਨਾਂ ਦੇ ਨਾਲ ਸਾਡਾ ਅਤੇ ਸਾਡੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ।ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ, ਪ੍ਰਿੰਸ ਕੁਮਾਰ ਪੁੱਤਰ ਸ੍ਰੀ ਸ਼ਾਮ ਲਾਲ, ਵਾਸੀ ਮਕਾਨ ਨੰ: 32, ਮੁਹੱਲਾ ਕਮਲ ਵਿਹਾਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਅੰਕੁਰ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰਾਮ ਪਿਆਰੀ ਪਤਨੀ ਲੇਟ ਪ੍ਰਕਾਸ਼ ਰਾਮ ਵਾਸੀ ਪਿੰਡ ਸਲੇਮਪੁਰ ਮੁਸਲਮਾਨਾਂ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਸ਼ਮੀਰੀ ਲਾਲ ਅਤੇ ਉਸ ਦੀ ਪਤਨੀ ਰੀਟਾ ਦੇਵੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਇਕ ਸਾਲ ਦੇ ਵੱਧ ਸਮੇਂ ਤੋਂ ਮੇਰੀ ਇਨ੍ਹਾਂ ਨਾਲ ਕੋਈ ਗੱਲ-ਬਾਤ ਨਹੀਂ ਹੈ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਕੰਮਾਂ ਦੇ ਖੁਦ ਜ਼ਿੰਮੇਵਾਰ ਹੋਣਗੇ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਭਗਤ ਸਿੰਘ ਪੁੱਤਰ ਜਸਵੰਤ ਸਿੰਘ, ਵਾਸੀ ਪਿੰਡ ਝਬਾਲ ਕਲਾਂ, ਪੱਤੀ ਪੱਕਾ ਕਿਲ੍ਹਾ, ਤਹਿਸੀਲ ਵਾ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਨੂਰਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਸੋਨੂ ਪੁੱਤਰ ਸ਼੍ਰੀ ਠਾਕੁਰ ਲਾਲ ਵਾਸੀ ਮਕਾਨ ਨੰਬਰ .1, ਬੰਦਾ ਬਹਾਦੁਰ ਨਗਰ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰੇ ਲੜਕਾ ਸੌਰਵ ਸੌਂਧੀ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

### ਬੇਦਖਲੀ ਨੋਟਿਸ

ਮੈਂ, ਸੋਮਾ ਦੇਵੀ ਪਤਨੀ ਲੇਟ ਸ੍ਰੀ ਧਰਮ ਪਾਲ ਵਾਸੀ ਮਕਾਨ ਨੰਬਰ 495, ਮੁਹੱਲਾ ਬੋਹੜ ਵਾਲਾ ਮਕਸੂਦਾਂ, ਜਲੰਧਰ-144008, ਪੰਜਾਬ ਬਿਆਨ ਕਰਦੀ ਹਾਂ ਮੇਰਾ ਲੜਕਾ ਰਜੇਸ਼ ਅਤੇ ਉਸ ਦੀ ਪਤਨੀ ਲਵਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਹਰਪਾਲ ਸਿੰਘ ਪੁੱਤਰ ਵੀਰ ਸਿੰਘ ਪਿੰਡ ਦੁਲਚੀ ਮਾਜਰਾ ਤਹਿਸੀਲ ਚਮਕੌਰ ਸਾਹਿਬ ( ਰੂਪਨਗਰ ) ਨੇ ਆਪਣੀ ਨੂੰਹ ਅਮਨਦੀਪ ਕੌਰ ਪਤਨੀ ਪਰਮਜੀਤ ਸਿੰਘ ਅਤੇ ਪੋਤਰੀ ਸ਼ੁਖਮਨੀ ਮਹਿਤੋ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ, ਕਿਉਂਕਿ ਇਹ ਮੇਰੇ ਕਹਿਣੇ ਤੋਂ ਬਾਹਰ ਹਨ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ ਲਛਮਣ ਦਾਸ ਪੁੱਤਰ ਚੂਹੜ ਮੱਲ ਵਾਸੀ 29. 742/112 , ਸੰਤੋਖਪੁਰਾ , ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿੰਸ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ। ਇਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਂਗੀ। ਸੰਬੰਧਿਤ ਨੋਟ ਕਰਨ।

ਮੈਂ ਤਾਰਾ ਪਤਨੀ ਕਾਲੂ ਰਾਮ ਵਾਸੀ ਗਲੀ ਨੰਬਰ 6/1/2 ਤੇਜ ਮੋਹਨ ਨਗਰ, ਪਿੱਛੇ ਸੁਮੀਤ ਚੱਪਲ ਫੈਕਟਰੀ ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰੀ ਨੂੰਹ ਸੁਦੇਸ਼ ਪਤਨੀ ਦੇਵ ਰਾਜ, ਮੇਰਾ ਪੋਤਾ ਅਭਿ ਅਤੇ ਉਸਦੀ ਪਤਨੀ ਮਾਨਸੀ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ।ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਹੀਰਾ ਸਿੰਘ ਪੁੱਤਰ ਮੁਖਤਾਰ ਸਿੰਘ ਅਤੇ ਬਲਜੀਤ ਕੌਰ ਪਤਨੀ ਹੀਰਾ ਸਿੰਘ, ਵਾਸੀ ਪੱਤੀ, ਬਾਬਾ ਜੀਵਨ ਸਿੰਘ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਜਨ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹਾਂ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਅਤੇ ਸਾਡੇ ਦਾ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਰਵੀ ਕੁਮਾਰ ਪੁੱਤਰ ਸ਼੍ਰੀ ਧੰਨਪਤ ਰਾਏ ਵਾਸੀ ਮਕਾਨ ਨੰ: ਐਨ.ਐਚ 348, ਮੁੱਹਲਾ ਨੀਲਾ ਮਹਿਲ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਰੀਨਾ ਅਤੇ ਮੇਰੇ ਦੋਵੇਂ ਬੱਚੇ ਲੜਕੀ ਹਿਮਾਨੀ ਅਤੇ ਲੜਕਾ ਜਤੀਨ ਨਾਹਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸਰਵਣ ਰਾਮ ਪੁੱਤਰ ਮੁਨਸ਼ੀ ਰਾਮ ਵਾਸੀ ਪਿੰਡ ਬਘਾਣਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਗੁਰਮੇਜ਼ ਕੌਰ, ਮੇਰਾ ਲੜਕਾ ਪਲਵਿੰਦਰ ਕੁਮਾਰ ਅਤੇ ਨੂੰਹ ਰਾਜ ਰਾਣੀ ਤਿੰਨੋ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਮਨਿੰਦਰਜੀਤ ਕੌਰ ਪੁੱਤਰੀ ਸ. ਨਿਰੰਜਨ ਸਿੰਘ ਚੱਢਾ ਵਾਸੀ ਮਕਾਨ ਨੰਬਰ B-IX-733/19, New Santokh Pura, Jalandhar, Punjab ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਰਜਵੰਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਰਾਜਿੰਦਰ ਲੂਥਰਾ ਪੁੱਤਰ ਤਿਲਕ ਰਾਜ ਅਤੇ ਆਸੂ ਲੂਥਰਾ ਪਤਨੀ ਰਾਜਿੰਦਰ ਲੂਥਰਾ ਦੋਨੋਂ ਵਾਸੀਆਨ ਮਕਾਨ ਨੰ. 334, ਸ਼ਹੀਦ ਭਗਤ ਸਿੰਘ ਨਗਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਯੋਗੇਸ਼ ਲੂਥਰਾ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਅਸੀਂ, ਹਰੀਸ਼ ਚੰਦਰ ਪੁੱਤਰ ਕਰਮ ਚੰਦ ਅਤੇ ਜੋਗਿੰਦਰ ਕੌਰ ਪਤਨੀ ਹਰੀਸ਼ ਚੰਦਰ ਦੋਨੋਂ ਵਾਸੀਆਨ ਪਿੰਡ ਮੰਡ ਮੋੜ, ਕਰਤਾਰਪੁਰ, (ਪੇਂਡੂ) ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਦਲਵਿੰਦਰ ਕੁਮਾਰ ਅਤੇ ਉਸਦੀ ਪਤਨੀ ਸਰਬਜੀਤ ਕੌਰ ਅਤੇ ਇਨ੍ਹਾਂ ਦੀਆ ਦੋ ਲੜਕੀਆ ਮੁਸਕਾਨ ਅਤੇ ਅਨਾਇਆ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਸਾਰਿਆਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਬਲਦੇਵ ਪੁੱਤਰ ਸ਼੍ਰੀ ਸੋਹਣ, ਵਾਸੀ ਨਵਾਂ ਪਿੰਡ ਦੋਨੇਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144629 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਕਾਸ਼ਦੀਪ ਉਰਫ ਅਕਾਸ਼ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਨਾਲ ਲੜਾਈ-ਝਗੜਾ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹਾਂ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

### Lost and Found

It is notified for the information that my the lost transfer deed dated) 02-01-2018 having Document No. 4894 Executed By Sheela Devi D/o Sadhu Ram S/O Sonu Residence of Janial, Sub Tehsil Bamial, In Favor of Anju Bala D/o Sheela Devi D/o Sadhu Ram residence of Gadra Lahri - The Loss Of Transfer Deed To Property Measuring 11 Marla, Khasra No 144 Kul Rakba 1 Kanal 2 Marle Hadbast No. 145 Tehsil Pathankot Jamabandi Year 2010-11 Actually Lost At Near Bus Stand Date Of Lost 16-07-2025, Date Of Report 26-09-2025 Psoc Taragarh Pathankot. Lr. No.633516/2025, if anybody found below address Sanjeev Kumar S/O Bishan R/o Baknaur, Pathankot and Rajinder Kumar Advocate, Mobile 98727-54226

### Public Notice

ਪੰਜਾਬ ਗ੍ਰਾਮੀਣ ਬੈਂਕ ਜਾਇਦਾਦ ਦੇ ਸਬੰਧ ਵਿੱਚ ਈ.ਐਮ. ਬਣਾਉਣ ਦਾ ਇਰਾਦਾ ਰੱਖਦਾ ਹੈ, ਜਿਸਦੇ ਵੇਰਵੇ ਪਲਾਟ ਨੰਬਰ 37-ਬੈਂਕ ਕਲੋਨੀ, ਸਲੀਮਪੁਰ ਮੁਸਲਮਾਨਾ ਰੋਡ, ਜਲੰਧਰ ਹਨ.. ਮੂਲ ਵਿਕਰੀ ਡੀਡ ਨੰਬਰ 9154 ਮਿਤੀ 12.12.2012 ਗੁੰਮ ਹੋ ਗਿਆ ਸੀ, ਜਿਸ ਸੰਬੰਧੀ ਡੀਡੀਆਰ/ਜੀ.ਡੀ. ਨੰ.26 ਮਿਤੀ 24.09.2024 ਨੂੰ ਪੁਲਿਸ ਸਟੇਸ਼ਨ ਡਿਵੀਜ਼ਨ ਨੰਬਰ 1, ਜਲੰਧਰ ਵਿਖੇ ਦਰਜ ਕੀਤਾ ਗਿਆ ਸੀ.. ਜਾਇਦਾਦ ਵਿੱਚ ਕਿਸੇ ਵੀ ਹਿੱਤ ਜਾਂ ਮਾਲਕੀ ਦਾ ਦਾਅਵਾ ਕਰਨ ਵਾਲਾ ਜਾਂ ਕਿਸੇ ਹੋਰ ਤਰ੍ਹਾਂ ਦਾ ਕੋਈ ਇਤਰਾਜ਼ ਹੋਣ ਵਾਲਾ ਕੋਈ ਵੀ ਵਿਅਕਤੀ ਅਜਿਹੇ ਨੋਟਿਸ ਦੇ ਸੱਤ ਦਿਨਾਂ ਦੇ ਅੰਦਰ ਬੈਂਕ ਨੂੰ ਪ੍ਰਤੀਨਿਧਤਾ ਦੇ ਸਕਦਾ ਹੈ... ਪ੍ਰਾਪਤ ਹੋਏ ਇਤਰਾਜ਼, ਜੇਕਰ ਕੋਈ ਹੋਵੇ, ਦੀ ਜਾਂਚ ਕਰਨ ਤੋਂ ਬਾਅਦ ਮੌਰਗੇਜ ਸਵੀਕਾਰ ਕਰਨ ਸੰਬੰਧੀ ਹੋਰ ਵਿਚਾਰ ਲਿਆ ਜਾ ਸਕਦਾ ਹੈ।ਪੰਜਾਬ ਗ੍ਰਾਮੀਣ ਬੈਂਕ ਜਾਇਦਾਦ ਦੇ ਸਬੰਧ ਵਿੱਚ ਈ.ਐਮ. ਬਣਾਉਣ ਦਾ ਇਰਾਦਾ ਰੱਖਦਾ ਹੈ, ਜਿਸਦੇ ਵੇਰਵੇ ਪਲਾਟ ਨੰਬਰ 37-ਬੈਂਕ ਕਲੋਨੀ, ਸਲੀਮਪੁਰ ਮੁਸਲਮਾਨਾ ਰੋਡ, ਜਲੰਧਰ ਹਨ.. ਮੂਲ ਵਿਕਰੀ ਡੀਡ ਨੰਬਰ 9154 ਮਿਤੀ 12.12.2012 ਗੁੰਮ ਹੋ ਗਿਆ ਸੀ, ਜਿਸ ਸੰਬੰਧੀ ਡੀਡੀਆਰ/ਜੀ.ਡੀ. ਨੰ.26 ਮਿਤੀ 24.09.2024 ਨੂੰ ਪੁਲਿਸ ਸਟੇਸ਼ਨ ਡਿਵੀਜ਼ਨ ਨੰਬਰ 1, ਜਲੰਧਰ ਵਿਖੇ ਦਰਜ ਕੀਤਾ ਗਿਆ ਸੀ.. ਜਾਇਦਾਦ ਵਿੱਚ ਕਿਸੇ ਵੀ ਹਿੱਤ ਜਾਂ ਮਾਲਕੀ ਦਾ ਦਾਅਵਾ ਕਰਨ ਵਾਲਾ ਜਾਂ ਕਿਸੇ ਹੋਰ ਤਰ੍ਹਾਂ ਦਾ ਕੋਈ ਇਤਰਾਜ਼ ਹੋਣ ਵਾਲਾ ਕੋਈ ਵੀ ਵਿਅਕਤੀ ਅਜਿਹੇ ਨੋਟਿਸ ਦੇ ਸੱਤ ਦਿਨਾਂ ਦੇ ਅੰਦਰ ਬੈਂਕ ਨੂੰ ਪ੍ਰਤੀਨਿਧਤਾ ਦੇ ਸਕਦਾ ਹੈ... ਪ੍ਰਾਪਤ ਹੋਏ ਇਤਰਾਜ਼, ਜੇਕਰ ਕੋਈ ਹੋਵੇ, ਦੀ ਜਾਂਚ ਕਰਨ ਤੋਂ ਬਾਅਦ ਮੌਰਗੇਜ ਸਵੀਕਾਰ ਕਰਨ ਸੰਬੰਧੀ ਹੋਰ ਵਿਚਾਰ ਲਿਆ ਜਾ ਸਕਦਾ ਹੈ।

### COURT NOTICE

(U/o 5 Rule 20 CPC)
In the Court of
Ms. Monika Chouhan
Additional Civil Judge (Senior Division) Khadoor Sahib

Next Date, Purpose of case, Orders and Judgments as well as other case information is available on http://districts.ecourts.gov.in

CNR No. PBTTB0-000344-2024
Next Date:- 20-11-2025
Tarlok Singh Vs.
Harbhajan Singh

Publication Issued To:
1. Ramesh Kumar S/o Bhatuti Parshad, 2. Robin Singh S/o Kuldeep Singh
Both R/o Sant Chanan Singh Colony Sultanwind Road Tehsil and District Amritsar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-11-2025 at 10:00 a.m.

For details logon to https://highcourtchd.gov.in/?trs=-district notice&district=Tarn Taran

Additional Civil Judge (Senior Division) Khadoor Sahib
Dated, this day of 20-10-2025

### ਅਦਾਲਤੀ ਇਸ਼ਤਿਹਾਰ

ਦਫਤਰ ਸਬ-ਰਜਿਸਟਰਾਰ, ਬਾਬਾ ਬਕਾਲਾ ਸਾਹਿਬ ਜ਼ਿਲ੍ਹਾ ਅੰਮ੍ਰਿਤਸਰ।

ਵਿਸ਼ਾ: ਦਫਾ 40 ਅਧੀਨ ਵਸੀਅਤ ਰਜਿਸਟਰਡ ਕਰਾਉਣ ਲਈ ਇਸ਼ਤਿਹਾਰ ਦੇਣ ਸਬੰਧੀ।

ਰਾਧਾ ਸੁਆਮੀ ਸਤਿਸੰਗ ਬਿਆਸ (ਰਜਿਸਟਰਡ ਸੁਸਾਇਟੀ), ਬਿਆਸ, ਜ਼ਿਲ੍ਹਾ ਅੰਮ੍ਰਿਤਸਰ (ਰਾਹੀਂ ਮੇਜਰ ਸਿੰਘ ਪੁੱਤਰ ਚੰਨਣ ਸਿੰਘ, ਸੇਵਾਦਾਰ) ਨੇ ਇਕ ਵਸੀਅਤ ਬਿਲਾ ਰਜਿਸਟਰੀਸ਼ੁਦਾ ਪੇਸ਼ ਕੀਤੀ ਹੈ। ਇਹ ਵਸੀਅਤ ਮਿਤੀ 12/03/2019 ਨੂੰ ਨਰਿੰਦਰ ਕੁਮਾਰ ਸਦਾਨਾ ਪੁੱਤਰ ਲੇਟ ਸਿਰੀ ਰਾਮ ਸਦਾਨਾ, ਵਾਸੀ ਬੀ-176, ਤੀਜੀ ਮੰਜ਼ਲ, ਡੀ.ਡੀ.ਏ. ਐੱਮ.ਆਈ.ਜੀ ਫਲੈਟਸ, ਈਸਟ ਆਫ ਲੋਨੀ ਰੋਡ, ਚਿੱਤਰਕੂਟ, ਦਿੱਲੀ ਨੇ ਬਹੱਕ ਰਾਧਾ ਸੁਆਮੀ ਸਤਿਸੰਗ ਬਿਆਸ (ਰਜਿਸਟਰਡ ਸੁਸਾਇਟੀ), ਬਿਆਸ, ਜ਼ਿਲ੍ਹਾ ਅੰਮ੍ਰਿਤਸਰ ਲਿਖੀ ਹੋਈ ਹੈ। ਮੇਰੇ ਵੱਲੋਂ ਵਸੀਅਤ ਰਜਿਸਟਰਡ ਕਰਨ ਤੋਂ ਪਹਿਲਾਂ ਸਾਰੀਆਂ ਧਿਰਾਂ ਨੂੰ ਸੁਣਨਾ ਜ਼ਰੂਰੀ ਹੈ।

ਇਸ ਲਈ ਵਸੀਅਤ ਨੂੰ ਰਜਿਸਟਰਡ ਕਰਨ ਸੰਬੰਧੀ ਅਖਬਾਰ ਵਿਚ ਨੋਟਿਸ ਪ੍ਰਕਾਸ਼ਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 30 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਦਫਤਰ ਵਿਚ ਹਾਜ਼ਰ ਹੋ ਕੇ ਲਿਖਤੀ ਇਤਰਾਜ਼ ਪੇਸ਼ ਕਰ ਸਕਦਾ ਹੈ। ਮਿੱਥੇ ਸਮੇਂ ਅੰਦਰ ਇਤਰਾਜ਼ ਪ੍ਰਾਪਤ ਨਾ ਹੋਣ 'ਤੇ ਇਸ ਦਫਤਰ ਵੱਲੋਂ ਵਸੀਅਤ ਰਜਿਸਟਰਡ ਕਰ ਦਿੱਤੀ ਜਾਏਗੀ।

ਅੱਜ ਇਹ ਨੋਟਿਸ ਦਫਤਰੀ ਮੋਹਰ ਅਤੇ ਮੇਰੇ ਹਸਤਾਖਰਾਂ ਨਾਲ ਜਾਰੀ ਹੋਇਆ ਹੈ।

ਸਬ-ਰਜਿਸਟਰਾਰ ਬਾਬਾ ਬਕਾਲਾ ਸਾਹਿਬ।
ਨੰਬਰ : 1389 ਮਿਤੀ : 17.10.25

### ਨਿਲਾਮੀ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ. ਐ. ਸ. ਲੰਗੇਰੀ, ਬਲਾਕ ਮਾਹਿਲਪੁਰ, ਜ਼ਿਲ੍ਹਾ ਹੁਸ਼ਿਆਰਪੁਰ ਦੇ ਰਕਬੇ ਵਿਚ ਖੜ੍ਹੇ 2 ਸਫੈਦੇ ਦੇ ਰੁੱਖਾਂ ਦੀ ਨਿਲਾਮੀ 26.10.2025 ਨੂੰ ਸਵੇਰੇ 10 ਵਜੇ ਸਕੂਲ ਵਿਚ ਕਰਵਾਈ ਜਾਵੇਗੀ। ਨਿਲਾਮੀ ਵਿਚ ਭਾਗ ਲੈਣ ਲਈ 2000/- ਰੁਪਏ ਸਕਿਉਰਿਟੀ ਰਾਸ਼ੀ (ਵਾਪਸੀ ਯੋਗ) ਲਈ ਜਾਵੇਗੀ। ਬਾਕੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਸੰਪਰਕ : ਸਕੂਲ ਇੰਚਾਰਜ ਸ. ਐ. ਸ. ਲੰਗੇਰੀ, ਮੋਬਾ: 94639-56521

### ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਪ੍ਰੇਮ ਲਾਲ | ਪਿਤਾ/ਪਤੀ ਦਾ ਨਾਮ : ਦੇਵ

ਪਤਾ: Village Kang Khurd, Village-Kang Khurd/ Tehsil-Shahkot/ District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ : ਅੰਮ੍ਰਿਤਪਾਲ ਦੇਧਰ | ਪੱਕਾ ਪਤਾ: Village Kang Khurd, Kang Khurd, Sub-Tehsil Shahkot, Jalandhar, Punjab | ਵਿਦੇਸ਼ੀ ਪਤਾ: Via Alcide Dei Gasperi 18 Aprilia Lt 04011 Italy/ਵਾਇਆ ਅਲਸਾਈਡ ਦੇਈ ਗੈਸਪੇਰੀ 18 ਅਪ੍ਰੈਲੀਆ ਐਲ ਟੀ 04011 ਇਟਲੀ

ਉਮਰ/ਜਨਮ ਮਿਤੀ : 29-(28/07/1996)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 16.10.2025 ਨੂੰ ਜਾਰੀ ਹੋਇਆ।

ਨੰਬਰ 83/ਨੰਬਰ/ਰੀਡਰ | ਮਿਤੀ 16.10.2025 | ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

### TO WHOM THIS MAY CONCERN

This to inform general public that Mr, Paramjeet Singh has availed home loan/ loan against property from AXIS Bank Limited and have deposited following original title deeds for availing housing/loan against property under Loan ref no. PHR015502929769 and said documents have been misplaced inadvertently and unfortunately we are unable to trace the same at our end in spite of our best and sincere efforts. We have made our sincere efforts and tried our level best to trace the said document/documents as stated below, but unfortunately could not succeed in tracing the said original documents. Hence, the same has been concluded by us as lost somewhere during the transit of documents. Concluding the documents as lost/misplaced does not mean that we have stopped our efforts to trace the said documents, in fact we have been continuously searching up for misplaced documents at every nook and corner of the Bank.

Details of documents are as under:-

1. Original sale deed no 6152 dated 14.09.2017 in favor of Nidhi Narang.
2. Original sale deed no 7774 dated 16.01.14 in favor of Harish Bala W/o Ajay Narang.
3. Original sale deed dated 05.02.2018 no. 11990 in favor of Paramjeet Singh.
4. Original GPA no 2701 dated 16.01.2014 in favor of Rajneesh Sharma.
5. Original transfer deed no 6154 dated 14.09.2017 as executed by Nidhi Narang in favor of Ajay Narang.
6. Original transfer deed no 6153 dated 14.09.2017 in favor of Nidhi Narang.

We further call upon general public at large to inform the Bank in case some-one finds the documents mentioned below or has any information qua these documents at following address AXIS BANK LIMITED, 4th Floor, Plot no. 334, Lajpatnagar, Guru Nanak Mission Chownk, Jalandhar.

For Axis Bank Limited, Jalandhar
Mr. Taranjit Singh( Manager)

### ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਰਸੇਮ ਲਾਲ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-1, ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ

ਕੇਸ ਨੰਬਰ :- Other Cases/11/2022 ਕਿਸਮ ਕੇਸ : ਤਕਸੀਮ ਪਿੰਡ : ਲੱਧੇਵਾਲ ਤਾਰੀਖ ਪੇਸ਼ੀ : 04.11.2025

ਅਨੁਵਾਨ : ਸਰਬਜੀਤ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ, ਪਿੰਡ ਧੱਤਲ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ

ਬਨਾਮ

ਲਖਬੀਰ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ ਅਤੇ ਹੋਰ

ਦਰਖਾਸਤ ਬਾਬਤ ਜ਼ੇਰੇ ਧਾਰਾ 111 ਪੰਜਾਬ ਲੈਂਡ ਰੈਵੀਨਿਊ ਐਕਟ ਬਾਬਤ ਜ਼ਮੀਨ ਕੁੱਲ ਰਕਬਾ 95 ਕਨਾਲ 04 ਮਰਲੇ, ਖੇਵਟ ਨੰਬਰ 93 ਖਤੌਨੀ ਨੰਬਰ, 268 ਵਾਕਿਆ ਰਕਬਾ ਪਿੰਡ ਲੱਧੇਵਾਲ, ਸਬ-ਤਹਿ: ਅਟਾਰੀ, ਤਹਿ: ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ।

ਉਪਰੋਕਤ ਅਨੁਵਾਨ ਕੇਸ ਵਿੱਚ ਤਾਰੀਖ ਪੇਸ਼ੀ ਮਿਤੀ 04.11.2025 ਨੂੰ ਸੁਣਵਾਈ ਲਈ ਨਿਸ਼ਚਿਤ ਹੋਈ ਹੈ। ਹੇਠ ਲਿਖੇ ਉੱਤਰਵਾਦੀ ਧਿਰਾਂ ਨੂੰ ਇਸ ਅਖਬਾਰ ਨੋਟਿਸ/ਅਦਾਲਤੀ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਕੇਸ ਦੀ ਪੈਰਵੀ ਲਈ ਮਿਤੀ 04.11.2025 ਨੂੰ ਸਵੇਰੇ 10:00 ਵਜੇ ਇਸ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ । ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ । ਇਹ ਅਦਾਲਤੀ ਇਸ਼ਤਿਹਾਰ ਨਿਮਨਹਸਤਾਖਰ ਦੀ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

ਉੱਤਰਵਾਦੀ ਨੰ: 1. ਲਖਬੀਰ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 2. ਅਮਰੀਕ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ (ਮ੍ਰਿਤਕ) ਰਾਹੀਂ ਕਾਨੂੰਨੀ ਵਾਰਸ ਬਲਕਾਰ ਸਿੰਘ ਪੁੱਤਰ ਮ੍ਰਿਤਕ ਅਮਰੀਕ ਸਿੰਘ, ਬਾਵਾ ਸਿੰਘ ਪੁੱਤਰ ਮ੍ਰਿਤਕ ਅਮਰੀਕ ਸਿੰਘ, ਬੂਆ ਸਿੰਘ ਪੁੱਤਰ ਮ੍ਰਿਤਕ ਅਮਰੀਕ ਸਿੰਘ (ਮ੍ਰਿਤਕ) ਰਾਹੀਂ ਕਾਨੂੰਨੀ ਵਾਰਸ, ਰਣਜੀਤ ਕੌਰ ਵਿਧਵਾ ਬੂਆ ਸਿੰਘ, ਕਰਮਜੀਤ ਸਿੰਘ ਪੁੱਤਰ ਬੂਆ ਸਿੰਘ, ਜਸਕਰਨ ਸਿੰਘ ਪੁੱਤਰ ਬੂਆ ਸਿੰਘ, ਸਿਮਰਨਜੀਤ ਕੌਰ ਪੁੱਤਰੀ ਬੂਆ ਸਿੰਘ, 3. ਅਜੀਤ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 4. ਜਸਪਾਲ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 5. ਗੁਰਜੰਟ ਸਿੰਘ ਪੁੱਤਰ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 6. ਲਵਪ੍ਰੀਤ ਸਿੰਘ ਪੁੱਤਰ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 7. ਕੁਲਜਿੰਦਰ ਕੌਰ ਪੁੱਤਰੀ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 8. ਰਾਜਵਿੰਦਰ ਕੌਰ ਪੁੱਤਰੀ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 9. ਹਰਜਿੰਦਰ ਕੌਰ ਵਿਧਵਾ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 10. ਸਤਨਾਮ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 11. ਨਿਰਮਲ ਸਿੰਘ ਪੁੱਤਰ ਦਲੀਪ ਸਿੰਘ, ਸਾਰੇ ਵਾਸੀਅਨ ਪਿੰਡ ਲੱਧੇਵਾਲ, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ, 12. ਅੰਮ੍ਰਿਤਸਰ ਪ੍ਰਾਇਮਰੀ ਐਗਰੀਕਲਚਰ ਡਿਵੈੱਲਪਮੈਂਟ ਬੈਂਕ, ਅੰਮ੍ਰਿਤਸਰ, 13. ਪੰਜਾਬ ਨੈਸ਼ਨਲ ਬੈਂਕ, ਸ਼ਾਖਾ ਬਾਸਰਕੇ ਗਿੱਲਾਂ, ਅੰਮ੍ਰਿਤਸਰ, 14. ਪੰਜਾਬ ਨੈਸ਼ਨਲ ਬੈਂਕ, ਸ਼ਾਖਾ ਭਕਨਾ, ਅੰਮ੍ਰਿਤਸਰ,

ਨੰਬਰ, ਰੀਡਰ/503 ਮਿਤੀ : 21/10/25 | ਸਹਾਇਕ ਕੁਲੈਕਟਰ ਦਰਜਾ-1, ਅਟਾਰੀ (ਅੰਮ੍ਰਿਤਸਰ)

### ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਰਸੇਮ ਲਾਲ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-1, ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ

ਕੇਸ ਨੰਬਰ :- Other Cases/12/2022, ਕਿਸਮ ਕੇਸ : ਤਕਸੀਮ, ਪਿੰਡ : ਲੱਧੇਵਾਲ, ਤਾਰੀਖ ਪੇਸ਼ੀ : 04.11.2025

ਅਨੁਵਾਨ : ਸਰਬਜੀਤ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ, ਪਿੰਡ ਧੱਤਲ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ

ਬਨਾਮ

ਲਖਬੀਰ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ ਅਤੇ ਹੋਰ

ਦਰਖਾਸਤ ਬਾਬਤ ਜ਼ੇਰੇ ਧਾਰਾ 111 ਪੰਜਾਬ ਲੈਂਡ ਰੈਵੀਨਿਊ ਐਕਟ ਬਾਬਤ ਜ਼ਮੀਨ ਕੁੱਲ ਰਕਬਾ 08 ਕਨਾਲ, ਖੇਵਟ ਨੰਬਰ 94 ਖਤੌਨੀ ਨੰਬਰ 269 ਵਾਕਿਆ ਰਕਬਾ ਪਿੰਡ ਲੱਧੇਵਾਲ, ਸਬ-ਤਹਿ: ਅਟਾਰੀ, ਤਹਿ: ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ

ਉਪਰੋਕਤ ਅਨੁਵਾਨ ਕੇਸ ਵਿੱਚ ਤਾਰੀਖ ਪੇਸ਼ੀ ਮਿਤੀ 04.11.2025 ਨੂੰ ਸੁਣਵਾਈ ਲਈ ਨਿਸ਼ਚਿਤ ਹੋਈ ਹੈ। ਹੇਠ ਲਿਖੇ ਉੱਤਰਵਾਦੀ ਧਿਰਾਂ ਨੂੰ ਇਸ ਅਖਬਾਰ ਨੋਟਿਸ/ਅਦਾਲਤੀ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਕੇਸ ਦੀ ਪੈਰਵੀ ਲਈ ਮਿਤੀ 04.11.2025 ਨੂੰ ਸਵੇਰੇ 10:00 ਵਜੇ ਇਸ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ । ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ । ਇਹ ਅਦਾਲਤੀ ਇਸ਼ਤਿਹਾਰ ਨਿਮਨਹਸਤਾਖਰ ਦੀ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

ਉੱਤਰਵਾਦੀ ਨੰ: 1. ਲਖਬੀਰ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 2. ਅਮਰੀਕ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ (ਮ੍ਰਿਤਕ) ਰਾਹੀਂ ਕਾਨੂੰਨੀ ਵਾਰਸ ਬਲਕਾਰ ਸਿੰਘ ਪੁੱਤਰ ਮ੍ਰਿਤਕ ਅਮਰੀਕ ਸਿੰਘ ਬਾਵਾ ਸਿੰਘ ਪੁੱਤਰ ਮ੍ਰਿਤਕ ਅਮਰੀਕ ਸਿੰਘ, ਬੂਆ ਸਿੰਘ ਪੁੱਤਰ ਮ੍ਰਿਤਕ ਅਮਰੀਕ ਸਿੰਘ (ਮ੍ਰਿਤਕ) ਰਾਹੀਂ ਕਾਨੂੰਨੀ ਵਾਰਸ, ਰਣਜੀਤ ਕੌਰ ਵਿਧਵਾ ਬੂਆ ਸਿੰਘ, ਕਰਮਜੀਤ ਸਿੰਘ ਪੁੱਤਰ ਬੂਆ ਸਿੰਘ, ਜਸਕਰਨ ਸਿੰਘ ਪੁੱਤਰ ਬੂਆ ਸਿੰਘ, ਸਿਮਰਨਜੀਤ ਕੌਰ ਪੁੱਤਰੀ ਬੂਆ ਸਿੰਘ, 3. ਅਜੀਤ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 4. ਜਸਪਾਲ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 5. ਗੁਰਜੰਟ ਸਿੰਘ ਪੁੱਤਰ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 6. ਲਵਪ੍ਰੀਤ ਸਿੰਘ ਪੁੱਤਰ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 7. ਕੁਲਜਿੰਦਰ ਕੌਰ ਪੁੱਤਰੀ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 8. ਰਾਜਵਿੰਦਰ ਕੌਰ ਪੁੱਤਰੀ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 9. ਹਰਜਿੰਦਰ ਕੌਰ ਵਿਧਵਾ ਦਵਿੰਦਰ ਸਿੰਘ ਪੁੱਤਰ ਬੰਤਾ ਸਿੰਘ, 10. ਸਤਨਾਮ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਬਿਸ਼ਨ ਸਿੰਘ, 11. ਨਿਰਮਲ ਸਿੰਘ ਪੁੱਤਰ ਦਲੀਪ ਸਿੰਘ, 12. ਪਰਮਜੀਤ ਕੌਰ ਪਤਨੀ ਪਰਸ਼ੋਤਮ ਸਿੰਘ ਪੁੱਤਰ ਜਸਵੰਤ ਸਿੰਘ। ਸਾਰੇ ਵਾਸੀਆਨ ਪਿੰਡ ਲੱਧੇਵਾਲ, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ, 13. ਅੰਮ੍ਰਿਤਸਰ ਪ੍ਰਾਇਮਰੀ ਐਗਰੀਕਲਚਰ ਡਿਵੈਲਪਮੈਂਟ ਬੈਂਕ, ਅੰਮ੍ਰਿਤਸਰ, 14. ਪੰਜਾਬ ਨੈਸ਼ਨਲ ਬੈਂਕ, ਸ਼ਾਖਾ ਬਾਸਰਕੇ ਗਿੱਲਾਂ, ਅੰਮ੍ਰਿਤਸਰ, 15. ਪੰਜਾਬ ਨੈਸ਼ਨਲ ਬੈਂਕ, ਸ਼ਾਖਾ ਭਕਨਾ, ਅੰਮ੍ਰਿਤਸਰ।

ਨੰਬਰ : ਰੀਡਰ/504 ਮਿਤੀ : 21/10/25 | ਸਹਾਇਕ ਕੁਲੈਕਟਰ ਦਰਜਾ-1, ਅਟਾਰੀ (ਅੰਮ੍ਰਿਤਸਰ)

24-Oct-PAGE--8.qxd 10/23/2025 11:08 PM Page 1



# ਇੱਕ ਮਹੀਨੇ ਤੋਂ ਵੈਟਨਰੀ ਇੰਸਪੈਕਟਰ ਦਾ ਵਰਕ-ਟੂ-ਰੂਲ ਜਾਰੀ, ਰਿਪੋਰਟਿੰਗ ਦਾ ਕੰਮ ਹੋਇਆ ਠੱਪ : ਬਾਸੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪਸ਼ੂ ਪਾਲਣ ਵਿਭਾਗ, ਵਿੱਚ ਕੰਮ ਕਰਦੇ ਵੈਟਨਰੀ ਇੰਸਪੈਕਟਰ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਹਨ। ਵੈਟਰਨਰੀ ਇੰਸਪੈਕਟਰ ਵਿਭਾਗ ਦੀ ਰੀੜ ਦੀ ਹੱਡੀ ਹਨ, ਇਸ ਕੇਡਰ ਵੱਲੋਂ ਵਿਭਾਗ ਦਾ ਸਭ ਤੋਂ ਵੱਧ ਕੰਮ ਕੀਤਾ ਜਾਂਦਾ ਹੈ, ਸਾਰੀਆਂ ਸਰਕਾਰੀ ਸਕੀਮਾਂ ਭਾਵੇਂ ਉਹ ਕੇਂਦਰ ਸਰਕਾਰ ਦੀਆਂ ਸਕੀਮਾਂ ਹੋਣ ਭਾਵੇਂ ਪੰਜਾਬ ਸਰਕਾਰ ਦੀਆਂ ਸਕੀਮਾਂ ਹੋਣ, ਇਸ ਕੇਡਰ ਵੱਲੋਂ ਗਰਾਊਂਡ ਲੈਵਲ ਤੇ ਲਾਗੂ ਕੀਤੀਆਂ ਜਾਂਦੀਆਂ ਹਨ, ਵਿਭਾਗ ਵਿੱਚ 2010 ਪੋਸਟਾਂ ਵੈਟਨਰੀ ਇੰਸਪੈਕਟਰਾਂ ਦੀਆਂ ਹਨ, ਜੋ ਕਿ ਵਿਭਾਗ ਵਿੱਚ ਕੰਮ ਕਰਦੇ ਮੁਲਾਜ਼ਮਾਂ ਦਾ 50% ਹਨ, ਵਿਭਾਗ ਦਾ ਵੱਡਾ ਹਿੱਸਾ ਹੋਣ ਕਰਕੇ ਸਭ ਤੋਂ ਵੱਧ ਕੰਮ ਇਸ ਕੇਡਰ ਵੱਲੋਂ ਹੀ ਕੀਤਾ ਜਾਂਦਾ ਹੈ, ਜਿਸ ਤੋਂ ਵਿਭਾਗ ਦੀ ਅਫਸਰਸ਼ਾਹੀ ਭਲੀ ਭਾਂਤ ਜਾਣੂ ਹੈ। ਵੈਟਨਰੀ ਇੰਸਪੈਕਟਰਾਂ ਦੀਆਂ ਮੰਗਾਂ ਸਬੰਧੀ ਵਿਭਾਗ ਦੇ ਕੈਬਨਿਟ ਮੰਤਰੀ ਮਾਣਯੋਗ ਗੁਰਮੀਤ ਸਿੰਘ ਖੁਡੀਆਂ ਨਾਲ ਐਸੋਸੀਏਸ਼ਨ ਦੀਆਂ ਕਈ ਮੀਟਿੰਗਾਂ ਹੋ ਚੁੱਕੀਆਂ ਹਨ, ਬੀਤੇ ਕੁਝ ਦਿਨ ਪਹਿਲਾਂ ਪੰਜਾਬ ਸਰਕਾਰ ਦੇ ਮਾਨਯੋਗ ਵਿੱਤ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ ਨਾਲ ਵੀ ਐਸੋਸੀਏਸ਼ਨ ਦੇ ਨੁਮਾਇੰਦਿਆਂ ਦੀ ਮੀਟਿੰਗ ਹੋਈ ਸੀ, ਪਰ ਪੰਜਾਬ ਦੇ ਦੋ ਕੈਬਨਿਟ ਮੰਤਰੀਆਂ ਵੱਲੋਂ ਵੈਟਨਰੀ ਇੰਸਪੈਕਟਰਾਂ ਦੀਆਂ ਮੰਗਾਂ ਸਬੰਧੀ ਸਹਿਮਤੀ ਦੇਣ ਦੇ ਬਾਵਜੂਦ ਵੀ ਹੁਣ ਤੱਕ ਕਿਸੇ ਇੱਕ ਵੀ ਮੰਗ ਉੱਪਰ ਪੰਜਾਬ ਸਰਕਾਰ ਵੱਲੋਂ ਕੋਈ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ।



ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਵਰਕ ਟੂ ਰੂਲ ਕੀਤਾ ਹੋਇਆ ਹੈ, ਜੋ ਕਿ ਇਕ ਮਹੀਨਾ ਬੀਤ ਜਾਣ ਦੇ ਬਾਵਜੂਦ ਵੀ ਜਾਰੀ ਹੈ, ਇਸ ਦੇ ਨਾਲ ਹੀ ਹਰ ਤਰ੍ਹਾਂ ਦੀ ਆਨਲਾਈਨ ਰਿਪੋਰਟਿੰਗ ਦਾ ਵੀ ਬਾਈਕਾਟ ਕੀਤਾ ਹੋਇਆ ਹੈ, ਜਿਸ ਨਾਲ ਮੂੰਹ ਖੁਰ ਦੀ ਵੈਕਸੀਨੇਸ਼ਨ ਦੀ ਆਨਲਾਈਨ ਰਿਪੋਰਟਿੰਗ ਦਾ ਕੰਮ ਠੱਪ ਪਿਆ ਹੈ, ਵਿਭਾਗ ਦੀ ਅਫਸਰਸ਼ਾਹੀ ਫੀਲਡ ਵਿੱਚ ਕੰਮ ਕਰਦੇ ਵੈਟਨਰੀ ਇੰਸਪੈਕਟਰਾਂ ਤੇ ਆਪਣਾ ਦਬਾਅ ਬਣਾਉਣ ਲਈ ਤਰ੍ਹਾਂ ਤਰ੍ਹਾਂ ਦੇ ਪੱਤਰ ਜਾਰੀ ਕਰ ਰਹੀ ਹੈ, ਪਰ ਪੰਜਾਬ ਭਰ ਦੇ ਵੈਟਰਨਰੀ ਇੰਸਪੈਕਟਰ ਆਪਣੀਆਂ ਮੰਗਾਂ ਨੂੰ ਲੈ ਕੇ ਪੂਰੀ ਤਰ੍ਹਾਂ ਅੜੇ ਹੋਏ ਹਨ। ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਅਤੇ ਸੂਬਾ ਪ੍ਰੈੱਸ ਸਕੱਤਰ ਗੁਰਜੀਤ ਸਿੰਘ ਨੇ ਕਿਹਾ ਕਿ ਉਹਨਾਂ ਦਾ ਸੰਘਰਸ਼ ਲਗਾਤਾਰ ਜਾਰੀ ਰਹੇਗਾ ਜਦੋਂ ਤੱਕ ਸਰਕਾਰ ਉਹਨਾਂ ਦੀਆਂ ਮੰਗਾਂ ਮੰਨ ਨਹੀਂ ਲੈਂਦੀ।

# ਕੁੱਲ ਹਿੰਦ ਕਿਸਾਨ ਸਭਾ ਡੈਲੀਗੇਟ ਇਜਲਾਸ 26 ਨੂੰ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਇੱਥੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਨੇ ਦੱਸਿਆ ਕਿ ਜਥੇਬੰਦੀ ਦਾ 14ਵਾਂ ਡੈਲੀਗੇਟ ਇਜਲਾਸ 26 ਅਕਤੂਬਰ ਦਿਨ ਐਤਵਾਰ ਨੂੰ ਪਿੰਡ ਅਗੰਮਪੁਰ ਦੇ ਕਮਿਊਨਿਟੀ ਸੈਂਟਰ ਵਿੱਚ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ,ਨਰਿੰਦਰ ਸਿੰਘ ਮਾਵੀ, ਮਹਿੰਦਰ ਸਿੰਘ ਸੰਗਤਪੁਰ, ਜਸਵਿੰਦਰ ਸਿੰਘ ਭੰਗਲ,ਚਰਨ ਸਿੰਘ ਅਟਵਾਲ ਅਤੇ ਜਗੀਰ ਸਿੰਘ ਰੌਲੀ ਨੇ ਦੱਸਿਆ ਕਿ ਜਥੇਬੰਦੀ ਯੂਨਿਟ ਪੱਧਰ ਤੋਂ ਲੈ ਕੇ ਕੇਂਦਰੀ ਕਮੇਟੀ ਤੱਕ ਤਿੰਨ ਸਾਲਾਂ ਬਾਅਦ ਚੋਣ ਕੀਤੀ ਜਾਂਦੀ ਹੈ। ਜਿਸ ਦੇ ਤਹਿਤ ਜਿਲੇ ਦੀਆਂ ਤਿੰਨਾਂ ਤਹਸੀਲਾਂ ਦੀ ਚੋਣ ਹੋ ਚੁੱਕੀ ਹੈ ਤੇ ਹੁਣ ਜ਼ਿਲ੍ਹੇ ਦੀ ਚੋਣ ਕੀਤੀ ਜਾਵੇਗੀ। ਉਹਨਾਂ ਨੇ ਦੱਸਿਆ ਕਿ ਸੂਬਾਈ ਅਜਲਾਸ 15- 16 ਨਵੰਬਰ ਨੂੰ ਮੁੱਲਾਂਪੁਰ ਲੁਧਿਆਣਾ ਵਿਖੇ ਹੋ ਰਿਹਾ ਹੈ।

ਆਗੂਆਂ ਨੇ ਕਿਹਾ ਕੇ ਜ਼ਿਲ੍ਹਾ ਇਜਲਾਸ ਵਿੱਚ ਤਿੰਨੇ ਤਹਿਸੀਲਾਂ ਦੇ ਚੁਣੇ ਹੋਏ ਮੈਂਬਰ ਡੈਲੀਗੇਟਾ ਵਜੋਂ ਭਾਗ ਲੈਣਗੇ। ਅਜਲਾਸ ਦੇ ਹਾਲ ਦਾ ਨਾਂਅ ਵਿਛੜ ਚੁੱਕੇ ਕਿਸਾਨ ਆਗੂ ਬਲਵੀਰ ਸਿੰਘ ਮਹਿੰਦਪੁਰ, ਗੇਟ ਦਾ ਨਾਮ ਸ਼ਹੀਦ ਸੰਤੋਖ ਸਿੰਘ ਸਰਾਂ ਦੇ ਨਾਂਅ ਤੇ ਹੋਵੇਗਾ। ਇਸ ਇਜਲਾਸ ਨੂੰ ਸੰਬੋਧਨ ਕਰਨ ਲਈ ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸੁਖਦਰਸ਼ਨ ਸਿੰਘ ਖਾਸਪੁਰ ਪਹੁੰਚ ਰਹੇ ਹਨ।

# ਗਣਪਤੀ ਜਿਊਲਰ 'ਚ ਗੋਲੀ ਚਲਾਉਣ ਵਾਲੇ ਦੋਵੇਂ ਮੁਲਜ਼ਮ ਗ੍ਰਿਫ਼ਤਾਰ

**ਹੁਸ਼ਿਆਰਪੁਰ, ਮਾਹਿਲਪੁਰ (ਓਮ ਪ੍ਰਕਾਸ਼ ਰਾਣਾ, ਸਫਰੀ)**

ਜੈਜੋਂ ਦੁਆਬਾ ਨਜ਼ਦੀਕ ਪਿੰਡ ਬਰਿਆਣਾ ਅਤੇ ਗੱਜਰ ਮਹਿਦੂਦ ਦੇ ਵਸੀਮੇ ਤੇ ਪੁਲਸ ਵਲੋਂ ਮੁਕਾਬਲੇ ਦੌਰਾਨ ਬਿਨਾ ਨੰਬਰੀ ਮੋਟਰਸਾਈਕਲ ਸਵਾਰ ਦੋ ਆਰੋਪੀਆਂ ਵਿੱਚੋ ਇਕ ਪੁਲਿਸ ਦੀ ਗੋਲੀ ਨਾਲ ਜ਼ਖ਼ਮੀ ਹੋ ਗਿਆ ਅਤੇ ਦੂਸਰੇ ਨੂੰ ਦਬੋਚਣ ਵਿਚ ਸਫਲਤਾ ਪ੍ਰਾਪਤ ਕੀਤੀ ਹੈ। ਦੋਨੋ ਆਰੋਪੀ ਸ਼ਹਿਰ ਮਾਹਿਲਪੁਰ ਵਿਚ ਗਣਪਤੀ ਜਿਊਲੀ ਦੀ ਦੁਕਾਨ 'ਤੇ ਗੋਲੀ ਚਲਾਉਣ ਦੇ ਆਰੋਪ ਵਿਚ ਪੁਲਸ ਨੂੰ ਲੋੜੀਂਦੇ ਸਨ। ਐਸ ਐਸ ਪੀ ਹੁਸ਼ਿਆਰਪੁਰ ਸੰਦੀਪ ਮਲਿਕ ਨੇ ਦੱਸਿਆ ਕਿ ਇਹ ਦੋਵੇ ਆਰੋਪੀ ਕੁਝ ਦਿਨ ਪਹਿਲਾਂ ਸ਼ਹਿਰ ਮਾਹਿਲਪੁਰ ਵਿੱਚ ਗਣਪਤੀ ਜਿਊਲਰੀ ਦੀ ਇਕ ਦੁਕਾਨ ਤੇ ਗੋਲੀ ਚਲਾਉਣ ਦੇ ਆਰੋਪ ਵਿੱਚ ਥਾਣਾ ਮਾਹਿਲਪੁਰ ਦੀ ਪਲਿਸ ਨੂੰ ਲੋੜੀਂਦੇ ਸਨ। ਪੁਲਸ ਨੂੰ ਇਕ ਗੁਪਤ ਸੂਚਨਾ ਮਿਲਣ ਤੇ ਇਹ ਦੋਵੇ ਆਰੋਪੀਆਂ ਨੂੰ ਬਰਿਆਣਾ ਅਤੇ ਗੱਜਰ ਮਹਿਦੂਦ (ਜਿਲ੍ਹਾ ਹੁਸ਼ਿਆਰਪੁਰ) ਨਜ਼ਦੀਕ ਪੁਲਿਸ ਨੇ ਇਕ ਨਾਕੇ ਤ ਰੁਕਣ ਦਾ ਇਸ਼ਾਰਾ ਕੀਤਾ ਤਾਂ ਮੋਟਰਸਾਈਕਲ ਦੇ ਪਿੱਛੇ ਬੈਠੇ ਵਿਅਕਤੀ ਨੇ ਪੁਲਸ ਤੇ ਗੋਲੀ ਚਲਾ ਦਿੱਤੀ।ਪੁਲਿਸ ਦੀ ਜਵਾਬੀ ਫਾਇਰਿੰਗ ਵਿੱਚ ਇਕ ਆਰੋਪੀ ਜ਼ਖ਼ਮੀ ਹੋ ਗਿਆ ਤੇ ਦੂਸਰੇ ਨੂੰ ਪੁਲਸ ਨੇ ਦਬੋਚ ਲਿਆ। ਇਹ ਦੋਵੇ ਵਿਅਕਤੀ ਆਪਸ ਵਿੱਚ ਪਿਓ ਪੁੱਤਰ ਸਨ। ਆਰੋਪਿਆ ਦੀ ਪਹਿਚਾਣ ਕੇਸ਼ਵ ਬਾਵਾ ਪੁੱਤਰ ਕ੍ਰਿਸ਼ਨ ਕੁਮਾਰ ਅਤੇ ਕ੍ਰਿਸ਼ਨ ਕੁਮਾਰ ਪਿੰਡ ਗਾਨੀਪੁਰ ਬੱਧਣ ਥਾਣਾ ਬੁੱਲੋਵਾਲ ਜ਼ਿਲ੍ਹਾ ਹੁਸ਼ਿਆਰਪੁਰ ਵਜੋਂ ਹੋਈ। ਉਨ੍ਹਾਂ ਦੱਸਿਆ ਕਿ ਆਰੋਪੀਆਂ



ਪਾਸੋਂ ਇਕ 32 ਬੋਰ ਦਾ ਇਕ ਲੀਗਲ ਰਿਵਾਲਵਰ ਇਕ ਜ਼ਿੰਦਾ ਕਾਰਤੂਸ ਫੜੇ ਗਏ। ਉਨ੍ਹਾਂ ਦੱਸਿਆ ਕਿ ਤਕਰੀਬਨ ਦੋਹਾਂ ਪਾਸਿਓਂ 6 ਫਾਇਰ ਹੋਏ ਪਰ ਕਿਸੇ ਦਾ ਵੀ ਜਾਨੀ ਨੁਕਸਾਨ ਨਹੀਂ ਹੋਇਆ।ਇਸ ਘਟਨਾ ਸਥਲ ਤੇ ਤੁਰੰਤ ਡੀ ਐਸ ਪੀ ਪ੍ਰਨੀਤ ਸਿੰਘ ਹੁਸ਼ਿਆਰਪੁਰ, ਡੀ ਐਸ ਪੀ ਦਲਜੀਤ ਖੱਖ ਗੜ੍ਹਸ਼ੰਕਰ, ਗੁਰਪ੍ਰੀਤ ਸਿੰਘ ਇੰਚਾਰਜ ਸੀ ਆਈ ਏ ਸਟਾਫ ਹੁਸ਼ਿਆਰਪੁਰ,ਐਸ ਐਚ ਓ ਜੈ ਪਾਲ ਸਿੰਘ ਮਾਹਿਲਪੁਰ ਅਤੇ ਬੜੀ ਤਾਦਾਦ ਪੁਲਸ ਨਫ਼ਰੀ ਤਾਇਨਾਤ ਸੀ।

# ਵਿਸ਼ਾਲ ਨਗਰ ਕੀਰਤਨ 27 ਨੂੰ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਜਾਣਾ ਹੈ। ਇਸ ਪਵਿੱਤਰ ਮੌਕੇ ਦੀਆਂ ਤਿਆਰੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪੰਜਾਬ ਸਰਕਾਰ ਅਤੇ ਕਈ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਵੱਲੋਂ ਪੂਰੇ ਜੋਸ਼ ਨਾਲ ਕੀਤੀਆਂ ਜਾ ਰਹੀਆਂ ਹਨ।ਤਖਤ ਸ੍ਰੀ ਹਰਿਮੰਦਰ ਸਾਹਿਬ ਪਟਨਾ ਸਾਹਿਬ, ਬਿਹਾਰ ਵੱਲੋਂ ਇਸ ਮੌਕੇ ਲਈ ਇੱਕ ਵਿਸ਼ਾਲ ਨਗਰ ਕੀਰਤਨ ਆਯੋਜਿਤ ਕੀਤਾ ਗਿਆ ਹੈ, ਜਿਸ ਨੂੰ ਮਹਾਨ ਜਾਗਰਤੀ ਯਾਤਰਾ ਦਾ ਨਾਮ ਦਿੱਤਾ ਗਿਆ ਹੈ। ਇਹ ਨਗਰ ਕੀਰਤਨ ਦੇਸ਼ ਦੇ ਵੱਖ-ਵੱਖ ਨੌ ਸੂਬਿਆਂ ਵਿਚੋਂ ਲੰਘਦਾ ਹੋਇਆ 27 ਅਕਤੂਬਰ ਨੂੰ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗਾ। ਇਸ ਨਗਰ ਕੀਰਤਨ ਦੇ ਸਵਾਗਤ ਲਈ ਵਿਸ਼ੇਸ਼ ਸੇਵਾ ਰਾਜਨੀਤਿਕ ਅਤੇ ਸਮਾਜ ਸੇਵੀ ਆਗੂ ਸੋਢੀ ਵਿਕਰਮ ਸਿੰਘ ਨੂੰ ਸੌਂਪੀ ਗਈ ਹੈ। ਸੋਢੀ ਵਿਕਰਮ ਸਿੰਘ ਵਲੋਂ ਸਮੁੱਚੇ ਪੰਜਾਬ ਦਾ ਦੌਰਾ ਕਰਕੇ ਸੰਗਤਾਂ ਅਤੇ ਸੰਸਥਾਵਾਂ ਨੂੰ ਇਸ ਇਤਿਹਾਸਕ ਮੌਕੇ 'ਤੇ ਸ਼ਮੂਲੀਅਤ ਲਈ ਸੱਦਾ ਪੱਤਰ ਦਿੱਤੇ ਜਾ ਰਹੇ ਹਨ। ਸੋਢੀ ਵਿਕਰਮ ਸਿੰਘ ਨੇ ਦੱਸਿਆ ਕਿ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਚੀਫ ਖਾਲਸਾ ਦੀਵਾਨ ਦੇ ਮੁਖੀ ਇੰਦਰਬੀਰ ਸਿੰਘ ਨਿੱਝਰ, ਮਾਤਾ ਕੌਲਾਂ ਜੀ ਟਰਸਟ ਦੇ ਮੁਖੀ ਭਾਈ ਗੁਰ ਇਕਬਾਲ ਸਿੰਘ, ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਇਸਤਰੀ ਸਤਸੰਗ ਸਭਾ, ਸਿੱਖ ਮਿਸ਼ਨਰੀ ਕਾਲਜ ਅਤੇ ਕਈ ਹੋਰ ਪ੍ਰਮੁੱਖ ਸੰਸਥਾਵਾਂ ਨਾਲ ਲਗਾਤਾਰ ਸੰਪਰਕ ਵਿਚ ਹਨ, ਤਾਂ ਜੋ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣ ਵਾਲੇ ਇਸ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਜਾ ਸਕੇ।ਉਹਨਾਂ ਦੱਸਿਆ ਕਿ ਸਾਰੀਆਂ ਸੰਸਥਾਵਾਂ ਵੱਲੋਂ ਉਨ੍ਹਾਂ ਨੂੰ ਨਿੱਘਾ ਪਿਆਰ ਤੇ ਸਤਿਕਾਰ ਮਿਲ ਰਿਹਾ ਹੈ ਅਤੇ ਸਭ ਨੇ ਵਿਸ਼ਵਾਸ ਦਵਾਇਆ ਹੈ ਕਿ ਉਹ ਆਪਣੀ ਸੰਗਤਾਂ ਸਮੇਤ 27 ਅਕਤੂਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਰਹੇ ਹਨ ਤੇ ਨਗਰ ਕੀਰਤਨ ਦੇ ਸਵਾਗਤ ਲਈ ਹਾਜ਼ਰ ਰਹਿਣਗੇ।

# ਈ ਟੀ ਓ ਤੇ ਮੋਹਿੰਦਰ ਭਗਤ ਨੇ ਵਿਸ਼ਵਕਰਮਾ ਮੰਦਰ 'ਚ ਟੇਕਿਆ ਮੱਥਾ



**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**

ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਤੇ ਸ੍ਰੀ ਮੋਹਿੰਦਰ ਭਗਤ ਵੱਲੋਂ ਵਿਸ਼ਵਕਰਮਾ ਦਿਵਸ ਦੇ ਸ਼ੁਭ ਦਿਹਾੜੇ 'ਤੇ 115 ਸਾਲ ਪੁਰਾਣੇ ਪ੍ਰਾਚੀਨ ਸ਼੍ਰੋਮਣੀ ਸ੍ਰੀ ਵਿਸ਼ਵਕਰਮਾ ਮੰਦਿਰ ਫਗਵਾੜਾ ਵਿਖੇ ਮੱਥਾ ਟੇਕਿਆ ਗਿਆ।ਇਸ ਮੌਕੇ ਸੰਸਦ ਮੈਂਬਰ ਡਾ ਰਾਜ ਕੁਮਾਰ ਚੱਬੇਵਾਲ ਵੀ ਹਾਜ਼ਰ ਸਨ। ਉਨ੍ਹਾਂ ਇਸ ਮੌਕੇ ਵਿਸ਼ਵਕਰਮਾ ਪੂਜਾ ਮਹਾਂਉਤਸਵ ਵਿਚ ਸ਼ਿਰਕਤ ਕੀਤੀ ਅਤੇ ਭਗਵਾਨ ਵਿਸ਼ਵਕਰਮਾ ਅੱਗੇ ਅਰਦਾਸ ਕੀਤੀ ਕਿ ਸਾਰਿਆਂ ਨੂੰ ਬੇਮਿਸਾਲ ਹੁਨਰ ਅਤੇ ਰਚਨਾਤਮਕ ਸਿਰਜਣ ਕਲਾ ਦਾ ਆਸ਼ੀਰਵਾਦ ਬਖਸ਼ਣ। ਕੈਬਨਿਟ ਮੰਤਰੀਆਂ ਨੇ ਕਿਹਾ ਕਿ ਸ਼ਿਲਪ ਦੇ ਦੇਵਤਾ ਵਿਸ਼ਵਕਰਮਾ ਵੱਲੋਂ ਦਿਖਾਏ ਰਸਤੇ 'ਤੇ ਚੱਲਕੇ ਹੁਨਰ ਵਿਕਾਸ ਦੀ ਲੋੜ ਹੈ ਜਿਸ ਨਾਲ ਸਵੈ ਰੁਜ਼ਗਾਰ ਨੂੰ ਹੁਲਾਰਾ ਦੇ ਕੇ ਬੇਰੁਜ਼ਗਾਰੀ ਨੂੰ ਦੂਰ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਗਵਾਨ ਵਿਸ਼ਵਕਰਮਾ ਜੀ ਦਾ ਦਿਹਾੜਾ ਰਾਜ ਪੱਧਰ 'ਤੇ ਲੁਧਿਆਣਾ ਵਿਖੇ ਮਨਾਇਆ ਗਿਆ ਜਦਕਿ ਉਹ ਫਗਵਾੜਾ ਦੇ ਇਸ ਸਦੀ ਤੋਂ ਵੀ ਵੱਧ ਪੁਰਾਣੇ ਮੰਦਿਰ ਵਿਖੇ ਨਤਮਸਤਕ ਹੋ ਕੇ ਆਪਣੇ ਆਪ ਨੂੰ ਵਡਭਾਗਾ ਸਮਝਦੇ ਹਨ। ਇਸ ਮੌਕੇ ਮੰਦਿਰ ਕਮੇਟੀ ਵੱਲੋਂ ਦੋਹਾਂ ਕੈਬਨਿਟ ਮੰਤਰੀਆਂ ਦਾ ਸਨਮਾਣ ਵੀ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਲੁਬਾਣਾ, ਮੇਅਰ ਰਾਮਪਾਲ ਉੱਪਲ, ਦਲਜੀਤ ਰਾਜੂ ਤੇ ਹੋਰ ਅਹਿਮ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

# ਮਲਵਿੰਦਰ ਕੰਗ ਨੇ 10 ਲੱਖ ਰੁਪਏ ਬਾਬਾ ਬਲਰਾਜ ਛਿੰਝ ਮੇਲੇ ਤੇ ਸਟੇਡੀਅਮ ਲਈ ਦੇਣ ਦਾ ਕੀਤਾ ਐਲਾਨ

**ਬਲਾਚੌਰ (ਜਸਵਿੰਦਰ ਬੈਂਸ)**

ਇੱਥੇ ਬਾਬਾ ਬਲਰਾਜ ਛਿੰਝ ਮੇਲਾ, ਬਲਾਚੌਰ ਵਿਖੇ ਵਿਸ਼ੇਸ਼ ਰੌਣਕ ਦੇਖਣ ਨੂੰ ਮਿਲੀ, ਜਦੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਐੱਮ ਪੀ ਮਾਲਵਿੰਦਰ ਸਿੰਘ ਕੰਗ ਅਤੇ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਨੇ ਮੇਲੇ ਵਿੱਚ ਪਹੁੰਚ ਕੇ ਖਿਡਾਰੀਆਂ ਅਤੇ ਦਰਸ਼ਕਾਂ ਦਾ ਹੌਂਸਲਾ ਵਧਾਇਆ। ਮੇਲੇ ਦੇ ਪ੍ਰਬੰਧਕਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਮੁੱਖ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਸੰਬੋਧਨ ਦੌਰਾਨ, ਐਮ.ਪੀ. ਮਾਲਵਿੰਦਰ ਸਿੰਘ ਕੰਗ ਅਤੇ ਵਿਧਾਇਕਾ ਸੰਤੋਸ਼ ਕਟਾਰੀਆ ਨੇ ਅਜਿਹੇ ਸੱਭਿਆਚਾਰਕ ਅਤੇ ਖੇਡ ਮੇਲਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਸਿਹਤਮੰਦ ਜੀਵਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਨੇ ਕਮੇਟੀ ਦੇ ਉਪਰਾਲਿਆਂ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਕੰਗ ਦੁਆਰਾ 10 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਮੇਲਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਦੀ ਵਿਸ਼ੇਸ਼ ਹਾਜ਼ਰੀ ਰਹੀ, ਜਿਨ੍ਹਾਂ ਨੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ। ਮੇਲੇ ਵਿੱਚ ਦੂਰ-ਦੂਰ ਤੋਂ ਪਹੁੰਚੇ ਪਹਿਲਵਾਨਾਂ ਨੇ ਆਪਣੀ ਕੁਸ਼ਤੀ ਕਲਾ ਦਾ ਪ੍ਰਦਰਸ਼ਨ ਕੀਤਾ, ਜਿਸਦਾ ਦਰਸ਼ਕਾਂ ਨੇ ਖੂਬ ਅਨੰਦ ਲਿਆ।ਇਸ ਮੌਕੇ ਵਿਸ਼ਵਰਾਜ ਕੌਸ਼ਲ (ਵਿਸ਼ੂ ਰਾਣਾ) ਪ੍ਰਧਾਨ ਬਾਬਾ ਬਲਰਾਜ ਮੰਦਰ ਕਮੇਟੀ ਨੇ ਵਿਸ਼ੇਸ਼ ਤੌਰ ਤੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਤੇ ਸਾਰਿਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਜਸਵੀਰ ਸਿੰਘ ਗੜ੍ਹੀ ਚੇਅਰਮੈਨ ਐਸਸੀ



ਕਮਿਸ਼ਨ ਪੰਜਾਬ, ਬ੍ਰਿਗੇਡੀਅਰ ਰਾਜ ਕੁਮਾਰ ਚੇਅਰਮੈਨ ਗੁੱਜਰ ਵੈਲਫੇਅਰ ਪੰਜਾਬ, ਸਤਨਾਮ ਜਲਾਲਪੁਰ ਜਿਲਾ ਪ੍ਰਧਾਨ ਅਤੇ ਚੇਅਰਮੈਨ ਜਿਲਾ ਯੋਜਨਾ ਬੋਰਡ,ਸੀਨੀਅਰ ਆਗੂ ਅਸ਼ੋਕ ਕਟਾਰੀਆ,ਚੰਦਰ ਮੋਹਣ ਜੇਡੀ ਜਿਲ੍ਹਾ ਮੀਡੀਆ ਇੰਚਾਰਜ,ਹਲਕਾ ਯੂਥ ਪ੍ਰਧਾਨ ਕਰਨਵੀਰ ਕਟਾਰੀਆ,ਪ੍ਰਧਾਨ ਨਗਰ ਕੌਂਸਲ ਸੁਨੀਲ ਕੌਸ਼ਲ,ਸੇਠੀ ਉਧਨਵਾਲ ਚੇਅਰਮੈਨ ਮਾਰਕੀਟ ਕਮੇਟੀ ਬਲਾਚੌਰ, ਹਨੀ ਡੱਬ ਐਮਸੀ ਤੇ ਜਿਲ੍ਹਾ ਪ੍ਰਧਾਨ ਟ੍ਰੇਡ ਵਿੰਗ,ਵਿਨੀਤ ਜਾਡਲਾ ਜਿਲ੍ਹਾ ਪ੍ਰਧਾਨ ਕਿਸਾਨ ਵਿੰਗ ਆਦਿ ਵਲੰਟੀਅਰ ਵੀ ਹਾਜ਼ਰ ਸਨ।

# ਅਨੁਪੂਰਕ ਪ੍ਰੀਖਿਆਵਾਂ ਦੀ ਰੀ-ਚੈਕਿੰਗ ਲਈ ਫੀਸ 28 ਤੱਕ ਦੇਣ ਦਾ ਸਮਾਂ

**ਮੋਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਦਸਵੀਂ ਅਤੇ ਬਾਰਵੀਂ ਸ਼੍ਰੇਣੀ ਅਗਸਤ 2025 ਦੀਆਂ ਅਨੁਪੂਰਕ (Supplementary) ਪ੍ਰੀਖਿਆਵਾਂ (ਸਮੇਤ ਓਪਨ ਸਕੂਲ), ਓਪਨ ਸਕੂਲ ਬਲਾਕ-2 ਅਤੇ ਵਾਧੂ ਵਿਸ਼ੇ ਦਾ ਨਤੀਜਾ ਮਿਤੀ 06-10-2025 ਨੂੰ ਘੋਸ਼ਿਤ ਕੀਤਾ ਜਾ ਚੁੱਕਾ ਹੈ। ਇਨ੍ਹਾਂ ਪ੍ਰੀਖਿਆਵਾਂ ਨਾਲ ਸਬੰਧਤ ਪ੍ਰੀਖਿਆਰਥੀ ਜੇਕਰ ਰੀ-ਚੈਕਿੰਗ ਕਰਵਾਉਣਾ ਚਾਹੁੰਦੇ ਹਨ ਤਾਂ ਆਨ ਲਾਈਨ ਫਾਰਮ ਅਤੇ ਫੀਸ ਭਰਨ ਲਈ ਮਿਤੀ 14-10-2025 ਤੋਂ 28-10-2025 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ। ਪ੍ਰੀਖਿਆਰਥੀ ਆਨ ਲਾਈਨ ਫਾਰਮ ਅਤੇ ਫੀਸ ਭਰਨ ਉਪਰੰਤ ਇਸ ਦਾ ਪ੍ਰਿੰਟ ਆਪਣੇ ਕੋਲ ਰੱਖਣ। ਹਾਰਡ ਕਾਪੀ ਦਫ਼ਤਰ ਵਿਖੇ ਜਮ੍ਹਾ ਕਰਵਾਉਣ ਦੀ ਜ਼ਰੂਰਤ ਨਹੀਂ ਹੈ। ਹੋਰ ਵਧੇਰੇ ਜਾਣਕਾਰੀ ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲਬੱਧ ਹੈ।

# ਪਿਪਸ ਸਕੂਲ ਦੇ ਵਿਦਿਆਰਥੀਆਂ ਨੇ ਮਨਾਈ ਹੋਮ ਪਿਕਨਿਕ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰ ਸਿੰਘ ਬੋਬੀ)**

ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦੇ ਹੋਏ ਵੱਖ -ਵੱਖ ਥਾਵਾਂ 'ਤੇ ਮਨੋਰੰਜਕ ਟੂਰ ਕਰਵਾਏ ਗਏ। ਸਕੂਲ ਪ੍ਰਿੰਸੀਪਲ ਸੁਰਜੀਤ ਸਿੰਘ ਨੇ ਦੱਸਿਆ ਕਿ ਸਕੂਲ ਦੇ ਨਰਸਰੀ ਜਮਾਤ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਵੱਲੋਂ ਹੋਮ ਪਿਕਨਿਕ ਮਨਾਈ ਗਈ, ਤੀਜੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦਾ ਟੂਰ ਇੰਡਸ ਵੈਲੀ ਰਿਜ਼ੋਰਟ ਐਡਵੈਂਚਰ ਪਾਰਕ ਅਤੇ ਛੱਤ ਬੀੜ ਚਿੜੀਆ ਘਰ -ਜ਼ੀਰਕਪੁਰ ਅਤੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦਾ ਟੂਰ ਫਨ ਸਿਟੀ ਪੰਚਕੂਲਾ ਵਿਖੇ ਕਰਵਾਇਆ ਗਿਆ। ਹੋਮ ਪਿਕਨਿਕ ਅਤੇ ਟੂਰ ਦੌਰਾਨ ਵਿਦਿਆਰਥੀਆਂ ਨੇ ਵੱਖ - ਵੱਖ ਪ੍ਰਕਾਰ ਦੇ ਝੂਲੇ, ਸਲਾਈਡ, ਵਾਟਰ ਪਾਰਕ, ਕਾਰ ਰੇਸ ਆਦਿ ਅਨੇਕਾਂ ਮਨੋਰੰਜਨ ਭਰਪੂਰ ਖੇਡਾਂ ਦਾ ਖ਼ੂਬ ਆਨੰਦ ਮਾਣਿਆ ਅਤੇ ਚਿੜੀਆ ਘਰ ਦੀ ਯਾਤਰਾ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਪ੍ਰਕਾਰ ਦੇ ਜਾਨਵਰਾਂ ਅਤੇ ਪੰਛੀਆਂ ਨੂੰ ਦੇਖ ਕੇ ਯਾਤਰਾ ਦਾ ਪੂਰਾ ਆਨੰਦ ਮਾਣਿਆ। ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆ ਸਕੂਲ ਦੀ ਮੈਨੇਜਮੈਂਟ ਵੱਲੋਂ ਸਕੂਲ ਦੇ ਸਮੁੱਚੇ ਸਟਾਫ ਨੂੰ ਤੋਹਫ਼ੇ ਦੇ ਕੇ ਉਹਨਾਂ ਦੀ ਖੁਸ਼ੀ ਨੂੰ ਦੁੱਗਣਾ ਕੀਤਾ ਗਿਆ। ਸਕੂਲ ਕਮੇਟੀ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ ਅਤੇ ਮੈਨੇਜਿੰਗ ਡਾਇਰੈਕਟਰ ਸ਼ਿੰਦਰਪਾਲ ਕੌਰ ਅਟਵਾਲ, ਮੈਨੇਜਰ ਪ੍ਰੀਤਪਾਲ ਕੌਰ ਅਟਵਾਲ ਅਤੇ ਇਸਟੇਟ ਇੰਚਾਰਜ਼ ਅਰਸ਼ਦੀਪ ਸਿੰਘ ਬਰਾੜ ਵੱਲੋਂ ਟੂਰ ਦੀ ਸਫਲਤਾ, ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।

# ਵਿਦਿਆਰਥੀ ਸਕਾਲਰਸ਼ਿਪ ਤੋਂ ਵਾਂਝਾ ਨਾ ਰਹੇ, ਅਧਿਕਾਰੀ ਕਰਨ ਯਕੀਨੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਪ੍ਰੀ ਮੈਟ੍ਰਿਕ ਤੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਤਹਿਤ ਕਿਸੇ ਵੀ ਵਿਦਿਆਰਥੀ ਦੀ ਸਕਾਲਰਸ਼ਿਪ ਰਕਮ ਨਾ ਛੁਟੇ ਇਸ ਦੇ ਲਈ ਹਰਿਆਣਾ ਭਵਨ ਸਥਿਤ ਰਿਹਾਇਸ਼ੀ ਕਮਿਸ਼ਨਰ ਇਹ ਯਕੀਨੀ ਕਰਨ ਕਿ ਕੇਂਦਰੀ ਮੰਤਰਾਲਿਆਂ ਵੱਲੋਂ ਚਲਾਈ ਜਾ ਰਹੀ ਸਕੀਮਾਂ ਦੀ ਜਾਣਕਾਰੀ ਲੈਣ ਲਈ ਸਬੰਧਿਤ ਮੰਤਰਾਲਿਆਂ ਦੇ ਅਧਿਕਾਰੀਆਂ ਦੇ ਨਾਲ ਤਾਲਮੇਲ ਬਣਾ ਕੇ ਰੱਖਣ ਅਤੇ ਸੂਬਾ ਸਰਕਾਰ ਦੇ ਵਿਭਾਗਾਂ ਨੂੰ ਵੀ ਇਸ ਬਾਰੇ ਵਿੱਚ ਨਿਯਮਤ ਰੂਪ ਨਾਲ ਜਾਣੂ ਕਰਵਾਉਣ। ਨਾਲ ਹੀ ਸਕੂਲ ਤੇ ਕਾਲਜਾਂ ਦੇ ਪ੍ਰਿੰਸੀਪਲ ਵੀ ਵਿਦਿਆਰਥੀਆਂ ਨੂੰ ਯੋਜਨਾਵਾਂ ਦੀ ਜਾਣਕਾਰੀ ਦੇਣ ਅਤੇ ਉਨ੍ਹਾਂ ਦੇ ਸਕਾਲਰਸ਼ਿਪ ਦੇ ਆਨਲਾਇਨ ਫਾਰਮ ਵੀ ਭਰਵਾਉਣਾ ਯਕੀਨੀ ਕਰਨ।ਮੁੱਖ ਮੰਤਰੀ 23 ਅਕਤੂਬਰ ਨੂੰ ਸਿਵਲ ਸਕੱਤਰੇਤ, ਚੰਡੀਗੜ੍ਹ ਵਿੱਚ ਐੱਸ ਸੀ ਤੇ ਬੀ ਸੀ ਵਿਦਿਆਰਥੀਆਂ ਨੂੰ ਦਿੱਤੀ ਜਾਣ ਵਾਲੀ ਸਕਾਲਰਸ਼ਿਪ ਯੋਜਨਾਵਾਂ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ।ਉਨ੍ਹਾਂ ਨੇ ਕਿਹਾ ਕਿ ਇਹ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਕੋਈ ਵੀ ਮੇਧਾਵੀ ਤੇ ਜ਼ਰੂਰਤਮੰਦ ਵਿਦਿਆਰਥੀ ਆਰਥਕ ਤੰਗੀ ਕਾਰਨ ਆਪਣੀ ਪੜਾਈ ਵਿੱਚਾਲੇ ਨਾ ਛੱਡੇ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਯੋਜਨਾਵਾਂ ਦੀ ਜਾਣਕਾਰੀ ਸਮੇਂ 'ਤੇ ਉਪਲਬਧ ਕਰਾਈ ਜਾਵੇ ਅਤੇ ਇਸ ਕੰਮ ਵਿੱਚ ਕਿਸੇ ਤਰ੍ਹਾਂ ਦੀ ਲਾਪ੍ਰਵਾਹੀ ਨਾ ਕੀਤੀ ਜਾਵੇ।

# ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਬਢੇਲ ਵਿਖੇ ਦਰਬਾਰ ਧੰਨ ਧੰਨ ਬਾਬਾ ਰਾਮ ਦਿਆਲ ਜੀ, ਧੰਨ ਧੰਨ ਬਾਬਾ ਸਾਈਂ ਲੋਕ ਜੀ ਦੀ ਯਾਦ ਵਿੱਚ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰ ਅਤੇ ਯੂਥ ਕਲੱਬ ਅਤੇ ਇਲਾਕੇ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਮੁੱਖ ਸੇਵਾਦਾਰ ਬਲਵੀਰ ਸਿੰਘ ਬਢੇਲ, ਮੰਗਤ ਰਾਮ, ਰਾਹੁਲ ਕੁਮਾਰ ਬਢੇਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਾਬਾ ਜੀ ਦੀ ਪੂਜਾ ਅਰਚਨਾ ਕੀਤੀ ਗਈ। ਉਪਰੰਤ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਸਾਈਂ ਲੱਕੀ ਸ਼ਾਹ ਖੋਜਕੀਪੁਰ ਵਾਲੇ ਵਿਸ਼ੇਸ਼ ਤੌਰ ਤੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਭਗਤ ਸਿੰਘ ਬੱਡੋ, ਗੁਰਸ਼ਾਨ ਉਕਾਰ ਐਂਡ ਪਾਰਟੀ ਗੋਬਿੰਦਪੁਰ ਵਾਲੇ, ਜਸਵਿੰਦਰ ਸਿੰਘ ਰਹੱਲੀ ਆਦਿ ਨੇ ਬਾਬਾ ਜੀ ਦੇ ਗੁਣਗਾਨ ਕੀਤੇ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਸਾਈਂ, ਸੰਤ ਮਹਾਂਪੁਰਸ਼, ਕਲਾਕਾਰਾਂ,ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।



ਇਸ ਮੌਕੇ ਸਮਾਗਮ ਦੌਰਾਨ ਮੁੱਖ ਸੇਵਾਦਾਰ ਬਲਵੀਰ ਸਿੰਘ, ਮੰਗਤ ਰਾਮ ਪ੍ਰਧਾਨ, ਰਾਹੁਲ ਕੁਮਾਰ, ਕਰਨਲ ਸੰਕਰ ਸਿੰਘ, ਸੋਢੀ ਰਾਮ, ਸ਼ਿਵ ਸਿੰਘ, ਪਰਮਜੀਤ ਪੰਮਾ, ਪ੍ਰਿਸੀਪਲ ਦਲਵੀਰ ਸਿੰਘ ਭਾਮ, ਸੋਹਣ ਸਿੰਘ, ਮਨਜੀਤ ਸਿੰਘ, ਪੰਚ ਰਾਜ ਸਿੰਘ, ਹਰਪਾਲ ਸਿੰਘ, ਹਰਪਾਲ ਸਿੰਘ ਹਰੱਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸਲਾਨਾ ਜੋੜ ਮੇਲੇ ਦੌਰਾਨ ਚਾਹ ਪਕੌੜੇ ਅਤੇ ਬਾਬਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# ਕੁੱਲ ਹਿੰਦ ਕਿਸਾਨ ਸਭਾ ਦਾ ਅਜਲਾਸ 26 ਨੂੰ : ਮੱਟੂ, ਭੱਜਲ

**ਮਾਹਿਲਪੁਰ (ਸਫ਼ਰੀ)**-ਕੁਲ ਹਿੰਦ ਕਿਸਾਨ ਸਭਾ ਹੁਸ਼ਿਆਰਪੁਰ ਦੇ ਜ਼ਿਲ੍ਹਾ ਸਕੱਤਰ ਦਰਸ਼ਨ ਸਿੰਘ ਮੱਟੂ, ਸੂਬਾਈ ਮੀਤ ਪ੍ਰਧਾਨ ਗੁਰਨੇਕ ਸਿੰਘ ਭੱਜਲ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਜ਼ਿਲ੍ਹਾ ਅਜਲਾਸ 26 ਅਕਤੂਬਰ ਨੂੰ ਤਹਿਸੀਲ ਗੜ੍ਹਸ਼ੰਕਰ ਦੇ ਪਿੰਡ ਬੱਢੋਆਣ ਮੇਨ ਰੋਡ ਦੇ ਨਜ਼ਦੀਕ 11 ਵਜੇ ਹੋਵੇਗਾ। ਇਸ ਅਜਲਾਸ 'ਚ ਪਿਛਲੇ ਤਿੰਨ ਸਾਲਾਂ ਦੇ ਲੜੇ ਘੋਲਾਂ ਦਾ ਲੇਖਾ ਜੋਖਾ ਕੀਤਾ ਜਾਵੇਗਾ। ਹੜ੍ਹ ਪੀੜਤਾਂ ਦੀ ਭਾਰਤ ਸਰਕਾਰ, ਪੰਜਾਬ ਸਰਕਾਰ ਕਿਸਾਨਾਂ ਦੀ ਪੂਰੀ ਪੂਰੀ ਆਰਥਕ ਮੱਦਦ ਕਰੇ ਤਾਂ ਕਿ ਕਿਸਾਨ ਪੈਰ ਸਿਰ ਹੋ ਸਕਣ। ਜ਼ਿਲੇ ਦੀ ਨਵੀਂ ਲੀਡਰਸ਼ਿਪ ਚੁਣੀ ਜਾਵੇਗੀ। 23 ਫਸਲਾਂ ਦੀ ਐਮ ਐਸ ਪੀ ਲੈਣ ਲਈ, ਗੈਰ ਮਾਈਨਿੰਗ ਰੁਕਵਾਉਣ, ਅਵਾਰਾ ਜਾਨਵਰਾਂ ਦਾ ਪੱਕਾ ਪ੍ਰਬੰਧ ਕਰਵਾਉਣ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ।

# ਖ਼ੂਨਦਾਨ ਕੈਂਪ ਲਗਾਇਆ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਕਾਲਰਾਂ ਵਿੱਖੇ ਭਟੋਆ ਪਰਿਵਾਰ ਦੇ ਜੱਦੀ ਜਠੇਰੇ ਧੰਨ ਧੰਨ ਬਾਬਾ ਭਟੋਆ ਸਾਬ ਜੀਆਂ ਦਾ ਸਾਲਾਨਾ ਜੋੜ ਮੇਲੇ ਮੌਕੇ ਪ੍ਰਧਾਨ ਸਾਬ ਬੂਟਾ ਸਿੰਘ ਦੀ ਅਗਵਾਈ ਦੀ ਅਗਵਾਈ ਹੇਠ ਅਤੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਡਰੋਲੀ ਦੀ ਦੇਖ ਰੇਖ ਹੇਠ ਬਲੱਡ ਬੈਂਕ ਸ੍ਰੀ ਅੰਮ੍ਰਿਤਸਰ ਸਹਿਬ ਅਤੇ ਪਸੀਚਾ ਬਲੱਡ ਬੈਂਕ ਜਲੰਧਰ ਦੇ ਵੱਡੇ ਸਹਿਯੋਗ ਨਾਲ ਲਗਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਵੀਰਾਂ ਭੈਣਾਂ ਵੱਲੋਂ ਮਾਨਤਾਵਾਂ ਦੀ ਸੱਚੀ ਸੁੱਚੀ ਸੇਵਾ ਤਹਿਤ ਥੈਲੇਸੀਮੀਆ ਨਾਂਅ ਦੀ ਨਾ ਮੁਰਾਦ ਬਿਮਾਰੀ ਨਾਲ ਜੂਝ ਰਹੇ ਬੱਚਿਆਂ ਦੀ ਚੰਗੀ ਸਿਹਤਯਾਬੀ ਲਈ ਕੀਤਾ। ਇਸ ਦੌਰਾਨ ਖ਼ੂਨਦਾਨ ਕੈਂਪ ਨੂੰ ਸਫਲ ਬਣਾਉਣ ਲਈ ਹਮੇਸ਼ਾ ਦੀ ਤਰ੍ਹਾਂ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ ਜੀ ਦੇ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਭਟੋਆ ਜਠੇਰਿਆਂ ਦੇ ਮਾਣਯੋਗ ਪ੍ਰਧਾਨ ਸਾਬ ਬੂਟਾ ਸਿੰਘ ਅਤੇ ਰਵਿੰਦਰ ਸਿੰਘ ਕਾਲਾ ਦੇ ਨਾਲ ਨਾਲ ਬਲੱਡ ਦਾਨ ਕਰਨ ਵਾਲੇ ਸਾਰੇ ਹੀ ਵੀਰਾਂ ਭੈਣਾਂ ਅਤੇ ਵੱਡੀ ਗਿਣਤੀ ਵਿਚ ਨਤਮਸਤਕ ਹੋਈਆ।ਸਮੂਹ ਸਾਧ ਸੰਗਤ ਪੱਤਰਕਾਰ ਭਾਈਚਾਰੇ ਅਤੇ ਫੋਕਸ ਪੰਜਾਬੀ ਦੀ ਸਮੁੱਚੀ ਟੀਮ ਦਾ ਵੱਡਾ ਯੋਗਦਾਨ ਰਿਹਾ।



# ਰਿਆਤ ਬਾਹਰਾ ਪ੍ਰੋਫੈਸ਼ਨਲ 'ਵਰਸਿਟੀ 'ਚ ਲਾਅ ਫਾਰ ਚੇਂਜ ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰਿਆਤ ਬਾਹਰਾ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ ਲਾਅ ਵੱਲੋਂ ਲਾਅ ਫਾਰ ਚੇਂਜ: ਲੀਗਲ ਐਮਪਾਵਰਮੈਂਟ ਅਗੇਨਸਟ ਡਰੱਗਸ, ਵਾਇਲੈਂਸ ਐਂਡ ਐਕਸਪਲੋਇਟੇਸ਼ਨ ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਦੀ ਪ੍ਰਧਾਨਗੀ ਡੀਨ ਡਾ. ਆਰ. ਐੱਨ. ਸਿੰਘ ਨੇ ਕੀਤੀ ਅਤੇ ਉਨ੍ਹਾਂ ਦੱਸਿਆ ਕਿ ਇਸ ਦਾ ਮਕਸਦ ਵਿਦਿਆਰਥੀਆਂ ਨੂੰ ਨਸ਼ਾ, ਹਿੰਸਾ ਅਤੇ ਸ਼ੋਸ਼ਣ ਵਰਗੀਆਂ ਸਮਾਜਿਕ ਬੁਰਾਈਆਂ ਦੇ ਖ਼ਿਲਾਫ਼ ਕਾਨੂੰਨ ਦੀ ਜਾਣਕਾਰੀ ਦੇਣਾ ਹੈ।ਮੁੱਖ ਵਕਤਾ ਦੇ ਤੌਰ 'ਤੇ ਹਰਜੀਤ ਕੌਰ, ਚੇਅਰਪਰਸਨ ਬਾਲ ਕਲਿਆਣ ਕਮੇਟੀ, ਹੁਸ਼ਿਆਰਪੁਰ ਨੇ ਵਿਦਿਆਰਥੀਆਂ ਨੂੰ ਐੱਨ ਡੀ ਪੀ ਐੱਸ ਐਕਟ ਅਤੇ ਨਸ਼ਾ ਸਬੰਧੀ ਕਾਨੂੰਨਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ੇ ਤੋਂ ਦੂਰ ਰਹਿਣ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਵਿਭਾਗ ਪ੍ਰਭਾਰੀ ਡਾ. ਪ੍ਰਿਯੰਕਾ ਪੁਰੀ ਨੇ ਦੱਸਿਆ ਕਿ ਸੈਮੀਨਾਰ ਦੌਰਾਨ ਐਨ.ਡੀ.ਪੀ.ਐੱਸ. ਐਕਟ 'ਤੇ ਲੈਕਚਰ, ਪ੍ਰੇਰਕ ਗੱਲਬਾਤ ਅਤੇ ਵਿਦਿਆਰਥੀਆਂ ਨਾਲ ਸਵਾਲ ਜਵਾਬ ਕਰਵਾਏ ਗਏ। ਇਸ ਦੌਰਾਨ ਵਿਦਿਆਰਥੀਆਂ ਨੂੰ ਕਾਨੂੰਨ ਅਤੇ ਨਸ਼ੇ ਨਾਲ ਸੰਬੰਧਤ ਨਿਯਮਾਂ ਬਾਰੇ ਉਚਿਤ ਜਾਣਕਾਰੀ ਮਿਲੀ। ਇਸ ਸੈਸ਼ਨ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਿਤ ਅਤੇ ਸਕਾਰਾਤਮਕ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਅਤੇ ਕਾਨੂੰਨ ਦੀ ਭੂਮਿਕਾ ਨੂੰ ਸਮਝਣ ਵਿੱਚ ਸਹਾਇਤਾ ਕੀਤੀ।

# ਬਲਜੀਤ ਗੋਰਾਇਆ ਬਣੇ ਦੁਧਾਰੂ ਪਸ਼ੂ ਵਪਾਰ ਐਸੋਸੀਏਸ਼ਨ ਦੇ ਪ੍ਰਧਾਨ



**ਅੱਡਾ ਸਰਾਂ (ਜਸਵੀਰ ਕਾਜਲ)**-ਦੁਧਾਰੂ ਪਸ਼ੂ ਵਪਾਰ ਐਸੋਸੀਏਸ਼ਨ ਦੋਆਬਾ ਬੈਲਟ ਹੁਸ਼ਿਆਰਪੁਰ ਦੀ ਸੂਬਾ ਪੱਧਰੀ ਮੀਟਿੰਗ ਹੁਸ਼ਿਆਰਪੁਰ ਵਿਖੇ ਕੀਤੀ ਗਈ। ਮੀਟਿੰਗ ਵਿੱਚ ਅਹਿਮ ਫੈਸਲਾ ਲਿਆ ਗਿਆ ਬਲਜੀਤ ਸਿੰਘ ਗੋਰਾਇਆ ਨੂੰ ਹੁਸ਼ਿਆਰਪੁਰ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੀਟਿੰਗ ਵਿੱਚ ਹੁਸ਼ਿਆਰਪੁਰ ਇਲਾਕੇ ਦੇ ਦਸੂਹਾ,ਗੜ੍ਹਦੀਵਾਲਾ, ਟਾਂਡਾ ਦੇ ਨਜ਼ਦੀਕੀ ਸਾਰੇ ਵਪਾਰੀਆਂ ਨੇ ਹਿੱਸਾ ਲਿਆ।ਇਸ ਮੌਕੇ ਕਮੇਟੀ ਮੈਂਬਰ ਨਰੇਸ਼ ਕੁਮਾਰ, ਕਰਨਦੀਪ ਸਿੰਘ ,ਵਪਵਨ ਕੁਮਾਰ, ਪਰਮਜੀਤ ਸਿੰਘ ,ਜਗਜੀਤ ਸਿੰਘ, ਬੱਬੂ ਮਾਲਪੁਰ, ਅਮਨ ਸਰਪੰਚ, ਸੁਖਦੇਵ ਸਿੰਘ , ਸਿੰਘ ਜੱਗਾ, ਸਰਪੰਚ ਗੁਰਮੁੱਖ ਸਿੰਘ, ਰਣਜੀਤ ਸਿੰਘ ਭਲਵਾਨ ਗੜ੍ਹਦੀਵਾਲਾ, ਨਿਰਮਲ ਸਿੰਘ, ਕੁਲਵਿੰਦਰ ਸਿੰਘ, ਕਰਨਪ੍ਰੀਤ ਸਿੰਘ, ਆਦਿ ਮੌਜੂਦ ਸਨ।

# ਮਿਹਨਤ, ਰਚਨਾਤਮਕਤਾ ਤੇ ਹੁਨਰ ਦਾ ਮਹੱਤਵ ਦਰਸਾਉਂਦਾ ਹੈ ਵਿਸ਼ਵਕਰਮਾ ਦਿਵਸ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**-ਵਿਸ਼ਵਕਰਮਾ ਦਿਵਸ ਦੇ ਮੌਕੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵੱਖ-ਵੱਖ ਥਾਵਾਂ ਦਾ ਦੌਰਾ ਕੀਤਾ ਅਤੇ ਆਯੋਜਿਤ ਸਮਾਗਮਾ ਵਿਚ ਹਿੱਸਾ ਲਿਆ। ਉਨ੍ਹਾਂ ਪਿੰਡ ਠਰੋਲੀ, ਡੱਲੇਵਾਲ, ਬੂਥਗੜ੍ਹ ਅਤੇ ਲੇਬਰ ਸ਼ੈੱਡ ਘੰਟਾ ਘਰ ਵਿਖੇ ਸਮਾਗਮਾਂ ਵਿਚ ਪਹੁੰਚ ਕੇ ਭਗਵਾਨ ਵਿਸ਼ਵਕਰਮਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਜ਼ਿਲ੍ਹਾ ਵਾਸੀਆਂ ਨੂੰ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।ਵਿਧਾਇਕ ਜਿੰਪਾ ਨੇ ਆਪਣੇ ਸੰਬੋਧਨਾਂ ਵਿਚ ਕਿਹਾ ਕਿ ਭਗਵਾਨ ਵਿਸ਼ਵਕਰਮਾ ਨੂੰ ਬ੍ਰਹਿਮੰਡ ਦੇ ਪਹਿਲੇ ਸ਼ਿਲਪਕਾਰ ਅਤੇ ਤਕਨੀਕੀ ਗਿਆਨ ਦੇ ਪ੍ਰਤੀਕ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਵਿਸ਼ਵਕਰਮਾ ਦਿਵਸ ਨਾ ਸਿਰਫ਼ ਸ਼ਰਧਾ ਦੇ ਤਿਉਹਾਰ ਵਜੋਂ, ਸਗੋਂ ਕਿਰਤ, ਰਚਨਾਤਮਕਤਾ ਅਤੇ ਹੁਨਰ ਦਾ ਮਹੱਤਵ ਵੀ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਹਰੇਕ ਮਜ਼ਦੂਰ ਸਾਡੇ ਸਮਾਜ ਦਾ ਇਕ ਥੰਮ੍ਹ ਹੈ ਅਤੇ ਸੂਬਾ ਸਰਕਾਰ ਮਜ਼ਦੂਰ ਵਰਗ ਨੂੰ ਉੱਚਾ ਚੁੱਕਣ ਅਤੇ ਸਤਿਕਾਰ ਦੇਣ ਲਈ ਲਗਾਤਾਰ ਕੰਮ ਕਰ ਰਹੀ ਹੈ। ਸਮਾਗਮਾਂ ਦੌਰਾਨ ਮੇਅਰ ਸੁਰਿੰਦਰ ਕੁਮਾਰ, ਕੁਲਵਿੰਦਰ ਸਿੰਘ ਹੁੰਦਲ, ਵਰਿੰਦਰ ਵੈਦ, ਪਵਨ ਕੁਮਾਰ (ਛਾਉਣੀ ਕਲਾਂ), ਹਰਵਿੰਦਰ ਸਿੰਘ ਡਿੰਪੀ ਅਤੇ ਰਵੀ ਕੁਮਾਰ ਸਮੇਤ ਕਈ ਪਤਵੰਤੇ ਮੌਜੂਦ ਸਨ।



# ਵਿਸ਼ਵਕਰਮਾ ਉਤਸਵ ਸ਼ਰਧਾ ਪੂਰਵਕ ਮਨਾਇਆ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਸ੍ਰੀ ਵਿਸ਼ਵਕਰਮਾ ਸਭਾ ਗੜ੍ਹਸ਼ੰਕਰ ਵੱਲੋਂ 63ਵਾਂ ਸ੍ਰੀ ਵਿਸ਼ਵਕਰਮਾ ਉਤਸਵ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀ ਦੇ ਸਹਿਯੋਗ ਨਾਲ ਇਥੇ ਦੇ ਸ਼੍ਰੀ ਵਿਸ਼ਵਕਰਮਾ ਮੰਦਿਰ ਗੜ੍ਹਸ਼ੰਕਰ ਵਿਖੇ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਸਮਾਗਮ ਦੀ ਸ਼ੁਰੂਆਤ ਸਵੇਰੇ ਹਵਨ ਅਤੇ ਨਿਸ਼ਾਨ ਸਾਹਿਬ ਦੀ ਰਸਮ ਨਾਲ ਕੀਤੀ ਗਈ।ਸਟੇਜ ਦੀ ਅਰੰਭਤਾ ਰਾਗੀ,ਢਾਡੀ ਜਥਿਆਂ ਅਤੇ ਆਏ ਹੋਏ ਕਲਾਕਾਰਾਂ ਵੱਲੋਂ ਕੀਤੀ ਗਈ। ਇੰਟਰਨੈਸ਼ਨਲ ਗੋਲਡਮੈਡਲਿਸਟ ਰਾਗੀ ਜਥਾ ਭਾਈ ਗੁਰਦੀਪ ਸਿੰਘ ਉੜਾਪੜ ਵੱਲੋਂ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਪੰਜਾਬ ਦੇ ਨਾਮੀ ਲੋਕ ਗਾਇਕ ਹਰਮਿੰਦਰ ਸੰਧੂ ਨੇ ਆਪਣੇ ਧਾਰਮਿਕ ਤੇ ਪਰਵਾਰਕ ਗੀਤਾਂ ਨਾਲ ਹਾਜ਼ਰੀ ਭਰੀ। ਸਮਾਗਮ ਦੌਰਾਨ ਇਲਾਕੇ ਦੇ ਸਮਾਜਸੇਵੀ ਅਤੇ ਰਾਜਨੀਤਿਕ ਆਗੂਆ ਨੇ ਹਾਜ਼ਰੀ ਭਰੀ ਜਿਨ੍ਹਾਂ ਵਿੱਚ ਗੜ੍ਹਸ਼ੰਕਰ ਤੋ ਵਿਧਾਇਕ ਅਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ, ਕਾਗਰਸ ਤੋ ਅਮਰਪ੍ਰੀਤ ਸਿੰਘ ਲਾਲੀ,ਭਾਜਪਾ ਤੋ ਮੈਡਮ ਨਮਿਸ਼ਾ ਮਹਿਤਾ, ਸਾਬਕਾ ਵਿਧਾਇਕ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ,ਰਜਿੰਦਰ ਸਿੰਘ ਸੂਕਾ ਸਾਬਕਾ ਪ੍ਰਧਾਨ ਨਗਰ ਕੋਸ਼ਲ ,ਬਸਪਾ ਪ੍ਰਧਾਨ ਪੰਜਾਬ ਅਵਤਾਰ ਸਿੰਘ ਕਰੀਮਪੁਰੀ, ਕਿਸਾਨ ਯੂਨੀਅਨ ਦੇ ਪ੍ਰਧਾਨ ਜਸਵੰਤ ਸਿੰਘ ਭੱਠਲ,ਪਰਮਜੀਤ ਬੱਬਰ,ਦਰਸ਼ਨ ਸਿੰਘ ਮੱਟੂ ਅਤੇ ਹੋਰ ਮਾਨਯੋਗ ਸ਼ਖਸ਼ੀਅਤਾ ਹਾਜ਼ਰ ਸਨ। ਇਸ ਮੌਕੇ ਪ੍ਰਬੰਧਕ ਕਮੇਟੀ ਤੋ ਪ੍ਰਧਾਨ ਜੋਗਿੰਦਰ ਸਿੰਘ ,ਸੈਕਟਰੀ ਭੁਪਿੰਦਰ ਸਿੰਘ ਸੈਹਬੀ, ਮਹਿੰਦਰ ਸਿੰਘ , ਜੋਗਾ ਸਿੰਘ, ਦਿਲਬਾਗ ਸਿੰਘ, ਪਰਮਜੀਤ ਸਿੰਘ, ਅਵਤਾਰ ਸਿੰਘ,ਨਰਿੰਦਰ ਸਿੰਘ,ਮੱਖਣ ਸਿੰਘ, ਸਜੀਵ ਕੁਮਾਰ ਤੋ ਇਲਾਵਾ ਸੰਗਤਾ ਵੱਡੀ ਗਿਣਤੀ ਵਿੱਚ ਹਾਜਰ ਸਨ। ਸਟੇਜ ਦੀ ਭੂਮਿਕਾ ਮਨਜੀਤ ਲੱਲੀਆਂ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ ਗਈ ਅਤੇ ਇਸ ਮੇਲੇ ਦਾ ਸਿੱਧਾ ਪ੍ਰਸਾਰਨ ਸ਼ਿਵਾਲਿਕ ਨਿਊਜ਼ ਟੀ.ਵੀ ਤੇ ਦਿਖਾਇਆ ਗਿਆ

# ਪੰਚਕੂਲਾ ਨੂੰ ਕੌਸ਼ਲਿਆ ਡੈਮ ਤੋਂ ਜਲਦੀ ਮਿਲੇਗੀ ਪਾਣੀ ਦੀ ਸਪਲਾਈ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਪੰਚਕੂਲਾ ਸ਼ਹਿਰ ਨੂੰ ਕੌਸ਼ਲਿਆ ਡੈਮ ਤੋਂ ਪੈਯਜਲ ਸਪਲਾਈ ਯਕੀਨੀ ਕਰਨ ਲਈ ਨੁਕਸਾਨ ਵਾਟਰ ਪਾਇਪਲਾਇਨ ਦੀ ਮੁਰੰਮਤ ਦਾ ਕੰਮ ਜਲਦੀ ਸ਼ੁਰੂ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਇਸ ਕੰਮ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ ਤਾਂ ਜੋ ਪੰਚਕੂਲਾ ਦੇ ਵੱਖ-ਵੱਖ ਸੈਕਟਰਾਂ ਵਿੱਚ ਪਹਿਲਾਂ ਦੀ ਤਰ੍ਹਾਂ ਟਿਊਬਵੈਲ ਦੀ ਥਾਂ ਡੈਮ ਤੋਂ ਪੇਯਜਲ ਸਪਲਾਈ ਬਹਾਲ ਕੀਤੀ ਜਾ ਸਕੇ।ਇਸ ਤੋਂ ਇਲਾਵਾ, ਮੁੱਖ ਮੰਤਰੀ ਨੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਅਥਾਰਿਟੀ ਪਿੰਜੌਰ-ਕਾਲਕਾ ਖੇਤਰ ਵਿੱਚ ਸਵੱਛ ਪਾਣੀ ਦੇ ਭੰਡਾਰਣ ਤਹਿਤ 10.12 ਏਕੜ ਭੂਮੀ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਨੂੰ ਉਪਲਬਧ ਕਰਵਾਉਣ ਤਾਂ ਜੋ ਇਹ ਵਿਵਸਥਾ ਹੋਣ ਨਾਲ ਪਿੰਜੌਰ-ਕਾਲਕਾ ਖੇਤਰਾਂ ਵਿੱਚ ਵੀ ਕੌਸ਼ਲਿਆ ਡੈਮ ਤੋਂ ਸਾਫ ਪੇਯਜਲ ਸਪਲਾਈ ਜਲਦ ਸ਼ੁਰੂ ਕੀਤੀ ਜਾ ਸਕੇ।ਸ੍ਰੀ ਨਾਇਬ ਸਿੰਘ ਸੈਣੀ 23 ਅਕਤੂਬਰ ਨੂੰ ਇੱਥੇ ਵਿਆਪਕ ਬੰਨ੍ਹ ਸੁਰੱਖਿਆ ਨਾਲ ਸਬੰਧਿਤ ਇੱਕ ਮੀਟਿੰਗ ਦੀ ਅਗਵਾਈ ਕਰ ਰਹੇ ਸਨ।

# ਦਲਿਤ ਸਮਾਜ ਦੇ ਉਤਪੀੜਨ ਦਾ ਹੱਲ ਰਾਜਨੀਤਕ ਸ਼ਕਤੀ ਨਾਲ ਹੀ ਸੰਭਵ : ਚੌਹਾਨ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਦਲਿਤ ਸਮਾਜ ਸਦੀਆਂ ਤੋਂ ਜਾਤਪਾਤ ਦੇ ਭਿੰਨ-ਭੇਦ ਦੀ ਚੱਕੀ ਵਿੱਚ ਪਿਸ ਰਿਹਾ ਹੈ। ਭਾਰਤ ਦੀ ਧਰਤੀ ਤੇ ਲੱਖਾਂ ਦੇਵੀ ,ਦੇਵਤੇ ,ਪੀਰ ,ਪੈਗੰਬਰ ,ਔਲੀਏ ਪੈਦਾ ਹੋਏ ਪਰ ਇਸ ਪੀੜਤ ਦਲਿਤ ਸਮਾਜ ਦੇ ਦੁੱਖਾਂ ਦਾ ਨਿਵਾਰਨ ਕਿਸੇ ਨੇ ਵੀ ਨਹੀਂ ਕੀਤਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕੀਤਾ, ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਦਲਿਤ ਸਮਾਜ ਨੂੰ ਮਾਨਵਤਾ ਦੇ ਸਭ ਅਧਿਕਾਰਾਂ ਤੋਂ ਵੰਚਿਤ ਕੀਤਾ ਹੋਇਆ ਸੀ। ਉਨ੍ਹਾਂ ਨਾਲ ਜਾਨਵਰਾਂ ਤੋਂ ਵੀ ਭੈੜਾ ਸਲੂਕ ਕੀਤਾ ਜਾਂਦਾ ਸੀ ਪਰ ਬਾਬਾ ਸਾਹਿਬ ਅੰਬੇਡਕਰ ਦੇ ਅਣਥੱਕ ਮਿਹਨਤ ਸਦਕਾ ਇਸ ਦਲਿਤ ਸਮਾਜ ਨੂੰ ਸੰਵਿਧਾਨਿਕ ਤੌਰ ਤੇ ਮਾਨਵੀ ਅਧਿਕਾਰ ਮਿਲੇ। ਦਲਿਤ ਸਮਾਜ ਦੇ ਇਕ ਪੜੇ ਲਿਖੇ ਉਚ ਅਧਿਕਾਰੀ ਨੂੰ ਜਾਤੀਗਤ ਵਿਤਕਰੇ ਕਾਰਨ ਆਤਮਹੱਤਿਆ ਕਰਨ ਲਈ ਮਜਬੂਰ ਹੋਣਾ ਪਿਆ ਜਦਕਿ ਉਸ ਅਧਿਕਾਰੀ ਦੀ ਪਤਨੀ ਜੋ ਆਪ ਵੀ ਉੱਚ ਅਧਿਕਾਰੀ ਹੈ, ਨੂੰ ਇਨਸਾਫ ਲੈਣ ਲਈ ਕਈ ਦਿਨਾਂ ਤੱਕ ਸੰਘਰਸ਼ ਕਰਨਾ ਪਿਆ। ਦੂਜੇ ਪਾਸੇ ਦੇਸ਼ ਦੀ ਸਰਵਉੱਚ ਅਦਾਲਤ ਦੇ ਮੁੱਖ ਜੱਜ ਤੇ ਮਨੂੰਵਾਦੀ ਮਾਨਸਿਕਤਾ ਰੱਖਣ ਵਾਲੇ ਵਕੀਲ ਵੱਲੋਂ ਜੁੱਤੀ ਸੁੱਟੀ ਗਈ। ਬਾਬਾ ਸਾਹਿਬ ਅੰਬੇਡਕਰ ਨੇ ਕਿਹਾ ਸੀ ਕਿ 'ਰਾਜਨੀਤਕ ਸ਼ਕਤੀ ਇੱਕ ਅਜਿਹੀ ਮਾਸਟਰ ਚਾਬੀ ਹੈ ਜਿਸ ਨਾਲ ਹਰ ਸਮੱਸਿਆ ਦਾ ਤਾਲਾ ਖੋਲ੍ਹਿਆ ਜਾ ਸਕਦਾ ਹੈ।' ਇਸ ਮੌਕੇ ਰਕੇਸ਼ ਕੁਮਾਰ ਸ਼ੀਂਹਮਾਰ, ਸੁਰਜੀਤ ਸਿੰਘ ਉੜਾਪੜ, ਸੰਦੀਪ ਕੁਮਾਰ ਗੜ੍ਹੀ, ਕੁਲਦੀਪ ਰਾਜ ਨਵਾਂਸ਼ਹਿਰ, ਸੁਰਜੀਤ ਰਾਮ ਕਰੀਮਪੁਰੀ,ਜਸਵਿੰਦਰ ਮਹਿੰਮੀ ਹਾਜ਼ਰ ਸਨ।



# ਦਿਸ਼ਾਦੀਪ ਨੇ ਝੁੱਗੀ ਝੌਂਪੜੀ 'ਚ ਰਹਿਣ ਵਾਲੇ ਬੱਚਿਆਂ ਨਾਲ ਦੀਵਾਲੀ ਮਨਾਈ

**ਜਲੰਧਰ (ਸ਼ੈਲੀ ਐਲਬਰਟ)**

ਬਹੁ-ਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਨੇ ਦੀਵਾਲੀ ਦਾ ਪਾਵਨ ਤਿਉਹਾਰ ਜਲੰਧਰ ਦੇ ਚੁੱਗਿੱਟੀ ਸਥਿਤ ਝੁੱਗੀ ਚੌਂਪੜੀਆਂ ਵਿੱਚ ਰਹਿਣ ਵਾਲੇ ਮਜ਼ਦੂਰਾਂ ਦੇ ਬੱਚਿਆਂ ਅਤੇ ਐਤਵਾਰ ਨੂੰ ਲੱਗਣ ਵਾਲੇ ਸਕੂਲ ਗੁਰੂਕੁੱਲ ਦੇ ਵਿਦਿਆਰਥੀਆਂ ਨਾਲ ਮਨਾਇਆ। ਸਕੂਲ ਦੀ ਸੰਚਾਲਕ ਅਨੁਰਾਧਾ ਵਧਾਵਨ, ਦਿਸ਼ਾਦੀਪ ਦੀ ਇਸਤਰੀ ਵਿੰਗ ਦੀ ਚੇਅਰਮੈਨ ਸਰਬਜੀਤ ਕੌਰ, ਸਮਾਜ ਸੇਵਕਾ ਰੇਨੂੰ ਨਾਗਪਾਲ, ਸੁਰਿੰਦਰ ਭਾਰਤੀ ਸੈਕਟਰੀ ਜਨਰਲ, ਜਸਵਿੰਦਰ ਕੁਮਾਰ ਅਮਰ ਗੇਟ ਗਰਿਲ ਅਤੇ ਲਾਇਨ ਐਸ ਐਮ ਸਿੰਘ ਸੰਸਥਾਪਕ ਅਤੇ ਚੀਫ਼, ਦਿਸ਼ਾਦੀਪ ਨੇ ਬੱਚਿਆਂ ਨੂੰ ਜੂਸ, ਮਿਠਾਈਆਂ ਤੇ ਸਕੂਲੀ ਸਟੇਸ਼ਨਰੀ ਵੰਡਦੇ ਹੋਏ ਸੰਬੋਧਨ ਕੀਤਾ ਅਤੇ ਕਿਹਾ ਕਿ ਤਿਉਹਾਰਾਂ ਦੀ ਅਸਲ ਖੁਸ਼ੀ ਉਨ੍ਹਾਂ ਲੋਕਾਂ ਨਾਲ ਮਿਲ ਕੇ ਖੁਸ਼ੀਆਂ ਮਨਾਉਣ ਦੀ ਹੈ ਜੋ ਕਿ ਆਰਥਿਕ ਪੱਖੋਂ ਕਮਜ਼ੋਰ ਹਨ ਅਤੇ ਤਿਉਹਾਰਾਂ ਤੇ ਖਰਚ ਨਹੀਂ ਕਰ ਸਕਦੇ। ਤਿਉਹਾਰਾਂ ਦਾ ਮਕਸਦ ਆਓ ਖੁਸ਼ੀਆਂ ਵੰਡੀਏ ਗ਼ਮ ਸਾਂਝੇ ਕਰੀਏ ਹੋਣਾ ਚਾਹੀਦਾ ਹੈ। ਇਸ ਮੌਕੇ ਬੱਚਿਆਂ ਨੇ ਪ੍ਰਣ ਲਿਆ ਕਿ ਉਹ ਪਟਾਕੇ ਚਲਾ ਕੇ ਪ੍ਰਦੂਸ਼ਣ ਨਹੀਂ ਫੈਲਾਉਣਗੇ ਅਤੇ ਦਿਸ਼ਾ ਦੀਪ ਦੁਆਰਾ ਪਾਰਕ ਵਿੱਚ ਲਗਾਏ ਗਏ ਬੂਟਿਆਂ ਦੀ ਸਾਂਭ ਸੰਭਾਲ ਕਰਨਗੇ।



24-Oct-PAGE-9.qxd 10/23/2025 11:07 PM Page 1



# ਮੋਹਿੰਦਰ ਭਗਤ ਨੇ 48 ਲੱਖ ਰੁਪਏ ਦੇ ਵਿਕਾਸ ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ



**ਜਲੰਧਰ (ਇਕਬਾਲ ਸਿੰਘ ਉੱਭੀ)**-ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਵਲੋਂ 22 ਅਕਤੂਬਰ ਨੂੰ ਸ਼ਹਿਰ ਦੇ ਵਿਕਾਸ ਪ੍ਰਤੀ ਵਚਨਬੱਧਤਾ ਵਿੱਚ ਇਕ ਹੋਰ ਮੀਲ ਦਾ ਪੱਥਰ ਸਥਾਪਿਤ ਕਰਦਿਆਂ 120 ਫੁੱਟੀ ਰੋਡ ਉਤੇ 48 ਲੱਖ ਰੁਪਏ ਦੇ ਵਿਕਾਸ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਵਿਕਾਸ ਪ੍ਰੋਜੈਕਟ ਵਿੱਚ ਸਤਿਗੁਰੂ ਰਵਿਦਾਸ ਕਮਿਊਨਟੀ ਹਾਲ ਦੇ ਨਵੀਨੀਕਰਨ ਵਿੱਚ ਪਾਰਕਿੰਗ ਥਾ ਨੂੰ ਅਪਗ੍ਰੇਡ ਕਰਨਾ, ਨਵੀਆਂ ਟਾਈਲਾਂ ਲਗਾਉਣਾ, ਅਤਿ ਆਧੁਨਿਕ ਬਾਥਰੂਮਾਂ ਦਾ ਨਿਰਮਾਣ ਕਰਨਾ ਅਤੇ ਸਾਫ-ਸਫਾਈ ਆਦਿ ਦੇ ਕੰਮ ਸ਼ਾਮਿਲ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਉਪਰਾਲਾ ਕਮਿਊਨਿਟੀ ਹਾਲ ਨੂੰ ਨਵੀਂ ਦਿੱਖ ਪ੍ਰਦਾਨ ਕਰਨਗੇ ਜੋ ਸਥਾਨਿਕ ਵਾਸੀਆਂ ਨੂੰ ਧਾਰਮਿਕ ਤੇ ਸਮਾਜਿਕ ਸਮਾਗਮ ਕਰਵਾਉਣ ਵਿੱਚ ਹੋਰ ਸਹੂਲਤ ਪ੍ਰਦਾਨ ਕਰਨਗੇ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਕਮਿਊਨਟੀ ਹਾਲ ਦੇ ਨਵੀਨੀਕਰਨ ਨਾਲ ਸਥਾਨਿਕ ਵਾਸੀਆਂ ਨੂੰ ਹਰ ਪੱਖੋਂ ਅਤਿ ਆਧੁਨਿਕ ਬੁਨਿਆਦੀ ਸਹੂਲਤਾਂ ਦਾ ਬਹੁਤ ਲਾਭ ਮਿਲੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਭਲਾਈ ਲਈ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਭਗਤ ਨੇ ਕਿਹਾ ਕਿ ਹੋਰ ਵਿਕਾਸ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਆਉਣ ਵਾਲੇ ਦਿਨਾਂ ਵਿੱਚ ਉਦਘਾਟਨ ਕੀਤਾ ਜਾਵੇਗਾ ਜੋ ਕਿ ਜਲੰਧਰ ਦੀ ਸਮੁੱਚੀ ਪ੍ਰਗਤੀ ਨੂੰ ਹੋਰ ਹੁਲਾਰਾ ਦੇਣਗੇ।

# ਨੰਬਰਦਾਰ ਯੂਨੀਅਨ ਵੱਲੋਂ ਹਰਮੀਤ ਸਿੰਘ ਸੰਧੂ ਦੀ ਕੋਠੀ ਅੱਗੇ ਵਿਸ਼ਾਲ ਧਰਨਾ ਭਲਕੇ



**ਨਕੋਦਰ, (ਮਨਜੀਤ ਮਾਨ)** ਤਰਨ ਤਾਰਨ ਦੀ ਵਿਧਾਨ ਸਭਾ ਜ਼ਿਮਨੀ ਚੋਣ ਵਿੱਚ ਨੰਬਰਦਾਰ ਯੂਨੀਅਨ 643 ਪੰਜਾਬ ਵੱਲੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਕੋਠੀ ਅੱਗੇ ਲਾਇਆ ਜਾਵੇਗਾ ਵਿਸ਼ਾਲ ਧਰਨਾ।ਨੰਬਰਦਾਰ ਯੂਨੀਅਨ ਦੀ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਮੀਤ ਪ੍ਰਧਾਨ ਪੰਜਾਬ ਅਤੇ ਜ਼ਿਲ੍ਹਾ ਜਲੰਧਰ ਦਿਹਾਤੀ ਹਰਕੰਵਲ ਸਿੰਘ ਮੁੱਧ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਨੇ ਨੰਬਰਦਾਰਾਂ ਨਾਲ ਜੋ ਵਾਅਦੇ ਚੋਣਾਂ ਵੇਲੇ ਕੀਤੇ ਸਨ ਉਹਨਾਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ । ਜਿਸ ਕਾਰਨ ਨੰਬਰਦਾਰਾਂ ਵਿੱਚ ਸਰਕਾਰ ਪ੍ਰਤੀ ਰੋਸ ਵੱਧਦਾ ਜਾ ਰਿਹਾ ਹੈ । ਸੂਬਾ ਬਾਡੀ ਵੱਲੋਂ 25 ਅਕਤੂਬਰ ਦਿਨ ਸ਼ਨੀਚਰਵਾਰ ਨੂੰ ਸਵੇਰੇ 10 ਵਜੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਕੋਠੀ ਅੱਗੇ ਵਿਸ਼ਾਲ ਧਰਨਾ ਲਗਾ ਕੇ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ । ਇਸ ਮੌਕੇ ਨੰਬਰਦਾਰ ਯੂਨੀਅਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੱਧ, ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਰਾਜ ਕੁਮਾਰ ਮਹਿਮੀ ਜਿਲ੍ਹਾ ਜਨਰਲ ਸਕੱਤਰ ਜ਼ਿਲ੍ਹਾ ਜਲੰਧਰ ਦਿਹਾਤੀ, ਗੁਰਦੇਵ ਸਿੰਘ ਮਾਲੜੀ, ਬਾਬਾ ਕਸ਼ਮੀਰ ਸਿੰਘ, ਅਮਨਦੀਪ ਸਿੰਘ ਸਿਆਣੀਵਾਲ, ਜਗਦੀਸ਼ ਸਿੰਘ ਟੁੱਟ, ਰਾਜ ਬਹਾਦਰ ਸਿੰਘ ਤੂਰ, ਕਮਲਜੀਤ ਸਿੰਘ ਆਲੋਵਾਲ, ਗੁਰਚਰਨ ਸਿੰਘ ਮਾਹੂਵਾਲ, ਜਗਜੀਤ ਸਿੰਘ ਮਾਹੂਵਾਲ ਆਦਿ ਹਾਜ਼ਰ ਸਨ।

# ਸ਼ਾਂਤੀ ਕਾਇਮ ਰੱਖਣ 'ਚ ਪੰਜਾਬ ਪੁਲਸ ਦਾ ਯੋਗਦਾਨ ਬੇਮਿਸਾਲ : ਐੱਸ ਐੱਸ ਪੀ

## 66ਵੇਂ ਪੁਲਸ ਯਾਦਗਾਰੀ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਬਹਾਦਰ ਪੁਲਸ ਮੁਲਾਜ਼ਮਾਂ ਦੇ ਸਨਮਾਨ ਵਿਚ ਬੀਤੇ ਦਿਨ ਪੁਲਿਸ ਲਾਈਨ ਹੁਸ਼ਿਆਰਪੁਰ ਵਿਖੇ 66ਵਾਂ ਪੁਲਸ ਯਾਦਗਾਰੀ ਦਿਵਸ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਐੱਸ ਐੱਸ ਪੀ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਸ਼ਰਧਾਂਜਲੀ ਸਮਾਗਮ ਦੌਰਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਪੰਜਾਬ ਪੁਲਸ ਨੂੰ ਇਕ ਬੇਮਿਸਾਲ ਫੋਰਸ ਦੱਸਿਆ, ਜਿਸ ਨੇ ਸ਼ਾਂਤੀ ਅਤੇ ਸੰਕਟ ਦੋਵਾਂ ਦੌਰਾਨ ਬੇਜੋੜ ਸਮਰਪਣ ਨਾਲ ਦੇਸ਼ ਦੀ ਸੇਵਾ ਕੀਤੀ। ਉਨ੍ਹਾਂ ਦੱਸਿਆ ਕਿ ਸਤੰਬਰ 1981 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਸ ਨੇ ਡਿਊਟੀ ਦੌਰਾਨ 1,802 ਅਧਿਕਾਰੀਆਂ ਦਾ ਬਲੀਦਾਨ ਦਿੱਤਾ ਹੈ, ਜਿਸ ਵਿਚ ਪਿਛਲੇ ਇਸ ਸਾਲ ਦੇ ਹੀ ਤਿੰਨ ਪੁਲਸ ਕਰਮਚਾਰੀ ਸ਼ਾਮਲ ਹਨ। ਪੁਲਸ ਸ਼ਹੀਦ ਸਮਾਰਕ 'ਤੇ ਸ਼ਰਧਾਂਜਲੀ ਭੇਟ



ਕਰਨ ਉਪਰੰਤ ਸੰਬੋਧਨ ਕਰਦਿਆਂ ਐੱਸ ਐੱਸ ਪੀ ਮਲਿਕ ਨੇ ਕਿਹਾ ਕਿ ਇਨ੍ਹਾਂ ਸ਼ਹੀਦਾਂ ਕਾਰਨ ਹੀ ਅੱਜ ਅਸੀਂ ਚੈਨ ਦੀ ਨੀਂਦ ਸੌਂ ਰਹੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਦੀ ਬਹਾਦਰੀ, ਹਿੰਮਤ ਅਤੇ ਅੱਤਵਾਦ ਨੂੰ ਜੜ੍ਹੋਂ ਪੁੱਟ ਸੁੱਟਣ ਦੀ ਵਚਨਬੱਧਤਾ ਦੀ ਮਾਣਮੱਤੀ ਵਿਰਾਸਤ ਹੈ ਅਤੇ ਸੂਬੇ ਵਿਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਕਾਇਮ ਰੱਖਣ 'ਚ ਪੰਜਾਬ ਪੁਲਸ ਦਾ ਯੋਗਦਾਨ ਬੇਮਿਸਾਲ ਹੈ। ਇਸ ਦੌਰਾਨ ਪੁਲਸ ਸ਼ਹੀਦਾਂ ਦੇ ਸਮਾਰਕ ਵਿਖੇ ਯਾਦਗਾਰੀ ਪਰੇਡ ਹੋਈ, ਜਿਥੇ ਪੁਲਸ ਸ਼ਹੀਦਾਂ ਦੇ ਨਾਮ ਪੜ੍ਹੇ ਗਏ, ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ।ਸਮਾਗਮ ਤੋਂ ਬਾਅਦ ਐੱਸ ਐੱਸ ਪੀ ਸੰਦੀਪ ਕੁਮਾਰ ਮਲਿਕ ਨੇ ਪੁਲਸ ਸ਼ਹੀਦਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ, ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਨ੍ਹਾਂ ਨੂੰ ਪੰਜਾਬ ਸਰਕਾਰ ਅਤੇ ਪੁਲਸ ਵਿਭਾਗ ਵੱਲੋਂ ਨਿਰੰਤਰ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ ਤੋਂ ਇਲਾਵਾ ਜ਼ਿਲ੍ਹੇ ਦੇ ਸਮੂਹ ਪੁਲਸ ਅਧਿਕਾਰੀ ਹਾਜ਼ਰ ਸਨ।

# ਡਾ. ਬਲਬੀਰ ਸਿੰਘ ਨੇ ਪ੍ਰਦੂਸ਼ਣ 'ਤੇ ਰਾਸ਼ਟਰੀ ਕਾਰਜ ਯੋਜਨਾ ਦਾ ਦਿੱਤਾ ਸੱਦਾ

## ● ਪੰਜਾਬ ਦੇ ਕਿਸਾਨਾਂ 'ਤੇ ਦੋਸ਼ ਲਗਾਉਣ ਲਈ ਦਿੱਲੀ ਦੇ ਭਾਜਪਾ ਆਗੂਆਂ ਦੀ ਕੀਤੀ ਨਿੰਦਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੇ ਮੰਤਰੀ ਡਾ. ਬਲਬੀਰ ਸਿੰਘ ਨੇ ਭਾਰਤ ਦੇ ਪ੍ਰਦੂਸ਼ਣ ਸੰਕਟ ਨਾਲ ਨਜਿੱਠਣ ਲਈ ਛੋਟੀ ਰਾਜਨੀਤੀ ਅਤੇ ਦੋਸ਼ ਲਾਉਣ ਦੀ ਬਜਾਏ ਇੱਕ ਏਕੀਕ੍ਰਿਤ, ਵਿਗਿਆਨ-ਅਧਾਰਤ ਰਾਸ਼ਟਰੀ ਪਹੁੰਚ ਅਪਣਾਉਣ ਦਾ ਸੱਦਾ ਦਿੱਤਾ ਹੈ। ਵਿਸ਼ਵਕਰਮਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਡਾ. ਬਲਬੀਰ ਨੇ ਕੇਂਦਰ ਸਰਕਾਰ ਨੂੰ ਪ੍ਰਦੂਸ਼ਣ 'ਤੇ ਇੱਕ ਵਿਆਪਕ ਰਾਸ਼ਟਰੀ ਕਾਰਜ ਯੋਜਨਾ ਤਿਆਰ ਕਰਨ ਲਈ ਸਾਰੇ ਮੁੱਖ ਮੰਤਰੀਆਂ, ਵਾਤਾਵਰਨ ਅਤੇ ਸਿਹਤ ਮੰਤਰੀਆਂ ਅਤੇ ਵਾਤਾਵਰਣ ਮਾਹਿਰਾਂ ਦੀ ਇੱਕ ਸਾਂਝੀ ਮੀਟਿੰਗ ਬੁਲਾਉਣ ਦੀ ਅਪੀਲ ਕੀਤੀ। ਡਾ. ਬਲਬੀਰ ਨੇ ਦਿੱਲੀ ਦੇ ਕੁਝ ਭਾਜਪਾ ਆਗੂਆਂ ਅਤੇ ਮੰਤਰੀਆਂ ਦੀ ਸਖ਼ਤ ਨਿੰਦਾ ਕੀਤੀ ਕਿ ਉਹ ਦਿੱਲੀ ਦੇ ਵਧਦੇ ਪ੍ਰਦੂਸ਼ਣ ਪੱਧਰ ਲਈ ਪੰਜਾਬ ਦੇ ਕਿਸਾਨਾਂ ਨੂੰ ਜ਼ਿੰਮੇਵਾਰ ਠਹਿਰਾਉਣ ਵਾਲੀਆਂ 'ਗੈਰ-ਜ਼ਿੰਮੇਵਾਰਾਨਾ ਅਤੇ ਬੇਬੁਨਿਆਦ' ਟਿੱਪਣੀਆਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵੱਲ ਉਂਗਲਾਂ ਚੁੱਕਣ ਤੋਂ ਪਹਿਲਾਂ, ਉਨ੍ਹਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਪ੍ਰਦੂਸ਼ਣ ਕਿਸੇ ਇੱਕ ਰਾਜ ਜਾਂ ਇੱਕ ਭਾਈਚਾਰੇ ਦੀ ਸਮੱਸਿਆ ਨਹੀਂ ਹੈ। ਇਹ ਇੱਕ ਰਾਸ਼ਟਰੀ ਸੰਕਟ ਹੈ ਜਿਸ ਲਈ ਸਹਿਯੋਗ ਦੀ ਲੋੜ ਹੈ, ਟਕਰਾਅ ਦੀ ਨਹੀਂ।ਉਨ੍ਹਾਂ ਨੇ ਦਿੱਲੀ ਦੇ ਧੂੰਏਂ ਲਈ ਪੰਜਾਬ ਨੂੰ ਦੋਸ਼ੀ ਠਹਿਰਾਉਣ ਦੇ ਤਰਕ 'ਤੇ ਸਵਾਲ ਉਠਾਉਂਦੇ ਹੋਏ ਕਿਹਾ ਕਿ ਜੇਕਰ ਪੰਜਾਬ ਦੇ ਖੇਤਾਂ ਦਾ ਧੂੰਆਂ ਪੰਜਾਬ, ਚੰਡੀਗੜ੍ਹ ਜਾਂ ਅੰਬਾਲਾ ਨੂੰ ਪ੍ਰਦੂਸ਼ਿਤ ਨਹੀਂ ਕਰਦਾ, ਤਾਂ ਇਹ ਅਚਾਨਕ ਦਿੱਲੀ ਨੂੰ ਕਿਵੇਂ ਪ੍ਰਦੂਸ਼ਿਤ ਕਰਦਾ ਹੈ? ਮੁੱਖ ਕਾਰਨ ਵਾਹਨਾਂ ਦਾ ਨਿਕਾਸ, ਉਦਯੋਗਿਕ ਡਿਸਚਾਰਜ ਤੇ ਦਿੱਲੀ ਦੇ ਅੰਦਰ ਹੀ ਉਸਾਰੀ ਦੀ ਧੂੜ ਹਨ।ਡਾ. ਬਲਬੀਰ ਨੇ ਭਾਜਪਾ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਦੇਸ਼ ਨੂੰ ਭੋਜਨ ਦੇਣ ਵਾਲੇ ਕਿਸਾਨਾਂ ਨੂੰ ਬਦਨਾਮ ਕਰਨਾ ਬੰਦ ਕਰਨ। ਉਨ੍ਹਾਂ ਕਿਹਾ ਕਿ ਇਹ ਉਹੀ ਕਿਸਾਨ ਹਨ ਜੋ ਪਹਿਲਾਂ ਹੀ ਆਪ੍ਰੇਸ਼ਨ ਸਿੰਦੂਰ, ਹੜ੍ਹਾਂ ਅਤੇ ਹੁਣ ਵਾਇਰਸ ਅਤੇ ਉੱਲੀਮਾਰ ਤੋਂ ਹੋਣ ਵਾਲੀਆਂ ਬਿਮਾਰੀਆਂ ਦਾ ਦਰਦ ਝੱਲ ਚੁਕੇ ਹਨ। ਉਨ੍ਹਾਂ ਨੂੰ ਪਰੇਸ਼ਾਨ ਕਰਨ ਦੀ ਬਜਾਏ, ਉਨ੍ਹਾਂ ਦੀ ਮਦਦ ਕਰਨ ਅਤੇ ਇਕੱਠੇ ਹੱਲ ਲੱਭਣ ਬਾਰੇ ਸੋਚਿਆ ਜਾਵੇ। ਹਵਾ ਪ੍ਰਦੂਸ਼ਣ ਦੇ ਗੰਭੀਰ ਸਿਹਤ ਪ੍ਰਭਾਵ ਨੂੰ ਉਜਾਗਰ ਕਰਦੇ ਹੋਏ ਡਾ. ਬਲਬੀਰ ਨੇ ਚੇਤਾਵਨੀ ਦਿੱਤੀ ਕਿ ਦੀਵਾਲੀ ਤੋਂ ਬਾਅਦ ਦੇ ਦਿਨਾਂ ਵਿੱਚ ਐਮਰਜੈਂਸੀ ਮਾਮਲਿਆਂ ਵਿੱਚ ਤੇਜ਼ੀ ਨਾਲ ਵਾਧਾ ਦੇਖਣ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਦੀਵਾਲੀ ਤੋਂ ਬਾਅਦ ਹਸਪਤਾਲਾਂ ਵਿੱਚ ਸਾਹ ਲੈਣ ਵਿੱਚ ਤਕਲੀਫ਼ ਅਤੇ ਜਲਣ ਦੀਆਂ ਸੱਟਾਂ ਦੇ 15% ਤੋਂ ਵੱਧ ਮਾਮਲੇ ਸਾਹਮਣੇ ਆਉਂਦੇ ਹਨ। ਬੱਚਿਆਂ ਨੂੰ ਸਾਹ ਲੈਣ ਵਿੱਚ ਮੁਸ਼ਕਲ ਆਉਂਦੀ ਹੈ, ਸਾਨੂੰ ਗੰਭੀਰ ਮਾੜੇ ਪ੍ਰਭਾਵਾਂ ਵਾਲੀਆਂ ਨੇਬੂਲਾਈਜ਼ਰ ਅਤੇ ਮਜ਼ਬੂਤ ਸਟੀਰੌਇਡ ਦਵਾਈਆਂ ਦੀ ਵਰਤੋਂ ਕਰਨ ਲਈ ਮਜਬੂਰ ਕੀਤਾ ਜਾਂਦਾ ਹੈ। ਇਹ ਇੱਕ ਮਨੁੱਖੀ ਸੰਕਟ ਹੈ, ਰਾਜਨੀਤਿਕ ਮੁੱਦਾ ਨਹੀਂ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨਿੱਜੀ ਪਹਿਲਕਦਮੀ ਕਰਨ ਦੀ ਅਪੀਲ ਕਰਦੇ ਹੋਏ, ਡਾ. ਬਲਬੀਰ ਨੇ ਕਿਹਾ ਕਿ ਤੁਸੀਂ ਪੂਰੇ ਦੇਸ਼ ਨੂੰ ਆਪਣਾ ਪਰਵਾਰ ਕਹਿੰਦੇ ਹੋ, ਇਸ ਲਈ ਕਿਰਪਾ ਕਰਕੇ ਆਪਣੇ ਪਰਿਵਾਰ ਨੂੰ ਇਕੱਠਾ ਕਰੋ। ਕਿਸਾਨਾਂ, ਮਾਹਿਰਾਂ ਅਤੇ ਮੁੱਖ ਮੰਤਰੀਆਂ ਨਾਲ ਬੈਠੋ ਤੇ ਪ੍ਰਦੂਸ਼ਣ ਕੰਟਰੋਲ ਲਈ ਇੱਕ ਰਾਸ਼ਟਰੀ ਕਾਰਜ ਯੋਜਨਾ ਬਣਾਓ। ਤਦ ਹੀ ਅਸੀਂ ਆਪਣੇ ਬੱਚਿਆਂ, ਆਪਣੇ ਵਾਤਾਵਰਣ ਅਤੇ ਆਪਣੇ ਦੇਸ਼ ਦੇ ਭਵਿੱਖ ਦੀ ਰੱਖਿਆ ਕਰ ਸਕਦੇ ਹਾਂ।ਡਾ. ਬਲਬੀਰ ਨੇ ਕਿਹਾ ਕਿ ਭਾਰਤ ਪ੍ਰਦੂਸ਼ਣ ਨੂੰ ਸਮੂਹਿਕ ਤੌਰ 'ਤੇ ਹੱਲ ਕੀਤੇ ਬਿਨਾਂ ਤਰੱਕੀ ਨਹੀਂ ਕਰ ਸਕਦਾ। ਭਾਸ਼ਣਾਂ ਅਤੇ ਦੋਸ਼ਾਂ ਦਾ ਸਮਾਂ ਖਤਮ ਹੋ ਗਿਆ ਹੈ, ਹੁਣ ਰਾਸ਼ਟਰੀ ਕਾਰਵਾਈ ਦਾ ਸਮਾਂ ਹੈ।

# ਵਿਸ਼ਵਕਰਮਾ ਦੇ ਆਸ਼ੀਰਵਾਦ ਤੋਂ ਬਿਨਾ ਦੁਨੀਆ ਦਾ ਵਿਕਾਸ ਸੰਭਵ ਨਹੀਂ : ਰੰਧਾਵਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਦੇਵਤਿਆਂ 'ਚ ਸ਼ਿਲਪਕਾਰੀ ਦੇ ਗੁਰੂ ਬਾਬਾ ਵਿਸ਼ਵਕਰਮਾ ਦਾ ਜਨਮ ਦਿਹਾੜਾ ਬੁੱਧਵਾਰ ਨੂੰ ਧੂਮਧਾਮ ਨਾਲ ਮਨਾਇਆ ਗਿਆ। ਵਿਸ਼ਵਕਰਮਾ ਜੈਅੰਤੀ ਮੌਕੇ ਡੇਰਾਬੱਸੀ 'ਚ ਜਨਤਾ ਸੇਵਾ ਸਮਿਤੀ ਵੱਲੋਂ ਰਾਮਲੀਲਾ ਗਰਾਉਂਡ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵਿਸ਼ਵਕਰਮਾ ਸਮਾਜ ਸਮੇਤ ਪੁਰਜ਼ਿਆਂ ਅਤੇ ਨਿਰਮਾਣ ਕਾਰਜਾਂ ਨਾਲ ਜੁੜੇ ਜਨਤਾ ਸੇਵਾ ਸਮਿਤੀ ਦੇ ਅਹੁਦੇਦਾਰਾਂ ਨੇ ਵੈਦਿਕ ਰੀਤੀ ਰਿਵਾਜਾਂ ਅਨੁਸਾਰ ਭਗਵਾਨ ਵਿਸ਼ਵਕਰਮਾ ਦੀ ਪੂਜਾ ਵੀ ਕੀਤੀ। ਇਸ ਜਨਮ ਦਿਹਾੜੇ ਨੂੰ ਮਨਾਉਣ ਲਈ ਇਲਾਕੇ ਦੀ ਵੱਡੀ ਗਿਣਤੀ ਸੰਗਤ ਸ਼ਾਮਲ ਹੋਈ ਜਿਸ 'ਚ ਹਲਕਾ ਵਿਧਾਇਕ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਰੰਧਾਵਾ ਨੇ ਸੰਗਤ ਨੂੰ ਬਾਬਾ ਵਿਸ਼ਵਕਰਮਾ ਦੇ ਜਨਮ ਦਿਵਸ ਦੀ ਵਧਾਈ ਦਿੰਦੇ ਹੋਏ ਕਿਹਾ ਬਾਬਾ ਵਿਸ਼ਕਰਮਾ ਸ਼ਿਲਪਕਾਰੀ ਦੇ ਗੁਰੂ ਹਨ, ਜਿਨ੍ਹਾਂ ਦੀ ਬਦੌਲਤ ਹੱਥਾਂ ਨਾਲ ਕੰਮ ਕਰਨ ਵਾਲੇ ਲੋਕ ਦੇਸ਼ ਦੇ ਨਿਰਮਾਣ 'ਚ ਵੱਡਾ ਹਿੱਸਾ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਨੇ ਦੁਨੀਆ ਨੂੰ ਕਲਾ ਅਤੇ ਕੌਸ਼ਲ ਦਾ ਜੋ ਵਰਦਾਨ ਦਿੱਤਾ ਹੈ, ਉਸ ਦੇ ਬਿਨਾਂ ਦੁਨੀਆ ਦਾ ਵਿਕਾਸ ਹੀ ਸੰਭਵ ਨਹੀਂ ਸੀ, ਜਿਸ ਸ੍ਰਿਸ਼ਟੀ ਨੂੰ ਅਸੀਂ ਇਸ ਆਧੁਨਿਕ ਰੂਪ ਵਿਚ ਦੇਖ ਰਹੇ ਹਾਂ, ਉਹ ਸਭ ਭਗਵਾਨ ਵਿਸ਼ਵਕਰਮਾ ਦੀ ਹੀ ਦੇਣ ਹੈ। ਰੰਧਾਵਾ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਨੇ ਕੁਦਰਤ ਅਤੇ ਮਨੁੱਖਤਾ ਦੋਨਾਂ ਨੂੰ ਹੱਥੀਂ ਕਿਰਤ ਦਾ ਵਰਦਾਨ ਦਿੱਤਾ ਹੈ। ਇਸ ਮੌਕੇ ਨਗਰ ਕੌਂਸਲ ਡੇਰਾਬੱਸੀ ਦੇ ਪ੍ਰਧਾਨ, ਪਾਰਟੀ ਦੇ ਬਲਾਕ ਪ੍ਰਧਾਨ, ਐੱਮ ਸੀ ਸਾਹਿਬਾਨ,ਪੰਚ-ਸਰਪੰਚ ਸਮੇਤ ਪਾਰਟੀ ਦੀ ਸਮੁੱਚੀ ਟੀਮ ਤੇ ਵੱਡੀ ਗਿਣਤੀ 'ਚ ਸੰਗਤ ਸ਼ਾਮਲ ਸੀ।



# ਡਾ. ਅਰੋਕਿਆਸਵਾਮੀ ਵੇਲੂਮਣੀ ਨੇ ਐੱਲ ਪੀ ਯੂ ਦੇ ਵਿਦਿਆਰਥੀਆਂ ਨੂੰ ਆਪਣੀ ਜੀਵਨ ਯਾਤਰਾ ਨਾਲ ਕੀਤਾ ਪ੍ਰੇਰਿਤ

**ਜਲੰਧਰ (ਸ਼ੈਲੀ ਐਲਬਰਟ)**-ਡਾ. ਅਰੋਕਿਆਸਵਾਮੀ ਵੇਲੂਮਣੀ, ਇੱਕ ਪ੍ਰਸਿੱਧ ਭਾਰਤੀ ਉੱਦਮੀ ਅਤੇ ?5,000 ਕਰੋੜ ਤੋਂ ਵੱਧ ਦੀ ਜਾਇਦਾਦ ਵਾਲੇ ਅਰਬਪਤੀ, ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਇੱਕ ਨਿਮਰ ਪਿਛੋਕੜ ਤੋਂ ਇੱਕ ਵਿਸ਼ਵਵਿਆਪੀ ਉੱਦਮੀ ਬਣਨ ਤੱਕ ਦੇ ਆਪਣੇ ਸ਼ਾਨਦਾਰ ਸਫ਼ਰ ਨੂੰ ਸਾਂਝਾ ਕੀਤਾ। ਐੱਲ ਪੀ ਯੂ ਦੇ ਪ੍ਰੋ-ਵਾਈਸ ਚਾਂਸਲਰ ਡਾ. ਲੋਵੀਰਾਜ ਗੁਪਤਾ ਤੇ ਵਿਦਿਆਰਥੀ ਭਲਾਈ ਵਿਭਾਗ ਦੇ ਕਾਰਜਕਾਰੀ ਡੀਨ ਡਾ. ਸੌਰਭ ਲਖਨਪਾਲ ਨੇ ਡਾ. ਵੇਲੂਮਣੀ ਦਾ ਕੈਂਪਸ ਵਿੱਚ ਸਵਾਗਤ ਕੀਤਾ।ਡਾ. ਵੇਲੂਮਣੀ ਨੇ ਆਪਣੀ ਅਕਾਦਮਿਕ ਯਾਤਰਾ ਦੇ ਇੱਕ ਸਪੱਸ਼ਟ ਅਤੇ ਹਲਕੇ ਦਿਲ ਵਾਲੇ ਬਿਆਨ ਨਾਲ ਆਪਣੀ ਗੱਲਬਾਤ ਸ਼ੁਰੂ ਕੀਤੀ। ਉਸਨੇ ਸਾਂਝਾ ਕੀਤਾ ਕਿ ਕੋਰਸ ਸ਼ੁਰੂ ਕਰਨ ਤੋਂ ਇੱਕ ਮਹੀਨੇ ਬਾਅਦ, ਉਸਦੇ ਗੁਰੂ ਨੇ ਉਸ ਦੀ ਪਸੰਦ 'ਤੇ ਸਵਾਲ ਉਠਾਇਆ ਅਤੇ ਉਸ ਨੂੰ ਵਿਗਿਆਨ ਵਿੱਚ ਦਾਖਿਲਾ ਲੈਣ ਦੀ ਸਲਾਹ ਦਿੱਤੀ। ਜੇਕਰ ਉਹ ਨਾ ਹੁੰਦੇ, ਤਾਂ ਮੈਨੂੰ ਨਹੀਂ ਲੱਗਦਾ ਕਿ ਮੈਂ ਅੱਜ ਇੱਥੇ ਤੁਹਾਡੇ ਨਾਲ ਗੱਲ ਕਰਦੇ ਹੋਏ ਹੁੰਦਾ।ਉਨ੍ਹਾਂ ਸੀਮਤ ਸਰੋਤਾਂ ਨਾਲ ਵੱਡੇ ਹੋਣ ਬਾਰੇ ਗੱਲ ਕੀਤੀ, ਪਰ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਹ ਕਦੇ ਵੀ ਜੋਖਮ ਲੈਣ ਤੋਂ ਨਹੀਂ ਝਿਜਕਿਆ। ਪ੍ਰੋਗਰਾਮ ਇੱਕ ਬਹੁਤ ਹੀ ਪ੍ਰੇਰਨਾਦਾਇਕ ਨੋਟ 'ਤੇ ਸਮਾਪਤ ਹੋਇਆ।



# ਗੁਰਦੁਆਰਾ ਗੋਬਿੰਦਪੁਰੀ ਸਾਹਿਬ ਨਡਾਲੀ ਵਿਖੇ ਸੰਤ ਸੰਮੇਲਨ



**ਅੱਡਾ ਸਰਾਂ (ਜਸਵੀਰ ਕਾਜਲ)**-ਉਦਾਸੀਨ ਡੇਰਾ ਗੁਰਦੁਆਰਾ ਗੋਬਿੰਦਪੁਰੀ ਸਾਹਿਬ ਨਡਾਲੀ ਵਿਖੇ ਡੇਰਾ ਪ੍ਰਮੁੱਖ ਸੇਵਾਦਾਰ ਸ੍ਰੀਮਾਨ ਸੰਤ ਸਰੂਪ ਹਰੀ ਸਿੰਘ ਜੀ ਦੀ ਦੇਖ ਰੇਖ ਹੇਠ 35ਵਾਂ ਸੰਤ ਸੰਮੇਲਨ ਕਰਵਾਇਆ ਗਿਆ, ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ ਢਾਡੀ ਕੀਰਤਨੀ ਜਥਿਆਂ ਨੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਗੁਰੂ ਇਤਿਹਾਸ ਕਥਾ ਵਿਚਾਰਾਂ ਕੀਰਤਨ ਨਾਲ ਜੋੜਿਆ। ਇਸ ਮੌਕੇ ਸੰਤ ਬਾਬਾ ਸਰੂਪ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਨਾਮ ਬਾਣੀ ਨਾਲ ਜੁੜਨ ਲਈ ਪ੍ਰੇਰਿਆ ਅਤੇ ਆਪਣੇ ਜੀਵਨ ਵਿੱਚ ਗੁਰਬਾਣੀ ਦਾ ਪ੍ਰਕਾਸ਼ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰਬੰਧਕ ਸੇਵਾਦਾਰਾਂ ਵੱਲੋਂ ਚਾਹ ਪਕੌੜਿਆਂ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਬੂਟੇ ਲਗਾ ਕੇ ਦੀਵਾਲੀ ਤੇ ਵਿਸ਼ਵਕਰਮਾ ਦਿਵਸ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸ਼ਹੀਦ ਭਗਤ ਸਿੰਘ ਨਗਰ ਵਿੱਚ ਸੰਨ 2003 ਤੋਂ ਵਾਤਾਵਰਣ ਨੂੰ ਸੰਭਾਲਣ ਲਈ ਜ਼ੋਰ-ਸ਼ੋਰ ਨਾਲ ਕੰਮ ਕਰ ਰਹੀ ਵਾਤਾਵਰਣ ਸੰਭਾਲ ਸੁਸਾਇਟੀ ਨਵਾਂਸ਼ਹਿਰ ਵੱਲੋਂ ਦੀਵਾਲੀ ਅਤੇ ਬਾਬਾ ਵਿਸ਼ਵਕਰਮਾ ਦਿਵਸ ਮੌਕੇ ਸੋਨਾ ਰੋਡ ਤੇ ਸਥਿਤ ਸਰਕਾਰੀ ਮਿਉਂਸੀਪਲ ਪਾਰਕ ਵਿਖੇ ਵੱਖ-ਵੱਖ ਕਿਸਮਾਂ ਦੇ 11 ਬੂਟੇ ਲਗਾਏ ਗਏ। ਇਸ ਮੌਕੇ ਤੇ ਸੁਸਾਇਟੀ ਦੇ ਵਾਈਸ ਪ੍ਰਧਾਨ ਤਰਸੇਮ ਲਾਲ ਨੇ ਕਿਹਾ ਕਿ ਮਾਨਵਤਾ ਅਤੇ ਬਨਸਪਤੀ ਲਈ ਆਕਸੀਜਨ ਬਹੁਤ ਜ਼ਰੂਰੀ ਹੈ। ਆਕਸੀਜਨ ਸਾਨੂੰ ਪੇੜ-ਪੌਦਿਆਂ ਤੋਂ ਮਿਲਦੀ ਹੈ। ਇਸ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਪੰਜਾਬ ਵਿੱਚ ਜੰਗਲਾਤ ਹੇਠ ਰਕਬਾ ਦਿਨ ਪ੍ਰਤੀ ਦਿਨ ਘਟਦਾ ਜਾ ਰਿਹਾ ਹੈ। ਇਹ ਬਹੁਤ ਵੱਡੀ ਚਿੰਤਾ ਦਾ ਵਿਸ਼ਾ ਹੈ। ਇਸ ਲਈ ਹਰੇਕ ਖ਼ੁਸ਼ੀ ਦੇ ਮੌਕੇ ਤੇ ਬੂਟੇ ਲਗਾ ਕੇ ਉਨ੍ਹਾਂ ਦੀ ਦੇਖਭਾਲ ਕਰਨੀ ਚਾਹੀਦੀ ਹੈ। ਸਾਡੀ ਸੁਸਾਇਟੀ ਵਲੋਂ ਹੁਣ ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਵੱਖ-ਵੱਖ ਖੇਤਰਾਂ ਵਿੱਚ ਜ਼ੋਰ-ਸ਼ੋਰ ਨਾਲ ਬੂਟੇ ਲਗਾਏ ਅਤੇ ਵੰਡੇ ਗਏ। ਹਰ ਇਕ ਮਨੁੱਖ ਲਗਾਵੇ ਇਕ ਰੁੱਖ। ਇਸ ਮੌਕੈ ਤੇ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ, ਵਾਈਸ ਪ੍ਰਧਾਨ ਤਰਸੇਮ ਲਾਲ, ਕੈਸ਼ੀਅਰ ਕੁਲਦੀਪ ਕੁਮਾਰ,ਅਰੁਣ ਕੁਮਾਰ ਬਾਲੀ, ਰੇਸ਼ਮ ਸਿੰਘ ਅਤੇ ਧਰਮਪਾਲ ਬਾਲੀ ਹਾਜ਼ਰ ਸਨ।



# ਭਗਵਤੀ ਜਾਗਰਣ ਭਲਕੇ

**ਅੱਡਾ ਸਰਾਂ (ਜਸਵੀਰ ਕਾਜਲ)**-ਪਿੰਡ ਕੰਧਾਲੀ ਨਰੰਗਪੁਰ ਵਿਖੇ 16ਵਾਂ ਸਲਾਨਾ ਮਾਂ ਭਗਵਤੀ ਜਾਗਰਨ 25 ਅਕਤੂਬਰ ਦਿਨ ਸ਼ਨੀਵਾਰ ਨੂੰ ਨੌਜਵਾਨ ਸਿੱਧ ਚਰਨੋ ਕਲੱਬ ਵੱਲੋਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਪ੍ਰਬੰਧਕ ਕਮਲਜੀਤ ਸਿੰਘ ਸੁਰਿੰਦਰ ਪਾਲ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਜਾਗਰਣ ਵਿੱਚ ਮਾਤਾ ਚਿੰਤਪੁਰਨੀ ਦਾ ਸੁੰਦਰ ਭਵਨ ਸਜਾਇਆ ਜਾਂਦਾ ਹੈ ਅਤੇ ਰਾਤ ਨੂੰ ਚਾਹ ਪਕੌੜਿਆਂ ਦਾ ਲੰਗਰ ਵੀ ਲਗਾਇਆ ਜਾਵੇਗਾ। ਇਸ ਮੌਕੇ ਜਤਿੰਦਰ ਗੋਲਡੀ ਧਾਮੀ ਜਾਗਨ ਪਾਰਟੀ ਵੱਲੋਂ ਮਾਤਾ ਦੀਆਂ ਭੇਟਾਂ ਦਾ ਗੁਣਗਾਨ ਕੀਤਾ ਜਾਵੇਗਾ। ਇਸ ਮੌਕੇ ਬੂਟਾ ਸਿੰਘ ਕਾਜਲ, ਜਸਵੀਰ ਕਾਜਲ ,ਅਵਤਾਰ ਸਿੰਘ, ਬਲਵੀਰ ਸਿੰਘ, ਮਲਕੀਤ ਸਿੰਘ, ਭਗਵਾਨ ਦਾਸ, ਪ੍ਰਗਟ ਸਿੰਘ ਆਦਿ ਮੌਜੂਦ ਸਨ।

# ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਐਕਸੀਅਨ ਰਾਜ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 24 ਅਕਤੂਬਰ ਨੂੰ 66 ਕੇ.ਵੀ.ਗਰਿਡ ਨਾਗੋਕੇ ਤੋਂ ਚਲਦੇ ਸਾਰੇ ਏ ਪੀ ਅਤੇ ਯੂ ਪੀ ਐਸ ਫੀਡਰ ਸਮਾਂ ਸਵੇਰੇ 10-00 ਤੋਂ ਸ਼ਾਮ 5 ਵਜੇ ਤੱਕ ਰੁਟੀਨ ਦੀ ਜ਼ਰੂਰੀ ਮੇਂਨਟੀਨੈਸ ਹੋਣ ਕਰਕੇ ਇਸ ਸਮੇਂ ਦੌਰਾਨ ਬੰਦ ਰਹਿਣਗੇ ।

# ਦਾਸ ਰਾਮ ਖਟਕੜ ਨਮਿਤ ਸਤਿਕਾਰ ਸਮਾਗਮ



**ਬੰਗਾ (ਅਵਤਾਰ ਕਲੇਰ)**

ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਬੰਗਾ ਦੇ ਸਾਬਕਾ ਜਥੇਬੰਦਕ ਮੁਖੀ ਰਿਟਾ. ਮੁੱਖ ਅਧਿਆਪਕ ਕੁਲਵਿੰਦਰ ਖਟਕੜ ਅਤੇ ਸੁੱਚਾ ਰਾਮ ਦੇ ਪਿਤਾ , ਲੈਕ. ਸੰਤੋਸ਼ ਖਟਕੜ ਅਤੇ ਕਮਲੇਸ਼ ਰਾਣੀ ਦੇ ਸਹੁਰਾ ਸਾਹਿਬ ਦਾਸ ਰਾਮ ਖਟਕੜ ਪਿਛਲੇ ਦਿਨੀਂ ਵਿਛੋੜਾ ਦੇ ਗਏ ਸਨ। ਉਹਨਾਂ ਦੇ ਨਮਿੱਤ ਸਤਿਕਾਰ ਸਮਾਗਮ ਗੁਰੂ ਰਵਿਦਾਸ ਗੁਰਦੁਆਰਾ ਪਿੰਡ ਖਟਕੜ ਕਲਾਂ ਵਿਖੇ ਕਰਵਾਇਆ ਗਿਆ।ਤਰਕਸ਼ੀਲ ਸੁਸਾਇਟੀ ਪੰਜਾਬ ਜੋਨ ਨਵਾਂਸ਼ਹਿਰ ਦੇ ਜਥੇਬੰਦਕ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ ਨੇ ਦੱਸਿਆ ਕਿ ਇਹ ਸਮਾਗਮ ਰੂੜੀਵਾਦੀ ਰਸਮਾਂ ਰਿਵਾਜਾਂ ਤੋਂ ਬਗੈਰ ਵਿਗਿਆਨਕ ਅਤੇ ਤਰਕਸ਼ੀਲ ਅਗਾਂਹਵਧੂ ਵਿਚਾਰਾਂ ਵਾਲਾ ਇੱਕ ਵਿਸ਼ਾਲ ਯਾਦਗਾਰੀ ਸਮਾਗਮ ਹੋ ਨਿਬੜਿਆ। ਤਰਕਸ਼ੀਲ ਆਗੂ ਸੱਤਪਾਲ ਸਲੋਹ, ਲੋਕ ਮੋਰਚਾ ਪੰਜਾਬ ਦੇ ਆਗੂ ਅਮੋਲਕ ਸਿੰਘ ਡੀ ਟੀ ਐੱਫ ਆਗੂ ਜਸਵਿੰਦਰ ਔਜਲਾ ਤੇ ਬੂਟਾ ਸਿੰਘ ਮਹਿਮੂਦਪੁਰ ਨੇ ਕਿਹਾ ਕਿ ਜ਼ਿਆਦਾਤਰ ਮੌਤਾਂ ਭ੍ਰਿਸ਼ਟ ਸਿਸਟਮ,ਸਿਹਤ ਸਹੂਲਤਾਂ ਦੀ ਘਾਟ, ਖ਼ਾਦ ਖੁਰਾਕ ਵਿੱਚ ਮਿਲਾਵਟਖੋਰੀ ਅਤੇ ਪ੍ਰਦੂਸ਼ਿਤ ਵਾਤਾਵਰਨ ਕਾਰਨ ਹੁੰਦੀਆਂ ਹਨ । ਉਹਨਾਂ ਲੋਕਾਂ ਨੂੰ ਕਿਹਾ ਕਿ ਜਮਹੂਰੀਅਤ ਨੂੰ ਬਰਕਰਾਰ ਰੱਖਣ ਲਈ ਸਾਨੂੰ ਇੱਕਮੁੱਠ ਹੋ ਕੇ ਸੰਘਰਸ਼ਾਂ ਦੇ ਰਾਹ ਤੁਰਨ ਦੀ ਲੋੜ ਹੈ। ਡਾਇਟੀਸ਼ੀਅਨ ਮੈਡਮ ਪ੍ਰਵੀਨ ਵਰਮਾਨੀ ਨੇ ਮਨੁੱਖ ਦੀਆਂ ਮਿੱਤਰ ਬੀਮਾਰੀਆਂ ਬੁਖ਼ਾਰ, ਲੂਸ ਮੋਸ਼ਨ ਅਤੇ ਰੇਸ਼ਾ ਜ਼ੁਕਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸੁਖਵਿੰਦਰ ਲੰਗੇਰੀ ਵਲੋਂ ਤਰਕਸ਼ੀਲ ਸਾਹਿਤ ਦਾ ਸਟਾਲ ਅਤੇ ਨਿੰਦਰ ਮਾਈਦਿੱਤਾ ਵਲੋਂ ਤਰਕਸ਼ੀਲ ਪ੍ਰਦਰਸ਼ਨੀ ਲਗਾਈ ਗਈ। ਇਸ ਮੌਕੇ ਵਾਤਾਵਰਨ ਨੂੰ ਸ਼ੁੱਧ ਅਤੇ ਸੁੰਦਰ ਬਣਾਉਣ ਲਈ ਫ਼ਲ, ਫੁੱਲ ਅਤੇ ਛਾਂਦਾਰ ਪੌਦੇ ਅਤੇ ਤਰਕਸ਼ੀਲ ਮੈਗਜ਼ੀਨ ਵੀ ਵੰਡੇ ਗਏ। ਇਸ ਮੌਕੇ ਨਿੰਦਰ ਮਾਈਦਿੱਤਾ, ਮੋਹਣ ਬੀਕਾ,ਮਾ. ਨਰੇਸ਼ ਗੜ੍ਹਸ਼ੰਕਰ, ਬਲਜੀਤ ਖਟਕੜ, ਮਾ. ਪਰਮਜੀਤ ਖਮਾਣੋਂ , ਬਲਜਿੰਦਰ ਸ਼ਹਿਬਾਜ਼ ਪੁਰ, ਕਮਲਜੀਤ ਕੌਰ ਕੁੱਲੇਵਾਲ, ਕਮਲਜੀਤ ਕੌਰ ਖਟਕੜ, ਬਲਵਿੰਦਰ ਰਾਣੀ ਨਵਾਂਸ਼ਹਿਰ, ਰਾਜ ਕੁਮਾਰੀ ਲੰਗੇਰੀ, ਕਰਨਦੀਪ,ਨੀਲਮ ,ਬਚਨ ਕੌਰ,ਸਾਰਾ ਸਿੱਧੂ , ਜਸਵੀਰ ਕੌਰ, ਗੁਰਪਾਲ ਕੌਰ,ਜਗਤਾਰ ਗਰਚਾ ਅਤੇ ਹੋਰ ਬਹੁਤ ਸਾਰੇ ਰਿਸ਼ਤੇਦਾਰ ਅਤੇ ਮਿੱਤਰ ਦੋਸਤ ਹਾਜ਼ਰ ਸਨ। ਇਸ ਸਮੁੱਚੇ ਸਮਾਗਮ ਦੀ ਸਟੇਜ ਸੰਚਾਲਨਾ ਮਾ ਜਗਦੀਸ਼ ਦੁਆਰਾ ਕੀਤੀ ਗਈ।ਅੰਤ ਵਿੱਚ ਸੁੱਚਾ ਰਾਮ ਪੀ ਟੀ ਨੇ ਸਮਾਗਮ ਵਿੱਚ ਸ਼ਾਮਲ ਸਭਨਾਂ ਦਾ ਪਰਵਾਰ ਵਲੋਂ ਧੰਨਵਾਦ ਕੀਤਾ।

# ਭਗਵਾਨ ਵਾਲਮੀਕਿ ਦਾ ਪ੍ਰਗਟ ਦਿਵਸ ਮਨਾਇਆ



**ਬੰਗਾ (ਅਵਤਾਰ ਕਲੇਰ)**-ਡੇਰਾ 108 ਸੰਤ ਬਾਬਾ ਹੰਸ ਰਾਜ ਹੰਸ ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾ ਵਿਖੇ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਡੇਰੇ ਦੇ ਗੱਦੀ ਨਸ਼ੀਨ ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਸੰਤ ਜਸਵਿੰਦਰ ਪਾਲ ਪੰਡਵਾ, ਸੰਤ ਜਸਵੀਰ ਸਿੰਘ ਪਿੱਪਲ ਮਜ਼ਾਰਾ ਅਤੇ ਢਾਡੀ ਜਥਿਆਂ ਵਲੋਂ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ। ਸੰਤ ਬੀਬੀ ਬਿਮਲਾ ਰਾਣੀ,ਸੰਤ ਜਸਵਿੰਦਰ ਪਾਲ,ਸੰਤ ਮੋਹਣ ਪਾਲ ਵਲੋਂ ਪਹੁੰਚੇ ਸੰਤ ਮਹਾਂਪੁਰਸ਼ਾਂ, ਕੀਰਤਨੀ ਜਥਿਆਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ। ਇਸ ਮੌਕੇ ਬਾਲ ਕ੍ਰਿਸ਼ਨ,ਹਰੀ ਪਾਲ ਪੰਡਵਾ, ਮਾਸਟਰ ਸੋਮ ਰਾਜ, ਅਸ਼ੋਕ ਸੰਧੂ, ਲਛਮਣ ਦਾਸ ਗੋਰਖਾ,ਗੁਰਨਾਮ ਰਾਮ, ਭੁਪਿੰਦਰ ਕੁਮਾਰ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਪ੍ਰਾਪਰਟੀ ਟੈਕਸ ਦਫ਼ਤਰ 31 ਤੱਕ ਵੀਕਐਂਡ 'ਤੇ ਵੀ ਖੁੱਲ੍ਹਾ ਰਹੇਗਾ



**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**-ਸ਼ਹਿਰਵਾਸੀਆਂ ਨੂੰ ਪ੍ਰਾਪਰਟੀ ਟੈਕਸ ਲਈ ਚੱਲ ਰਹੀ ਵਨ ਟਾਈਮ ਸੈਟਲਮੈਂਟ ਪਾਲਿਸੀ-2025 ਦੇ ਲਾਭ ਪ੍ਰਾਪਤ ਕਰਨ ਵਿੱਚ ਸਹੂਲਤ ਦੇਣ ਲਈ, ਨਗਰ ਨਿਗਮ ਫਗਵਾੜਾ ਨੇ ਐਲਾਨ ਕੀਤਾ ਹੈ ਕਿ ਨਗਰ ਨਿਗਮ ਦਾ ਪ੍ਰਾਪਰਟੀ ਟੈਕਸ ਦਫ਼ਤਰ 31 ਅਕਤੂਬਰ ਤੱਕ ਵੀਕਐਂਡ 'ਤੇ ਵੀ ਖੁੱਲ੍ਹਾ ਰਹੇਗਾ।ਡਾ. ਅਕਸ਼ਿਤਾ ਗੁਪਤਾ, ਕਮਿਸ਼ਨਰ, ਨਗਰ ਨਿਗਮ ਫਗਵਾੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਥਾਨਕ ਸਰਕਾਰਾਂ ਵਿਭਾਗ ਰਾਹੀਂ ਪ੍ਰਾਪਰਟੀ ਟੈਕਸ ਮਾਲਕਾਂ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਹੈ, ਜੋ 31 ਅਕਤੂਬਰ, 2025 ਤੱਕ ਆਪਣੇ ਬਕਾਇਆ ਪ੍ਰਾਪਰਟੀ ਟੈਕਸ ਦਾ ਪੂਰਾ ਭੁਗਤਾਨ ਕਰਦੇ ਹਨ, ਉਨ੍ਹਾਂ ਨੂੰ ਵਿਆਜ ਅਤੇ ਜੁਰਮਾਨੇ ਵਿੱਚ 50% ਦੀ ਛੋਟ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਰਾਜਪਾਲ ਦੇ ਅਧਿਕਾਰ ਹੇਠ ਜਾਰੀ ਕੀਤੀ ਗਈ ਇਸ ਪਹਿਲਕਦਮੀ ਦਾ ਉਦੇਸ਼ ਸ਼ਹਿਰਵਾਸੀਆਂ 'ਤੇ ਵਿੱਤੀ ਬੋਝ ਨੂੰ ਘੱਟ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਪੈਂਡਿੰਗ ਬਕਾਏ ਦਾ ਸੁਵਿਧਾਜਨਕ ਢੰਗ ਨਾਲ ਨਿਪਟਾਰਾ ਕਰਨ ਦੇ ਯੋਗ ਬਣਾਉਣਾ ਹੈ, ਨਾਲ ਹੀ ਨਗਰ ਨਿਗਮਾਂ ਨੂੰ ਮਾਲੀਆ ਵਸੂਲੀ ਵਿੱਚ ਸੁਧਾਰ ਕਰਨ ਵਿੱਚ ਸਹਾਇਤਾ ਕਰਨਾ ਹੈ।ਮੇਅਰ ਰਾਮ ਪਾਲ ਉੱਪਲ ਨੇ ਪੰਜਾਬ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕੀਤੀ ਅਤੇ ਸ਼ਹਿਰਵਾਸੀਆਂ ਨੂੰ ਇਸ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

# ਜੇਜੋਂ ਦੋਆਬਾ ਦੇ ਲਾਗਲੇ ਪਿੰਡਾਂ ਦੀਆਂ ਪੰਚਾਇਤਾਂ ਨੇ ਲਿਖਿਆ ਪੱਤਰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਹਿਮਾਚਲ ਪ੍ਰਦੇਸ਼ ਦੀ ਸੀਮਾ ਅਤੇ ਸ਼ਿਵਾਲਕ ਪਹਾੜੀਆਂ ਦੀ ਗੋਦ ਵਿੱਚ ਵਸਦੇ ਕਸਬਾ ਜੇਜੋ ਦੁਆਬਾ ਅਤੇ ਲਾਗਲੇ ਪਿੰਡਾਂ ਦੇ ਸਰਪੰਚਾਂ ਅਤੇ ਹੋਰ ਮੋਹਤਵਰ ਵਿਅਕਤੀਆਂ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ, ਡਾ. ਰਾਜ ਕੁਮਾਰ ਮੈਂਬਰ ਪਾਰਲੀਮੈਂਟ ਅਤੇ ਡਾਕਟਰ ਇਸ਼ਾਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ ਨੂੰ ਲਿਖੇ ਇੱਕ ਪੱਤਰ ਵਿੱਚ ਕਿਹਾ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਬਣਾਉਣ ਦਾ ਜੋ ਕਾਰਜ ਉਲੀਕਿਆ ਗਿਆ ਹੈ, ਉਹ ਬਹੁਤ ਹੀ ਖੁਸ਼ੀ ਭਰਿਆ ਹੈ। ਪਰ ਸਾਡੇ ਧਿਆਨ ਵਿੱਚ ਇਹ ਆ ਰਿਹਾ ਹੈ ਕਿ ਸਾਡੇ ਪਿੰਡ ਜੋ ਬਲਾਕ ਮਾਹਿਲਪੁਰ ਵਿੱਚ ਪੈਂਦੇ ਹਨ ਉਹਨਾਂ ਪਿੰਡਾਂ ਨੂੰ ਸ੍ਰੀ ਆਨੰਦਪੁਰ ਸਾਹਿਬ ਜੀ ਦੇ ਨਾਲ ਜੋੜਿਆ ਜਾ ਰਿਹਾ ਹੈ। ਜਦਕਿ ਇਹ ਸਾਡਾ ਆਪਣਾ ਜੱਦੀ ਜੰਮਪਲ ਜ਼ਿਲ੍ਹਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸ਼ਾਨ ਹੁਸ਼ਿਆਰਪੁਰ ਜਿੱਥੇ ਕਿ ਸਾਡੀ ਇੱਕ ਭਾਈਚਾਰਕ ਸਾਂਝ ਹੈ। ਸਾਨੂੰ ਹੁਸ਼ਿਆਰਪੁਰ ਆਉਣਾ ਜਾਣਾ ਸੌਖਾ ਹੈ। ਅਸੀਂ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਸਾਡਾ ਜ਼ਿਲਾ ਹੁਸ਼ਿਆਰਪੁਰ ਹੀ ਰਹਿਣ ਦਿੱਤਾ ਜਾਵੇ। ਸਾਡੇ ਪਿੰਡਾਂ ਨੂੰ ਹੁਸ਼ਿਆਰਪੁਰ ਜਿਲ੍ਹੇ ਵਿੱਚ ਹੀ ਰੱਖਿਆ ਜਾਵੇ। ਹੁਸ਼ਿਆਰਪੁਰ ਜ਼ਿਲੇ ਦੇ ਨਾਲ ਲੱਗਦਾ ਸ਼ਹਿਰ ਹੈ। ਸ੍ਰੀ ਅਨੰਦਪੁਰ ਸਾਹਿਬ ਜੇਜੋ ਦੁਆਬਾ ਤੋਂ ਤਕਰੀਬਨ 75 ਕਿਲੋਮੀਟਰ ਦੂਰ ਹੈ ਤੇ ਸਾਡੇ ਪਿੰਡਾਂ ਤੋਂ ਹੁਸ਼ਿਆਰਪੁਰ 30 ਕਿਲੋਮੀਟਰ ਦੂਰ ਹੈ। ਇਸ ਕਰਕੇ ਸਾਡੀ ਬੇਨਤੀ ਨੂੰ ਸਵੀਕਾਰ ਕੀਤਾ ਜਾਵੇ ਤੇ ਸਾਨੂੰ ਹੁਸ਼ਿਆਰਪੁਰ ਜ਼ਿਲੇ ਨਾਲ ਹੀ ਰੱਖਿਆ ਜਾਵੇ। ਇਸ ਮੌਕੇ ਮੋਨਕਾ ਸ਼ਰਮਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ,ਚਮਨ ਲਾਲ ਸਰਪੰਚ ਗੱਜਰ, ਚੰਨੀ ਸਰਪੰਚ ਰਾਮਪੁਰ, ਕੁਲਵਿੰਦਰ ਕੌਰ ਸਰਪੰਚ ਚੱਕਨਾਥਾਂ, ਮਨਦੀਪ ਕੌਰ ਸਰਪੰਚ ਜੰਡਿਆਲਾ, ਮੋਨਿਕਾ ਸਰਪੰਚ ਮਹਿਦੂਦ ਆਦਿ ਹਾਜ਼ਰ ਸਨ।



# ਵਿਸ਼ਵਕਰਮਾ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**

ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਵਰਕਸ਼ਾਪ ਵਿਭਾਗ ਵਿੱਚ ਸਮੂਹ ਸਟਾਫ਼ ਅਤੇ ਵਿੱਦਿਆਰਥੀਆਂ ਵਲੋਂ ਬਾਬਾ ਵਿਸ਼ਵਕਰਮਾ ਦੀ ਪੂਜਾ ਕੀਤੀ ਗਈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਜੀ ਨੇ ਬਾਬਾ ਜੀ ਦੀ ਫੋਟੋ ਤੇ ਫੁੱਲਾਂ ਦੀ ਮਾਲਾ ਭੇਟ ਕਰਕੇ ਅਤੇ ਨਾਰੀਅਲ ਤੋੜਨ ਦੀ ਰਸਮ ਅਦਾ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਬਾਬਾ ਜੀ ਦੀ ਅਰਦਾਸ ਕੁਲਵਿੰਦਰ ਸਿੰਘ ਵੱਲੋਂ ਕੀਤੀ ਗਈ। ਬਾਬਾ ਜੀ ਦੇ ਬਾਰੇ ਅਧਿਆਤਮਕ ਤੌਰ 'ਤੇ ਤਿਰਲੋਕ ਸਿੰਘ ਵਰਕਸ਼ਾਪ ਸੁਪਰਡੈਂਟ ਵਲੋਂ ਦੱਸਿਆ ਗਿਆ। ਮੰਚ ਸੰਚਾਲਨ ਦੁਰਗੇਸ਼ ਚੇਚੀ ਨੇ ਕੀਤਾ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਅਤੇ ਮੁੱਖੀ ਵਿਭਾਗਾਂ ਨੇ ਬਾਬਾ ਵਿਸ਼ਵਕਰਮਾ ਦੇ ਜੀਵਨ ਤੇ ਚਾਨਣਾ ਪਾਇਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਬਾਬਾ ਜੀ ਦੇ ਦਰਸਾਏ ਹੋਏ ਮਾਰਗ ਤੇ ਚੱਲਣ ਅਤੇ ਆਪਣੇ ਤਕਨੀਕੀ ਗਿਆਨ ਦੀ ਵਰਤੋਂ ਨਾਲ ਲੋਕ ਭਲਾਈ ਦੇ ਕੰਮ ਲੋੜਵੰਦਾ ਵਾਸਤੇ ਕਰਣ ਲਈ ਵਿੱਦਿਆਰਥੀਆਂ ਨੂੰ ਜਾਗਰੂਕ ਕੀਤਾ। ਅੰਤ ਵਿੱਚ ਸਟਾਫ ਅਤੇ ਵਿੱਦਿਅਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ ।ਇਸ ਸਮਾਗਮ ਵਿੱਚ ਡਾ. ਸੰਜੇ ਬਾਂਸਲ, ਡਾ. ਰਾਜੀਵ ਭਾਟੀਆ, ਕਸ਼ਮੀਰ ਕੁਮਾਰ, ਸੁਰਜੀਤ ਸਿੰਘ, ਤ੍ਰਿਲੋਕ ਸਿੰਘ, ਮੋਹਤ ਸਹਿਦੇਵ, ਮਨਮੋਹਨ ਸਿੰਘ, ਜਤਿੰਦਰ ਕੁਮਾਰ, ਸੁਖਦੇਵ ਸਿੰਘ, ਸੁਖਦੇਵ ਸਿੰਘ ਸੰਧੂ ਆਦਿ ਹਾਜ਼ਰ ਸਨ।



# ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬਜ਼ੁਰਗਾਂ ਤੇ ਬੱਚਿਆਂ ਨਾਲ ਸਾਂਝੀਆਂ ਕੀਤੀਆਂ ਦੀਵਾਲੀ ਦੀਆਂ ਖੁਸ਼ੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦੀਵਾਲੀ ਦੇ ਪਵਿੱਤਰ ਤਿਉਹਾਰ ਸਬੰਧੀ ਰਾਮ ਕਲੋਨੀ ਕੈਂਪ ਸਥਿਤ ਬਿਰਧ ਆਸ਼ਰਮ ਅਤੇ ਆਬਜ਼ਰਵੇਸ਼ਨ ਹੋਮ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਇਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ -ਕਮ-ਪ੍ਰਧਾਨ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਉਥੇ ਮੌਜੂਦ ਬਜ਼ੁਰਗਾਂ ਅਤੇ ਬੱਚਿਆਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਪ੍ਰੋਗਰਾਮ ਦੌਰਾਨ ਡਿਪਟੀ ਕਮਿਸ਼ਨਰ ਨੇ ਬਜ਼ੁਰਗਾਂ ਅਤੇ ਬੱਚਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਮਠਿਆਈਆਂ, ਤੋਹਫੇ ਅਤੇ ਹੋਰ ਜ਼ਰੂਰੀ ਵਸਤਾਂ ਭੇਟ ਕੀਤੀਆਂ। ਉਨ੍ਹਾਂ ਕਿਹਾ ਕਿ ਦੀਵਾਲੀ ਦਾ ਅਸਲੀ ਅਰਥ ਕੇਵਲ ਘਰਾਂ ਨੂੰ ਰੌਸ਼ਨੀ ਨਾਲ ਸਜਾਉਣਾ ਨਹੀਂ ਬਲਕਿ ਲੋੜਵੰਦਾਂ ਦੇ ਜੀਵਨ ਵਿਚ ਵੀ ਉਜਾਲਾ ਫੈਲਾਉਣਾ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰੇਕ ਵਰਗ ਨੂੰ ਇਸ ਤਰ੍ਹਾਂ ਦੇ ਯਤਨਾਂ ਨਾਲ ਜੁੜਨਾ ਚਾਹੀਦਾ ਹੈ ਤਾਂ ਜੋ ਸਮਾਜਿਕ ਸਮਾਨਤਾ ਅਤੇ ਮਾਨਵੀ ਸੰਵੇਦਨਾਵਾਂ ਹੋਰ ਮਜ਼ਬੂਤ ਹੋਣ।ਰੈੱਡ ਕਰਾਸ ਸੁਸਾਇਟੀ ਵੱਲੋਂ ਬਿਰਧ ਆਸ਼ਰਮ ਦੇ 20 ਨਿਵਾਸੀਆਂ ਨੂੰ ਰਜਾਈ ਕਵਰ, ਊਨੀ ਬੈੱਡਸ਼ੀਟਾਂ, ਮਠਿਆਈ ਅਤੇ ਡਰਾਈ ਫਰੂਟ ਮੁਹੱਈਆ ਕਰਵਾਇਆ ਗਿਆ। ਇਸ ਮੌਕੇ ਆਸ਼ਰਮ ਦੇ ਨਿਵਾਸੀਆਂ ਨੇ ਵੀ ਦੀਵਾਲੀ ਦੇ ਗੀਤ ਗਾ ਕੇ ਅਤੇ ਭਜਨਾਂ ਦੀ ਪੇਸ਼ਕਾਰੀ ਕਰਕੇ ਸਾਰਿਆਂ ਦਾ ਮਨ ਮੋਹ ਲਿਆ।ਆਬਜ਼ਰਵੇਸ਼ਨ ਹੋਮ ਦੇ ਬੱਚਿਆਂ ਨੂੰ ਦੀਵਾਲੀ ਤੋਹਫ਼ੇ ਵਜੋਂ 1 ਵਾਟਰ ਪਿਊਰੀਫਾਇਰ (ਆਰ ਓ ਸਿਸਟਮ), 2 ਸਮਾਰਟ ਐੱਲ ਈ ਡੀ ਟੀਵੀ (55 ਇੰਚ), 20 ਸਲੀਪਿੰਗ ਮੈਟਰੈਸ, 80 ਪਲੇਟਾਂ, 100 ਚਮਚੇ ਅਤੇ 10 ਊਨੀ ਕੰਬਲ ਭੇਟ ਕੀਤੇ ਗਏ। ਬੱਚਿਆਂ ਨੇ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਪ੍ਰੋਗਰਾਮ ਵਿਚ ਉਤਸ਼ਾਹ ਦਾ ਮਾਹੌਲ ਬਣਾ ਦਿੱਤਾ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੋਵਾਂ ਸੰਸਥਾਵਾਂ ਵਿਚ ਸੰਬੋਧਨ ਕਰਦੇ ਹੋਏ ਕਿਹਾ ਕਿ ਭਵਿੱਖ ਵਿਚ ਕਿਸੇ ਵੀ ਜ਼ਰੂਰਤ ਲਈ ਰੈੱਡ ਕਰਾਸ ਸੁਸਾਇਟੀ ਹੁਸ਼ਿਆਰਪੁਰ ਵੱਲੋਂ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਪ੍ਰੋਗਰਾਮ ਵਿਚ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ, ਸੰਯੁਕਤ ਸਕੱਤਰ ਆਦਿੱਤਿਆ ਰਾਣਾ, ਰਾਜੀਵ ਬਜਾਜ, ਸੁਪਰਡੰਟ ਪੁਨੀਤ ਕੁਮਾਰ, ਡੀ ਸੀ ਪੀ ਓ ਹਰਪ੍ਰੀਤ ਕੌਰ, ਸੀ ਡੀ ਪੀਓ ਦਿਆ ਰਾਣੀ, ਬਲਜਿੰਦਰ ਸਿੰਘ, ਸੰਜੀਵਨ ਸਿੰਘ, ਪਵਨ ਕੁਮਾਰ, ਹਰਪ੍ਰੀਤ ਕੌਰ ਤੇ ਹੋਰ ਪਤਵੰਤੇ ਮੌਜੂਦ ਸਨ।



# ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਬੰਦੀ ਛੋੜ ਦਿਵਸ ਸ਼ਰਧਾ ਨਾਲ ਮਨਾਇਆ

**ਐੱਸ ਏ ਐੱਸ. ਨਗਰ (ਗੁਰਜੀਤ ਬਿੱਲਾ)**

ਇਥੋਂ ਨੇੜਲੇ ਪਿੰਡ ਸੋਹਾਣਾ ਵਿੱਚ ਸਥਿਤ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਬੰਦੀ ਛੋੜ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ । ਇਸ ਦਿਵਸ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਚਮਕੌਰ ਸਿੰਘ ਜੀ ਅਤੇ ਸੰਗਰੂਰ ਵਾਲੀਆਂ ਬੀਬੀਆਂ ਦੇ ਇੰਟਰਨੈਂਨਲ ਢਾਡੀ ਜੱਥੇ ਨੇ ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਿਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋ ਗਵਾਲੀਅਰ ਦੇ ਕਿਲੇ ਵਿੱਚੋ 52 ਪਹਾੜੀ ਰਾਜਿਆਂ ਨੂੰ ਮੁਗਲ ਬਾਦਸ਼ਾਹ ਜਹਾਂਗੀਰ ਦੀ ਕੈਦ ਵਿੱਚੋਂ ਮੁਕਤ ਕਰਾਉਣ ਦੇ ਪ੍ਰਸੰਗ ਨੂੰ ਢਾਡੀ ਵਾਰਾਂ ਵਿੱਚ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ। ਉਨ੍ਹਾਂ ਗੁਰੂ ਸਾਹਿਬ ਵੱਲੋ ਮੁਗਲ ਬਾਦਸ਼ਾਹ ਜਹਾਂਗੀਰ ਦੀ ਸ਼ਰਤ ਮੁਤਾਬਿਕ 52 ਕਲੀਆ ਵਾਲਾ ਚੋਲਾ ਪਹਿਨ ਕੇ ਪਹਾੜੀ ਰਾਜਿਆਂ ਨੂੰ ਕੈਦ ਵਿੱਚੋ ਮੁਕਤ ਕਰਾਉਣ ਦੇ ਪ੍ਰਸੰਗ ਨੂੰ ਦਿਲ ਖਿੱਚਵੇਂ ਅੰਦਾਜ ਵਿੱਚ ਸੰਗਤਾਂ ਨੂੰ ਸਰਵਣ ਕਰਵਾਇਆ । ਭਾਈ ਨਿਰਮਲ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਸ਼੍ਰੋਮਣੀ ਪ੍ਰਚਾਰਕ ਭਾਈ ਮੇਜਰ ਸਿੰਘ ਸ੍ਰੀ ਤਰਨ ਤਾਰਨ ਸਾਹਿਬ ਵਾਲਿਆਂ ਨੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਗਵਾਲੀਅਰ ਤੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਪਹੁੰਚਣ ਤੇ ਸੰਗਤਾਂ ਵੱਲੋਂ ਕੀਤੀ ਦੀਪਮਾਲਾ ਕਰਨ ਦਾ ਪ੍ਰਸੰਗ ਵਿਸਥਾਰ ਸਹਿਤ ਸੁਣਾਇਆ । ਇਸ ਤੋਂ ਇਲਾਵਾ ਭਾਈ ਨਵਦੀਪ ਸਿੰਘ ਜੀ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਰਾਜਵਿੰਦਰ ਸਿੰਘ ਜੀ ਭਾਈ ਗੁਰਸੇਵਕ ਸਿੰਘ ਜੀ, ਭਾਈ ਸੁਖਵਿੰਦਰ ਸਿੰਘ ਜੀ, ਮੀਰੀ ਪੀਰੀ ਕੀਰਤਨੀ ਜੱਥਾ, ਚੜ੍ਹਦੀ ਕਲਾ ਕੀਰਤਨੀ ਜੱਥਾ ਭਾਈ ਗੁਰਜਾਪ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਜਸਵੰਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਹਰਬਖਸ਼ ਸਿੰਘ ਦੇ ਜੱਥਿਆਂ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਬੰਦੀ ਛੋੜ ਦਿਵਸ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਫੁੱਲਾਂ ਨਾਲ ਅੰਦਰੋਂ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਸ੍ਰੀ ਦਰਬਾਰ ਸਾਹਿਬ ਜੀ ਨੂੰ ਬਾਹਰੋਂ ਅਤੇ ਗੇਟ ਤੱਕ ਕੇ ਰਸਤੇ ਨੂੰ ਰੰਗ ਬਿਰੰਗੀਆਂ ਲਾਈਟਾ ਨਾਲ ਸਜਾਇਆ ਗਿਆ ਸੀ । ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਇਸ ਮੌਕੇ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ ।

ਇਸ ਮੌਕੇ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਆਉਣ ਵਾਲੀ 1 ਨਵੰਬਰ ਨੂੰ ਦਸਵੀ ਦਾ ਸ਼ੁੱਭ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ । ਉਨਾਂ ਦੱਸਿਆ ਕਿ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਦੇ ਰਾਗੀ ਜਥੇ ਇੰਨਟਰਨੈਂਨਲ ਪੰਥਕ ਢਾਡੀ ਜਥੇ, ਅਤੇ ਉੱਚ ਕੋਟੀ ਰਾਗੀ, ਢਾਡੀ, ਕਵੀਸ਼ਰ ਅਤੇ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ । ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ ਜੀ।



# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਕਿਸਾਨਾਂ ਦੇ ਮਸਲਿਆਂ ਨੂੰ ਲੈ ਕੇ ਰੈਲੀ

**ਬੁਢਲਾਡਾ (ਅਸ਼ੋਕ ਲਾਕੜਾ) :** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬੁਢਲਾਡਾ ਬਲਾਕ ਦੇ ਪਿੰਡ ਗੁਰਨੇ ਕਲਾਂ ਵਿੱਚ ਪਰਾਲੀ ਦੇ ਮਸਲੇ ਦੇ ਸੰਬੰਧ ਵਿੱਚ ਜ਼ਿਲ੍ਹਾਂ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਦੀ ਅਗਵਾਈ ਹੇਠ ਰੈਲੀ ਕੀਤੀ ਗਈ।ਜਿਸ ਵਿੱਚ ਪਿੰਡ ਦੇ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਬੋਲਦਿਆ ਕਿਸਾਨ ਆਗੂ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਪਰਾਲੀ ਨੂੰ ਸਮੇਟਣ ਲਈ ਕੀਤੇ ਪ੍ਰਬੰਧ ਨਿਗੂਣੇ ਹਨ, ਜੋ ਬੇਲਰ ਪਿੰਡ ਨੂੰ ਦਿੱਤੇ ਗਏ ਹਨ ਉਹ ਸਮੇ ਸਿਰ ਨਹੀ ਆ ਰਹੇ ਤੇ ਪ੍ਰਤੀ ਏਕੜ ਇੱਕ ਹਜਾਰ ਰੁਪਏ ਦੀ ਮੰਗ ਕਰ ਰਹੇ ਹਨ।ਜਿੰਨ੍ਹਾਂ ਕਰਕੇ ਪਿੰਡਾਂ ਵਿੱਚ ਵੱਡੀ ਪੱਧਰ 'ਤੇ ਵਾਢੀ ਹੋ ਜਾਣ 'ਤੇ ਪਰਾਲੀ ਖੇਤਾਂ ਵਿੱਚ ਹਾਲੇ ਤੱਕ ਜਿਉਂ ਦੀ ਤਿਉਂ ਪਈ ਹੈ।ਉਨ੍ਹਾਂ ਜਿਲ੍ਹਾ ਪ੍ਰਸ਼ਾਸਨ ਅਤੇ ਰਾਜ ਸਰਕਾਰ ਤੋਂ ਮੰਗ ਕੀਤੀ ਕਿ ਪਰਾਲੀ ਨੂੰ ਸਮੇਟਣ ਲਈ ਜਲਦ ਤੋਂ ਜਲਦ ਮਸ਼ੀਨਰੀ ਦਾ ਪ੍ਰਬੰਧ ਕੀਤਾ ਜਾਵੇ ਜਾਂ ਆਪਣੀ ਪੱਧਰ ਉੱਤੇ ਖੇਤਾਂ ਵਿੱਚੋਂ ਪਰਾਲੀ ਦੀ ਚੁਕਾਈ ਕਰਵਾਈ ਜਾਵੇ ਤਾਂ ਜੋ ਕਿ ਕਿਸਾਨ ਆਪਣੀ ਕਣਕ ਦੀ ਬਿਜਾਈ ਸਮੇਂ ਸਿਰ ਕਰ ਸਕਣ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ, ਪਰਾਲੀ ਨੂੰ ਚੁੱਕਣ ਦਾ ਕੋਈ ਹੀਲਾ ਵਸੀਲਾ ਨਹੀਂ ਕਰਦੀ ਅਤੇ ਨਾ ਹੀ ਕਿਸਾਨਾਂ ਨੂੰ ਮਸ਼ੀਨਰੀ ਮੁਹੱਈਆ ਕਰਵਾਉਂਦੀ ਹੈ ਸਗੋਂ ਉਲਟਾ ਮਜਬੂਰਨ ਕਿਸਾਨਾਂ ਉੱਪਰ ਜੁਰਮਾਨੇ, ਗ੍ਰਿਫ਼ਤਾਰੀਆਂ ਅਤੇ ਹੋਰ ਪਾਬੰਦੀਆਂ ਲਾਉਂਦੀ ਹੈ ਤਾਂ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਕਿਸਾਨਾਂ ਦੀਆਂ ਮਜਬੂਰੀਆਂ ਨੂੰ ਦੇਖਦੇ ਹੋਏ, ਸਰਕਾਰ ਦੇ ਇਸ ਨਾਦਰਸ਼ਾਹੀ ਫੁਰਮਾਨ ਦਾ ਵਿਰੋਧ ਕਰੇਗੀ ਅਤੇ ਨਾਲ ਹੀ ਪੰਜਾਬ ਸਰਕਾਰ ਤੋਂ ਜੋ ਬਾਹਰਲੇ ਸੂਬਿਆਂ ਤੋਂ ਝੋਨਾ ਸੈਲਰਾ ਵਾਲੇ ਲਿਆ ਰਹੇ ਹਨ ਇਸ ਨੂੰ ਸਖਤੀ ਨਾਲ ਰੋਕਣ ਦੀ ਮੰਗ ਕੀਤੀ ਗਈ।ਇਸ ਮੌਕੇ ਜਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ, ਜਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ ਅਤੇ ਬਲਜੀਤ ਸਿੰਘ ਭੈਣੀ ਬਾਘਾ ਸਮੇਤ ਪਿੰਡ ਇਕਾਈ ਗੁਰਨੇ ਕਲਾਂ ਦੀ ਕਮੇਟੀ ਗੁਰਦਰਸ਼ਨ ਸਿੰਘ, ਲਾਭ ਸਿੰਘ, ਬਲਵੀਰ ਸਿੰਘ, ਗੁਰਤੇਜ ਸਿੰਘ, ਹਰਜੀਤ ਸਿੰਘ, ਬਾਬੂ ਸਿੰਘ, ਜਗਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।



# ਪ੍ਰੀਤਮ ਸਿੰਘ ਆਰਟਿਸਟ ਦਾ 86ਵਾਂ ਜਨਮ ਦਿਨ ਮਨਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਬੀਤੇ ਦਿਨੀਂ ਮਾਲਵਾ ਪੰਜਾਬੀ ਸਾਹਿਤ ਸਭਾ ਰਜਿ. ਰਾਮਪੁਰਾ ਫੂਲ ਬਠਿੰਡਾ ਨੇ ਦਰਸ਼ਨ ਸਿੰਘ ਪ੍ਰੀਤੀਮਾਨ ਦੀ ਪ੍ਰਧਾਨਗੀ ਹੇਠ ਸਮਾਜ ਸੇਵੀ ਪ੍ਰੀਤਮ ਸਿੰਘ ਆਰਟਿਸਟ ਦਾ 86ਵਾਂ ਜਨਮ ਦਿਨ ਪਿੰਡ ਰਾਮਪੁਰਾ ਦੇ ਨੱਤ ਅਗਵਾੜ ਦੇ ਖੂਹ ਕੋਲ ਨਵੀਂ ਬਣੀ ਲਾਇਬ੍ਰੇਰੀ ਵਿਖੇ ਮਨਾਇਆ।ਸਭ ਤੋਂ ਪਹਿਲਾਂ ਵਾਇਸ ਆਫ਼ ਪੰਜਾਬ ਮਣੀ ਨੇ ਆਪਣੇ ਪ੍ਰਸਿੱਧ ਗੀਤ ਸੁਣਕੇ ਮਹੌਲ ਸਰਗਰਮ ਕੀਤਾ।ਉਸ ਤੋਂ ਬਾਅਦ ਦਰਸ਼ਨ ਸਿੰਘ ਪ੍ਰੀਤੀਮਾਨ ਨੇ ਰਾਮਪੁਰਾ ਫੂਲ ਦੀ ਮਹਾਨ ਹਸਤੀ ਪ੍ਰੀਤਮ ਸਿੰਘ ਆਰਟਿਸਟ ਦੇ ਜੀਵਨ ਉੱਤੇ ਵਿਸਥਾਰ ਪੂਰਵਕ ਝਾਤ ਪਾਈ।ਪ੍ਰੋ: ਜਸਵਿੰਦਰ ਸ਼ਰਮਾ ਅਤੇ ਪੰਚਾਇਤ ਮੈਂਬਰ ਅਮਨਦੀਪ ਸਿੰਘ ਅਮਨਾ ਨੇ ਲਾਇਬ੍ਰੇਰੀ ਨੂੰ ਆਰਥਿਕ ਔਕੜਾ ਅਤੇ ਇਸ ਦਾ ਵਧੀਆ ਢੰਗ ਨਾਲ ਸੰਚਾਲਣ ਕਰਨ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਬਾਅਦ ਵਿਚ ਪ੍ਰੀਤਮ ਸਿੰਘ ਆਰਟਿਸਟ ਨੇ ਕੇਕ ਕੱਟਿਆ ਅਤੇ ਆਪਣੇ ਜਨਮ ਦਿਨ ਲਈ ਮਿਲੀਆਂ ਵਧਾਈਆਂ ਦਾ ਅਨੰਦ ਮਾਣਿਆ।ਇਸ ਸਮੇਂ ਦਰਸ਼ਨ ਸਿੰਘ ਭੁੱਲਰ, ਹਰਬੰਸ ਸਿੰਘ ਖੁਰਮੀ, ਜਗਦੀਸ਼ ਸਿੰਘ ਗਾਟਵਾਲੀ, ਸੁਖਦੇਵ ਸਿੰਘ, ਗੁਰਸੇਵਕ ਸਿੰਘ, ਹਰਜੀਤ ਕੌਰ ਅਕਾਲੀ ਸਿੱਧੂ, ਗਮਦੂਰ ਸਿੰਘ ਜੱਸੀ, ਡਾ: ਨਿਰੰਜਨ ਸਿੰਘ ਚੌਹਾਨ, ਜੱਗਰ ਸਿੰਘ, ਸੁਖਦੇਵ ਸਿੰਘ, ਬਲਵੀਰ ਸਿੰਘ, ਅਜੈਬ ਸਿੰਘ, ਮਨਦੀਪ ਸਿੰਘ, ਸੁਖਜਿੰਦਰ ਸਿੰਘ, ਸੁਖਦੀਪ ਸਿੰਘ, ਜਸਵੰਤ ਸਿੰਘ ਮੰਡੀਕਲਾਂ ਆਦਿ ਮੈਂਬਰ ਸਾਹਿਬਾਨ ਹਾਜ਼ਰ ਸਨ।ਸਭਾ ਨੇ ਹੀ ਆਰਟਿਸਟ ਨੂੰ ਸ਼ਾਲ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਤੇ ਆਰਟਿਸਟ ਨੇ ਲਾਇਬ੍ਰੇਰੀ ਦੇ ਪ੍ਰਬੰਧਕਾਂ ਨੂੰ ਕਿਤਾਬਾਂ ਦਾ ਸੈੱਟ ਭੇਟ ਕੀਤੇ। ਇਸ ਸਮਾਗਮ ਦੀ ਸਟੇਜ ਦੀ ਕਾਰਵਾਈ ਲੈਂਕ: ਦਹੂਦ ਸਿੰਘ ਨੇ ਬਾਖੂਬੀ ਨਿਭਾਈ।ਇਸ ਦੀ ਜਾਣਕਾਰੀ ਲੈਂਕ: ਦਹੂਦ ਸਿੰਘ ਨੇ ਪ੍ਰੈੱਸ ਨਾਲ ਸਾਂਝੀ ਕੀਤੀ।



# ਬਾਬਾ ਵਿਸ਼ਵਕਰਮਾ ਤੇ ਕਿਰਤੀ ਭਾਈ ਲਾਲੋ ਦੀ ਯਾਦ 'ਚ ਧਾਰਮਿਕ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-** ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ (ਬਰਨਾਲਾ) ਵਿਖੇ ਸਮੂਹ ਰਾਮਗੜ੍ਹੀਆ ਭਾਈਚਾਰੇ ਵਲੋਂ, ਗੁਰਦੁਆਰਾ ਕਮੇਟੀ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਿਲਪ ਕਲਾ ਦੇ ਬਾਨੀ ਬਾਬਾ ਵਿਸ਼ਵਕਰਮਾ ਅਤੇ ਕਿਰਤੀ ਭਾਈ ਲਾਲੋ ਦੀ ਮਿੱਠੀ ਯਾਦ 'ਚ ਵਿਸ਼ਾਲ ਧਾਰਮਿਕ ਸਮਾਗਮ ਸ਼ਰਧਾ ਸਤਿਕਾਰ ਨਾਲ ਕਰਵਾਇਆ ਗਿਆ ।ਇਸ ਮੌਕੇ ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਜਥੇ ਨੇ ਬਾਬਾ ਵਿਸ਼ਵਕਰਮਾ ਅਤੇ ਭਾਈ ਲਾਲੋ ਜੀ ਦੇ ਜੀਵਨ ਸਬੰਧੀ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਕਿਰਤੀ ਭਾਈ ਲਾਲੋ ਅਤੇ ਬਾਬਾ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਵਧਾਈ ਦਿੰਦਿਆ ਕਿਹਾ ਕਿ ਸਾਨੂੰ ਆਪਣੇ ਗੁਰੂਸਹਿਬਾਨ, ਮਹਾਨ ਰਹਿਬਰਾਂ ਦੇ ਪ੍ਰਕਾਸ਼ ਪੁਰਬ ਪਿੰਡ- ਪਿੰਡ ਜੋਸ਼ ਖਰੋਸ਼ ਨਾਲ ਮਨਾਉਣੇ ਚਾਹੀਦੇ ਸਨ ਤਾਂ ਜੋ ਨਵੀਂ ਪਨੀਰੀ ਇਸ ਤੋਂ ਸੇਧ ਲੈ ਸਕੇ।ਇਸ ਮੌਕੇ ਕਾਂਗਰਸ ਦੇ ਸੀਨੀ: ਆਗੂ ਗੁਰਮੇਲ ਸਿੰਘ ਮੌੜ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਸਰਪੰਚ ਕਿਰਨਾ ਰਾਣੀ ਬਾਂਸਲ, ਗੁਰਪ੍ਰੀਤ ਸਿੰਘ ਅਣਖੀ, ਮਾ: ਹਰਮੇਲ ਸਿੰਘ ਮਠਾੜੂ, ਚਮਕੌਰ ਸਿੰਘ ਮਠਾੜੂ, ਮੁਕੰਦ ਸਿੰਘ ਰਾਮਗੜ੍ਹੀਆ, ਜਰਨੈਲ ਸਿੰਘ ਭੋਲਾ, ਰਾਜਿੰਦਰਪਾਲ ਸਿੰਘ ਬਿੱਟੂ, ਭਾਈ ਕੁਲਦੀਪ ਸਿੰਘ ਰਾਗੀ, ਰਣਜੀਤ ਸਿੰਘ ਬਿੱਟੂ, ਆਤਮਾ ਸਿੰਘ ਨੰਬਰਦਾਰ, ਡਾ: ਜਤਿੰਦਰਪਾਲ ਸਿੰਘ ਸਿੱਧੂ, ਅਜਮੇਰ ਸਿੰਘ, ਗੁਰਮੇਲ ਸਿੰਘ, ਰਾਜ ਸਿੰਘ ਭਾਬੜ, ਜ਼ੈਲਦਾਰ ਸਿੰਘ ਹਲਵਾਈ, ਸੁਖਦੇਵ ਸਿੰਘ ਰਾਗੀ, ਕਰਨੈਲ ਸਿੰਘ ਢੈਪਈ, ਨੰਬਰਦਾਰ ਨਛੱਤਰ ਸਿੰਘ ਸਿੱਧੂ, ਹਰੀ ਸਿੰਘ ਮੈਂਬਰ, ਹਾਕਮ ਸਿੰਘ ਮਠਾੜੂ, ਅਵਤਾਰ ਸਿੰਘ ਗਰੇਵਾਲ, ਮੋਹਣ ਸਿੰਘ, ਤੇਜਪਾਲ ਸਿੰਘ, ਸੁਰਿੰਦਰ ਸਿੰਘ ਜੌਹਲਾਂ, ਅਮਰਜੀਤ ਸਿੰਘ ਸੋਢਾ, ਜਗਦੀਪ ਸਿੰਘ ਮਠਾੜੂ, ਮੇਜਰ ਸਿੰਘ ਕਲੇਰ ਆਦਿ ਹਾਜ਼ਰ ਸਨ।

# ਨੌਜਵਾਨ ਪੀੜ੍ਹੀ ਨੂੰ ਸੰਸਕ੍ਰਿਤੀ ਤੋਂ ਜਾਣੂ ਕਰਵਾਉਣਾ ਜ਼ਰੂਰੀ : ਡਾ. ਗਰਗ

**ਮੋਗਾ (ਇਕਬਾਲ ਸਿੰਘ ਖਹਿਰਾ)-** ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ ਸੀਮਾਂਤ ਗਰਗ ਦੀ ਅਗਵਾਈ ਹੇਠ ਅਹੁੱਦੇਦਾਰਾਂ ਵਲੋਂ ਹਿੰਦੂ ਸੱਭਿਆਚਾਰ ਦੇ ਅਨੁਸਾਰ, ਭਾਜਪਾ ਜ਼ਿਲ੍ਹਾ ਦਫਤਰ ਵਿਖੇ ਦੀਵਾਲੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ ਅਤੇ ਸਾਰਿਆਂ ਦੇ ਕਲਿਆਣ ਲਈ ਕਾਮਨਾਵਾਂ ਪ੍ਰਗਟ ਕੀਤੀਆਂ ਗਈਆਂ। ਇਸ ਮੌਕੇ ਪੰਡਿਤ ਮਹਿੰਦਰ ਨਾਰਾਇਣ ਝਾਅ ਨੇ ਦੀਵਾਲੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ ਸੀਮਾਂਤ ਗਰਗ ਤੋਂ ਇਲਾਵਾ ਸੀਨੀਅਰ ਭਾਜਪਾ ਆਗੂ ਨਿਧੜਕ ਸਿੰਘ ਬਰਾੜ, ਵਿਨੈ ਸ਼ਰਮਾ, ਬੋਹੜ ਸਿੰਘ, ਰਾਕੇਸ਼ ਭੱਲਾ, ਭਜਨ ਸਿਤਾਰਾ, ਜਨਰਲ ਸਕੱਤਰ ਵਿੱਕੀ ਸਿਤਾਰਾ, ਮੁਕੇਸ਼ ਸ਼ਰਮਾ, ਹੇਮੰਤ ਸੂਦ, ਜਤਿੰਦਰ ਚੱਢਾ, ਮੰਡਲ ਪ੍ਰਧਾਨ ਭੁਪਿੰਦਰ ਹੈਪੀ, ਅਮਨਦੀਪ ਗਰੋਵਰ, ਸੁਖਬੀਰ ਸਿੰਘ, ਕੁਲਵੰਤ ਸਿੰਘ, ਹਰਵਿੰਦਰ ਭੁੱਲਰ, ਦੀਪਕ ਤਲਵਾਰ, ਰਾਮਤੀਰਥ ਗੁੰਬਰ, ਗੋਲਡੀ, ਸੁੱਖਾ ਸਿੰਘ, ਅਮਿਤ ਗੁਪਤਾ, ਸੁਕੇਸ਼ ਸੂਦ, ਦੀਪਕ ਤਲਵਾਰ, ਰਜਿੰਦਰ ਗਾਬਾ, ਸ਼ਸ਼ੀਕਾਂਤ ਪਾਂਡੇ, ਉਮਾਕੰਦ ਪਾਂਡੇ, ਵਿਜੇ ਮਿਸ਼ਰਾ, ਸੰਜੀਵ ਕੁਮਾਰ ਅਤੇ ਵੱਡੀ ਗਿਣਤੀ ਵਿੱਚ ਭਾਜਪਾ ਅਹੁੱਦੇਦਾਰ ਮੌਜੂਦ ਸਨ। ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਭਾਜਪਾ ਨੇ ਦੀਵਾਲੀ ਦੇ ਮੌਕੇ 'ਤੇ ਲਕਸ਼ਮੀ ਪੂਜਨ ਦਾ ਆਯੋਜਨ ਕੀਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਮੇਸ਼ਾ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਬਾਰੇ ਸੋਚਦੇ ਹਨ। ਉਨ੍ਹਾਂ ਨੇ ਦੇਸ਼ ਨੂੰ ਤਰੱਕੀ ਦੇ ਰਾਹ 'ਤੇ ਤੋਰਿਆ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਪ੍ਰਾਚੀਨ ਤਿਉਹਾਰਾਂ ਅਤੇ ਪ੍ਰਾਚੀਨ ਸੱਭਿਆਚਾਰ ਬਾਰੇ ਜਾਣੂ ਕਰਵਾਉਣਾ ਜ਼ਰੂਰੀ ਹੈ।



# ਹਮਲਾ ਕਰਕੇ ਮੋਬਾਇਲ ਤੇ ਨਕਦੀ ਖੋਹਣ ਵਾਲਾ ਗ੍ਰਿਫ਼ਤਾਰ, ਤਿੰਨ ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)-** ਸਤੀਏਵਾਲਾ ਕੋਲ ਇਕ ਮੋਟਰਸਾਈਕਲ ਸਵਾਰ 'ਤੇ ਹਮਲਾ ਕਰਕੇ ਮੋਬਾਇਲ ਫੋਨ ਅਤੇ 1600 ਰੁਪਏ ਖੋਹਣ ਵਾਲੇ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਤਿੰਨ ਖਿਲਾਫ 304 (2) ਬੀਐੱਨਐੱਸ ਅਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜੰਗਬੀਰ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਸ਼ਾਹਦੀਨ ਵਾਲਾ ਨੇ ਦੱਸਿਆ ਕਿ ਮਿਤੀ 30 ਸਤੰਬਰ 2025 ਨੂੰ ਕਰੀਬ 4.30 ਵਜੇ ਉਹ ਆਪਣੇ ਮੋਟਰਸਾਈਕਲ ਨੰਬਰ ਪੀਬੀ 79 ਏ 3447 'ਤੇ ਸਵਾਰ ਹੋ ਕੇ ਮੋਗਾ-ਫਿਰੋਜ਼ਪੁਰ ਰੋਡ ਤੋਂ ਸ਼ੇਰਗ ਤੋਂ ਹੁੰਦੇ ਹੋਏ ਸਤੀਏ ਵਾਲਾ ਪਹਾੜੀਆਂ ਰਾਹੀਂ ਜੀਰਾ ਰੋਡ ਵੱਲ ਜਾ ਰਿਹਾ ਸੀ ਤਾਂ ਪਹਾੜੀਆਂ ਦੀ ਸੁਨਸਾਨ ਜਗ੍ਹਾ ਪਾਸ ਪੁਜਾ ਤਾਂ ਅਚਾਨਕ ਅੱਗੋ ਤਿੰਨ ਅਣਪਛਾਤੇ ਨੌਜਵਾਨ ਇਕ ਮੋਟਰਸਾਈਕਲ ਡੀਲੈਕਸ ਬਿਨ੍ਹਾ ਨੰਬਰੀ ਤੇ ਸਵਾਰ ਹੋਏ ਆ ਗਏ, ਜਿਨ੍ਹਾਂ ਉਸ ਨੂੰ ਰੋਕ ਲਿਆ, ਜਿਨ੍ਹਾਂ ਵਿਚੋਂ ਇਕ ਪਾਸ ਪਿਸਟਲ ਸੀ, ਇਹ ਉਸ ਨਾਲ ਹੱਥੋਂ ਪਾਈ ਹੋ ਗਏ। ਜੰਜਬੀਰ ਸਿੰਘ ਨੇ ਦੱਸਿਆ ਕਿ ਇਕ ਨੌਜਵਾਨ ਨੇ ਪਿਸਟਲ ਦਾ ਬੱਅ ਉਸ ਦੇ ਸਿਰ ਵਿਚ ਮਾਰਿਆ ਤਾਂ ਉਹ ਆਪਣੇ ਮੋਟਰਸਾਈਕਲ ਤੋਂ ਹੇਠਾਂ ਡਿੱਗ ਪਿਆ ਤਾਂ ਇਹ ਤਿੰਨੋਂ ਅਣਪਛਾਤੇ ਨੌਜਵਾਨ ਉਸ ਦਾ ਮੋਬਾਇਲ ਫੋਨ ਟੱਚ ਸਕਰੀਨ ਰੈਡਮੀ ਨੋਟ 14 ਸਮੇਤ ਪਰਸ ਜਿਸ ਵਿਚ ਕਰੀਬ 1600 ਰੁਪਏ ਨਕਦ ਤੇ ਜ਼ਰੂਰੀ ਦਸਤਾਵੇਜ਼ ਸਨ, ਖੋਹ ਕਰਕੇ ਆਪਣੇ ਮੋਟਰਸਾਈਕਲ 'ਤੇ ਜੀਰਾ ਵਾਲੀ ਸਾਇਡ ਭੱਜ ਗਏ ਸੀ, ਜੋ ਉਹ ਆਪਣੇ ਤੌਰ 'ਤੇ ਇਨ੍ਹਾਂ ਅਣਪਛਾਤੇ ਨੌਜਵਾਨਾਂ ਦੀ ਭਾਲ ਕਰਦਾ ਰਿਹਾ, ਜੋ ਉਸ ਨੂੰ ਹੁਣ ਪਤਾ ਲੱਗਾ ਹੈ ਕਿ ਉਸ ਨਾਲ ਖੋਹ ਕਰਨ ਵਾਲੇ ਜਸਕਰਨ ਉਰਫ ਸ਼ਿਵਾ ਪੁੱਤਰ ਰਾਜ ਕੁਮਾਰ, ਸੋਥੀ ਪੁੱਤਰ ਵਿਜੈ, ਅਨਖਨੀ ਵਾਸੀਆਨ ਬਸਤੀ ਨਿਜ਼ਾਮਦੀਨ ਵਾਲਾ ਵਾਲੇ ਹੋਈ ਹੈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਜਸਕਰਨ ਸਿੰਘ ਉਰਫ ਸ਼ਿਵਾ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ ਮੋਬਾਇਲ ਫੋਨ ਟੱਚ ਸਕਰੀਨ ਰੈਡਮੀ ਨੋਟ 14 ਬਰਾਮਦ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਮਾਨਸ਼ਾਹੀਆ ਵੱਲੋਂ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡਣ ਦਾ ਸਿਲਸਿਲਾ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)** ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਲੋੜਵੰਦ ਔਰਤਾਂ ਅਤੇ ਲੜਕੀਆਂ ਨੂੰ ਸਵੈ ਰੁਜ਼ਗਾਰ ਚਲਾਉਣ ਲਈ ਸਿਲਾਈ ਮਸ਼ੀਨਾਂ, ਅੰਗਹੀਣ ਵਿਅਕਤੀਆਂ ਨੂੰ ਟਰਾਈਸਾਈਕਲ ਅਤੇ ਬੇਘਰਿਆਂ ਨੂੰ ਆਪਣੀ ਸਮਰੱਥਾ ਅਨੁਸਾਰ ਘਰਾਂ ਦੀ ਮੁਰੰਮਤ ਅਤੇ ਨਵੇਂ ਘਰਾਂ ਦੀ ਉਸਾਰੀ ਲਈ ਵੀ ਸਮੇਂ ਸਮੇਂ 'ਤੇ ਸਹਾਇਤਾ ਕੀਤੀ ਜਾਂਦੀ ਹੈ। ਇਸੇ ਕੜੀ ਵਜੋਂ ਦੀਵਾਲੀ ਦੇ ਸ਼ੁੱਭ ਤਿਉਹਾਰ ਨੂੰ ਮੁੱਖ ਰੱਖਦਿਆਂ ਨਾਜ਼ਰ ਸਿੰਘ ਮਾਨਸ਼ਾਹੀਆ ਵੱਲੋਂ ਲੋੜਵੰਦ ਔਰਤਾਂ ਨੂੰ ਆਪਣਾ ਰੁਜ਼ਗਾਰ ਚਲਾਉਣ ਲਈ ਸਿਲਾਈ ਮਸ਼ੀਨਾਂ ਤਕਸੀਮ ਕੀਤੀਆਂ ਗਈਆਂ।ਇਸ ਸਮੇਂ ਮਾਨਸ਼ਾਹੀਆ ਨੇ ਕਿਹਾ ਕਿ ਲੋੜਵੰਦ ਗਰੀਬ ਅਤੇ ਅੰਗਹੀਣ ਵਿਅਕਤੀਆਂ ਦੀ ਕੁੱਝ ਨਾ ਕੁੱਝ ਸਹਾਇਤਾ ਕਰਕੇ ਉਨ੍ਹਾਂ ਦੇ ਮਨ ਨੂੰ ਸਕੂਨ ਮਿਲਦਾ ਹੈ। ਉਹਨਾਂ ਕਿਹਾ ਕਿ ਅਜਿਹੇ ਕਾਰਜਾਂ 'ਚ ਉਹਨਾਂ ਨੂੰ ਆਪਣੇ ਪਰਿਵਾਰ ਤੋਂ ਇਲਾਵਾ ਦੋਸਤਾਂ ਮਿੱਤਰਾਂ ਆਦਿ ਤੋਂ ਵੀ ਕਾਫੀ ਸਹਿਯੋਗ ਮਿਲਦਾ ਰਹਿੰਦਾ ਹੈ। ਇੱਕ ਸਵਾਲ ਦੇ ਜਵਾਬ ਮਾਨਸ਼ਾਹੀਆ ਨੇ ਕਿਹਾ ਕਿ ਭਵਿੱਖ 'ਚ ਵੀ ਉਹ ਆਪਣੀ ਸਮਰੱਥਾ ਅਤੇ ਲੋਕਾਂ ਦੇ ਸਹਿਯੋਗ ਨਾਲ ਅਜਿਹੇ ਸਮਾਜ ਸੇਵਾ ਦੇ ਕਾਰਜ ਬਾਦਸਤੂਰ ਜਾਰੀ ਰੱਖਣ ਦੇ ਯਤਨ ਕਰਦੇ ਰਹਿਣਗੇ।

# ਡੀ ਏ ਵੀ ਸਕੂਲ ਰਾਜਪੁਰਾ ਵਿਖੇ ਦੀਵਾਲੀ ਮਨਾਈ

**ਰਾਜਪੁਰਾ (ਰਮੇਸ਼ ਕਟਾਰੀਆ)** ਡੀਏਵੀ ਸਕੂਲ ਰਾਜਪੁਰਾ ਵਿਖੇ ਦੀਵਾਲੀ ਮਨਾਉਣ ਲਈ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ।ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਸੁੰਦਰ ਭਜਨਾਂ ਸਮੇਤ ਕਈ ਮੁਕਾਬਲੇ ਕਰਵਾਏ ਗਏ।ਵਾਤਾਵਰਣ ਦੀ ਸੰਭਾਲ ਅਤੇ ਹਰੀ ਦੀਵਾਲੀ ਦੇ ਜਸ਼ਨ ਨੂੰ ਉਤਸ਼ਾਹਿਤ ਕਰਨ ਲਈ ਇੱਕ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ।ਮਾਹੌਲ ਉਤਸ਼ਾਹ ਅਤੇ ਖੁਸ਼ੀ ਨਾਲ ਭਰਿਆ ਹੋਇਆ ਸੀ। ਇਸ ਮੌਕੇ ਦੀਵਾ ਬਣਾਉਣਾ, ਥਾਲੀ ਸਜਾਵਟ, ਰੰਗੋਲੀ ਅਤੇ ਕਹਾਣੀ ਸੁਣਾਉਣ ਸਮੇਤ ਕਈ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਅਤੇ ਕਲਪਨਾ ਦਾ ਪ੍ਰਦਰਸ਼ਨ ਕੀਤਾ, ਆਕਰਸ਼ਕ ਦੀਵੇ ਬਣਾਏ, ਸਜਾਏ ਗਏ ਪੂਜਾ ਥਾਲੀ ਅਤੇ ਰੰਗੀਨ ਰੰਗੋਲੀ ਡਿਜ਼ਾਈਨ ਬਣਾਏ। ਸਕੂਲ ਕੈਂਪਸ ਰੰਗਾਂ ਅਤੇ ਰੌਸ਼ਨੀਆਂ ਨਾਲ ਜਗਮਗਾ ਰਿਹਾ ਸੀ। ਸਾਰਿਆਂ ਨੇ ਵਿਦਿਆਰਥੀਆਂ ਦੀ ਰਚਨਾਤਮਕਤਾ ਅਤੇ ਪੇਸ਼ਕਾਰੀ ਦੀ ਪ੍ਰਸ਼ੰਸਾ ਕੀਤੀ। ਪ੍ਰਿੰਸੀਪਲ ਅਲਪਨਾ ਪਾਠਕ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਾਰੇ ਭਾਗੀਦਾਰਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ, ਪਰੰਪਰਾ ਅਤੇ ਰਚਨਾਤਮਕ ਸੋਚ ਪ੍ਰਤੀ ਕਦਰ ਪੈਦਾ ਕਰਨ ਲਈ ਉਤਸ਼ਾਹਿਤ ਕਰਦੇ ਹਨ। ਜੇਤੂਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ ਅਤੇ ਸਾਰਿਆਂ ਨੂੰ ਵਾਤਾਵਰਣ ਅਨੁਕੂਲ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ ਗਿਆ।



# ਮਯੰਕ ਫਾਊਂਡੇਸ਼ਨ ਨੇ ਸੰਤੋਸ਼ ਸੇਵਾ ਕੁੰਜ 'ਚ ਮਨਾਈ ਦੀਵਾਲੀ ਦੀ ਖੁਸ਼ੀ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਮਯੰਕ ਫਾਊਂਡੇਸ਼ਨ ਨੇ ਇਸ ਵਾਰ ਦੀਵਾਲੀ ਤਿਉਹਾਰ ਨੂੰ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਦਿਆਂ ਸੰਤੋਸ਼ ਸੇਵਾ ਕੁੰਜ 'ਚ ਖ਼ਾਸ ਦੀਵਾਲੀ ਸਮਾਰੋਹ ਦਾ ਆਯੋਜਨ ਕੀਤਾ। ਫਾਊਂਡੇਸ਼ਨ ਦੇ ਮੈਂਬਰਾਂ ਨੇ ਪ੍ਰਤਿਭਾ ਸਕੂਲ ਦੀਆਂ ਵਿਦਿਆਰਥਣਾਂ ਤੇ ਸਿਲਾਈ ਸਕੂਲ ਦੀਆਂ ਟਰੇਨੀਜ਼ ਨਾਲ ਮਿਲ ਕੇ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਸਮਾਰੋਹ ਦੌਰਾਨ ਸਭ ਨੇ ਮਿਲ ਕੇ ਦੀਵੇ ਜਲਾਏ, ਮਿਠਾਈਆਂ ਵੰਡੀਆਂ ਤੇ ਵਾਤਾਵਰਣ ਬਚਾਅ ਦਾ ਸੁਨੇਹਾ ਦਿੰਦਿਆਂ ਹਰਿਆਵਲੀ ਵਾਲੀ ਦੀਵਾਲੀ ਮਨਾਉਣ ਦਾ ਸੰਕਲਪ ਲਿਆ। ਵਿਦਿਆਰਥਣਾਂ ਨੇ ਰੰਗੋਲੀ ਬਣਾਈ ਤੇ ਦੀਵੇ ਸਜਾਏ, ਜਿਸ ਨਾਲ ਸੇਵਾ ਕੁੰਜ ਦਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਗਿਆ। ਫਾਊਂਡੇਸ਼ਨ ਦੇ ਪ੍ਰਤੀਨਿਧੀਆਂ ਨੇ ਕਿਹਾ ਕਿ ਦੀਵਾਲੀ ਦਾ ਅਸਲੀ ਅਰਥ ਸਿਰਫ਼ ਰੌਸ਼ਨੀ ਤੇ ਸਜਾਵਟ ਨਹੀਂ, ਸਗੋਂ ਖੁਸ਼ੀਆਂ ਵੰਡਣ ਤੇ ਦੂਜਿਆਂ ਦੇ ਜੀਵਨ 'ਚ ਰੌਸ਼ਨੀ ਭਰਨ ਵਿਚ ਹੈ। ਉਨ੍ਹਾਂ ਕਿਹਾ ਕਿ ਮਯੰਕ ਫਾਊਂਡੇਸ਼ਨ ਹਰ ਸਾਲ ਸਮਾਜ ਦੇ ਵੱਖ-ਵੱਖ ਵਰਗਾਂ ਨਾਲ ਤਿਉਹਾਰ ਮਨਾਉਂਦਿਆਂ ਮਾਨਵਤਾ ਤੇ ਸਮਰਸਤਾ ਦੇ ਮੁੱਲਾਂ ਨੂੰ ਮਜ਼ਬੂਤ ਕਰਦਾ ਹੈ। ਸਮਾਰੋਹ ਦੇ ਅੰਤ 'ਚ ਸਾਰੇ ਹਾਜ਼ਰੀਨਾਂ ਨੂੰ ਤੋਹਫ਼ੇ ਅਤੇ ਮਿਠਾਈਆਂ ਵੰਡੀਆਂ ਗਈਆਂ ਤੇ ਇਹ ਸੁਨੇਹਾ ਦਿੱਤਾ ਗਿਆ ਕਿ ਦੀਵਾਲੀ ਦੀ ਅਸਲੀ ਚਮਕ ਮੁਸਕੁਰਾਉਂਦੇ ਚਿਹਰਿਆਂ 'ਤੇ ਸਾਂਝੀਆਂ ਕੀਤੀਆਂ ਖੁਸ਼ੀਆਂ 'ਚ ਹੈ।

# ਸੀਨੀਅਰ ਸਿਟੀਜ਼ਨ ਫੈਡਰੇਸ਼ਨ ਪੰਜਾਬ ਦਾ ਅਜਲਾਸ ਯਾਦਗਾਰੀ ਹੋ ਨਿਬੜਿਆ

**ਰਾਜਪੁਰਾ (ਰਮੇਸ਼ ਕਟਾਰੀਆ)** ਸਥਾਨਕ ਸੀਨੀਅਰ ਸਿਟੀਜ਼ਨ ਭਵਨ ਵਿਖੇ ਫੈਡਰੇਸ਼ਨ ਆਫ ਸੀਨੀਅਰ ਸਿਟੀਜ਼ਨਸ ਐਸੋਸੀਏਸ਼ਨ ਪੰਜਾਬ ਦਾ ਸਾਲਾਨਾ ਇਜਲਾਸ ਚੇਅਰਮੈਨ ਸੀਨੀਅਰ ਆਈ ਏ ਐਸ .ਐਸ ਪੀ ਕਰਕਰਾ ਦੀ ਰਹਿਨੁਮਾਈ ਸਦਕਾ ਰਾਜਪੁਰਾ ਪ੍ਰਧਾਨ ਰਤਨ ਸ਼ਰਮਾ ਦੀ ਦੇਖ ਰੇਖ ਹੇਠ ਸੰਪਨ ਹੋਇਆ। ਡਾ. ਗੁਰਵਿੰਦਰ ਅਮਨ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਰਾਜਪੁਰਾ ਸ਼ਹਿਰ ਉੱਤੇ ਪੰਛੀ ਝਾਤ ਮਾਰਦਿਆਂ ਇਥੋਂ ਦੇ ਇਤਿਹਾਸ ਬਾਰੇ ਸੰਖੇਪ ਚਾਨਣਾ ਪਾਇਆ ।ਇਸ ਮੌਕੇ ਸੂਬਾ ਪ੍ਰਧਾਨ ਰਾਜ ਕੁਮਾਰ ਕੱਕੜ ਨੇ ਪੰਜਾਬ ਭਰ ਦੇ ਡੈਲੀਗੇਟਾਂ ਨੂੰ ਜੀ ਆਇਆ ਕਿਹਾ ਅਤੇ ਜੋਗਿੰਦਰ ਸਿੰਘ ਮਦਾਨ ਜਨਰਲ ਸਕੱਤਰ ਨੇ ਸਾਲਾਨਾ ਰਿਪੋਰਟ ਪੜੀ। ਇੰਦਰਜੀਤ ਸਿੰਘ ਚੋਪੜਾ ਨੇ ਫੈਡਸਨ ਦੇ ਕਾਰਜਾਂ ਦਾ ਜ਼ਿਕਰ ਕੀਤਾ।ਤਰਸੇਮ ਗੋਇਲ ਅਤੇ ਟੀ ਕੇ ਗੁਪਤਾ ਨੇ ਵਿੱਤੀ ਰਿਪੋਰਟ ਪੇਸ਼ ਕੀਤੀ। ਸੀਨੀਅਰਨ ਉਪ ਪ੍ਰਧਾਨ ਬਲਬੀਰ ਸਿੰਘ ਅਤੇ ਸਰਦਾਰੀ ਲਾਲ ਨੇ ਆਪਣੇ ਵਿਚਾਰ ਸਾਂਝੇ ਕੀਤੇ। ਗੁਰਦੀਪ ਸਿੰਘ ਭੋਗਲ ਅਤੇ ਸਤਵੰਤ ਕੌਰ ਨੇ ਫੈਡਸਨ ਦੇ ਕਾਰਜਾਂ ਦੀ ਪ੍ਰਸ਼ੰਸ਼ਾ ਕੀਤੀ।ਵਾਈਸ ਪ੍ਰਧਾਨ ਬਲਦੇਵ ਸਿੰਘ ਖੁਰਾਣਾ ਨੇ ਜਿੱਥੇ ਸਾਰਿਆਂ ਦਾ ਸੁਆਗਤ ਕੀਤਾ ਉੱਥੇ ਫੈਡਰਸ਼ਨ ਦੀ ਕਾਰਵਾਈ ਮਾਤ ਭਾਸ਼ਾ ਪੰਜਾਬੀ ਵਿਚ ਹੋਣ ਦੀ ਖੁਸ਼ੀ ਵੀ ਪ੍ਰਗਟਾਈ। ਮੁਖ ਸਲਾਹਕਾਰ ਦਲਜੀਤ ਸਿੰਘ ਗਰੇਵਾਲ, ਸੁਰੇਸ਼ ਚੌਧਰੀ, ਦਰਬਾਰਾ ਸਿੰਘ ਗਿੱਲ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਡਾ. ਨਿਰਮਲ ਕੌਸ਼ਿਕ, ਇਕਬਾਲ ਸਿੰਘ ਸੱਭਰਵਾਲ, ਪ੍ਰਮੋਦ ਪਟਿਆਲ, ਸਤੀਸ਼ ਵਰਮਾ, ਚਰਨਜੀਤ ਨਾਮਧਾਰੀ, ਪੀ ਡੀ ਚੋਪੜਾ, ਸੁਭਾਸ਼ ਕਸ਼ਯਪ, ਜੇਪੀ ਚੌਹਾਨ, ਕਰਨੈਲ ਸਿੰਘ ਪ੍ਰਵਾਨਾ, ਭਾਰਤ ਭੂਸ਼ਣ ਕਾਮਰਾ, ਦਾਤਾਰ ਸਿੰਘ ਭਾਟੀਆ, ਸਤੀਸ਼ ਸ਼ਰਮਾ, ਗੁਰਚਰਨ ਸਿੰਘ ਗਿੱਲ, ਰਣਜੀਤ ਸਿੰਘ ਨਿਰੰਕਾਰੀ, ਸੁਨੀਲ ਕੁਮਾਰ, ਅਮਰੀਕ ਸਿੰਘ ਅਤੇ ਜੀ ਐਸ ਬਾਜਵਾ ਵੀ ਹਾਜ਼ਰ ਸਨ।ਇਜਲਾਸ ਦੀ ਕਾਰਵਾਈ ਡਾ. ਗੁਰਵਿੰਦਰ ਅਮਨ ਅਤੇ ਜੋਗਿੰਦਰ ਸਿੰਘ ਮਦਾਨ ਨੇ ਬਖ਼ੂਬੀ ਨਾਲ ਚਲਾਈ।




# ਦੀਵਾਲੀ ਦੀ ਰਾਤ 2 ਭੈਣਾਂ ਦੇ ਇਕਲੌਤੇ ਭਰਾ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** - ਬੀਤੀ ਦੀਵਾਲੀ ਦੀ ਰਾਤ ਇੱਕ ਅਵਾਰਾ ਪਸ਼ੂ ਨੇ ਨੇੜਲੇ ਪਿੰਡ ਕੋਟਾਲਾ ਦੇ ਨੌਜਵਾਨ ਗੁਰਜੋਤ ਸਿੰਘ ਉਰਫ ਗੱਗੀ (27) ਦੀ ਜਾਨ ਲੈ ਲਈ। ਮ੍ਰਿਤਕ ਦੇ ਪਿਤਾ ਜਸਵੀਰ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਸਦਾ ਲੜਕਾ ਗੁਰਜੋਤ ਸਿੰਘ ਜੋ ਕਿ ਪ੍ਰਾਈਵੇਟ ਤੌਰ 'ਤੇ ਬਿਜਲੀ ਦੀ ਕੰਮ ਕਰਦਾ ਸੀ। ਲੰਘੀ 21 ਅਕਤੂਬਰ ਦੀਵਾਲੀ ਦੀ ਰਾਤ ਨੂੰ ਉਹ ਆਪਣੇ ਨਾਨਕੇ ਪਿੰਡ ਉਧੋਵਾਲ ਕਲਾਂ ਵਿਖੇ ਗਿਆ ਤੇ ਜਦੋਂ ਉਹ ਰਾਤ ਨੂੰ ਵਾਪਿਸ ਪਿੰਡ ਪਰਤ ਰਿਹਾ ਸੀ ਤਾਂ ਮਾਂਗਟ ਪੈਟਰੋਲ ਪੰਪ ਨੇੜ੍ਹੇ ਇੱਕ ਅਵਾਰਾ ਪਸ਼ੂ ਅੱਗੇ ਆਉਣ ਕਾਰਨ ਉਸਦਾ ਵਾਹਨ ਹਾਦਸ ਗ੍ਰਸਤ ਹੋ ਗਿਆ। ਇਸ ਹਾਦਸੇ ਵਿਚ ਗੁਰਜੋਤ ਸਿੰਘ ਗੰਭੀਰ ਰੂਪ ਵਿਚ ਜਖ਼ਮੀ ਹੋ ਗਿਆ ਅਤੇ ਜਦੋਂ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਸਮਰਾਲਾ ਲਿਆਂਦਾ ਗਿਆ ਤਾਂ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਗੁਰਜੋਤ ਸਿੰਘ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਅਤੇ ਦੋ ਭੈਣਾਂ ਦਾ ਭਰਾ ਸੀ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਅਮਰਜੀਤ ਸਿੰਘ ਨੇ ਦੱਸਿਆ ਕਿ ਲਾਸ਼ ਦਾ ਪੋਸਟ ਮਾਰਟਮ ਕਰਵਾਉਣ ਉਪਰੰਤ ਵਾਰਿਸਾਂ ਨੂੰ ਸੌਂਪ ਦਿੱਤਾ ਜਾਵੇਗਾ। ਦੀਵਾਲੀ ਦੀ ਰਾਤ ਹੋਏ ਹਾਦਸੇ ਕਾਰਨ ਪਿੰਡ ਵਿਚ ਸੋਗ ਦੀ ਲਹਿਰ ਦੌੜ ਗਈ।

## ਅਪਾਹਿਜ ਵਿਅਕਤੀ ਦਾ ਸਹਾਰਾ ਖੂੰਡੀ ਹੀ ਬਣੀ ਮੌਤ

ਨੇੜਲੇ ਪਿੰਡ ਲੁਹਾਰੀਆਂ ਦੇ ਨਿਵਾਸੀ ਸੁਖਵਿੰਦਰ ਸਿੰਘ (52) ਦੀ ਸੜਕ ਹਾਦਸੇ ਵਿਚ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕਰਨੈਲ ਸਿੰਘ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਅਪਾਹਿਜ ਸੀ ਜੋ ਕਿ ਲੰਘੀ 18 ਅਕਤੂਬਰ ਨੂੰ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਿਧਰੇ ਜਾ ਰਿਹਾ ਸੀ ਤਾਂ ਉਸਦਾ ਆਪਣੇ ਸਹਾਰੇ ਲਈ ਕੋਲ ਰੱਖਿਆ ਖੂੰਡਾ ਅਚਾਨਕ ਟਾਇਰ ਵਿਚ ਫਸਣ ਕਾਰਨ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿਚ ਸੁਖਵਿੰਦਰ ਸਿੰਘ ਗੰਭੀਰ ਜਖ਼ਮ ਹੋ ਗਿਆ ਜਿਸਨੂੰ ਇਲਾਜ ਲਈ ਚੰਡੀਗੜ੍ਹ ਦਾਖਲ ਕਰਵਾਇਆ ਗਿਆ। ਸਹਾਇਕ ਥਾਣੇਕਾਰ ਕਰਨੈਲ ਸਿੰਘ ਨੇ ਦੱਸਿਆ ਕਿ ਇਲਾਜ ਦੌਰਾਨ ਉਸਨੇ ਦਮ ਤੋੜ ਦਿੱਤਾ। ਮ੍ਰਿਤਕ ਸੁਖਵਿੰਦਰ ਸਿੰਘ ਦੀ ਲਾਸ਼ ਪੋਸਟ ਮਾਰਟਮ ਲਈ ਕਬਜੇ ਵਿਚ ਲੈ ਲਈ ਅਤੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਤੇ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਜੋਤੀ ਫਾਊਂਡੇਸ਼ਨ ਨੇ 14 ਹੜ੍ਹ ਪ੍ਰਭਾਵਤ ਸਰਹੱਦੀ ਪਿੰਡਾਂ ਨਾਲ ਮਨਾਈ ਹਰੀ ਦੀਵਾਲੀ

**ਫਾਜ਼ਿਲਕਾ ( ਨਿਸ਼ਾ ਸ਼ਰਮਾ)** ਜੋਤੀ ਫਾਊਂਡੇਸ਼ਨ, ਸੰਸਥਾਪਕ ਪ੍ਰਭਕਿਰਨ ਬਰਾੜ ਅਤੇ ਅਜੀਤ ਬਰਾੜ ਦੀ ਅਗਵਾਈ ਹੇਠ, ਹੜ੍ਹਾਂ ਨਾਲ ਤਬਾਹ ਹੋਏ ਫਾਜ਼ਿਲਕਾ ਦੇ 14 ਸਰਹੱਦੀ ਪਿੰਡਾਂ ਦੇ ਵਸਨੀਕਾਂ ਨੂੰ ਦੀਵਾਲੀ ਦਾ ਨਿੱਘ ਦੇ ਕੇ ਉਨ੍ਹਾਂ ਦੇ ਜੀਵਨ ਨੂੰ ਰੁਸ਼ਨਾ ਰਹੀ ਹੈ। ਫਾਊਂਡੇਸ਼ਨ ਦੀ ਟੀਮ ਨੇ ਸਥਾਨਕ ਪਰਿਵਾਰਾਂ ਨਾਲ ਤਿਉਹਾਰ ਮਨਾਇਆ ਅਤੇ ਉਨ੍ਹਾਂ ਨੂੰ ਨਵੇਂ ਕੱਪੜੇ, ਮਿਠਾਈਆਂ ਅਤੇ ਵਾਤਾਵਰਣ ਪੱਖੀ ਦੀਵੇ ਵੰਡੇ।ਇਸਦੇ ਨਾਲ ਹੀ ਫਾਊਂਡੇਸ਼ਨ ਦੀ ਟੀਮ ਨੇ ਸਥਿਰਤਾ, ਉਮੀਦ ਅਤੇ ਭਾਈਚਾਰਕ ਤੰਦਾਂ ਨੂੰ ਮਜ਼ਬੂਤ ਕਰਨ 'ਤੇ ਅਧਾਰਤ ਵਾਤਾਵਰਣ ਪੱਖੀ ਅਤੇ ਹਰੀ ਦੀਵਾਲੀ ਮਨਾਉਣ ਦੇ ਸੰਦੇਸ਼ ਦਾ ਪ੍ਰਚਾਰ ਕੀਤਾ।12,000 ਤੋਂ ਵੱਧ ਆਬਾਦੀ ਵਾਲੇ ਇਹ 14 ਪਿੰਡ ਹੜ੍ਹਾਂ ਦੌਰਾਨ ਸਭ ਤੋਂ ਵੱਧ ਪ੍ਰਭਾਵਿਤ ਹੋਏ ਸਨ ਅਤੇ ਇਹਨਾਂ ਪਿੰਡਾਂ ਵਿੱਚ 7,000 ਏਕੜ ਤੋਂ ਵੱਧ ਉਪਜਾਊ ਖੇਤੀਯੋਗ ਜ਼ਮੀਨ ਨੂੰ ਡੁੱਬ ਗਈ।ਇਨ੍ਹਾਂ ਪਿੰਡਾਂ ਨੂੰ ਗੋਦ ਲੈਣ ਤੋਂ ਬਾਅਦ, ਜੋਤੀ ਫਾਊਂਡੇਸ਼ਨ ਵੱਲੋਂ ਵੱਡੇ ਪੱਧਰ 'ਤੇ ਬਹਾਲੀ ਤੇ ਰਾਹਤ ਕਾਰਜਾਂ ਦੀ ਅਗਵਾਈ ਕੀਤੀ ਜਾ ਰਿਹਾ ਹੈ, ਜਿਸ ਵਿੱਚ ਕਿਸਾਨਾਂ ਨੂੰ ਆਪਣੀ ਰੋਜ਼ੀ-ਰੋਟੀ ਮੁੜ ਪ੍ਰਾਪਤ ਕਰਨ ਦੇ ਯੋਗ ਬਣਾਉਣ ਲਈ ਨੁਕਸਾਨੇ ਗਏ ਖੇਤਾਂ ਵਿੱਚੋਂ ਗਾਰ ਕੱਢਣਾ, ਪੱਧਰਾ ਕਰਨਾ ਅਤੇ ਖੇਤੀ ਕਰਨਾ ਸ਼ਾਮਲ ਹੈ।ਜੋਤੀ ਫਾਊਂਡੇਸ਼ਨ ਦੇ ਸੰਸਥਾਪਕ ਅਜੀਤ ਬਰਾੜ ਨੇ ਕਿਹਾ, 'ਦੀਵਾਲੀ ਹਨੇਰੇ ਉੱਤੇ ਰੌਸ਼ਨੀ ਦੀ ਜਿੱਤ ਦਾ ਪ੍ਰਤੀਕ ਹੈ ਅਤੇ ਇਨ੍ਹਾਂ ਪਰਿਵਾਰਾਂ ਲਈ, ਉਨ੍ਹਾਂ ਦੀ ਹਿੰਮਤ ਹੀ ਉਹ ਰੌਸ਼ਨੀ ਹੈ।' ਉਨ੍ਹਾਂ ਕਿਹਾ, ਅਸੀਂ ਸਿਰਫ਼ ਰਾਹਤ ਪ੍ਰਦਾਨ ਕਰਨ ਲਈ ਹੀ ਨਹੀਂ ਸਗੋਂ ਅਸੀਂ ਜ਼ਿੰਦਗੀਆਂ ਨੂੰ ਮੁੜ ਬਹਾਲ ਕਰਨ, ਜ਼ਮੀਨ ਨੂੰ ਖੇਤੀਯੋਗ ਬਣਾਉਣ ਅਤੇ ਉਮੀਦ ਨੂੰ ਕਾਇਮ ਰੱਖ ਕੇ ਲੰਬੇ ਸਮੇਂ ਤੱਕ ਪੁਨਰਵਾਸ ਲਈ ਵੀ ਵਚਨਬੱਧ ਹਾਂ।ਜੋਤੀ ਫਾਊਂਡੇਸ਼ਨ ਦੇ ਚੇਅਰਪਰਸਨ ਪ੍ਰਭਕਿਰਨ ਬਰਾੜ ਨੇ ਕਿਹਾ, ਮੈਂ ਹਮੇਸ਼ਾ ਇਹ ਮੰਨਦਾ ਰਿਹਾ ਹਾਂ ਕਿ ਤਿਉਹਾਰ ਪ੍ਰਮਾਤਮਾ ਪ੍ਰਤੀ ਸ਼ੁਕਰਗੁਜ਼ਾਰੀ ਦਾ ਸਬਕ ਸਿਖਾਉਂਦੇ ਹਨ।

# 24 ਪਰਵਾਰ ਕਾਂਗਰਸ 'ਚ ਹੋਏ ਸ਼ਾਮਲ, ਕੁਲਬੀਰ ਜ਼ੀਰਾ ਨੇ ਕੀਤਾ ਸਵਾਗਤ

**ਜ਼ੀਰਾ (ਨਰਿੰਦਰ ਅਨੇਜਾ)** ਰੂਪ ਸਿੰਘ ਸੰਧੂ ਵਿਧਾਨ ਸਭਾ ਹਲਕਾ ਜ਼ੀਰਾ ਵਿਚ ਸੱਤਾਧਾਰੀ ਆਮ ਆਦਮੀ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ ਜਦੋਂ ਪਿੰਡ ਆਰਾਜੀ ਸਭਰਾ ਤੋਂ ਹਰਭਜਨ ਸਿੰਘ ਸਭਰਾ, ਮੇਹਰ ਸਿੰਘ ਬਾਹਰਵਾਲੀ, ਬਲਦੇਵ ਸਿੰਘ ਫੌਜੀ ਦੀ ਪ੍ਰੇਰਨਾ ਸਦਕਾ 24 ਪਰਵਾਰ ਆਮ ਆਦਮੀ ਪਾਰਟੀ ਅਤੇ ਅਕਾਲੀ ਦਲ ਛੱਡ ਕੇ ਕਾਂਗਰਸ 'ਚ ਸ਼ਾਮਿਲ ਹੋ ਗਏ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਨੇ ਕਿਹਾ ਕਿ ਝੂਠੇ ਸਬਜ਼ਬਾਗ ਵਿਖਾ ਕੇ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਪੁੱਠੀ ਗਿਣਤੀ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਨੇ ਅਕਾਲੀ ਦਲ 'ਤੇ ਵਰ੍ਹਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਆਧਾਰ ਖਤਮ ਹੋ ਚੁੱਕਾ ਹੈ ਅਤੇ ਲੋਕ ਕਦੇ ਵੀ ਇਨ੍ਹਾਂ ਨੂੰ ਮੂੰਹ ਨਹੀਂ ਲਗਾਉਣਗੇ। ਸਾਬਕਾ ਵਿਧਾਇਕ ਜ਼ੀਰਾ ਨੇ ਕਿਹਾ ਕਿ 2027 ਵਿਚ ਪੰਜਾਬ 'ਚ ਕਾਂਗਰਸ ਪਾਰਟੀ ਦੀ ਮਜ਼ਬੂਤ ਸਰਕਾਰ ਬਣੇਗੀ।ਇਸ ਮੌਕੇ ਆਮ ਆਦਮੀ ਪਾਰਟੀ ਅਤੇ ਅਕਾਲੀ ਦਲ ਨੂੰ ਛੱਡ ਕੇ ਕਾਂਗਰਸ ਪਾਰਟੀ 'ਚ ਸ਼ਾਮਲ ਹੋਣ ਵਾਲੇ ਸੁਖਦੇਵ ਸਿੰਘ, ਸਾਹਿਬ ਸਿੰਘ, ਸੁਖਵਿੰਦਰ ਸਿੰਘ, ਸਾਰਜ ਸਿੰਘ, ਅੰਗੂਰ ਸਿੰਘ, ਭਜਨ ਸਿੰਘ, ਸੁਖਵਿੰਦਰ ਸਿੰਘ, ਪ੍ਰਗਟ ਸਿੰਘ, ਕੁਲਵੰਤ ਸਿੰਘ, ਅਰਸ਼ਦੀਪ ਸਿੰਘ, ਅੰਗਰੇਜ ਸਿੰਘ, ਗੁਰਮੁੱਖ ਸਿੰਘ, ਗੁਰਸੇਵਕ ਸਿੰਘ, ਜੱਜ ਸਿੰਘ, ਗੁਰਲਾਲ ਸਿੰਘ, ਗੁਰਵਿੰਦਰ ਸਿੰਘ, ਸਾਬਕਾ ਸਰਪੰਚ ਖਜਾਨ ਸਿੰਘ, ਲੱਖਾ ਸਿੰਘ, ਕਾਸ਼ੀ ਸਿੰਘ, ਸ਼ਮਸ਼ੇਰ ਸਿੰਘ, ਗੁਰਦਿੱਤਾ ਸਿੰਘ, ਸੁਖਚੈਨ ਸਿੰਘ, ਗੁਰਤੇਜ ਸਿੰਘ ਅਤੇ ਨਿਸ਼ਾਨ ਸਿੰਘ ਨੂੰ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਵੱਲੋਂ ਸਿਰਪਾਓ ਦੇ ਕੇ ਜੀ ਆਇਆ ਆਖਦਿਆਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ 'ਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਸਤਪਾਲ ਚਾਵਲਾ, ਲਖਵੀਰ ਸਿੰਘ ਆਰਾਜੀ ਸਭਰਾ, ਸਤਪਾਲ ਸਿੰਘ ਦੁੱਲੂ, ਗੁਰਦਰਸ਼ਨ ਸਿੰਘ ਆਸ਼ੀਏ ਕੇ, ਕਮਲਜੀਤ ਸਿੰਘ ਨੰਬਰਦਾਰ ਆਸ਼ੀਏ ਕੇ, ਸਤਨਾਮ ਸਿੰਘ ਆਸ਼ੀਏ ਕੇ, ਸੁਰਜੀਤ ਸਿੰਘ ਸ਼ਾਹ ਬੁੱਕਰੀਆਂ ਫੱਤੇ ਵਾਲਾ, ਸੁਖਵਿੰਦਰ ਸਿੰਘ ਨੰਬਰਦਾਰ ਫੱਤੇ ਵਾਲਾ, ਜਤਿੰਦਰ ਸਿੰਘ ਵਸਤੀ ਵਕੀਲ ਵਾਲੀ, ਰਣਜੀਤ ਸਿੰਘ ਰੋਡੇ ਜੱਲੇ ਵਾਲਾ, ਸੁਖਜਿੰਦਰ ਸਿੰਘ ਆਰਿਫ਼ ਕੇ, ਜਸਕਰਨ ਸਿੰਘ ਵੱਟੂ ਭੱਟੀ, ਰੁਬਲ ਵਿਰਦੀ ਪੀ.ਏ, ਬੱਬਲੂ ਕਟਾਰੀਆ, ਬੂਟਾ ਸਿੰਘ ਆਲੇ ਵਾਲਾ, ਅਰਜਨ ਸਿੰਘ ਸਭਰਾ ਅਤੇ ਗੁਰਸੇਵਕ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਪੱਤਰਕਾਰ ਸੁਰੇਸ਼ ਕੁਮਾਰ ਨੇ ਪੌਦੇ ਲਗਾ ਕੇ ਮਨਾਇਆ ਬੇਟੀ ਦਾ ਜਨਮ ਦਿਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** ਬਲਾਕ ਭੁੱਚੋ ਮੰਡੀ ਦੇ ਸੱਚ ਕਹੂੰ ਦੇ ਪੱਤਰਕਾਰ ਸੁਰੇਸ਼ ਕੁਮਾਰ ਇੰਸਾਂ ਵੱਲੋਂ ਆਪਣੀ ਬੇਟੀ ਨੇਹਾ ਗੁਪਤਾ ਇੰਸਾਂ ਦਾ ਜਨਮ ਦਿਨ ਐੱਮ ਐੱਸ ਜੀ ਡੇਰਾ ਸੱਚਾ ਸੌਦਾ ਤੇ ਮਾਨਵਤਾ ਭਲਾਈ ਕੇਦਰ ਭੁੱਚੋ ਮੰਡੀ ਵਿਖੇ ਪੌਦੇ ਲਗਾ ਕੇ ਮਨਾਇਆ ਗਿਆ। ਇਸ ਮੌਕੇ ਸ਼ੁਰੇਸ਼ ਕੁਮਾਰ ਇੰਸਾਂ ਵਾਸੀ ਤੁੰਗਵਾਲੀ ਅਤੇ ਪਰਿਵਾਰਕ ਮੈਂਬਰਾਂ ਪ੍ਰਵੀਨ ਜਿੰਦਲ ਇੰਸਾਂ, ਜਿੰਮੀ ਜਿੰਦਲ ਇੰਸਾਂ ਤੇ ਜਾਯਾ ਜਿੰਦਲ ਇੰਸਾਂ ਵੱਲੋਂ ਇਸ ਖੁਸ਼ੀ ਵਿੱਚ ਬਲਾਕ ਪੱਧਰੀ ਨਾਮ ਚਰਚਾ ਕਰਵਾਈ ਗਈ। ਇਸ ਮੌਕੇ ਸ਼ੁਰੇਸ ਇੰਸਾਂ ਨੇ ਕਿਹਾ ਕਿ ਪੂਜਨੀਕ ਗੁਰੂ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਦੀ ਪਾਵਨ ਸਿੱਖਿਆ 'ਤੇ ਚਲਦੇ ਹੋਏ ਆਪਣੇ ਬੇਟੀ ਨੇਹਾ ਗੁਪਤਾ ਇੰਸਾਂ ਦੇ ਜਨਮ ਦਿਨ ਨੂੰ ਮਨਾਉਂਦੇ ਹੋਏ ਵਾਤਾਵਰਣ ਨੂੰ ਸ਼ੁੱਧ ਅਤੇ ਹਰਾ ਭਰਾ ਰੱਖਣ ਲਈ ਪੌਦੇ ਲਗਾਏ ਗਏ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਹਰ ਖੁਸ਼ੀ ਦੇ ਮੌਕੇ 'ਤੇ ਪੌਦੇ ਲਗਾਉਣੇ ਅਤੇ ਵੰਡਣੇ ਚਾਹੀਦੇ ਹਨ। ਇਸ ਮੌਕੇ ਬਲਾਕ ਪ੍ਰੇਮੀ ਸੇਵਕ ਰਣਜੀਤ ਸਿੰਘ ਇੰਸਾਂ ਲਹਿਰਾ ਮੁਹੱਬਤ,ਚਰਨਾ ਸਿੰਘ ਇੰਸਾਂ ਤੇ ਮੇਘ ਰਾਜ ਇੰਸਾਂ ਤੋਂ ਇਲਾਵਾ ਸ਼ਾਹ ਸਤਿਨਾਮ ਜੀ ਗਰੀਨ ਐਸ ਵੈਲਫੇਅਰ ਕਮੇਟੀ ਤੇ ਪੱਕੀਆਂ ਸੰਮਤੀਆਂ ਦੇ ਸੇਵਾਦਾਰ ਅਤੇ ਪਿਡਾਂ/ਸ਼ਹਿਰਾਂ ਦੇ ਪ੍ਰੇਮੀ ਸੇਵਕ ਹਾਜਰ ਸਨ। ਸਮਾਪਤੀ 'ਤੇ ਜੀਨਸ ਅਕੈਡਮੀ ਭੁੱਚੋ ਮੰਡੀ ਦੇ ਜਿੰਮੀ ਜਿੰਦਲ ਇੰਸਾਂ ਨੇ ਸੰਗਤ ਦਾ ਧੰਨਵਾਦ ਕੀਤਾ।

# ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-** ਲਾਵਾਰਿਸ ਪਸ਼ੂਆਂ ਨਾਲ ਵਾਪਰਨ ਵਾਲੇ ਹਾਦਸੇ ਲਗਾਤਾਰ ਵੱਧ ਰਹੇ ਹਨ, ਮੇਨ ਹਾਈਵੇ ਅਤੇ ਆਮ ਲਿੰਕ ਸੜਕਾਂ ਤੇ ਫਿਰਦੇ ਪਸ਼ੂ ਅਤੇ ਅਵਾਰਾ ਕੁੱਤੇ ਹਰ ਰੋਜ਼ ਐਕਸੀਡੈਂਟ ਦਾ ਕਾਰਨ ਬਣ ਰਹੇ ਹਨ।ਇਨ੍ਹਾਂ ਸੜਕ ਹਾਦਸਿਆਂ 'ਚ ਅਨੇਕਾਂ ਕੀਮਤੀ ਜਾਨਾਂ ਬੇ ਵਕਤੀ ਮੌਤ ਦੇ ਮੂੰਹ ਜਾ ਰਹੀਆਂ ਹਨ। ਜਾਣਕਾਰੀ ਅਨੁਸਾਰ ਮ੍ਰਿਤਕ ਚਮਕੌਰ ਸਿੰਘ (60) ਪੁੱਤਰ ਮੁਖਤਿਆਰ ਸਿੰਘ ਵਾਸੀ ਪਿੰਡ ਧਨੇਰ ਜੋ ਕੰਬਾਇਨ ਉਪਰ ਪਿੰਡ ਸਹੌਰ ਵਿਖੇ ਝੋਨੇ ਦੀ ਫਸਲ ਕੱਟਣ ਗਿਆ ਸੀ।ਸੋਮਵਾਰ 20 ਅਕਤੂਬਰ ਨੂੰ ਸ਼ਾਮ 7 ਕੁ ਵਜੇ ਦੇ ਕਰੀਬ ਜਦੋਂ ਉਹ ਮੋਟਰ ਸਾਈਕਲ 'ਤੇ ਸਵਾਰ ਹੋ ਕੇ ਮਹਿਲ ਕਲਾਂ ਤੋਂ ਆਪਣੇ ਘਰ ਪਿੰਡ ਧਨੇਰ ਵੱਲ ਜਾ ਰਿਹਾ ਸੀ, ਤਾਂ ਰਸਤੇ ਵਿੱਚ ਰੌਸ਼ਨ ਖੇੜਾ ਦੇ ਕੋਲ ਪਸ਼ੂ ਅਚਾਨਕ ਉਸ ਦੇ ਮੋਟਰਸਾਈਕਲ ਅੱਗੇ ਆ ਗਿਆ, ਜਿਸ ਨਾਲ ਮੋਟਰ-ਸਾਈਕਲ ਹਾਦਸਾਗ੍ਰਸਤ ਹੋਣ 'ਤੇ ਸੜਕ ਉੱਪਰ ਡਿੱਗਣ ਕਰਕੇ ਉਸ ਦੇ ਸਿਰ 'ਤੇ ਡੂੰਘੀ ਸੱਟ ਵੱਜੀ। ਗੰਭੀਰ ਜ਼ਖਮੀ ਹਾਲਤ 'ਚ ਉਸ ਨੂੰ ਫਰੀਦਕੋਟ ਹਸਪਤਾਲ ਅਤੇ ਉਸ ਤੋਂ ਬਾਅਦ ਏਮਜ਼ ਬਠਿੰਡਾ ਰੈਫਰ ਕਰ ਦਿੱਤਾ ਗਿਆ।ਜਿੱਥੇ ਜ਼ਿੰਦਗੀ ਮੌਤ ਦੀ ਲੜਾਈ ਲੜਦਾ ਆਖਰ ਚਮਕੌਰ ਸਿੰਘ ਅੱਜ ਮੌਤ ਕੋਲੋ ਹਾਰ ਗਿਆ ।ਮ੍ਰਿਤਕ ਆਪਣੇ ਪਿਛੇ ਤਿੰਨ ਬੱਚਿਆਂ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਨੂੰ ਵਿਲਕਦੇ ਛੱਡ ਗਿਆ ਹੈ।



# ਨਕਲੀ ਦੁੱਧ ਤੇ ਘਿਓ ਤਿਆਰ ਕਰਨ ਵਾਲਿਆਂ ਵਿਰੁੱਧ ਹੋਵੇ ਸਖਤ ਕਾਰਵਾਈ : ਬੀ ਕੇ ਯੂ ਲੱਖੋਵਾਲ



**ਮੋਗਾ : (ਇਕਬਾਲ ਸਿੰਘ ਖਹਿਰਾ)-** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਹੈ ਕਿ ਪੰਜਾਬ ਅੰਦਰ ਖਾਸ ਕਰਕੇ ਮੋਗਾ ਜ਼ਿਲ੍ਹੇ ਵਿੱਚ ਨਕਲੀ ਘਿਓ ਤੇ ਦੁੱਧ ਅਤੇ ਹੋਰ ਖਾਣ ਪੀਣ ਵਾਲੀਆਂ ਵਸਤੂਆਂ ਤਿਆਰ ਕਰਨ ਵਾਲੇ ਵਿਅਕਤੀਆਂ ਵਿਰੁੱਧ ਪ੍ਰਸ਼ਾਸਨ ਵੱਲੋਂ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਪਿਛਲੇ ਦਿਨੀਂ ਜੋ ਬਾਘਾ ਪੁਰਾਣਾ ਵਿਖੇ ਪ੍ਰਵਾਸੀ ਮਜ਼ਦੂਰਾਂ ਵੱਲੋਂ ਡਾਲਡਾ ਘਿਓ ਨੂੰ ਦੇਸੀ ਘਿਓ ਬਣਾ ਕੇ ਵੇਚਿਆ ਜਾ ਰਿਹਾ ਸੀ , ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਮੰਗ ਕਰਦੇ ਹਾਂ ਕਿ ਦੋਸ਼ੀਆਂ ਉੱਪਰ ਸਖਤ ਤੋਂ ਸਖਤ ਧਰਾਵਾਂ ਲਾ ਕੇ ਕਾਰਵਾਈ ਕਰਕੇ ਉਹਨਾਂ ਨੂੰ ਜੇਲ੍ਹ 'ਚ ਡੱਕਿਆ ਜਾਵੇ। ਇਸ ਸਮੇਂ ਜਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਲਖਬੀਰ ਸਿੰਘ ਸੰਧੂਆਣਾ, ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਜਿਲਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

# ਮਾਤਾ ਸੁੰਦਰੀ ਗਰਲਜ਼ ਕਾਲਜ ਦੇ ਬੀ ਐੱਸ ਸੀ (ਫੈਸ਼ਨ ਟੈਕਨਾਲੋਜੀ) ਦਾ ਨਤੀਜਾ ਸ਼ਾਨਦਾਰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਇਲਾਕੇ ਦੀ ਇੱਕਲੌਤੀ ਧੀਆਂ ਦੀ ਸੰਸਥਾ ਮਾਤਾ ਸੁੰਦਰੀ ਗਰਲਜ਼ ਕਾਲਜ, ਢੱਡੇ ਦੀਆਂ ਬੀ ਐਸ ਸੀ (ਫੈਸ਼ਨ ਟੈਕਨੋਲੋਜੀ) ਵਿਭਾਗ ਦੀਆਂ ਵਿਦਿਆਰਥਣਾਂ ਨੇ ਦਸੰਬਰ 2024 ਦੇ ਪਹਿਲੇ ਸਮੈਸਟਰ ਦੇ ਨਤੀਜੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ।ਵਿਦਿਆਰਥਣਾਂ ਨੇ ਨਾ ਸਿਰਫ਼ ਅਕਾਦਮਿਕ ਖੇਤਰ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕੀਤਾ ਹੈ, ਸਗੋਂ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਨੇ ਕਾਲਜ ਦੀ ਵਿਦਿਆਕ ਪੱਧਰ ਉੱਤੇ ਮਜ਼ਬੂਤ ਪਹਿਚਾਣ ਬਣਾਈ ਹੈ ਇਸ ਮੌਕੇ ਕਾਲਜ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਅਤੇ ਐਮ.ਡੀ. ਗੁਰਬਿੰਦਰ ਸਿੰਘ ਬੱਲੀ ਨੇ ਸਾਰੀਆਂ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਕਾਮਯਾਬੀ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।ਉਨ੍ਹਾਂ ਕਿਹਾ ਕਿ ਇਹ ਨਤੀਜੇ ਕਾਲਜ ਦੇ ਗੁਣਵੱਤਾ-ਪੂਰਨ ਸਿੱਖਿਆ ਅਤੇ ਵਿਦਿਆਰਥਣਾਂ ਦੀ ਲਗਨ ਦਾ ਪ੍ਰਤੀਕ ਹਨ।ਡਾਇਰੈਕਟਰ ਐਡਮਿਨਿਸਟ੍ਰੇਟਰ ਪਰਮਿੰਦਰ ਸਿੰਘ ਸਿੱਧੂ ਨੇ ਵਿਦਿਆਰਥਣਾਂ ਦੇ ਸ਼ਾਨਦਾਰ ਨਤੀਜੇ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਪ੍ਰਾਪਤੀ ਕਾਲਜ ਦੇ ਸਮਰਪਿਤ ਅਧਿਆਪਕ ਸਟਾਫ, ਵਿਦਿਆਰਥਣਾਂ ਦੀ ਮਿਹਨਤ ਅਤੇ ਉਨ੍ਹਾਂ ਦੇ ਮਾਤਾ-ਪਿਤਾ ਦੇ ਸਹਿਯੋਗ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਮਾਤਾ ਸੁੰਦਰੀ ਗਰਲਜ਼ ਕਾਲਜ ਹਮੇਸ਼ਾ ਗੁਣਵੱਤਾ-ਪੂਰਨ ਸਿੱਖਿਆ, ਨਵੀਨਤਮ ਤਕਨਾਲੋਜੀ ਅਤੇ ਨੈਤਿਕ ਮੁੱਲਾਂ ਦੇ ਸੰਯੋਗ ਰਾਹੀਂ ਵਿਦਿਆਰਥਣਾਂ ਦਾ ਸੰਪੂਰਨ ਵਿਕਾਸ ਕਰਨ ਲਈ ਪ੍ਰਤਿਬੱਧ ਹੈ। ਕਾਲਜ ਦੇ ਪ੍ਰਿੰਸੀਪਲ ਸ. ਰਾਜ ਸਿੰਘ ਬਾਘਾ ਨੇ ਵਿਭਾਗ ਦੀਆਂ ਵਿਦਿਆਰਥਣਾਂ ਨੂੰ ਸ਼ਾਨਦਾਰ ਨਤੀਜੇ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਉਨ੍ਹਾਂ ਦੀ ਮਿਹਨਤ, ਸਮਰਪਣ ਅਤੇ ਅਧਿਆਪਕ ਸਾਹਿਬਾਨਾ ਦੀ ਸਿੱਖਿਆ ਪ੍ਰਤੀ ਨਿਸ਼ਠਾ ਦਾ ਪਰਿਣਾਮ ਹੈ।ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾ ਵਿਦਿਆਰਥਣਾਂ ਨੂੰ ਸਿਰਫ਼ ਅਕਾਦਮਿਕ ਹੀ ਨਹੀਂ, ਸਗੋਂ ਵਿਅਕਤਿਤਵ ਵਿਕਾਸ, ਰਚਨਾਤਮਕਤਾ ਅਤੇ ਪੇਸ਼ੇਵਰ ਕੌਸ਼ਲਾਂ ਵਿੱਚ ਵੀ ਅੱਗੇ ਵਧਾਉਣ ਲਈ ਪ੍ਰੇਰਿਤ ਕਰਦਾ ਹੈ। ਇਸ ਨਤੀਜੇ ਬਾਰੇ ਦੱਸਿਆ ਵਿਭਾਗ ਦੇ ਮੁੱਖੀ ਪ੍ਰੋ. ਅਮਨਦੀਪ ਕੌਰ ਨੇ ਦੱਸਿਆ ਕਿ ਪਹਿਲੀਆਂ ਤਿੰਨ ਪੁਜੀਸ਼ਨਾਂ ਉੱਪਰ 95.07 ਪ੍ਰਤੀਸਤ ਨੰਬਰ ਹਾਸਲ ਕਰਕੇ ਗੁਰਮੀਤ ਕੌਰ ਪੁੱਤਰੀ ਬਲੌਰ ਸਿੰਘ , ਮਨਜੀਤ ਕੌਰ ਪੁੱਤਰੀ ਗੁਰਸੇਵਕ ਸਿੰਘ ਅਤੇ ਸਰਬਜੀਤ ਕੌਰ ਪੁੱਤਰੀ ਹਰਮੇਲ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਕਰਮਲਜੀਤ ਕੌਰ ਪੁੱਤਰੀ ਹਰਦੀਪ ਸਿੰਘ ਨੇ 95 ਪ੍ਰਤੀਸਤ ਨੰਬਰ ਹਾਸਲ ਕਰਦੇ ਹੋਏ ਦੂਜਾ ਸਥਾਨ ਪ੍ਰਾਪਤ ਕੀਤਾ। ਖੁਸ਼ਦੀਪ ਕੌਰ ਪੁੱਤਰੀ ਸੁਖਦੇਵ ਸਿੰਘ ਨੇ 94.03 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਹੋਏ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋ ਇਲਾਵਾਂ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਅਤੇ ਖਜਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਵਿਦਿਆਰਥੀਣਾਂ ਦੀ ਸਲਾਘਾ ਕਰਕੇ ਹੋਏ ਵਧਾਈ ਦਿੱਤੀ। ਇਸ ਮੌਕੇ ਹੋਰਨਾ ਤੋਂ ਇਲਾਵਾ ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ, ਸੀਨੀਅਰ ਪ੍ਰੋ. ਜਸਵਿੰਦਰ ਸਿੰਘ, ਸੀਨੀਅਰ ਪ੍ਰੋ. ਰਵਿੰਦਰ ਸਰਮਾਂ, ਸੀਨੀਅਰ ਪ੍ਰੋ. ਰਣਜੀਤ ਕੌਰ, ਪ੍ਰੋ. ਵੀਰਇੰਦਰ ਕੌਰ, ਪ੍ਰੋ. ਸੁਖਪਾਲ ਕੌਰ, ਪ੍ਰੋ. ਜਗਜੀਤ ਸਿੰਘ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਹਰਸ਼ ਰਾਣੀ, ਪ੍ਰੋ. ਅਮਨਦੀਪ ਸ਼ਰਮਾ, ਪ੍ਰੋ. ਅਮਨਦੀਪ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ ਅਮਨਦੀਪ ਕੌਰ ਕੰਪਿਊਟਰ ਸਾਇੰਸ, ਪ੍ਰੋ. ਹਰਕਿਰਨ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਕਿਰਨਦੀਪ ਕੌਰ, ਪ੍ਰੋ. ਸਰਨ ਕੌਰ ਅਤੇ ਸਮੂਹ ਸਟਾਫ ਨੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ।



# ਦੀਵਾਲੀ ਦੇ ਸ਼ੁਭ ਦਿਹਾੜੇ 'ਤੇ ਮੰਦਰਾਂ ਤੇ ਦੇਵੀ-ਦੁਆਰਿਆਂ 'ਤੇ ਲੱਗੀਆਂ ਖੂਬ ਰੌਣਕਾਂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਦੇ ਪਾਵਨ ਤੇ ਸ਼ੁਭ ਦਿਹਾੜੇ 'ਤੇ ਸਮੁੱਚੇ ਇਲਾਕੇ ਦੇ ਮੰਦਰਾਂ ਅਤੇ ਦੇਵੀ-ਦੁਆਰਿਆਂ ਵਿੱਚ ਅਲੌਕਿਕ ਰੌਣਕਾਂ ਦੇਖਣ ਨੂੰ ਮਿਲੀਆਂ। ਸਵੇਰ ਤੋਂ ਲੈ ਕੇ ਦੇਰ ਸ਼ਾਮ ਤੱਕ ਸ਼ਰਧਾਲੂਆਂ ਦਾ ਤਾਂਤਾ ਲੱਗਿਆ ਰਿਹਾ ਤੇ ਮੰਦਰਾਂ ਦੀ ਸ਼ੋਭਾ ਵੇਖਦਿਆਂ ਹੀ ਬਣਦੀ ਸੀ। ਇਸ ਖਾਸ ਮੌਕੇ 'ਤੇ ਇਲਾਕੇ ਵਿੱਚ ਸਥਿਤ ਪ੍ਰਸਿੱਧ ਸ੍ਰੀ ਬਾਬਾ ਖੇਤਰਪਾਲ ਮੰਦਰ ਵਿਖੇ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਸ਼ਰਧਾਲੂਆਂ ਨੇ ਜੰਡ 'ਤੇ ਬਾਬਾ ਜੀ ਦੀ ਕੜਾਹੀ ਦਾ ਪ੍ਰਸਾਦ, ਮੌਲੀ, ਤੇਲ ਤੇ ਹੋਰ ਸਮੱਗਰੀ ਚੜ੍ਹਾਈ। ਹਰ ਇੱਕ ਸ਼ਰਧਾਲੂ ਨੇ ਪੂਰੀ ਸ਼ਰਧਾ ਤੇ ਪਵਿੱਤਰ ਭਾਵਨਾ ਨਾਲ ਬਾਬਾ ਜੀ ਦੇ ਚਰਨਾਂ ਵਿੱਚ ਅਰਦਾਸ ਕੀਤੀ। ਪਰਵਾਰਾਂ ਦੀ ਸੁੱਖ-ਸ਼ਾਂਤੀ, ਕਾਰੋਬਾਰ ਵਿੱਚ ਬਰਕਤ ਤੇ ਤੰਦਰੁਸਤੀ ਲਈ ਭਾਵਨਾਪੂਰਵਕ ਕਾਮਨਾਵਾਂ ਕੀਤੀਆਂ ਗਈਆਂ। ਸ਼ਰਧਾਲੂਆਂ ਦਾ ਵਿਸ਼ਵਾਸ ਹੈ ਕਿ ਇਸ ਪਵਿੱਤਰ ਦਿਨ 'ਤੇ ਬਾਬਾ ਜੀ ਅੱਗੇ ਮੰਗੀ ਹਰ ਮੁਰਾਦ ਪੂਰੀ ਹੁੰਦੀ ਹੈ। ਇਸ ਮੌਕੇ ਮੰਦਰ ਦੇ ਪੁਜਾਰੀ ਤੇ ਮੁੱਖ ਸੇਵਾਦਾਰ ਨੇ ਦੱਸਿਆ ਕਿ ਦੀਵਾਲੀ ਵਾਲੇ ਦਿਨ ਹਰ ਸਾਲ ਇਸ ਜੰਡ 'ਤੇ ਮੱਥਾ ਟੇਕਣ ਦੀ ਰਸਮ ਪੁਰਾਣੇ ਸਮੇਂ ਤੋਂ ਨਿਭਾਈ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੋ ਵੀ ਸ਼ਰਧਾਲੂ ਸੱਚੀ ਭਾਵਨਾ ਅਤੇ ਖਰੇ ਦਿਲ ਨਾਲ ਬਾਬਾ ਖੇਤਰਪਾਲ ਜੀ ਅੱਗੇ ਮਨੋਕਾਮਨਾ ਕਰਦਾ ਹੈ, ਬਾਬਾ ਜੀ ਉਨ੍ਹਾਂ ਦੀਆਂ ਝੋਲੀਆਂ ਜ਼ਰੂਰ ਭਰਦੇ ਹਨ ਅਤੇ ਉਨ੍ਹਾਂ ਦੀ ਅਰਦਾਸ ਨੂੰ ਕਬੂਲ ਕਰਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਦੀਵਾਲੀ ਦੀਆਂ ਇਨ੍ਹਾਂ ਰੌਣਕਾਂ ਨੂੰ ਮੁੱਖ ਰੱਖਦਿਆਂ ਮੰਦਰ ਕਮੇਟੀ ਵੱਲੋਂ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ ਤਾਂ ਜੁ ਕਿਸੇ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ ਅਤੇ ਸਾਰੀ ਪ੍ਰਕਿਰਿਆ ਸ਼ਾਂਤੀਪੂਰਵਕ ਨੇਪਰੇ ਚੜ੍ਹੇ। ਸ਼ਰਧਾਲੂਆਂ ਨੇ ਇਸ ਅਲੌਕਿਕ ਮਾਹੌਲ ਵਿੱਚ ਪ੍ਰਸਾਦ ਗ੍ਰਹਿਣ ਕੀਤਾ।

# 5 ਕਿਲੋ ਹੈਰੋਇਨ ਸਮੇਤ ਡਰੱਗ ਸਰਗਣਾ ਕਾਬੂ

ਅੰਮ੍ਰਿਤਸਰ/ਛੇਹਰਟਾ (ਨਰਿੰਦਰ ਜੀਤ ਸਿੰਘ/ਮਨੋਜ ਕੁਮਾਰ)-ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਇੱਕ ਡਰੱਗ ਸਰਗਣਾ ਨੂੰ 5.025 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰ ਦੇ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਜਪਾਲ ਸਿੰਘ (25) ਵਜੋਂ ਹੋਈ ਹੈ, ਜੋ ਕਿ ਛੇਹਰਟਾ, ਅੰਮ੍ਰਿਤਸਰ ਵਿੱਚ ਮਜੀਦ ਬਿਲਡਿੰਗ ਦਾ ਰਹਿਣ ਵਾਲਾ ਹੈ। ਮੁਲਜ਼ਮ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਸ ਵਿਰੁੱਧ ਐਨ ਡੀ ਪੀ ਐਸ ਐਕਟ ਅਤੇ ਆਰਮਜ਼ ਐਕਟ ਦੀਆਂ ਧਾਰਾਵਾਂ ਤਹਿਤ ਮਾਮਲੇ ਦਰਜ ਹਨ।ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ, ਪਾਕਿਸਤਾਨੀ ਹੈਂਡਲਰ ਵੱਲੋਂ ਸੰਚਾਲਿਤ ਇੱਕ ਸਰਹੱਦ ਪਾਰ ਦਾ ਨੈੱਟਵਰਕ ਚਲਾ ਰਿਹਾ ਸੀ ਅਤੇ ਡੇਰਾ ਬਾਬਾ ਨਾਨਕ ਸੈਕਟਰ ਦੀ ਵਰਤੋਂ ਕਰਕੇ ਸਰਹੱਦ ਪਾਰੋਂ ਡਰੋਨ ਰਾਹੀਂ ਸੁੱਟੀਆਂ ਗਈਆਂ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰਦਾ ਸੀ। ਇਸ ਕਾਰਵਾਈ ਸੰਬੰਧੀ ਵੇਰਵੇ



ਸਾਂਝੇ ਕਰਦੇ ਹੋਏ ਪੁਲਸ ਕਮਿਸ਼ਨਰ (ਸੀ ਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਅਗਸਤ 2025 ਵਿੱਚ ਇੱਕ ਨਸ਼ਾ ਤਸਕਰ ਲੱਕੀ ਨੂੰ 3 ਕਿਲੋਗ੍ਰਾਮ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ, ਉਸੇ ਮਾਮਲੇ ਦੇ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਦੌਰਾਨ ਪੁਲਸ ਟੀਮਾਂ ਨੇ ਰਾਜਪਾਲ ਸਿੰਘ ਦੀ ਸ਼ਮੂਲੀਅਤ ਪਾਈ, ਜਿਸ ਕਾਰਨ ਉਸ ਨੂੰ ਐਫ ਆਈ ਆਰ ਵਿੱਚ ਨਾਮਜ਼ਦ ਕੀਤਾ ਗਿਆ ਸੀ। ਇਸ ਤੋਂ ਬਾਅਦ, 19 ਅਕਤੂਬਰ ਨੂੰ ਪੁਲਸ ਟੀਮਾਂ ਨੇ ਰਾਜਪਾਲ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸ ਦੇ ਖੁਲਾਸੇ ਅਤੇ ਸ਼ਨਾਖ਼ਤ ਤੋਂ ਬਾਅਦ 5.025 ਕਿਲੋਗ੍ਰਾਮ ਹੋਰ ਹੈਰੋਇਨ ਬਰਾਮਦ ਕੀਤੀ।ਸੀ.ਪੀ. ਨੇ ਕਿਹਾ ਕਿ ਦੋਸ਼ੀ ਰਾਜਪਾਲ ਨਸ਼ੀਲੇ ਪਦਾਰਥਾਂ ਦੀ ਖੇਪ ਨੂੰ ਛੁਪਾਉਣ ਲਈ ਕੱਪੜਿਆਂ ਨਾਲ ਭਰੇ ਥੈਲਿਆਂ ਦੀ ਵਰਤੋਂ ਕਰ ਰਿਹਾ ਸੀ ਅਤੇ ਉਨ੍ਹਾਂ ਥੈਲਿਆਂ ਨੂੰ ਸੁਰੱਖਿਅਤ ਢੰਗ ਨਾਲ ਟਿਕਾਣੇ 'ਤੇ ਭੇਜਣ ਲਈ ਬੱਸਾਂ ਰਾਹੀਂ ਜਲੰਧਰ ਅਤੇ ਲੁਧਿਆਣਾ ਸਮੇਤ ਵੱਖ-ਵੱਖ ਬੱਸ ਅੱਡਿਆਂ 'ਤੇ ਪਹੁੰਚਾਇਆ ਜਾਂਦਾ ਸੀ। ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਆਸ ਹੈ।ਇਸ ਸਬੰਧ ਵਿੱਚ, ਅੰਮ੍ਰਿਤਸਰ ਦੇ ਥਾਣਾ ਛੇਹਰਟਾ ਵਿਖੇ ਪਹਿਲਾਂ ਹੀ ਕੇਸ ਦਰਜ ਕੀਤਾ ਜਾ ਚੁੱਕਾ ਹੈ।

# ਗੁਰਦਾਸਪੁਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ 4 ਲੱਖ ਮੀਟਰਕ ਟਨ ਤੋਂ ਵੱਧ ਦੀ ਖਰੀਦ

ਧਾਰੀਵਾਲ : (ਮਨਦੀਪ ਸਿੰਘ ਵਿੱਕੀ) - ਗੁਰਦਾਸਪੁਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੀ ਸ਼ਾਮ ਤੱਕ 423646 ਮੀਟਰਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿੱਚੋਂ 407016 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ 86 ਫੀਸਦ ਤੋਂ ਵਧ ਫਸਲ ਦੀ ਚੁਕਾਈ ਕੀਤੀ ਜਾ ਚੁੱਕੀ ਹੈ। ਕਿਸਾਨਾਂ ਦੇ ਖਾਤਿਆਂ ਵਿੱਚ 898.12 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ, 99 ਫੀਸਦ ਬਣਦੀ ਹੈ। ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਡਾ.ਹਰਜਿੰਦਰ ਸਿੰਘ ਬੇਦੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਫਸਲ ਕੱਟਣ ਉਪਰੰਤ ਇਨ ਸੀਟੂ ਵਿਧੀ ਨਾਲ ਫਸਲ ਦੀ ਰਹਿੰਦ ਖੂੰਹਦ ਨੂੰ ਖੇਤ ਵਿੱਚ ਵਾਹ ਕੇ ਕਣਕ ਦੀ ਬਿਜਾਈ ਕਰਨ ਜਾਂ ਐਕਸ ਸੀਟੂ ਵਿਧੀ ਰਾਹੀਂ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ। ਪਰਾਲੀ ਸਾੜਨ ਦੀ ਬਜਾਇ ਗੱਠਾਂ ਬਣਾਈਆਂ ਜਾਣ। ਉਨ੍ਹਾਂ ਕਿਹਾ ਬਹੁਤ ਸਾਰੇ ਕਿਸਾਨ ਜਿਵੇਂ ਧਾਰੀਵਾਲ ਨੇੜੇ ਪਿੰਡ ਸੋਹਲ ਵਿਖੇ ਪਰਾਲੀ ਪ੍ਰਬੰਧਨ (ਗੱਠਾਂ ਬਣਾ ਕੇ) ਰਾਹੀਂ ਆਪਣੀ ਆਰਥਿਕਤਾ ਵਿੱਚ ਵਾਧਾ ਕਰ ਰਹੇ ਹਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਕਟਾਈ ਝੋਨਾ ਪੂਰੀ ਤਰ੍ਹਾਂ ਪੱਕਣ 'ਤੇ ਹੀ ਕੀਤੀ ਜਾਵੇ ਅਤੇ ਕੇਵਲ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਵੇਚਣ ਲਈ ਲਿਆਂਦਾ ਜਾਵੇ।



# ਸਰਕਾਰੀ ਕਾਲਜ ਨੂੰ ਜਲਦੀ ਵਿੱਤ ਵਿਭਾਗ ਕੋਲੋਂ ਮਿਲੇਗੀ ਮਨਜ਼ੂਰੀ : ਧਾਲੀਵਾਲ

ਅੰਮ੍ਰਿਤਸਰ/ਅਜਨਾਲਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਸੁਖਜਿੰਦਰ ਸਿੰਘ ਰਾਜੂ)- ਦਿੱਲੀ ਵਿਖੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨਾਲ ਦੀਵਾਲੀ ਦੀ ਪੂਰਵ ਸੰਧਿਆ ਤੇ ਵਧਾਈਆਂ ਸਾਂਝੀਆਂ ਕਰਨ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਚੰਡੀਗੜ੍ਹ ਵਿਖੇ ਉਨ੍ਹਾਂ ਦੇ ਜਨਮ ਦਿਨ ਮੌਕੇ ਮੁਬਾਰਕਾਂ ਦੇਣ ਸਮੇਂ ਹਲਕੇ 'ਚ ਹੜ੍ਹ ਪੀੜਤਾਂ ਦੀ ਲੋਕ ਸੇਵਾ ਬਦਲੇ ਮਿਲੇ ਉਤਸ਼ਾਹਜਨਕ ਥਾਪੜੇ ਦੇ ਮੱਦੇਨਜ਼ਰ ਅੱਜ ਉਤਸ਼ਾਹੀ ਰੌਂਅ 'ਚ ਸਾਬਕਾ ਕੈਬਨਿਟ ਮੰਤਰੀ ਪੰਜਾਬ ਤੇ ਅਜਨਾਲਾ ਹਲਕਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਬਲਾਕ [illegible] ਤੇ ਬਲਾਕ [illegible] ਵਿਖੇ ਵਿਕਾਸ ਕਾਰਜਾਂ ਦੀ ਮੁੜ ਸ਼ੁਰੂਆਤ ਕਰਨ ਲਈ ਵੱਖ ਵੱਖ ਸਰਹੱਦੀ ਪਿੰਡਾਂ ਦੇ ਸਰਪੰਚਾਂ ਨਾਲ ਵਿਚਾਰ ਵਟਾਂਦਰਾ ਕਰਨ ਤੇ ਸਿੱਧੀ ਗੱਲਬਾਤ ਕਰਕੇ ਸੁਝਾਅ ਹਾਸਲ ਕਰਨ ਲਈ ਮੁੱਖ ਮੰਤਰੀ ਮਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਐਲਾਨ ਕੀਤਾ ਕਿ ਹਲਕੇ 'ਚ ਹੁਣ ਕੁਦਰਤੀ ਮਾਰ ਹੜ੍ਹਾਂ ਦੀ ਮਾਰ ਦੇ ਝੰਬੇ ਲੋਕਾਂ ਲਈ ਜੰਗੀ ਪੱਧਰ ਤੇ ਚਲਾਏ ਲੋਕ ਭਲਾਈ ਕਾਰਜਾਂ ਦੀਆਂ ਸਰਕਾਰੀ ਪ੍ਰਸ਼ਾਸਨ ਵਲੋਂ ਨਿਭਾਈਆਂ ਜਾ ਰਹੀਆਂ ਅਤੇ ਜ਼ਰੂਰੀ ਜ਼ਿੰਮੇਵਾਰੀਆਂ ਦੇ ਮੱਦੇਨਜ਼ਰ ਵਿਕਾਸ ਕਾਰਜਾਂ 'ਚ ਆਈ ਖੜੋਤ ਦਾ ਸਮਾਂ ਵੀ ਪੁੱਗ ਗਿਆ ਹੈ। ਜਦੋਂਕਿ ਪ੍ਰਭਾਵਿਤ ਲੋਕਾਂ ਨੂੰ ਮੁਆਵਜ਼ਾ ਵੰਡਣ ਸਮੇਂ ਮੁੜ ਵਸੇਬੇ ਦੇ ਕਾਰਜਾਂ ਦੀ ਪ੍ਰਕ੍ਰਿਆ ਦੌਰਾਨ ਪਹਿਲੀ ਨਵੰਬਰ ਤੋਂ ਨਿਰੰਤਰ ਸਾਲ ਭਰ ਹਲਕੇ 'ਚ ਵਿਕਾਸ ਕਾਰਜਾਂ ਦੀ ਝੜੀ ਲਾਈ ਜਾਵੇਗੀ। ਸਾਬਕਾ ਮੰਤਰੀ ਤੇ ਵਿਧਾਇਕ ਧਾਲੀਵਾਲ ਨੇ ਭਾਰਤ-ਪਾਕਿ ਕੌਮਾਂਤਰੀ ਸਰਹੱਦ ਤੇ ਸਥਿਤ ਵਿਧਾਨ ਸਭਾ ਹਲਕਾ ਅਜਨਾਲਾ ਸਮੇਤ ਪੰਜਾਬ ਦੀ 553 ਕਿਲੋਮੀਟਰ ਲੰਮੀ ਸਰਹੱਦ ਨੇੜੇ ਵੱਸੇ 10 ਕਸਬਿਆਂ ਤੇ 1838 ਪਿੰਡਾਂ ਦੇ ਅਜ਼ਾਦੀ ਪਿੱਛੋਂ 75 ਸਾਲਾਂ 'ਚ ਕੇਂਦਰੀ ਤੇ ਸੂਬਾ ਸਰਕਾਰਾਂ ਵਲੋਂ ਬਹੁਪੱਖੀ ਵਿਕਾਸ ਤੇ ਕੌਮਾਂਤਰੀ ਸਰਹੱਦ ਤੇ ਤਾਇਨਾਤ ਬੀ ਐਸ ਐਫ ਪਿੱਛੇ ਦੂਸਰੀ ਸੁਰੱਖਿਆ ਪੰਕਤੀ ਵਜੋਂ ਰਿਹਾਇਸ਼ ਰੱਖ ਰਹੇ ਕਿਸਾਨਾਂ, ਮਜ਼ਦੂਰਾਂ, ਛੋਟੇ ਕਾਰੋਬਾਰੀਆਂ ਨੂੰ ਰੁਜ਼ਗਾਰ ਪੱਖੋਂ ਅਣਗੌਲ਼ਿਆਂ ਕੀਤੇ ਜਾਣ ਦੀ ਨੀਤੀ ਦੀ ਤਿੱਖੀ ਘੇਰਾਬੰਦੀ ਕੀਤੀ। ਉਨ੍ਹਾਂ ਐਲਾਨ ਕੀਤਾ ਕਿ ਇਸ ਸਰਹੱਦੀ ਖੇਤਰ ਦੇ ਪਿੰਡ ਬਿਕਰਾਊਰ ਵਿਖੇ ਉਚੇਰੀ ਸਿੱਖਿਆ ਲਈ ਸਰਕਾਰੀ ਕਾਲਜ ਖੋਲ੍ਹਣ ਲਈ ਮੁੱਖ ਮੰਤਰੀ ਮਾਨ ਵੱਲੋਂ ਪ੍ਰਵਾਨਗੀ ਲੈ ਕੇ ਕਾਲਜ ਦੀ ਸਥਾਪਤੀ ਉੱਤੇ ਹੋਣ ਵਾਲੇ ਖਰਚਿਆਂ ਦਾ ਤਿਆਰ ਕੇਸ ਵਿੱਤ ਵਿਭਾਗ ਪੰਜਾਬ ਕੋਲ ਮਨਜ਼ੂਰੀ ਲਈ ਚਲਾ ਗਿਆ ਹੈ। ਉਨ੍ਹਾਂ ਦੱਸਿਆ ਕਿ ਬਹੁਪੱਖੀ ਵਿਕਾਸ ਤੇ ਰੁਜ਼ਗਾਰ ਲਈ ਜੀਵਨ ਰੇਖਾ ਮੰਨੀ ਜਾਂਦੀ ਰੇਲ ਗੱਡੀ ਦੀ ਸੇਵਾ ਨੂੰ ਅੰਮ੍ਰਿਤਸਰ ਤੋਂ ਸਰਹੱਦੀ ਨਗਰੀ ਬਲੜਵਾਲ ਵਾਇਆ ਅਜਨਾਲਾ ਤੋਂ ਇਤਿਹਾਸਕ ਨਗਰ ਰਮਦਾਸ ਤੱਕ ਰੇਲਵੇ ਲਾਈਨ ਵਿਛਾਉਣ ਦੀ ਉਨ੍ਹਾਂ ਵਲੋਂ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਸਰਕਾਰੀ ਤੌਰ ਤੇ ਉਚੇਰੀ ਮੀਟਿੰਗ ਕਰਕੇ ਅਵਾਜ਼ ਉਠਾਈ ਗਈ ਹੈ। ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਡੀ ਐਸ ਪੀ ਗੁਰਵਿੰਦਰ ਸਿੰਘ ਔਲਖ, ਪੀ ਏ ਮੁਖਤਾਰ ਸਿੰਘ ਬਲੜਵਾਲ, ਸਰਪੰਚ ਕੁਲਵਿੰਦਰ ਸਿੰਘ, ਸਰਪੰਚ ਜਗੀਰ ਸਿੰਘ, ਸਰਪੰਚ ਜਗਤਾਰ ਸਿੰਘ, ਸਰਬਜੀਤ ਸਿੰਘ, ਸਰਪੰਚ ਸੰਨੂ ਸਿੰਘ, ਰਾਜਬੀਰ ਸਿੰਘ, ਨਿੰਦਰ ਸਿੰਘ ਖਾਨਵਾਲ, ਸਰਪੰਚ ਨਤੀਸ਼, ਆਦਿ ਵੱਖ ਵੱਖ ਪਿੰਡਾਂ ਦੇ ਨੁਮਾਇੰਦੇ ਤੇ ਸਰਪੰਚ ਮੌਜੂਦ ਸਨ।

# ਪਰਾਲੀ ਸਾੜਨ ਤੋਂ ਰੋਕਣ ਲਈ ਗਸ਼ਤ ਕਰ ਰਹੀਆਂ ਨੇ ਟੀਮਾਂ : ਐੱਸ ਡੀ ਐੱਮ

ਬਟਾਲਾ: (ਡਾਕਟਰ ਮਲਵਿੰਦਰ ਸਿੰਘ) – ਮਾਨਯੋਗ ਸੁਪਰੀਮ ਕੋਰਟ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵਿਕਰਮਜੀਤ ਸਿੰਘ ਪਾਂਥੇ, ਉਪ ਮੰਡਲ ਮੈਜਿਸਟਰੇਟ ਬਟਾਲਾ ਵੱਲੋਂ ਦੱਸਿਆ ਗਿਆ ਕਿ ਪਰਾਲੀ ਸਾੜਣ ਨੂੰ ਰੋਕਣ ਲਈ ਬਟਾਲਾ ਸਬ ਡਵੀਜ਼ਨ ਵਿੱਚ ਖੇਤੀਬਾੜੀ ਵਿਭਾਗ, ਬਿਜਲੀ ਵਿਭਾਗ, ਪੰਜਾਬ ਮੰਡੀ ਬੋਰਡ, ਨਗਰ ਨਿਗਮ ਬਟਾਲਾ, ਨਗਰ ਕੌਂਸਲ ਕਾਦੀਆਂ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ, ਸਹਿਕਾਰੀ ਵਿਭਾਗ ਬਟਾਲਾ, ਸ਼ੂਗਰ ਮਿਲ ਬਟਾਲਾ, ਆਈ.ਟੀ.ਆਈ ਬਟਾਲਾ, ਨਗਰ ਸੁਧਾਰ ਟਰੱਸਟ ਬਟਾਲਾ, ਉਦਯੋਗ ਅਤੇ ਕਮਰਸ ਵਿਭਾਗ ਬਟਾਲਾ, ਕਿਰਤ ਵਿਭਾਗ ਬਟਾਲਾ ਆਦਿ ਦਫਤਰ ਦੇ ਅਧਿਕਾਰੀ/ਕਰਮਚਾਰੀ ਬਤੌਰ ਕਲੱਸਟਰ ਅਫਸਰ ਅਤੇ ਨੋਡਲ ਅਫਸਰ ਸਾਰੇ ਪਿੰਡਾਂ ਵਿੱਚ ਤਾਇਨਾਤ ਕੀਤੇ ਗਏ ਹਨ ਜੋ ਲਗਾਤਾਰ ਪਿੰਡਾਂ ਵਿੱਚ ਸਵੇਰੇ 10:00 ਵਜੇ ਤੋਂ ਲੈ ਕੇ ਸ਼ਾਮ 6:00 ਵਜੇ ਤੱਕ ਗਸ਼ਤ ਕਰ ਰਹੇ ਹਨ ।

ਜੇਕਰ ਕੋਈ ਵਿਅਕਤੀ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਂਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾ ਰਹੀ ਅਤੇ ਜਮਾਂਬੰਦੀ ਵਿੱਚ ਲਾਲ ਸਿਆਹੀ ਨਾਲ ਹਵਾਲਾ ਵੀ ਦਿੱਤਾ ਜਾ ਰਿਹਾ ਹੈ।ਉਹਨਾਂ ਨੇ ਇਹ ਵੀ ਦੱਸਿਆ ਕਿ ਝੋਨੇ ਦੀ ਰਹਿੰਦ ਖੂੰਹਦ ਦੀ ਸਾਂਭ ਸੰਭਾਲ ਲਈ ਖੇਤੀਬਾੜੀ ਵਿਭਾਗ ਵੱਲੋਂ ਬੇਲਰ, ਸੁਪਰਸੀਡਰ ਆਦਿ ਬਿਨਾਂ ਕਿਸੇ ਖਰਚੇ ਦੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਵੀ ਕਿਸਾਨ ਨੂੰ ਉਕਤ ਮਸ਼ੀਨਾਂ ਦੀ ਜਰੂਰਤ ਹੈ ਉਹ ਆਪਣੇ ਹਲਕੇ ਦੇ ਸਬੰਧਤ ਖੇਤੀਬਾੜੀ ਅਫਸਰ ਨਾਲ ਸੰਪਰਕ ਕਰਕੇ ਲੈ ਸਕਦਾ ਹੈ।



# ਜ਼ਿਮਨੀ ਚੋਣ ਕਰਨਬੀਰ ਸਿੰਘ ਬੁਰਜ ਦੀ ਨਹੀਂ ਇਹ ਕਾਂਗਰਸ ਪਾਰਟੀ ਦੀ ਚੋਣ : ਰਾਜਾ ਵੜਿੰਗ

ਝਬਾਲ (ਮੱਖਣ ਮਨੋਜ )-ਤਰਨ ਤਾਰਨ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੀ ਚੋਣ ਨੂੰ ਵਿਉਂਤਬੰਦੀ ਨਾਲ ਚਲਾਉਣ ਅਤੇ ਤੇਜ਼ ਕਰਨ ਕਰਨ ਲਈ ਪਾਰਟੀ ਦਾ ਉਪ ਚੋਣ ਦਫ਼ਤਰ ਭਿੱਖੀਵਿੰਡ ਰੋਡ ਅੱਡਾ ਝਬਾਲ ਵਿਖੇ ਖੋਲ੍ਹਿਆ।ਜਿਸ ਦਾ ਉਦਘਾਟਨ ਕਾਂਗਰਸ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ, ਸਾਬਕਾ ਮੰਤਰੀ ਅਤੇ ਚੋਣ ਇੰਚਾਰਜ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਤੇ ਉਮੀਦਵਾਰ ਕਰਨ ਬੁਰਜ ਨੇ ਰੀਬਨ ਕੱਟ ਕੇ ਕੀਤਾ।ਇਸ ਸਮੇਂ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਜ਼ਿਮਨੀ ਚੋਣ ਦੀ ਜਿੱਤ ਤੋਂ ਬਾਅਦ ਕਾਂਗਰਸ ਸਰਕਾਰ ਪੰਜਾਬ ਵਿੱਚ ਆਪਣੇ ਪੈਰ ਪੱਕੇ ਜਮਾ ਕੇ 2027 ਵਿੱਚ ਸਰਕਾਰ ਬਣਾਉਣ ਦਾ ਰਹੀ ਹੈ।ਉਹਨਾਂ ਇਕ ਸੁਆਲ ਦੇ ਜੁਆਬ ਵਿੱਚ ਕਿਹਾ ਕਿ ਇਹ ਚੌਣ ਇੱਕ ਵਿਅਕਤੀ ਦੀ ਨਹੀਂ, ਬਲਕਿ ਸਮੁੱਚੀ ਕਾਂਗਰਸ ਪਾਰਟੀ ਦੀ ਚੋਣ ਹੈ ।ਜਿਸ ਵਿੱਚ ਹਰੇਕ ਕਾਂਗਰਸੀ ਵਰਕਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਸ ਚੋਣ ਵਿੱਚ ਵੱਧ ਤੋਂ ਵੱਧ ਮਿਹਨਤ ਕਰਕੇ ਇਸ ਚੋਣ ਨੂੰ ਜਿੱਤ ਵਿੱਚ ਬਦਲਣ ਵਿੱਚ ਹਿੱਸਾ ਪਾਵੇ।

ਇਸ ਸਮੇਂ ਪਹੁੰਚੀਆਂ ਸ਼ਖ਼ਸੀਅਤਾਂ ਵਿੱਚ ਐਮ ਪੀ ਗੁਰਜੀਤ ਸਿੰਘ ਔਜਲਾ, ਸਾਬਕਾ ਮੰਤਰੀ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ, ਸਾਬਕਾ ਵਿਧਾਇਕ ਇੰਦਰਬੀਰ ਸਿੰਘ ਬੁਲਾਰੀਆ, ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ, ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ, ਰਾਜਬੀਰ ਸਿੰਘ ਭੁੱਲਰ, ਬਲਾਕ ਜਗਮੀਤ ਸਿੰਘ ਗੰਡੀਵਿੰਡ, ਸਾਬਕਾ ਚੇਅਰਮੈਨ ਨਰਿੰਦਰ ਸਿੰਘ ਛਾਪਾ, ਡਿਪਟੀ ਮੇਅਰ ਰਮਨ ਬਖਸ਼ੀ, ਹਰਸ਼ਰਨ ਸਿੰਘ ਮੱਲਾ ਸੋਹਲ,ਸਾਬਕਾ ਸਰਪੰਚ ਨਰਿੰਦਰ ਪੱਪਾ, ਸਾਬਕਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਜੇਈ ਨੌਨਿਹਾਲ ਸਿੰਘ ਕਸੇਲ, ਪ੍ਰਤਾਪ ਸਿੰਘ ਐਮਾ, ਸਾਬਕਾ ਬਲਾਕ ਸੰਮਤੀ ਮੈਂਬਰ ਕੁਲਦੀਪ ਸਿੰਘ ਦੋਦੇ, ਡਾ. ਚਰਨਜੀਤ ਸਿੰਘ ਸੋਢੀ, ਪ੍ਰੋ. ਇੰਦਰਜੀਤ ਸਿੰਘ ਕਸੇਲ, ਸਾਬਕਾ ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ, ਸਰਪੰਚ ਗੁਰਚਰਨ ਸਿੰਘ ਖੈਰਦੀ, ਚੇਅਰਮੈਨ ਰਾਣਾ ਭੁੱਚਰ, ਸਾਬਕਾ ਸਰਪੰਚ ਕੰਵਲਜੀਤ ਸਿੰਘ ਠੱਠਾ, ਸੁਖਦੇਵ ਸਿੰਘ ਆੜਤੀ ਸੋਹਲ ਅਤੇ ਹਰਜੋਤ ਸਿੰਘ ਛਾਪਾ ਹਾਜ਼ਰ ਸਨ।



# ਰਾਈਜ਼ਿੰਗ ਸੰਨ ਵੱਲੋਂ ਡੀ ਸੀ ਸਾਕਸ਼ੀ ਸਾਹਨੀ 'ਪ੍ਰਾਈਡ ਆਫ ਪੰਜਾਬ' ਦੇ ਐਵਾਰਡ ਨਾਲ ਸਨਮਾਨਤ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਡੀ ਸੀ ਸਾਕਸ਼ੀ ਸਾਹਨੀ ਨੇ ਵਰ੍ਹਦੇ ਮੀਂਹ 'ਚ ਹਰ ਪੀੜਤ ਪਰਵਾਰਾਂ ਦੀ ਸਹਾਇਤਾ ਕੀਤੀ ਹੈ। ਉਨ੍ਹਾਂ ਦੀਆਂ ਸੇਵਾਵਾ ਹਮੇਸ਼ਾ ਯਾਦ ਰਹਿਣਗੀਆਂ। ਜ਼ਿਲ੍ਹਾ ਅੰਮ੍ਰਿਤਸਰ ਦੀ ਹੋਣਹਾਰ ਅਤੇ ਇਮਾਨਦਾਰ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਜਿਸ ਤਰ੍ਹਾਂ ਵਰਦੇ ਮੀਂਹ ਵਿਚ ਹੜ੍ਹ ਪੀੜਤ ਪਰਵਾਰਾਂ ਅਤੇ ਕਿਸਾਨ ਭਰਾਵਾਂ ਦੀ ਹਰ ਸੰਭਵ ਮਦਦ ਲਈ ਦਿਨ ਰਾਤ ਇਕ ਕੀਤਾ, ਉਹ ਕਿਸੇ ਫਰਿਸ਼ਤੇ ਤੋਂ ਘੱਟ ਨਹੀਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਰਾਈਜ਼ਿੰਗ ਸੰਨ ਦੇ ਐੱਮ ਡੀ ਤੇ ਸਮਾਜ ਸੇਵਕ ਜੀਤ ਸਲੂਜਾ ਤੇ ਸੋਨੀ ਸਲੂਜਾ ਨੇ ਰਾਈਜ਼ਿੰਗ ਸੰਨ ਵੱਲੋਂ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ ਉਨ੍ਹਾਂ ਦੇ ਦਫਤਰ ਵਿਖੇ 'ਪ੍ਰਾਈਡ ਆਫ ਪੰਜਾਬ' ਦੇ ਐਵਾਰਡ ਨਾਲ ਸਨਮਾਨਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਾਕਸ਼ੀ ਸਾਹਨੀ ਦੀਆਂ ਵਡਮੁੱਲੀਆਂ ਸੇਵਾਵਾਂ ਹਮੇਸ਼ਾ ਯਾਦ ਰਹਿਣਗੀਆਂ। ਡੀ ਸੀ ਸਾਕਸ਼ੀ ਸਾਹਨੀ ਦਾ ਤਬਾਦਲਾ ਅੰਮ੍ਰਿਤਸਰ ਤੋਂ ਮੋਹਾਲੀ ਵਿਖੇ ਕੀਤਾ ਗਿਆ ਹੈ। ਸੋਨੀ ਸਲੂਜਾ ਅਤੇ ਜੀਤ ਸਲੂਜਾ ਨੇ ਕਿਹਾ ਕਿ ਹਾਲ ਹੀ ਵਿਚ ਆਏ ਭਿਆਨਕ ਹੜ੍ਹਾਂ ਨੇ ਪੰਜਾਬ ਦੇ ਕਈ ਪਿੰਡਾਂ ਨੂੰ ਰੋੜ੍ਹ ਕੇ ਰੱਖ ਦਿੱਤਾ ਸੀ। ਕਿਸਾਨਾਂ ਦੀਆਂ ਫਸਲਾਂ ਪੂਰੀ ਤਰ੍ਹਾਂ ਤਬਾਹ ਹੋ ਗਈਆਂ, ਘਰਾਂ ਤੇ ਮਕਾਨਾਂ ਦੀਆਂ ਕੰਧਾਂ ਪਾਣੀ ਨਾਲ ਢਹਿ ਢੇਰੀ ਹੋ ਗਈਆਂ, ਸੜਕਾਂ ਤਬਾਹ ਹੋ ਗਈਆਂ ਅਤੇ ਲੋਕਾਂ ਦੀ ਰੋਜ਼ੀ-ਰੋਟੀ ਖ਼ਤਮ ਹੋ ਗਈ ਹੈ ਤੇ ਕਈ ਪਰਵਾਰ ਬੇਘਰ ਹੋ ਗਏ, ਲੋਕਾਂ ਦੇ ਸੁਪਨੇ ਪਾਣੀਆਂ ਵਿਚ ਵਹਿ ਗਏ ਹਨ।ਜੀਤ ਸਲੂਜਾ ਤੇ ਸੋਨੀ ਸਲੂਜਾ ਨੇ ਕਿਹਾ ਕਿ ਇਸ ਔਖੀ ਘੜੀ ਵਿਚ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਹੜ੍ਹ ਪੀੜਤ ਪਰਵਾਰਾਂ ਨੂੰ ਇਸ ਤਰ੍ਹਾਂ ਮਿਲ ਰਹੇ ਸਨ, ਜਿਸ ਤਰ੍ਹਾਂ ਉਹ ਉਨ੍ਹਾਂ ਦੇ ਆਪਣੇ ਪਰਵਾਰਕ ਮੈਂਬਰ ਹੀ ਹਨ। ਇਸੇ ਲਈ ਪਿੰਡਾਂ ਦੇ ਲੋਕ ਵੀ ਉਨ੍ਹਾਂ ਦਾ ਬੇਹੱਦ ਮਾਣ ਤੇ ਸਤਿਕਾਰ ਵੀ ਕੀਤਾ ਅਤੇ ਉਨ੍ਹਾਂ ਨੂੰ ਧੀ ਰਾਣੀ ਕਹਿ ਕੇ ਬੁਲਾਇਆ। ਉਨ੍ਹਾਂ ਕਿਹਾ ਕਿ ਰਾਈਜ਼ਿੰਗ ਸੰਨ ਵਲੋਂ ਡੀ ਸੀ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕਰਨਾ ਫਖਰ ਤੇ ਮਾਣ ਵਾਲੀ ਗੱਲ ਹੈ।



# ਕਾ: ਸੋਹਨ ਸਿੰਘ ਜੋਸ਼ ਸਰਕਾਰੀ ਹਾਈ ਸਕੂਲ ਦੇ ਸੁਤੰਤਰਤਾ ਸੰਗਰਾਮੀ ਗੇਟ ਦਾ ਉਦਘਾਟਨ

ਚੇਤਨਪੁਰਾ : (ਸੁਖਵੰਤ ਚੇਤਨਪੁਰੀ) -ਭਾਰਤ ਦੀ ਆਜ਼ਾਦੀ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਵਾਲੇ ਮਹਾਨ ਆਜ਼ਾਦੀ ਘੁਲਾਟੀਏ, ਪ੍ਰਸਿੱਧ ਲੇਖਕ ਅਤੇ ਇਨਕਲਾਬੀ ਲਹਿਰਾਂ ਦੇ ਮੋਢੀ ਕਾ: ਸੋਹਨ ਸਿੰਘ ਜੋਸ਼ ਜੋ ਪਿੰਡ ਚੇਤਨਪੁਰਾ ਦੇ ਵਸਨੀਕ ਸਨ, ਦੇ 29 ਮਈ 1982 ਨੂੰ ਅਕਾਲ ਚਲਾਣਾ ਕਰ ਜਾਣ ਉਪਰੰਤ ਸਰਕਾਰ ਵੱਲੋਂ ਪਿੰਡ ਵਿੱਚ ਪਹਿਲਾਂ ਤੋਂ ਬਣੇ ਸਕੂਲ ਦਾ ਨਾਂ ਕਾ: ਸੋਹਨ ਸਿੰਘ ਜੋਸ਼ ਸਰਕਾਰੀ ਹਾਈ ਸਕੂਲ ਚੇਤਨਪੁਰਾ ਰੱਖ ਦਿੱਤਾ ਗਿਆ। ਬੀਤੇ ਸਾਲ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਸ੍ਰੀ ਗੁਰਜੀਤ ਸਿੰਘ ਔਜਲਾ ਵੱਲੋਂ ਦਿੱਤੀ ਗਰਾਂਟ ਨਾਲ ਸਕੂਲ ਦੀ ਗਰਾਊਂਡ ਦੀ ਚਾਰ ਦੀਵਾਰੀ ਕੀਤੀ ਗਈ। ਸਕੂਲ ਦੀ ਗਰਾਊਂਡ ਦੀ ਕੀਤੀ ਚਾਰ ਦੀਵਾਰੀ ਦੇ ਪਿੰਡ ਵਾਲੇ ਪਾਸੇ ਪਿੰਡ ਦੇ ਵਸਨੀਕ ਬਾਬਾ ਧਰਮਜੀਤ ਸਿੰਘ ਚਰਨ ਸੇਵਕ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਵੱਲੋਂ ਇੱਕ ਸੁਤੰਤਰਤਾ ਸੰਗਰਾਮੀ ਗੇਟ ਬਣਾਇਆ ਗਿਆ ਹੈ। ਉਨਾਂ ਵੱਲੋਂ ਇਸ ਗੇਟ ਉੱਤੇ ਪਿੰਡ ਚੇਤਨਪੁਰਾ ਅਤੇ ਇਲਾਕੇ ਦੇ ਸੁਤੰਤਰਤਾ ਸੰਗਰਾਮੀਆਂ ਦੇ ਨਾਂ ਲਿਖੇ ਗਏ ਹਨ। ਬਾਬਾ ਧਰਮਜੀਤ ਸਿੰਘ ਦੇ ਸਹਿਯੋਗ ਨਾਲ ਬਣਾਏ ਗਏ ਇਸ ਗੇਟ ਦਾ ਉਦਘਾਟਨ ਬੀਤੇ ਦਿਨੀ ਕੀਤਾ ਗਿਆ। ਇਸ ਸਮੇਂ ਪਿੰਡ ਅਤੇ ਇਲਾਕੇ ਦੇ ਮੋਹਤਬਰ ਵਿਅਕਤੀ ਕਾ: ਬਲਜਿੰਦਰ ਸਿੰਘ ਚੇਤਨਪੁਰਾ, ਸਰਬਿੰਦਰ ਸਿੰਘ ਚੇਤਨਪੁਰਾ, ਅਮਰਜੀਤ ਸਿੰਘ ਚੇਤਨਪੁਰਾ, ਬਖਸ਼ੀਸ਼ ਸਿੰਘ ਚੇਤਨਪੁਰਾ ਅਤੇ ਕਾ: ਟਹਿਲ ਸਿੰਘ ਚੇਤਨਪੁਰਾ ਤੋਂ ਇਲਾਵਾ ਸਕੂਲ ਦੇ ਮੁੱਖ ਅਧਿਆਪਕਾ ਸ੍ਰੀਮਤੀ ਰਜਨੀ ਨਰੂਲਾ, ਸਕੂਲ ਅਧਿਆਪਕ ਰਮੇਸ਼ ਕੁਮਾਰ ਵਿਕਰਮਜੀਤ ਸਿੰਘ ਸਤਨਾਮ ਸਿੰਘ ਪਵਿੱਤਰਪਾਲ ਸਿੰਘ, ਸੁਖਦੀਪ ਸਿੰਘ ਰਣਬੀਰ ਕੌਰ , ਪੂਜਾ ਚਾਵਲਾ, ਰੇਨੂ ਵਗੋਤਰਾ, ਰਜਿੰਦਰ ਕੌਰ ਕਵਲਜੀਤ ਕੌਰ ਅਤੇ ਰਾਜਵਿੰਦਰ ਕੌਰ ਸਮੇਤ ਸਮੂਹ ਸਟਾਫ ਹਾਜ਼ਰ ਸੀ



# ਵਿਧਾਇਕ ਸ਼ੈਰੀ ਕਲਸੀ ਨੇ ਲਿੰਕ ਸੜਕ ਨੂੰ ਚੌੜਿਆਂ ਕਰਨ ਦਾ ਕੰਮ ਸ਼ੁਰੂ ਕਰਵਾਇਆ

ਬਟਾਲਾ: (ਡਾਕਟਰ ਮਲਵਿੰਦਰ ਸਿੰਘ) – ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸੂਬੇ ਅੰਦਰ ਚਹੁੰਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਬਟਾਲਾ ਹਲਕੇ ਅੰਦਰ ਲੋਕਾਂ ਦੀਆਂ ਦਹਾਕਿਆਂ ਪੁਰਾਣੀਆਂ ਮੰਗਾਂ ਪੂਰੀ ਕਰਦਿਆਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਕਲਸੀ ਵਲੋਂ ਬਟਾਲਾ ਤੋਂ ਕਾਦੀਆਂ ਲਿੰਕ ਸੜਕ ਨੂੰ ਚੌੜਿਆਂ ਤੇ ਮਜ਼ਬੂਤ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ । ਕਰੀਬ 8 ਕਰੋੜ ਰੁਪਏ ਦੀ ਲਾਗਤ ਨਾਲ ਇਸ ਸੜਕ ਦੇ ਵਿਕਾਸ ਕੰਮ ਮੁਕੰਮਲ ਕੀਤੇ ਜਾਣਗੇ। ਇਸ ਮੌਕੇ ਪਿੰਡਾਂ ਦੇ ਪੰਚ-ਸਰਪੰਚ, ਸ਼ਹਿਰ ਵਾਸੀ ਅਤੇ ਮੋਹਤਬਰ ਸਖ਼ਸ਼ੀਅਤਾਂ ਮੌਜੂਦ ਸਨ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਬਟਾਲਾ ਵਿਧਾਨ ਸਭਾ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਉਹ ਇਸ ਕੰਮ ਲਈ ਦਿਨ ਰਾਤ ਲੱਗੇ ਹੋਏ ਹਨ।



# ਨਿਊ ਹਾਲੈਂਡ ਨੇ ਐਚ ਵੀ ਏ ਸੀ ਕੈਬਿਨ ਦੇ ਨਾਲ ਵਰਕਮਾਸਟਰ 105 ਕੀਤਾ ਲਾਂਚ

**ਅੰਮ੍ਰਿਤਸਰ/ਜਲੰਧਰ** : ਨਿਊ ਹਾਲੈਂਡ ਨੇ ਐਚ ਵੀ ਏ ਸੀ ਕੈਬਿਨ ਦੇ ਨਾਲ ਵਰਕਮਾਸਟਰ 105 ਲਾਂਚ ਕੀਤਾ ।ਇਸ ਲਾਂਚ ਦੇ ਮੌਕੇ ਟਿੱਪਣੀ ਕਰਦੇ ਹੋਏ ਨਰਿੰਦਰ ਮਿੱਤਲ, ਪ੍ਰੈਜ਼ੀਡੈਂਟ ਅਤੇ ਮੈਨੇਜਿੰਗ ਡਾਇਰੈਕਟਰ ਇੰਡੀਆ ਸੀ ਐਨ ਐਚ ਨੇ ਕਿਹਾ, ਨਿਊ ਹਾਲੈਂਡ ਵਰਕਮਾਸਟਰ 105 ਆਪਣੇ ਉੱਤਮ ਪ੍ਰਦਰਸ਼ਨ, ਉੱਚ ਸ਼ਕਤੀ ਅਤੇ ਵਿਭਿੰਨ ਐਪਲੀਕੇਸ਼ਨਾਂ ਵਿੱਚ ਭਰੋਸੇਯੋਗਤਾ ਲਈ ਜਾਣਿਆ ਜਾਂਦਾ ਹੈ। ਐਚ ਵੀ ਏ ਸੀ ਕੈਬਿਨ ਦੀ ਵਿਸ਼ੇਸ਼ਤਾ ਵਾਲੇ ਇਸ ਨਵੇਂ ਉਤਪਾਦ ਦੇ ਲਾਂਚ ਦੇ ਨਾਲ, ਵਰਕਮਾਸਟਰ ਰੇਂਜ ਹੁਣ ਹਰ ਤਰ੍ਹਾਂ ਮੌਸਮਾਂ ਦੌਰਾਨ ਤਾਪਮਾਨ ਨਿਯੰਤਰਣ ਦੇ ਨਾਲ ਸਾਲ ਭਰ ਆਰਾਮਦਾਇਕ ਓਪਰੇਸ਼ਨ ਪ੍ਰਦਾਨ ਕਰਨ ਲਈ ਹੋਰ ਵੀ ਬਿਹਤਰ ਹੋ ਗਈ ਹੈ। ਇਸ ਟਰੈਕਟਰ ਨੂੰ ਕਿਸਾਨਾਂ ਲਈ ਥੱਕੇ ਬਿਨਾਂ ਕੰਮ ਕਰਨ ਅਤੇ ਖੇਤ ਦੀਆਂ ਡਿਮਾਂਡਿੰਗ ਸਥਿਤੀਆਂ ਵਿੱਚ ਵੀ ਵਧੇਰੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤਾ ਗਿਆ ਹੈ।

## ਏਸੁਸ ਨੇ ਆਫ਼ਟਰ ਸੇਲ ਸਰਵਿਸ ਨੈੱਟਵਰਕ ਦਾ ਕੀਤਾ ਵਿਸਥਾਰ

ਜਲੰਧਰ- ਏਸੁਸ ਇੰਡੀਆ ਨੇ ਵੀਰਵਾਰ ਬਾਲਾਸੋਰ ਵਿੱਚ ਨਵੇਂ ਰਾਸ਼ਟਰੀ ਭਾਈਵਾਲ ਨਾਲ ਇੱਕ ਨਵੇਂ ਏਸੁਸ ਅਧਿਕਾਰਤ ਸੇਵਾ ਕੇਂਦਰ ਦੀ ਸ਼ੁਰੂਆਤ ਅਤੇ ਸਾਈਟ 'ਤੇ ਸਹਾਇਤਾ ਦਾ ਉਦਘਾਟਨ ਕਰਕੇ ਆਪਣੇ ਵਿਕਰੀ ਤੋਂ ਬਾਅਦ ਸੇਵਾ ਨੈੱਟਵਰਕ ਦੇ ਵਿਸਥਾਰ ਦਾ ਐਲਾਨ ਕੀਤਾ। ਨਵੇਂ ਖੋਲ੍ਹੇ ਗਏ ਸੈਂਟਰ ਏਸੁਸ ਇੰਡੀਆ ਦੇ ਵਧਦੇ ਗਾਹਕ ਅਧਾਰ ਦੇ ਨੇੜੇ ਨਿਰਵਿਘਨ ਸੇਵਾ ਲਿਆਉਣ ਦੇ ਚੱਲ ਰਹੇ ਯਤਨਾਂ ਦਾ ਇੱਕ ਹਿੱਸਾ ਹਨ। ਇਸ ਵਿਸਥਾਰ ਦੇ ਨਾਲ ਏਸੁਸ ਦਾ ਉਦੇਸ਼ ਆਪਣੇ ਪੂਰੇ ਭਾਰਤ ਵਿੱਚ ਸੇਵਾ ਦੇ ਪੈਰਾਂ ਨੂੰ ਹੋਰ ਮਜ਼ਬੂਤ ਕਰਨਾ ਹੈ । ਲਾਂਚ 'ਤੇ ਟਿੱਪਣੀ ਕਰਦੇ ਹੋਏ ਵਿਸ਼ਾਲ ਮਹਾਲਸੇਕਰ, ਨੈਸ਼ਨਲ ਸਰਵਿਸ ਮੈਨੇਜਰ ਏਸੁਸ ਸੀ.ਐੱਸ.ਸੀ. ਇੰਡੀਆ ਨੇ ਕਿਹਾ, ਏਸੁਸ ਵਿਖੇ ਗਾਹਕਾਂ ਦੀ ਸੰਤੁਸ਼ਟੀ ਮੁੱਖ ਹੈ। ਸਾਡੇ ਸੇਵਾ ਨੈੱਟਵਰਕ ਦਾ ਵਿਸਥਾਰ ਸਮੇਂ ਸਿਰ, ਕੁਸ਼ਲ ਅਤੇ ਉੱਚ-ਗੁਣਵੱਤਾ ਵਾਲੀ ਵਿਕਰੀ ਤੋਂ ਬਾਅਦ ਸਹਾਇਤਾ ਪ੍ਰਦਾਨ ਕਰਨ ਦੇ ਸਾਡੇ ਨਿਰੰਤਰ ਯਤਨਾਂ ਨੂੰ ਦਰਸਾਉਂਦਾ ਹੈ।

# ਅਜ਼ਾਦ ਉਮੀਦਵਾਰ ਹਰਪਾਲ ਸਿੰਘ ਚੁਤਾਲਾ ਨੂੰ ਮਿਲ ਰਿਹਾ ਵੋਟਰਾਂ ਦਾ ਸਮਰਥਨ



ਤਰਨ ਤਾਰਨ (ਪ੍ਰਿਤਪਾਲ ਸਿੰਘ )-ਤਰਨ ਤਾਰਨ ਹਲਕੇ ਦੀ ਉਪ-ਚੋਣ ਵਿੱਚ ਅਜ਼ਾਦ ਉਮੀਦਵਾਰ ਹਰਪਾਲ ਸਿੰਘ ਚੁਤਾਲਾ ਦੇ ਹੱਕ ਵਿੱਚ ਵੋਟਰਾਂ ਦਾ ਰੁਝਾਨ ਵਧਦਾ ਨਜ਼ਰ ਆ ਰਿਹਾ ਹੈ। ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਹੋਈਆਂ ਮੀਟਿੰਗਾਂ ਦੌਰਾਨ ਲੋਕਾਂ ਵੱਲੋਂ ਚੁਤਾਲਾ ਨੂੰ ਭਰਪੂਰ ਸਮਰਥਨ ਦਿੱਤਾ ਜਾ ਰਿਹਾ ਹੈ।

ਚੁਤਾਲਾ ਨੇ ਕਿਹਾ ਕਿ ਉਹ ਹਲਕੇ ਦੇ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਅਤੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇਣਗੇ। ਉਨ੍ਹਾਂ ਦੱਸਿਆ ਕਿ ਉਹ ਕਿਸੇ ਵੀ ਪਾਰਟੀ ਦੇ ਪ੍ਰਭਾਵ ਤੋਂ ਬਿਨਾਂ ਲੋਕਾਂ ਦੀ ਸੇਵਾ ਲਈ ਚੋਣ ਮੈਦਾਨ ਵਿੱਚ ਉਤਰੇ ਹਨ।ਇਸ ਮੌਕੇ ਉਨ੍ਹਾਂ ਨੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਧਾਰਮਿਕ, ਜਾਤੀ ਅਤੇ ਪਾਰਟੀ ਰਾਜਨੀਤੀ ਤੋਂ ਉੱਪਰ ਉਠ ਕੇ ਇਮਾਨਦਾਰ ਅਤੇ ਸੱਚੇ ਉਮੀਦਵਾਰ ਦੀ ਚੋਣ ਕਰਨ। ਇਸ ਮੌਕੇ ਹਲਕੇ ਦੇ ਵੋਟਰ ਜਗਵੀਰ ਸਿੰਘ, ਗੁਰਪਾਲ ਸਿੰਘ, ਜਸਵਿੰਦਰ ਸਿੰਘ, ਪ੍ਰਕਾਸ਼ ਸਿੰਘ, ਬਲਵੀਰ ਸਿੰਘ, ਅਵਤਾਰ ਸਿੰਘ, ਰੂਪ ਸਿੰਘ, ਧਰਮਿੰਦਰ ਸਿੰਘ, ਮਨਜੀਤ ਕੌਰ, ਰਣਜੀਤ ਕੌਰ, ਮੰਗਲ ਸਿੰਘ, ਕੁਲਵਿੰਦਰ ਕੌਰ, ਇਕਬਾਲ ਸਿੰਘ, ਜੱਸਾ ਸਿੰਘ, ਗੁਰਬਿੰਦਰ ਸਿੰਘ ਸਹੋਤਾ ਵਕੀਲ, ਰੇਸ਼ਮ ਸਿੰਘ ਅਤੇ ਸਮੂਹ ਹਲਕਾ ਨਿਵਾਸੀ ਤਰਨ ਤਾਰਨ ਹਾਜ਼ਰ ਸਨ।

# ਸਾਈਬਰ ਪੁਲਿਸ ਵੱਲੋਂ ਮਾਤਾ ਗੁਜਰੀ ਇੰਟਰਨੈਸ਼ਨਲ ਸਕੂਲ ਵਿਖੇ ਸੈਮੀਨਾਰ



ਧਾਰੀਵਾਲ : (ਮਨਦੀਪ ਸਿੰਘ ਵਿੱਕੀ)- ਸ੍ਰੀ ਆਦਿਤਿਆ,ਐਸ.ਐਸ.ਪੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਾਈਬਰ ਪੁਲਿਸ ਗੁਰਦਾਸਪੁਰ ਵੱਲੋਂ ਇੱਕ ਜਾਗਰੂਕਤਾ ਸੈਮੀਨਾਰ ਮਾਤਾ ਗੁਜਰੀ ਇੰਟਰਨੈਸ਼ਨਲ ਸਕੂਲ ਅਮੀਪੁਰ ਵਿਖੇ ਕਰਵਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਸ਼ਾਮਿਲ ਕਰਕੇ ਸਾਈਬਰ ਧੋਖਾਧੜੀ ਬਾਰੇ ਜਾਣਕਾਰੀ ਦਿੱਤੀ ਗਈ। ਇੰਸਪੈਕਟਰ ਅਮਨਪ੍ਰੀਤ ਕੌਰ ਔਲਖ ਐਸ.ਐਚ.ਓ ਸਾਈਬਰ ਕ੍ਰਾਈਮ ਵਲੋਂ ਦੱਸਿਆ ਗਿਆ ਕਿ ਕਿਵੇਂ ਲੋਕ ਸਾਈਬਰ ਠੱਗੀ ਦਾ ਸ਼ਿਕਾਰ ਬਣਦੇ ਹਨ ਤੇ ਇਸ ਤੋਂ ਕਿਵੇਂ ਬਚਿਆ ਜਾ ਸਕਦਾ ਹੈ, ਬਾਰੇ ਵਿਸਥਾਰਪੂਰਵਕ ਦੱਸਿਆ ਗਿਆ ਤੇ ਮੋਬਾਈਲ ਫੋਨ ਦੀ ਵਰਤੋਂ ਸੰਜਮ ਨਾਲ ਕਰਨ ਬਾਰੇ ਕਿਹਾ ਗਿਆ। ਏ.ਐਸ.ਆਈ ਅਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ । ਸੈਮੀਨਾਰ ਵਿੱਚ ਇੰਸਪੈਕਟਰ ਅਮਨਪ੍ਰੀਤ ਕੌਰ, ਏ ਐਸ ਆਈ ਹੀਰਾ ਸਿੰਘ, ਅਮਨਦੀਪ ਸਿੰਘ ਚੈਅਰਮੈਨ ਕੁਲਜੀਤ ਸਿੰਘ ਪ੍ਰਿੰਸੀਪਲ ਸਾਹਿਬ ਤੇ ਸਮੂਹ ਸਟਾਫ ਨੇ ਹਿੱਸਾ ਲਿਆ।

# ਦਸਮੇਸ਼ ਸਕੂਲ ਮਹਿਤਾ ਵਿਖੇ ਦੀਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਸਕੂਲ ਮਹਿਤਾ ਚੌਂਕ ਵਿਖੇ ਰੋਸ਼ਨੀਆਂ ਦਾ ਤਿਓਹਾਰ ਦੀਵਾਲੀ ਅਤੇ ਬੰਦੀ ਛੋੜ ਦਿਵਸ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

ਸਕੂਲ ਵਿੱਚ ਚੱਲ ਰਹੇ ਤਿੰਨ ਹਾਊਸ ਸਤਲੁਜ, ਬਿਆਸ ਅਤੇ ਰਾਵੀ ਦੇ ਵਿਦਿਆਰਥੀਆਂ ਵਿਚਕਾਰ ਰੰਗੋਲੀ ਅਤੇ ਦੀਵਾ ਸਜਾਵਟ ਦਾ ਮੁਕਾਬਲਾ ਕਰਵਾਇਆ ਗਿਆ। ਰੰਗੋਲੀ ਮੁਕਾਬਲੇ ਵਿੱਚ ਪਹਿਲਾ ਸਥਾਨ ਰਾਵੀ ਹਾਊਸ, ਦੂਜਾ ਸਥਾਨ ਬਿਆਸ ਹਾਊਸ ਅਤੇ ਤੀਜਾ ਸਥਾਨ ਸਤਲੁਜ ਹਾਊਸ ਨੇ ਹਾਸਲ ਕੀਤਾ।

ਇਸੇ ਤਰ੍ਹਾਂ ਹੀ ਦਿਵਸ ਸਜਾਵਟ ਮੁਕਾਬਲੇ ਵਿੱਚ ਪਹਿਲਾ ਤੇ ਦੂਜਾ ਸਥਾਨ ਬਿਆਸ ਹਾਊਸ ਤੇ ਤੀਜਾ ਸਥਾਨ ਸਤਲੁਜ ਹਾਊਸ ਨੇ ਹਾਸਲ ਕੀਤਾ।

ਕਾਲਜ ਦੇ ਵਿਦਿਆਰਥੀਆਂ ਨੇ ਗ੍ਰੀਨ ਦਿਵਾਲੀ ਨਾਲ ਸੰਬੰਧਤ ਇੱਕ ਡਰਾਮਾ ਪੇਸ਼ ਕਰਦੇ ਹੋਏ ਬੱਚਿਆਂ ਨੂੰ ਗ੍ਰੀਨ ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ।

ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਆਪਸੀ ਪ੍ਰੇਮ ਅਤੇ ਸਾਂਝੀਵਾਲਤਾ ਦੇ ਪ੍ਰਤੀਕ ਹਨ।ਇਸ ਮੌਕੇ ਪ੍ਰਿੰਸੀਪਲ ਗੁਰਬੀਰ ਕੌਰ, ਕੋਆਰਡੀਨੇਟਰ ਰਵਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਸੁਧਾ ਸ਼ਰਮਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਪੰਡੋਰੀ ਧਾਮ ਦੇ ਮਹਾਰਾਜ ਰਘਬੀਰ ਦਾਸ ਵੱਲੋਂ ਹਸਪਤਾਲ ਲਈ ਦੋ ਵਾਸ਼ਿੰਗ ਮਸ਼ੀਨਾਂ ਭੇਟ

ਗੁਰਦਾਸਪੁਰ (ਦਿਨੇਸ਼ ਕੁਮਾਰ)-ਸਿਵਲ ਹਸਪਤਾਲ ਗੁਰਦਾਸਪੁਰ ਵਿੱਚ ਲੋਕਾਂ ਦੀ ਸਹੂਲਤ ਲਈ ਜਿੱਥੇ ਸਰਕਾਰ ਵੱਲੋਂ ਯਤਨ ਕੀਤੇ ਜਾ ਰਹੇ ਹਨ, ਉਸ ਦੇ ਨਾਲ ਹੀ ਸਮਾਜ ਸੇਵੀਆਂ ਅਤੇ ਧਾਰਮਿਕ ਸ਼ਖਸਅਤਾਂ ਵੱਲੋਂ ਸਹਿਯੋਗ ਦਿੱਤਾ ਜਾ ਰਿਹਾ ਹੈ।ਵੀਰਵਾਰ ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪਿਛਲੇ ਤਕਰੀਬਨ ਇਕ ਸਾਲ ਦੇ ਦੌਰਾਨ ਕਈ ਸਮਾਜ ਸੇਵੀਆਂ ਅਤੇ ਧਾਰਮਿਕ ਸ਼ਖਸੀਅਤਾਂ ਤੱਕ ਪਹੁੰਚ ਕੀਤੀ ਗਈ ਸੀ, ਜਿਸ ਦੇ ਚਲਦਿਆਂ ਅੱਜ ਪੰਡੋਰੀ ਧਾਮ ਦੇ ਮਹਾਰਾਜ ਰਘਬੀਰ ਦਾਸ ਨੇ ਇਸ ਹਸਪਤਾਲ ਵਿਖੇ 12-12 ਕਿਲੋ ਦੀਆਂ ਕਪੈਸਟੀ ਵਾਲੀਆਂ ਦੋ ਵਾਸ਼ਿੰਗ ਮਸ਼ੀਨਾਂ ਭੇਜੀਆਂ ਗਈਆਂ ਹਨ।ਉਨ੍ਹਾਂ ਪੰਡੋਰੀ ਧਾਮ ਵਿਖੇ ਜਿੱਥੇ ਮਹਾਰਾਜਾ ਰਘਬੀਰ ਦਾਸ ਜੀ ਦਾ ਧੰਨਵਾਦ ਕੀਤਾ, ਨਾਲ ਹੀ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਲੋਕ ਸੇਵਾ ਨੂੰ ਮੁੱਖ ਰੱਖਦੇ ਹੋਏ ਪੁਰਾਣੇ ਹਸਪਤਾਲ ਦੇ ਚਾਲੂ ਹੋਣ ਸਮੇਂ 5 ਲੱਖ ਰੁਪਏ ਦਾ ਸਾਮਾਨ ਭੇਟ ਕੀਤਾ ਗਿਆ ਸੀ, ਜਿਸ ਵਿੱਚ ਫਰਨੀਚਰ, ਅਲਮਾਰੀਆਂ ਅਤੇ ਬੈਡ ਸ਼ੀਟਸ ਆਦਿ ਸ਼ਾਮਿਲ ਸੀ।ਉਨ੍ਹਾਂ ਹੋਰ ਸਮਾਜ ਸੇਵੀਆਂ ਨੂੰ ਵੀ ਅਪੀਲ ਕੀਤੀ ਕਿ ਇਸ ਹਸਪਤਾਲ ਵਿੱਚ ਆਉਣ ਵਾਲੇ ਗਰੀਬ ਅਤੇ ਮੱਧ ਵਰਗ ਦੇ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਿਹਤ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਸਹਿਯੋਗ ਕੀਤਾ ਜਾਵੇ।ਇਸ ਮੌਕੇ ਰਮਨ ਬਹਿਲ ਦੇ ਨਾਲ ਉਨ੍ਹਾਂ ਦੀ ਧਰਮਪਤਨੀ ਅਰਚਨਾ ਬਹਿਲ ਅਤੇ ਸਿਵਲ ਹਸਪਤਾਲ ਦੇ ਐੱਸ.ਐੱਮ.ਓ ਅਰਵਿੰਦ ਮਹਾਜਨ ਵੀ ਮੌਜੂਦ ਸਨ।



# ਹੜ੍ਹ ਪੀੜਤ ਕਿਸਾਨਾਂ ਨੂੰ ਬੀਜ ਵੰਡਿਆ

ਅਜਨਾਲਾ: (ਸੁਖਜਿੰਦਰ ਸਿੰਘ ਰਾਜੂ)-ਹੜ੍ਹ ਪੀੜਤ ਸੈਂਕੜੇ ਸੀਮਾਂਤ ਕਾਸ਼ਤਕਾਰਾਂ ਨੂੰ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਦੀ ਕਿਸਮ ਪੀ ਬੀ ਡਬਲਯੂ 826 ਦਾ ਬੀਜ਼ ਇਥੇ ਮਟੀਆ ਪਿੰਡ ਵਿੱਖੇ ਦਿੱਤਾ ਗਿਆ ।

ਬੀਜ਼ ਵੰਡਣ ਸਮੇਂ ਖੇਤੀ ਮਾਹਿਰ ਡਾ. ਸਤਨਾਮ ਸਿੰਘ ਅਜਨਾਲਾ ਪ੍ਰਧਾਨ ਜਮਹੂਰੀ ਕਿਸਾਨ ਸਭਾ ਪੰਜਾਬ ਨੇ ਕਣਕ ਦੀ ਬਿਜਾਈ ਲਈ ਵੱਧ ਤੋਂ ਵੱਧ ਝਾੜ ਲੈਣ ਲਈ ਬੀਜਣ ਤੋਂ ਲੈ ਕੇ ਪੱਕਣ ਤੱਕ ਸੁਧਰੇ ਢੰਗ ਤਰੀਕੇ ਦੱਸੇ ਜਿੰਨਾਂ ਨਾਲ ਲਾਗਤ ਕੀਮਤ ਵੀ ਘਟੇਗੀ ਅਤੇ ਕਣਕ ਦਾ ਝਾੜ 25 ਤੋਂ 28 ਕੁਇੰਟਲ ਤੱਕ ਨਿਕਲੇਗਾ।

ਡਾ. ਅਜਨਾਲਾ ਨੇ ਕਿਸਾਨਾਂ ਨੂੰ ਭਾਵਪੂਰਵਕ ਅਪੀਲ ਕੀਤੀ ਕਿ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ ਅਤੇ ਜ਼ਮੀਨ ਨੂੰ ਜ਼ਰਖ਼ੇਜ਼ ਬਣਾਉਣ ਲਈ ਨਾੜ ਨੂੰ ਜ਼ਮੀਨ ਵਿੱਚ ਹੀ ਵਾਹ ਦੇਣ। ਇਸ ਸਮੇਂ ਕਾਸ਼ਤਕਾਰਾਂ ਦੇ ਪ੍ਰਤੀਨਿਧ ਜੰਗ ਬਹਾਦਰ ਸਿੰਘ ਮਟੀਆ, ਸਾਬਕਾ ਸਰਪੰਚ ਅਵਤਾਰ ਸਿੰਘ ਨੇਪਾਲ, ਨੌਜਵਾਨ ਕਿਸਾਨਾਂ ਦੇ ਆਗੂ ਜੱਗਾ ਸਿੰਘ ਡੱਲਾ ਤੇ ਸ਼ਮਸ਼ੇਰ ਸਿੰਘ ਮਟੀਆ, ਲਖਬੀਰ ਸਿੰਘ ਤੇੜਾਂ ਰਾਜਪੂਤਾਂ, ਕੁਲਦੀਪ ਸਿੰਘ ਅਜਨਾਲਾ, ਫੌਜੀ ਸਤਨਾਮ ਸਿੰਘ, ਕਰਨੈਲ ਸਿੰਘ ਤੇ ਜਰਨੈਲ ਸਿੰਘ ਭਿੰਡੀ ਸੈਦਾਂ, ਹਰਨੇਕ ਸਿੰਘ ਨੇਪਾਲ, ਰਸ਼ਪਾਲ ਸਿੰਘ ਸਾਹੋਵਾਲ ਆਦਿ ਸ਼ਾਮਿਲ ਹੋਏ। ਇਸ ਮੌਕੇ ਮਹੌਲ ਸੁਹਾਵਣਾ ਬਣਾਉਣ ਲਈ ਉੱਘੇ ਗਾਇਕ ਗੁਰਪਾਲ ਗਿੱਲ ਨੇ ਗੀਤ ਗਾਇਆ



# ਪੱਤਰਕਾਰ ਚਰਨਜੀਤ ਸਿੰਘ ਨੂੰ ਸਦਮਾ, ਮਾਤਾ ਦਾ ਦੇਹਾਂਤ



ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਫਤਿਹਗੜ੍ਹ ਚੂੜੀਆਂ ਤੋਂ ਪੱਤਰਕਾਰ ਚਰਨਜੀਤ ਸਿੰਘ ਤੇ ਉਸ ਦੇ ਪਰਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੀ ਮਾਤਾ ਸਰਦਾਰਨੀ ਹਰਬੀਰ ਕੌਰ (82) ਅਚਾਨਕ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ ਗਏ। ਇਸ ਦੁੱਖ ਦੀ ਘੜੀ ਵਿੱਚ ਉਹਨਾਂ ਦੇ ਪਰਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਨ ਲਈ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ, ਹਰਪਾਲ ਸਿੰਘ ਨਾਗਰਾ, ਸੁੱਚਾ ਸਿੰਘ ਰੰਧਾਵਾ, ਸੁਖਦੇਵ ਸਿੰਘ ਕਾਹਲੋਂ, ਸਵਰਨ ਸਿੰਘ ਰੰਧਾਵਾ, ਰਾਣਾ ਭਿੰਡਰ, ਰਜਿੰਦਰਪਾਲ ਸਿੰਘ ਬਿੱਲਾ, ਲਾਲੀ ਖੈਹਿਰਾ, ਮਨੋਹਰ ਸਿੰਘ ਭਾਟੀਆ, ਇੰਦਰਜੀਤ ਸਿੰਘ ਭਾਟੀਆ, ਕ੍ਰਿਪਾਲ ਸਿੰਘ ਸੰਧੂ, ਤੇਜਵਿੰਦਰ ਸਿੰਘ ਰੰਧਾਵਾ, ਮਾ. ਸਤਨਾਮ ਸਿੰਘ ਡੀ.ਪੀ, ਸੁਖਜਿੰਦਰ ਸਿੰਘ, ਡਾ. ਬਿਕਰਮ ਸਿੰਘ ਪ੍ਰਧਾਨ, ਰੋਜੀ ਸਿੰਘ, ਸੁਖਦੇਵ ਸਿੰਘ, ਕੁਲਦੀਪ ਸਿੰਘ, ਗੋਲਡੀ ਫੁੱਲ, ਪ੍ਰੀਤਮ ਸਰਪੰਚ, ਯੁਵਰਾਜ ਸਿੰਘ ਬੋਪਾਰਾਏ, ਜਤਿੰਦਰ ਸਿੰਘ ਫੌਜੀ, ਲਖਵਿੰਦਰ ਸਿੰਘ ਲੱਖਾ, ਅਵਤਾਰ ਸਿੰਘ ਰੰਧਾਵਾ, ਪਲਵਿੰਦਰ ਸਿੰਘ ਸਰੰਗਲ, ਧਰਮਿੰਦਰ ਸਿੰਘ ਬਾਠ, ਅਮਨਦੀਪ ਸਿੰਘ ਖਾਲਸਾ, ਪੰਕਜ ਪਾਂਧੀ, ਜਸਦੇਵ ਮਾਨ, ਰਮੇਸ਼ ਸੋਨੀ, ਰਾਜਬੀਰ ਸਿੰਘ ਐਮ. ਡੀ , ਰਜਿੰਦਰ ਬੰਟੂ, ਬਲਜੀਤ ਸਿੰਘ ਉਹਨਾਂ ਦੇ ਗ੍ਰਹਿ ਵਿਖੇ ਪਹੁੰਚੇ ।ਪੱਤਰਕਾਰ ਸਾਥੀਆਂ ਨਾਲ ਗੱਲਬਾਤ ਕਰਦਿਆਂ ਚਰਨਜੀਤ ਸਿੰਘ ਨੇ ਦੱਸਿਆ ਕਿ ਮਾਤਾ ਜੀ ਦਾ ਭੋਗ 27 ਅਕਤੂਬਰ 12 ਤੋਂ 2 ਦਿਨ ਸੋਮਵਾਰ ਨੂੰ ਗੁਰਦੁਆਰਾ ਸਾਧ ਸੰਗਤ, ਗੈਸ ਏਜੰਸੀ ਰੋਡ, ਫ਼ਤਿਹਗੜ੍ਹ ਚੂੜੀਆਂ ਵਿਖੇ ਪਵੇਗਾ ਅਤੇ ਵੈਰਾਗਮਈ ਕੀਰਤਨ ਹੋਵੇਗਾ ।

# ਕਰਾਟੇ ਚੈਂਪੀਅਨਸ਼ਿਪ 'ਚ ਐਲਨ ਗੌਬਿਨਸਨ ਨੂੰ ਦੋਹਰਾ ਮਾਣ ਹਾਸਲ

ਪਠਾਨਕੋਟ (ਦਵਿੰਦਰ ਸਿੰਘ)- ਪਠਾਨਕੋਟ ਸਥਿਤ ਮੋਂਟੇਸਰੀ ਕੈਂਬਰਿਜ ਸਕੂਲ ਪਠਾਨਕੋਟ ਦਾ ਗਿਆਰ੍ਹਵੀਂ ਕਲਾਸ ਦੇ ਹੋਣਹਾਰ ਵਿਦਿਆਰਥੀ ਐਲਨ ਗੌਬਿਨਸਨ ਨੇ ਪ੍ਰਸਿੱਧ ਰਾਜ ਪੱਧਰੀ ਕਰਾਟੇ ਮੁਕਾਬਲਿਆਂ 'ਚ ਦੋ ਤਮਗੇ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਐਲਨ ਨੇ ਸਭ ਤੋਂ ਪਹਿਲਾਂ ਅੰਮ੍ਰਿਤਸਰ 'ਚ ਕਰਾਟੇ ਡੂ ਐਸੋਸੀਏਸ਼ਨ ਦੁਆਰਾ ਆਯੋਜਿਤ ਓਪਨ ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ (ਅੰਡਰ-17 ਵਰਗ) 'ਚ ਰਜਤ ਤਮਗਾ ਜਿੱਤ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਆਪਣੀ ਜਿੱਤ ਦੀ ਲੜੀ ਜਾਰੀ ਰੱਖਦੇ ਹੋਏ ਉਸ ਨੇ ਓਪਨ ਸਟੇਟ ਕਰਾਟੇ ਮੁਕਾਬਲੇ 'ਚ ਸੋਨੇ ਦਾ ਤਮਗਾ ਹਾਸਲ ਕੀਤਾ ।ਪੂਰੇ ਮੋਂਟੇਸਰੀ ਪਰਵਾਰ ਨੇ ਉਸ ਦੀ ਸਫਲਤਾ 'ਤੇ ਖੁਸ਼ੀ ਮਨਾਈ ਅਤੇ ਅਧਿਆਕਸ਼ ਵਿਨੋਦ ਮਹਾਜਨ, ਉਪਾਧਿਆਕਸ਼ ਆਕਾਸ਼ ਮਹਾਜਨ ਅਤੇ ਪ੍ਰਧਾਨਾਚਾਰਿਆ ਸ੍ਰੀਮਤੀ ਰਸ਼ਮੀ ਅਹਲੂਵਾਲੀਆ ਨੇ ਐਲਨ ਨੂੰ ਉਸ ਦੀ ਸ਼ਾਨਦਾਰ ਉਪਲਬਧੀ ਅਤੇ ਸੰਸਥਾ ਦਾ ਨਾਂਅ ਰੌਸ਼ਨ ਕਰਨ ਲਈ ਵਧਾਈ ਦਿੱਤੀ।




# ਸਤਲੁਜ ਪਬਲਿਕ ਸਕੂਲ ਠੱਕਰਪੁਰਾ ਨੇ ਦੀਵਾਲੀ ਮਨਾਈ



ਪੱਟੀ (ਬਲਦੇਵ ਸਿੰਘ ਸੰਧੂ)-ਪੱਟੀ ਇਲਾਕੇ ਨਾਮਵਰ ਵਿੱਦਿਅਕ ਸੰਸਥਾ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਦੇ ਵਿਹੜੇ ਵਿੱਚ ਸਮੂਹ ਮੈਨਜਮੈਂਟ, ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਖੁਸ਼ੀਆਂ ਭਰੀ ਦੀਵਾਲੀ ਮਨਾਈ ਗਈ। ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਨੰਨ੍ਹੇ-ਮੁੰਨੇ ਅਤੇ ਹੁਨਰਮੰਦ ਬੱਚਿਆਂ ਨੇ ਬੜੇ ਹਰਸ਼-ਉਲਾਸ ਨਾਲ ਭਾਗ ਲਿਆ। ਸਮੂਹ ਸਤਲੁਜ ਪਰਿਵਾਰ ਨੇ ਇਸ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ । ਇਸ ਦੇ ਨਾਲ ਹੀ ਸਕੂਲ ਵਿਚ ਰੰਗੋਲੀ ਮੁਕਾਬਲੇ ਕਰਵਾਏ ਗਏ। ਸਕੂਲ ਨੂੰ ਦੀਵੇ-ਮੋਮਬੱਤੀਆਂ ਨਾਲ ਸਜਾਇਆ ਗਿਆ। ਦੀਪਮਾਲਾ ਕਰਕੇ ਸਕੂਲ ਦੀ ਸਜਾਵਟ ਵਧਾਈ ਗਈ।ਸਮੂਹ ਮੈਨੇਜਮੈਂਟ ਮੈਂਬਰਾਂ ਹਰਬੀਰ ਸਿੰਘ ਗਿੱਲ, ਹਰਨੂਰ ਸਿੰਘ ਗਿੱਲ ਅਤੇ ਪਰਮਿੰਦਰ ਕੌਰ ਨੇ ਬੱਚਿਆਂ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਪ੍ਰਿੰਸੀਪਲ ਰਾਜਬੀਰ ਕੌਰ ਨੇ ਉਨ੍ਹਾਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ।

# ਖੇਤ ਮਜ਼ਦੂਰ ਮਨਰੇਗਾ ਕਾਮਿਆਂ ਨੂੰ ਕੰਮ ਦਿਵਾਉਣ ਤੇ ਬਕਾਇਆਂ ਲਈ ਜਥੇਬੰਦੀ ਸੰਘਰਸ਼ ਕਰੇਗੀ : ਕਾਮਰੇਡ ਜਸਬੀਰ ਝਬਾਲ

ਝਬਾਲ (ਹਰਜਿੰਦਰ ਸਿੰਘ ਸੋਨੀ) – ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਮੀਟਿੰਗ ਸਾਥੀ ਗੁਰਨਾਮ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡਾਂ ਵਿੱਚ ਖੇਤ ਮਜ਼ਦੂਰਾਂ ਮਨਰੇਗਾ ਕਾਮਿਆਂ ਨੂੰ ਮਨਰੇਗਾ ਸਕੀਮ ਤਹਿਤ ਕੰਮ ਨਹੀਂ ਦਿੱਤਾ ਜਾ ਰਿਹਾ। ਜਿਨ੍ਹਾਂ ਕੁਝ ਪਿੰਡਾਂ ਵਿੱਚ ਮਨਰੇਗਾ ਕਾਮਿਆਂ ਨੂੰ ਥੋੜ੍ਹਾ ਬਹੁਤਾ ਕੰਮ ਦਿੱਤਾ ਜਾ ਰਿਹਾ ਹੈ ਉਥੋਂ ਦੇ ਬਲਾਕ ਅਫਸਰ ਕਾਮਿਆਂ ਦੇ ਖਾਤਿਆਂ ਵਿੱਚ ਪੈਸੇ ਨਹੀਂ ਪਾ ਰਹੇ। ਗਰੀਬ ਕਾਮਿਆਂ ਨੂੰ ਕੰਮ ਅਤੇ ਉਹਨਾਂ ਵੱਲੋਂ ਕੀਤੇ ਕੰਮ ਦੇ ਪੈਸੇ ਨਾ ਦੇਣ ਕਾਰਨ ਪੰਜਾਬ ਸਰਕਾਰ ਦਾ ਮਜ਼ਦੂਰ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ। ਉਹਨਾਂ ਕਿਹਾ ਕਿ ਮਨਰੇਗਾ ਕਾਮਿਆਂ ਨੂੰ ਕੰਮ ਦਿਵਾਉਣ ਅਤੇ ਉਹਨਾਂ ਦੇ ਖਾਤਿਆਂ ਵਿੱਚ ਸਮੇਂ ਸਿਰ ਪੈਸੇ ਪਵਾਉਣ ਲਈ ਜਥੇਬੰਦੀ ਜ਼ਿਲ੍ਹੇ ਅੰਦਰ ਮਜ਼ਬੂਤ ਸੰਘਰਸ਼ ਕਰੇਗੀ। ਉਹਨਾਂ ਕਿਹਾ ਕਿ 30 ਨਵੰਬਰ ਤੱਕ ਜਥੇਬੰਦੀ ਦੇ ਬਲਾਕ ਅਤੇ ਤਹਿਸੀਲ ਪੱਧਰ ਦੇ ਇਜਲਾਸ ਮੁਕੰਮਲ ਕਰ ਲਏ ਜਾਣਗੇ।

ਮੀਟਿੰਗ ਵਿੱਚ ਸਾਥੀ ਸਤਨਾਮ ਸਿੰਘ ਕਲੇਰ, ਲਖਵਿੰਦਰ ਸਿੰਘ ਕਲੇਰ, ਨਿਸ਼ਾਨ ਸਿੰਘ, ਜਗਜੀਤ ਸਿੰਘ, ਜਗੀਰ ਸਿੰਘ ਸਰਜਾ, ਕੁਲਦੀਪ ਸਿੰਘ ਜਬੋਵਾਲ, ਕਵਲਜੀਤ ਸਿੰਘ ਥਰੀਏਵਾਲ, ਕਿਰਪਾ ਰਾਮ ਅਤੇ ਚਰਨਜੀਤ ਸਿੰਘ ਸਮੇਤ ਵਰਕਰ ਹਾਜ਼ਰ ਸਨ।



# ਦੀਵਾਲੀ ਅਤੇ ਬੰਦੀ ਛੋੜ ਦਿਵਸ ਤੇ ਕਲਾਨੌਰ ਵਿਸ਼ੇਸ਼ ਸਪਲੀਮੈਂਟ

E-mail: sayalstudio2000@gmail.com



## ਧੰਨਵਾਦ

ਸਪਲੀਮੈਂਟ ਕੱਢਣ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਸੱਜਣਾਂ ਮਿੱਤਰਾਂ ਦਾ ਤਹਿ ਦਿਲੋਂ ਧੰਨਵਾਦ

ਮਨਦੀਪ ਕੋਹਲੀ
ਪੱਤਰਕਾਰ ਕਲਾਨੌਰ
ਮੋ: 98154-22070

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਸੁਰਜੀਤ ਸਿੰਘ ਬਰਾੜ, BDPO ਕਲਾਨੌਰ
ਸੁਖਵਿੰਦਰ ਸਿੰਘ ਬਾਜਵਾ, BDPO ਧਾਰ ਕਲਾਂ
ਸ. ਰਣਜੋਤ ਸਿੰਘ ਬਾਠ, ਚੇਅਰਮੈਨ ਮਾਰਕਿਟ ਕਮੇਟੀ ਕਲਾਨੌਰ
ਹਰਸੁੱਖਸਿਮਰਨ ਸਿੰਘ, ਸਕੱਤਰ ਮਾਰਕਿਟ ਕਮੇਟੀ ਕਲਾਨੌਰ
ਸ. ਸੁਖਜਿੰਦਰ ਸਿੰਘ ਰੰਧਾਵਾ, ਮੈਂਬਰ ਪਾਰਟੀਮੈਂਟ (GSP)
ਹਰਵਿੰਦਰ ਸਿੰਘ ਅਲਾਵਲਪੁਰ, ਬਲਾਕ ਪ੍ਰਧਾਨ ਕਾਂਗਰਸ ਕਲਾਨੌਰ
ਗੁਰਨਾਮ ਸਿੰਘ ਬਰੀਲਾ, ਆੜਤੀ
MD ਬਲਬੀਰ ਸਿੰਘ ਕਾਹਲੋਂ, BGMSSS
ਪ੍ਰਿ. ਮੈਂਡਮ ਬਲਜਿੰਦਰ ਕੌਰ ਕਾਹਲੋਂ, ਸਕੂਲ ਲੱਖਣ ਕਲਾਂ
ਜਥੇਦਾਰ ਗਿ. ਹਰਪ੍ਰੀਤ ਸਿੰਘ, ਪ੍ਰਧਾਨ SAD ਪੁਨਰ ਸੁਰਜੀਤ
ਜਥੇਦਾਰ ਸੁੱਚਾ ਸਿੰਘ ਛੋਟੇਪੁਰ, ਸੀਨੀ. ਮੀਤ ਪ੍ਰਧਾਨ SAD ਪੁਨਰ ਸੁਰਜੀਤ
ਰਿੰਕੂ ਟੇਲਰਜ਼, ਕਲਾਨੌਰ
ਚਿਰਾਗ, ਕਲਾਨੌਰ
ਜੋਗਿੰਦਰ ਸਿੰਘ, ਕਾਲਾ ਗੋਰਾਇਆ




ਦੀਵਾਲੀ ਅਤੇ ਬੰਦੀ ਛੋੜ ਦਿਵਸ ਤੇ ਕਲਾਨੌਰ ਤੋਂ ਪੱਤਰਕਾਰ ਮਨਦੀਪ ਕੋਹਲੀ ਅਤੇ ਅਦਾਰਾ ਨਵਾਂ ਜ਼ਮਾਨਾ ਵੱਲੋਂ ਸਪਲੀਮੈਂਟ ਕੱਢਣ ਤੇ ਸਾਡੇ ਵੱਲੋਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

Aditya, SSP Gurdaspur
Gurwinder Singh, DSP Kalanaur
Hemraj, SHO Kalanaur

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਠਾਕੁਰ ਮੈਡੀਕਲ ਸਟੋਰ

ਇਥੇ ਹਰ ਪ੍ਰਕਾਰ ਦੀਆਂ ਦਵਾਈਆਂ ਮਿਲਦੀਆਂ ਹਨ ।
ਸਾਹਮਣੇ ਸਿਵਲ ਹਸਪਤਾਲ, ਬਟਾਲਾ ਰੋਡ, ਕਲਾਨੌਰ
ਤਰਸੇਮ ਸਿੰਘ ਠਾਕੁਰ
M: 98150-79516

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## Sunder Singh & Sons

ਹਰਦੀਪ ਸਿੰਘ ਮਠਾਰੂ
Near Punjab National Bank, Batala Road, Kalanaur (Gsp.)
ਸਵਰਨ ਸਿੰਘ ਮਠਾਰੂ
M: 97794-01218, 98767-50482

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਤੇ ਕਲਾਨੌਰ ਤੋਂ ਪੱਤਰਕਾਰ ਮਨਦੀਪ ਕੋਹਲੀ ਅਤੇ ਅਦਾਰਾ ਨਵਾਂ ਜ਼ਮਾਨਾ ਵੱਲੋਂ ਸਪਲੀਮੈਂਟ ਕੱਢਣ ਤੇ ਸਾਡੇ ਵੱਲੋਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਰਾਣਾ ਕਮਿਸ਼ਨ ਏਜੰਟ

ਸ. ਪਰਧਾਨ ਸਿੰਘ, ਆੜਤੀ
ਸ਼੍ਰੀਮਤੀ ਪਲਵਿੰਦਰ ਕੌਰ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਭੰਡਾਲ

ਸ. ਸੁਖਜਿੰਦਰ ਸਿੰਘ ਰੰਧਾਵਾ, ਮੈਂਬਰ ਪਾਰਟੀਮੈਂਟ (GSP)
ਪਲਵਿੰਦਰਜੀਤ ਸਿੰਘ, ਸਰਪੰਚ ਭੰਡਾਲ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

SMO Dr. Ramesh Attri
Dr. Sukhdeep Singh Bhagowalia
Dr. Vishal Jaggi
Dr. Navneet Dhillon
Dr. Akshit Mahajan
Dr. Simran Saini
HI Gurpreet Pal BEE

ਸ਼ਹੀਦ ਸੁਖਵਿੰਦਰ ਸੈਣੀ ਕਮਿਊਨਿਟੀ ਹੈਲਥ ਸੈਂਟਰ ਕਲਾਨੌਰ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਜਤਿੰਦਰ ਗੋਰਾ ਪ੍ਰਧਾਨ, ਆੜਤੀ ਯੂਨੀਅਨ ਕਲਾਨੌਰ
ਮੁਨੀਸ਼ ਵਿੱਗ, ਅੰਗਦ ਟਰੇਡਿੰਗ ਕੰ.
ਜਗਜੀਤ ਸਿੰਘ ਨੰਬਰਦਾਰ, ਹਸਨਪੁਰਾ
ਸੁਖਦੀਪ ਸਿੰਘ, ਚੜ੍ਹਦੀ ਕਲਾ ਟਰੇਡਿੰਗ ਕੰ.

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਸ਼ਾਹਪੁਰ

ਸ. ਸੁਖਜਿੰਦਰ ਸਿੰਘ ਰੰਧਾਵਾ, ਮੈਂਬਰ ਪਾਰਟੀਮੈਂਟ (GSP)
ਇੰਦਰਜੀਤ ਸਿੰਘ, ਸਰਪੰਚ ਸ਼ਾਹਪੁਰ

---

## ਭਾਰਤੀ ਜਨਤਾ ਪਾਰਟੀ ਕਲਾਨੌਰ ਵੱਲੋਂ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਰਵੀਕਰਨ ਸਿੰਘ ਕਾਹਲੋਂ, ਹਲਕਾ ਇੰਚਾਰਜ BJP (DBN)
ਹਰਮਨਪ੍ਰੀਤ ਸਿੰਘ, ਸਰਕਲ ਪ੍ਰਧਾਨ BJP ਕਲਾਨੌਰ
ਬਲਜੀਤ ਸਿੰਘ ਬਾਜਵਾ, ਮੰਡਲ ਪ੍ਰਧਾਨ BJP ਬਖਸ਼ੀਵਾਲ
ਪਰਦੀਪ ਬਲਹੋਤਰਾ, ਯੂਥ ਆਗੂ BJP
ਗਗਨਦੀਪ ਸਿੰਘ ਗੱਗੂ, ਯੂਥ ਆਗੂ BJP

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਵੱਲੋਂ: ਪਰਜਾਪੱਤ ਭਵਨ, ਕਲਾਨੌਰ

ਇੰਦਰਜੀਤ ਭਾਰਲ, ਬਲਾਕ ਇੰਚਾਰਜ ਕਲਾਨੌਰ
ਰਾਜ ਕੁਮਾਰ
ਸੋਹਣ ਲਾਲ
ਮੁਕੇਸ਼ ਕੁਮਾਰ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਖ਼ਾਲਸਾ ਮੈਡੀਕਲ ਸਟੋਰ

ਇਥੇ ਹਰ ਪ੍ਰਕਾਰ ਦੀਆਂ ਅੰਗਰੇਜ਼ੀ ਅਤੇ ਦੇਸੀ ਦਵਾਈਆਂ ਮਿਲਦੀਆਂ ਹਨ ।
ਭਾਈ ਰਣਜੀਤ ਸਿੰਘ ਖਾਲਸਾ, ਮੁਖੀ ਪੰਥਕ ਅਕਾਲੀ ਲਹਿਰ
ਸਾਹਮਣੇ ਸਿਵਲ ਹਸਪਤਾਲ ਬਟਾਲਾ ਰੋਡ, ਕਲਾਨੌਰ
ਡਾ. ਰਣਜੀਤ ਸਿੰਘ ਖਾਲਸਾ
M: 98764-20842

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਲੱਖਣ ਕਲਾਂ

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਸੰਜੀਵ ਕੁਮਾਰ, ਸਰਪੰਚ ਲੱਖਣ ਕਲਾਂ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਖ਼ੈਹਿਰਾ ਕੋਟਲੀ

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਸ. ਜਤਿੰਦਰ ਸਿੰਘ ਖ਼ੈਹਿਰਾ, ਸਰਪੰਚ ਖ਼ੈਹਿਰਾ ਕੋਟਲੀ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਬਿਸ਼ਨਕੋਟ

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਸ. ਸੁਰਜੀਤ ਸਿੰਘ, ਸਰਪੰਚ ਬਿਸ਼ਨਕੋਟ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਅਮ੍ਰਿਤ ਟਰੇਡਿੰਗ ਕੰਪਨੀ
## ਆਈਕੋਨਿਕ ਬਿਲਡਰ ਗਰੁੱਪ

ਸ. ਜਗਦੀਸ਼ ਸਿੰਘ, ਨੰਬਰਦਾਰ
ਸ. ਅਮ੍ਰਿਤਪਾਲ ਸਿੰਘ, ਆੜਤੀ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਕੋਟ ਮੀਆਂ ਸਾਹਿਬ

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਸਤਿੰਦਰਜੀਤ ਸਿੰਘ
ਕਾਜ਼ਲ ਸਰਪੰਚ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਖੱਦਰ

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਨਿਸ਼ਾਨ ਸਿੰਘ, ਸਰਪੰਚ ਪਿੰਡ ਖੱਦਰ
ਹਲਕਾ ਕੋਆਡੀਨੇਟਰ ਕਿਸਾਨ ਵਿੰਗ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਗ੍ਰਾਮ ਪੰਚਾਇਤ ਕਾਦੀਆਂ ਗੁੱਜਰਾਂ

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਮਨਦੀਪ ਕੁਮਾਰ ਮੋਨੂੰ, ਸਰਪੰਚ ਕਾਦੀਆਂ ਗੁੱਜਰਾਂ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

## ਸੱਚਰ ਕੇਬਲ ਨੈਟਵਰਕ ਕਲਾਨੌਰ

ਰਾਜੇਸ਼ ਕੁਮਾਰ, ਟੋਨੀ ਸੱਚਰ
ਰਜਨੀਸ਼ ਸ਼ਰਮਾਂ, ਨੋਨੀ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਵੱਲੋਂ ਗ੍ਰਾਮ ਪੰਚਾਇਤ ਦਿਓਲ ਬਲਾਕ-ਕਲਾਨੌਰ

ਸ. ਸੁਖਜਿੰਦਰ ਸਿੰਘ ਰੰਧਾਵਾ, ਮੈਂਬਰ ਪਾਰਟੀਮੈਂਟ (GSP)
ਸ਼੍ਰੀਮਤੀ ਜਤਿੰਦਰ ਕੌਰ ਰੰਧਾਵਾ
ਡਾ. ਬਲਵੰਤ ਸਿੰਘ ਦਿਓਲ
ਬਿਕਰਮਜੀਤ ਕੌਰ ਸਰਪੰਚ, ਪਿੰਡ ਦਿਓਲ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਵੱਲੋਂ ਗ੍ਰਾਮ ਪੰਚਾਇਤ ਜਿਓ ਜੁਲਾਈ ਬਲਾਕ-ਕਲਾਨੌਰ

ਸ. ਗੁਰਦੀਪ ਸਿੰਘ ਰੰਧਾਵਾ, ਹਲਕਾ ਵਿਧਾਇਕ (DBN)
ਸ. ਸੁਬੇਗ ਸਿੰਘ ਸਰਪੰਚ, ਬਲਾਕ ਪ੍ਰਧਾਨ ਕਲਾਨੌਰ
ਲਖਵਿੰਦਰ ਸਿੰਘ, ਸ਼ੋਸ਼ਲ ਮੀਡੀਆ ਇੰਚਾਰਜ ਕਲਾਨੌਰ

---

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਜਥੇਦਾਰ ਸੁੱਚਾ ਸਿੰਘ ਛੋਟੇਪੁਰ, ਸੀਨੀ. ਮੀਤ ਪ੍ਰਧਾਨ SAD ਪੁਨਰ ਸੁਰਜੀਤ
ਡਾ. ਪਲਵਿੰਦਰ ਸਿੰਘ, ਕਲਾਨੌਰ
ਨਵਪ੍ਰੀਤ ਸਿੰਘ ਪਵਾਰ, ਕਲਾਨੌਰ
ਕੈ. ਸੁਖਵਿੰਦਰ ਸਿੰਘ, ਸਾਬਕਾ ਸਰਪੰਚ ਕੋਟ ਮੀਆਂ ਸਾਹਿਬ
ਡਾ. ਪਾਲ ਸਿੰਘ, ਰੋਜੇ
ਜਥੇਦਾਰ ਗਿ. ਹਰਪ੍ਰੀਤ ਸਿੰਘ, ਪ੍ਰਧਾਨ SAD ਪੁਨਰ ਸੁਰਜੀਤ

ਵੱਲੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਕਲਾਨੌਰ